ਵੀਰਵਾਰ, 2 ਨਵੰਬਰ, 2023
17 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 153

# ਨਵਾਂ ਜ਼ਮਾਨਾ

DAILY NAWAN ZAMANA • THURSDAY, 2 NOVEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : Pb/JL-123/2021-23, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


# ਲੁੱਟ, ਵਿਤਕਰੇ ਤੇ ਬੇਇਨਸਾਫ਼ੀ ਦੀ ਜੜ੍ਹ ਪੁੱਟਣ ਤੱਕ ਲੜਾਈ ਦਾ ਸੱਦਾ

## • ਫ਼ਾਸ਼ੀਵਾਦ ਆਪਣੇ ਉਭਾਰ 'ਤੇ : ਸਿਧਾਰਥ ਵਰਧਰਾਜਨ • ਸਿਖਰਲੇ ਦਿਨ ਸਿਖਰ ਹੋ ਨਿੱਬੜਿਆ 'ਮੇਲਾ ਗ਼ਦਰੀ ਬਾਬਿਆਂ ਦਾ'




**ਜਲੰਧਰ** : ਤਿੰਨ ਰੋਜ਼ਾ ਗ਼ਦਰੀ ਬਾਬਿਆਂ ਦੇ ਮੇਲੇ ਦੇ ਸਿਖਰਲੇ ਦਿਨ ਦਾ ਆਗਾਜ਼ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਵੱਲੋਂ ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣ ਨਾਲ ਹੋਇਆ। ਜਿਉਂ ਹੀ ਗ਼ਦਰੀ ਝੰਡਾ ਉੱਚਾ ਉਠਿਆ ਅਤੇ ਅਮਰ ਸ਼ਹੀਦਾਂ ਨੂੰ ਸਿਜਦਾ ਕਰਦੇ ਹੋਏ ਫੁੱਲਾਂ ਦੀ ਵਰਖ਼ਾ ਹੋਈ ਤਾਂ ਸਾਮਰਾਜਵਾਦ ਮੁਰਦਾਬਾਦ ਅਤੇ ਇਨਕਲਾਬ ਜ਼ਿੰਦਾਬਾਦ ਤੋਂ ਇਲਾਵਾ ਫ਼ਲਸਤੀਨ, ਮਨੀਪੁਰ ਦੇ ਲੋਕਾਂ ਦੇ ਹੱਕ 'ਚ ਅਤੇ ਬੁੱਧੀਜੀਵੀਆਂ ਦੀ ਰਿਹਾਈ ਲਈ ਨਾਅਰਿਆਂ ਦੀ ਗੂੰਜ ਪਈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਮੇਲੇ 'ਤੇ ਪੁੱਜੇ ਲੋਕਾਂ, ਭਰਾਤਰੀ ਜਥੇਬੰਦੀਆਂ ਅਤੇ ਪ੍ਰੈਸ ਨੂੰ ਜੀ ਆਇਆਂ ਕਿਹਾ। ਉਨ੍ਹਾਂ ਦੱਸਿਆ ਕਿ ਗ਼ਦਰੀ ਬਾਬਿਆਂ ਦੀ ਵਿਰਾਸਤ ਅਤੇ ਅਜੋਕੀਆਂ ਚੁਣੌਤੀਆਂ ਨੂੰ ਸਮਰਪਤ ਮੇਲਾ ਗ਼ਦਰੀ ਬਾਬਿਆਂ ਦਾ ਗ਼ਦਰੀਆਂ, ਦੇਸ਼ ਭਗਤਾਂ ਦੇ ਸੁਪਨਿਆਂ ਦੀ ਆਜ਼ਾਦੀ, ਬਰਾਬਰੀ ਅਤੇ ਧਰਮ ਨਿਰਪੱਖਤਾ ਵਾਲੇ ਰਾਜ ਅਤੇ ਸਮਾਜ ਦਾ ਹੋਕਾ ਦੇਣ 'ਚ ਸਫ਼ਲ ਰਿਹਾ। ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਇਸ ਮੌਕੇ ਕਿਹਾ ਕਿ ਗ਼ਦਰੀ ਬਾਬਿਆਂ ਦੀ ਸੋਚ ਕੌਮਾਂਤਰੀਵਾਦੀ ਸੀ, ਇਸ ਲਈ ਦੁਨੀਆ ਭਰ ਦੀਆਂ ਜੂਝਦੀਆਂ ਕੌਮਾਂ ਅਤੇ ਲੋਕਾਂ ਦੀ ਜੱਦੋਜਹਿਦ ਲਈ ਆਵਾਜ਼ ਬੁਲੰਦ ਕਰਨਾ ਸਾਡਾ ਫ਼ਰਜ਼ ਹੈ। ਇਸ ਮੌਕੇ ਮੁੱਖ ਵਕਤਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ

ਕੁਮਾਰੀ ਕੋਛੜ ਨੇ ਕਿਹਾ ਕਿ ਸਾਡਾ ਇਸ ਮੇਲੇ 'ਚ ਉਸ ਤੋਂ ਅੱਗੇ ਤੁਰਨ ਦਾ ਸੁਨੇਹਾ ਦੇਣਾ ਹੈ, ਜੋ ਗ਼ਦਰ ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਆਪਣੀ ਡਾਇਰੀ 'ਚ ਲਿਖ ਕੇ ਗਏ ਹਨ ਕਿ ਗ਼ਦਰੀਆਂ ਦਾ ਵਾਰਸ ਹਰ ਇੱਕ ਸਿਪਾਹੀ ਉਸ ਵੇਲੇ ਤੱਕ ਲੜਦਾ ਰਹੇਗਾ ਜਦੋਂ ਤੱਕ ਲੁੱਟ, ਵਿਤਕਰੇ ਅਤੇ ਅਨਿਆਂ ਦੀ ਜੜ੍ਹ ਨਹੀਂ ਪੁੱਟੀ ਜਾਂਦੀ। ਇਹ ਲੋਕਾਂ ਦੇ ਦੋਖੀ ਦੋਸ਼ੀ ਹੋਣ ਚਾਹੇ ਬਦੇਸ਼ੀ, ਇਹ ਸੰਗਰਾਮ ਜਾਰੀ ਰਹੇਗਾ। ਝੰਡੇ ਦੀ ਰਸਮ ਮੌਕੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਖਜ਼ਾਨਚੀ ਸੀਤਲ ਸਿੰਘ ਸੰਘਾ, ਕਮੇਟੀ ਮੈਂਬਰ ਰਣਜੀਤ ਸਿੰਘ ਔਲਖ, ਡਾ. ਪਰਮਿੰਦਰ, ਕੁਲਬੀਰ ਸਿੰਘ ਸੰਘੇੜਾ, ਮੰਗਤ ਰਾਮ ਪਾਸਲਾ, ਹਰਵਿੰਦਰ ਭੰਡਾਲ, ਸੁਰਿੰਦਰ ਸਿੰਘ ਜਲਾਲਦੀਵਾਲ, ਪ੍ਰਗਟ ਸਿੰਘ ਜਾਮਾਰਾਏ, ਕ੍ਰਿਸ਼ਨਾ, ਹਰਮੇਸ਼ ਮਾਲੜੀ, ਹਰਦੇਵ ਅਰਸ਼ੀ, ਜਗਰੂਪ, ਰਮਿੰਦਰ ਪਟਿਆਲਾ, ਬਲਵੀਰ ਕੌਰ ਬੁੰਡਾਲਾ, ਸਵਰਨ ਸਿੰਘ ਵਿਰਕ, ਦਰਸ਼ਨ ਖਟਕੜ, ਦੇਵਰਾਜ ਨਯੀਅਰ, ਵਿਜੈ ਬੰਬੇਲੀ, ਡਾ. ਕਰਮਜੀਤ, ਡਾ. ਸੈਲੇਸ਼, ਸੁਖਦੇਵ ਸਿਰਸਾ, ਐਡਵੋਕੇਟ ਰਾਜਿੰਦਰ ਮੰਡ, ਸੁਖਵਿੰਦਰ ਸੇਖੋਂ ਅਤੇ ਪ੍ਰੋ. ਤੇਜਿੰਦਰ ਵਿਰਲੀ ਵੀ ਹਾਜ਼ਰ ਸਨ।

ਇਸ ਉਪਰੰਤ ਅਮੋਲਕ ਸਿੰਘ ਦੁਆਰਾ ਲਿਖਿਆ ਸੰਗੀਤ ਨਾਟ ਓਪੇਰਾ ਝੰਡੇ ਦਾ ਗੀਤ 'ਚਾਨਣ ਦੇ ਵਣਜਾਰੇ', ਪੰਜਾਬੀ ਰੰਗਮੰਚ ਦੇ ਨਾਮਵਰ ਨਿਰਦੇਸ਼ਕ, ਨਾਟਕਕਾਰ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਮੰਚ • ਬਾਕੀ ਸਫ਼ਾ 2 'ਤੇ

## ਦਿਲ ਉਤਨਾ...

**ਪਟਨਾ** : ਪਿਆਜ਼ ਦੀਆਂ ਵਧਦੀਆਂ ਕੀਮਤਾਂ ਨੂੰ ਲੈ ਕੇ ਜੇ ਡੀ ਯੂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਬੋਲਿਆ ਹੈ। ਉਸ ਨੇ ਇਕ ਵੀਡੀਓ ਵਿਚ ਕਿਹਾ ਹੈ- 'ਦਿਲ ਉਤਨਾ ਨਹੀਂ ਰੋਇਆ ਤਨਹਾਈ ਮੇਂ... ਜਿਤਨਾ ਰੋਤਾ ਹੈ ਮੋਦੀ ਜੀ ਕੀ ਮਹਿੰਗਾਈ ਮੇਂ।' ਵੀਡੀਓ 'ਚ ਇਹ ਵੀ ਕਿਹਾ ਗਿਆ ਹੈ ਕਿ ਵਿਰਾਟ ਕੋਹਲੀ ਤੇ ਰੋਹਿਤ ਸ਼ਰਮਾ ਪਿਛਲੇ ਦਿਨੀਂ ਸੈਂਕੜਾ ਬਣਾਉਣ ਤੋਂ ਖੁੰਝ ਗਏ ਸਨ, ਪਰ ਮੋਦੀ ਜੀ ਦੇ ਰਾਜ 'ਚ ਪਿਆਜ਼ ਸੈਂਕੜਾ ਬਣਾਉਣ ਦੇ ਕਰੀਬ ਪਹੁੰਚ ਗਿਆ ਹੈ।

## ਭਾਰਤੀ ਵਿਦਿਆਰਥੀ 'ਤੇ ਕਾਤਲਾਨਾ ਹਮਲਾ

**ਵਾਸ਼ਿੰਗਟਨ** : ਅਮਰੀਕਾ ਦੇ ਇੰਡੀਆਨਾ ਸੂਬੇ ਵਿਚ 24 ਸਾਲਾ ਭਾਰਤੀ ਵਿਦਿਆਰਥੀ ਨੂੰ ਚਾਕੂ ਮਾਰ ਕੇ ਗੰਭੀਰ ਜ਼ਖ਼ਮੀ ਕਰ ਦਿੱਤਾ ਗਿਆ।

ਮੀਡੀਆ ਰਿਪੋਰਟ ਅਨੁਸਾਰ ਵਰੁਣ ਨੂੰ ਐਤਵਾਰ ਸਵੇਰੇ ਇੰਡੀਆਨਾ ਦੇ ਵਾਲਪੇਰਾਇਸੋ ਸ਼ਹਿਰ 'ਚ ਹਮਲਾਵਰ ਜਾਰਡਨ ਐਂਡਰਾਡ (24) ਨੇ ਚਾਕੂ ਮਾਰਿਆ। ਹਮਲਾਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਦੀਵਾਲੀ ਨੂੰ ਸਮਰਪਿਤ **ਜੈਤੋ** ਵਿਸ਼ੇਸ਼ ਸਪਲੀਮੈਂਟ 6 ਨਵੰਬਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਸਤੀਸ਼ ਭੀਰੀ** ਨਾਲ ਮੋਬਾਇਲ ਨੰਬਰ 94176-12036 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

## ਦੀਵਾਲੀ ਵਿਸ਼ੇਸ਼ ਸਪਲੀਮੈਂਟ


ਨਿਰਮਲ ਕੁਮਾਰ ਫਿਲੌਰ 98147-04346


ਹਰਭਜਨ ਢਿੱਲੋਂ ਭਲਾਣ (ਨੰਗਲ) 94645-21052


ਰਮੇਸ਼ ਕਟਾਰੀਆ ਰਾਜਪੁਰਾ 99880-13675


ਸੁਖਵਿੰਦਰ ਸਫਰੀ ਟੂਟੋਮਜਾਰਾ 99158-16713


ਰਣਬੀਰ ਸਿੰਘ ਗੋਲਣ ਖਾਲੜਾ (ਭਿੱਖੀਵਿੰਡ) 70094-77561


ਗੁਰਦੀਪ ਸਿੰਘ ਧਰਮਕੋਟ 88474-74698


ਸੁਰਜੀਤ ਢੇਰ ਨੰਗਲ 98155-13425

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ


# ਸਤਲੁਜ-ਯਮੁਨਾ ਲਿੰਕ ਨਹਿਰ ਲੀਡਰਸ਼ਿਪ ਵੱਲੋਂ ਪੰਜਾਬ ਨਾਲ ਗ਼ੱਦਾਰੀ ਭਰੀ ਗਾਥਾ : ਮਾਨ

**ਲੁਧਿਆਣਾ (ਜੱਸਦੀਪ ਵਰਤੀਆ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਕਾਂਗਰਸ ਲੀਡਰਸ਼ਿਪ ਨੇ ਬੇਝਿਜਕ ਹੋ ਕੇ '80ਵਿਆਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਦਨ ਵਿੱਚ ਵ੍ਹਾਈਟ ਪੇਪਰ ਲਿਆ ਕੇ ਸਤਲੁਜ-ਯਮੁਨਾ ਲਿੰਕ ਨਹਿਰ ਦੇ ਹੱਕ ਵਿੱਚ ਕਸੀਦੇ ਪੜ੍ਹੇ ਸਨ।

'ਮੈਂ ਪੰਜਾਬ ਬੋਲਦਾ ਹਾਂ' ਬਹਿਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਤਲੁਜ ਯਮੁਨਾ ਲਿੰਕ ਨਹਿਰ ਪੰਜਾਬ ਦੇ ਸਿਆਸੀ ਆਗੂਆਂ ਵੱਲੋਂ ਆਪਣੇ ਹੀ ਸੂਬੇ ਅਤੇ ਲੋਕਾਂ ਨਾਲ ਕੀਤੇ ਫਰੇਬ, ਗੱਦਾਰੀ ਅਤੇ ਗੁਨਾਹ ਦੀ ਦਰਦ ਭਰੀ ਗਾਥਾ ਹੈ।" ਮੁੱਖ ਮੰਤਰੀ ਨੇ ਅੱਗੇ ਕਿਹਾ ਕਿ 'ਪੰਜਾਬ ਪੁਨਰਗਠਨ ਐਕਟ-1966' ਦੇ ਮੁਤਾਬਕ ਪੰਜਾਬ ਤੇ ਹਰਿਆਣਾ ਦਰਮਿਆਨ ਸਾਰੇ ਅਸਾਸਿਆਂ ਦੀ ਵੰਡ 60:40 ਦੇ ਅਨੁਪਾਤ ਮੁਤਾਬਕ ਹੋਈ ਸੀ ਪਰ ਤਤਕਾਲੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਨੇ 24 ਮਾਰਚ, 1976 ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਧੱਕੇਸ਼ਾਹੀ ਨਾਲ ਪੰਜਾਬ ਤੇ ਹਰਿਆਣਾ ਦਰਮਿਆਨ ਰਾਵੀ-ਬਿਆਸ ਪਾਣੀਆਂ ਦੀ ਵੰਡ 50:50 ਦੇ ਅਨੁਪਾਤ ਨਾਲ ਕਰ ਦਿੱਤੀ ਜੋ ਸਿੱਧੇ ਤੌਰ ਉਤੇ ਪੰਜਾਬ ਦੇ ਹਿੱਤਾਂ ਦੇ ਖਿਲਾਫ ਸੀ। ਉਨ੍ਹਾਂ ਕਿਹਾ ਕਿ ਉਸ ਮੌਕੇ ਸੂਬੇ ਦੇ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਨੇ ਪੰਜਾਬ ਦੇ ਹਿੱਤਾਂ ਨੂੰ ਅਣਗੌਲਿਆ ਕੀਤਾ ਅਤੇ ਕੇਂਦਰ ਸਰਕਾਰ ਦੀ ਕਠਪੁਤਲੀ ਵਾਂਗ ਭੂਮਿਕਾ ਨਿਭਾਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇੱਥੇ ਹੀ ਬੱਸ ਨਹੀਂ, ਸਗੋਂ 16 ਨਵੰਬਰ, 1976 ਨੂੰ ਉਨ੍ਹਾਂ ਨੇ ਇਕ ਕਰੋੜ ਰੁਪਏ ਦਾ ਚੈੱਕ ਪ੍ਰਾਪਤ ਕੀਤਾ ਅਤੇ ਐਸ.ਵਾਈ.ਐਲ. ਦੇ ਨਿਰਮਾਣ ਵਿੱਚ ਤੇਜ਼ੀ ਲਿਆਂਦੀ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਾਲ 1977 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪ੍ਰਕਾਸ਼ ਸਿੰਘ ਬਾਦਲ ਨੇ ਹਰਿਆਣਾ ਨੂੰ ਐਸ.ਵਾਈ.ਐਲ. ਰਾਹੀਂ ਪਾਣੀ ਦੇਣ ਦੇ ਕੰਮ ਨੂੰ ਇਕ ਵਾਰ ਵੀ ਨਹੀਂ ਰੋਕਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਹਾਣੀ ਇੱਥੇ ਹੀ ਖਤਮ ਨਹੀਂ ਹੋਈ ਕਿਉਂਕਿ ਸਾਲ 1998 ਵਿੱਚ ਜਦੋਂ ਪ੍ਰਕਾਸ਼ ਸਿੰਘ ਬਾਦਲ ਇਕ ਵਾਰ ਫੇਰ ਮੁੱਖ ਮੰਤਰੀ ਬਣੇ ਤਾਂ ਉਨ੍ਹਾਂ ਨੇ ਭਾਖੜਾ ਮੇਨ ਲਾਈਨ ਦੇ ਕਿਨਾਰਿਆਂ ਨੂੰ ਲਗਪਗ ਇਕ ਫੁੱਟ ਉੱਚਾ ਕਰ ਦਿੱਤਾ ਤਾਂ ਕਿ ਹਰਿਆਣਾ ਨੂੰ ਹੋਰ ਪਾਣੀ ਦਿੱਤਾ ਜਾ ਸਕੇ ਅਤੇ ਇਸ ਮੰਤਵ ਲਈ ਹਰਿਆਣਾ ਪਾਸੋਂ 45 ਕਰੋੜ ਰੁਪਏ ਵੀ ਹਾਸਲ ਕੀਤੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਇਸ ਗੱਲ ਤੋਂ ਸਪੱਸ਼ਟ ਹੈ ਕਿ ਅਕਾਲੀ ਸਰਕਾਰ ਨੇ ਪੰਜਾਬ ਦੇ ਲੋਕਾਂ ਦੇ ਹਿੱਤਾਂ ਨਾਲ ਧ੍ਰੋਹ ਕਮਾ ਕੇ ਲੋਕਾਂ ਨਾਲੋਂ ਆਪਣੇ ਨਿੱਜੀ ਹਿੱਤਾਂ ਨੂੰ




ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਵੰਡ ਬਾਰੇ 31 ਦਸੰਬਰ, 1981 ਨੂੰ ਉਦੋਂ ਦੇ ਮੁੱਖ ਮੰਤਰੀ ਦਰਬਾਰਾ ਸਿੰਘ, ਹਰਿਆਣਾ ਦੇ ਮੁੱਖ ਮੰਤਰੀ ਤੇ ਰਾਜਸਥਾਨ ਦੇ ਮੁੱਖ ਮੰਤਰੀ ਵਿਚਾਲੇ ਸ੍ਰੀਮਤੀ ਇੰਦਰਾ ਗਾਂਧੀ ਦੀ ਹਾਜ਼ਰੀ ਵਿੱਚ ਸਮਝੌਤਾ ਹੋਇਆ ਸੀ ਕਿਉਂਕਿ ਉਸ ਸਮੇਂ ਕੇਂਦਰ ਤੇ ਇਨ੍ਹਾਂ ਤਿੰਨਾਂ ਸੂਬਿਆਂ ਵਿੱਚ ਕਾਂਗਰਸ ਦੀਆਂ ਸਰਕਾਰਾਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਸ ਸਮੇਂ ਦੇ ਕਾਂਗਰਸ ਦੇ ਮੁੱਖ ਮੰਤਰੀ ਨੇ ਕੇਂਦਰ ਸਰਕਾਰ ਦੇ ਨਾਜਾਇਜ਼ ਆਦੇਸ਼ ਉਤੇ ਪੰਜਾਬ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪ੍ਰਾਜੈਕਟ ਲਈ ਜ਼ਮੀਨ ਐਕੁਆਇਰ ਕਰਕੇ ਐਸ.ਵਾਈ.ਐਲ. ਦੀ ਉਸਾਰੀ ਦਾ ਮੁੱਢ ਬੰਨ੍ਹਣ ਦਾ ਸਿਹਰਾ ਪ੍ਰਕਾਸ ਸਿੰਘ ਬਾਦਲ ਨੂੰ ਜਾਂਦਾ ਹੈ ਜਦੋਂ ਕਿ ਅਕਾਲੀ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੇ ਨਹਿਰ ਦੀ ਉਸਾਰੀ ਦਾ ਕੰਮ ਮੁਕੰਮਲ ਕਰਵਾਇਆ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਕੋਲ ਪਾਣੀ ਦੀ ਘੱਟ ਉਪਲਬਧਤਾ ਦੇ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਪੇਸ਼ ਕੀਤਾ ਹੈ ਅਤੇ ਇਹ ਸੁਪਰੀਮ ਕੋਰਟ ਦੇ ਫੈਸਲੇ ਵਿੱਚ ਵੀ ਦਰਜ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਪਿਛਲੇ 30 ਸਾਲਾਂ ਤੋਂ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਿਹਾ ਹੈ ਅਤੇ ਹੁਣ ਵੀ ਇਸ ਮੁੱਦੇ 'ਤੇ ਲੋਕਾਂ ਨੂੰ ਗੁੰਮਰਾਹ ਵੀ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਦੇ ਵਕੀਲਾਂ ਨੇ ਨਹਿਰ ਮੁਕੰਮਲ ਹੋਣ ਸਬੰਧੀ ਕਿਤੇ ਵੀ ਕੋਈ ਜ਼ਿਕਰ ਨਹੀਂ ਕੀਤਾ।

## ਮੇਰੇ ਖਿਲਾਫ ਕੁਝ ਵੀ ਹੱਥ ਨਾ ਲੱਗਾ ਤਾਂ ਵਿਰੋਧੀ ਪਾਰਟੀਆਂ ਬਹਿਸ ਤੋਂ ਭੱਜ ਗਈਆਂ

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ, 'ਮੈਂ ਪੰਜਾਬ ਬੋਲਦਾਂ ਹਾਂ' ਬਹਿਸ ਸੂਬੇ ਨੂੰ ਦਰਪੇਸ਼ ਸੰਜੀਦਾ ਮਸਲਿਆਂ ਉਤੇ ਚਰਚਾ ਕਰਨ ਲਈ ਰੱਖੀ ਗਈ ਸੀ, ਪਰ ਵਿਰੋਧੀ ਪਾਰਟੀਆਂ ਦੇ ਹੱਥ ਉਨ੍ਹਾ ਅਤੇ ਸੂਬਾ ਸਰਕਾਰ ਦੇ ਖਿਲਾਫ ਬੋਲਣ ਲਈ ਕੁਝ ਵੀ ਨਾ ਹੋਣ ਕਰਕੇ ਇਹ ਪਾਰਟੀਆਂ ਬਹਿਸ ਕਰਨ ਤੋਂ ਭੱਜ ਗਈਆਂ।

'ਮੈਂ ਪੰਜਾਬ ਬੋਲਦਾਂ ਹਾਂ' ਬਹਿਸ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਲੀਡਰ ਬੀਤੇ 25 ਦਿਨ ਤੋਂ ਮੇਰੇ ਤੇ ਮੇਰੀ ਸਰਕਾਰ ਦੇ ਖਿਲਾਫ ਇਕ ਵੀ ਕਮੀ ਨਹੀਂ ਲੱਭ ਸਕੇ, ਜਿਸ ਕਰਕੇ ਪੰਜਾਬ ਨਾਲ ਜੁੜੇ ਮਸਲਿਆਂ ਉਤੇ ਮੇਰਾ ਸਾਹਮਣਾ ਕਰਨ ਦੀ ਜੁਰਅੱਤ ਨਾ ਕਰ ਸਕੇ।" ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ, "ਜੇਕਰ ਇਨ੍ਹਾਂ ਲੀਡਰਾਂ ਨੂੰ ਲੋਕਾਂ ਨੇ ਹਰਾ ਕੇ ਘਰ ਬਿਠਾ ਦਿੱਤਾ ਤਾਂ ਇਹਦਾ ਇਹ ਮਤਲਬ ਨਹੀਂ ਕਿ ਪੰਜਾਬ ਨਾਲ ਕਮਾਏ ਧ੍ਰੋਹ ਲਈ ਇਹ ਲੀਡਰ ਦੁੱਧ ਧੋਤੇ ਸਾਬਤ ਹੋ ਗਏ।" ਉਨ੍ਹਾ ਕਿਹਾ ਕਿ ਜਦੋਂ ਵੀ ਇਹ ਸਿਆਸੀ ਆਗੂ ਲੋਕਾਂ ਕੋਲ ਆਉਣ ਤਾਂ ਇਨ੍ਹਾਂ ਨੂੰ ਪੁੱਛਣਾ ਚਾਹੀਦਾ ਹੈ ਕਿ ਪੰਜਾਬ ਦੇ ਮਸਲਿਆਂ ਉਤੇ ਹੋਈ ਬਹਿਸ ਤੋਂ ਤੁਸੀਂ ਕਿਉਂ ਭੱਜ ਗਏ ਸੀ। ਉਨ੍ਹਾ ਕਿਹਾ ਕਿ ਸੂਬੇ ਵਿੱਚ ਇਨ੍ਹਾਂ ਸਿਆਸਤਦਾਨਾਂ ਨੇ ਬਹੁਤ ਲੰਮਾ ਸਮਾਂ ਸੱਤਾ ਦਾ ਸੁੱਖ ਮਾਣਿਆ ਹੈ, ਜਿਸ ਕਰਕੇ ਪੰਜਾਬ ਦੇ ਲੋਕਾਂ ਨੂੰ ਇਹ ਹਰ ਮੁੱਦੇ ਉਤੇ ਜਵਾਬਦੇਹ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਲੀਡਰਾਂ ਨੂੰ ਬਹਿਸ ਲਈ ਸੱਦਾ ਦਿੱਤਾ ਗਿਆ ਸੀ ਤਾਂ ਕਿ ਹਰੇਕ ਆਗੂ ਇਸ ਮੰਚ ਉਤੇ ਆ ਕੇ ਆਪਣਾ ਪੱਖ ਪੇਸ਼ ਕਰ ਸਕੇ। ਉਨ੍ਹਾ ਕਿਹਾ ਕਿ ਇਸ ਮੰਚ ਉਤੇ ਆਉਣ ਦੀ ਬਜਾਏ ਇਨ੍ਹਾਂ ਸਿਆਸੀ ਆਗੂਆਂ ਨੇ ਬਹਾਨੇਬਾਜ਼ੀ ਘੜ ਕੇ ਬਹਿਸ ਤੋਂ ਭੱਜਣ ਨੂੰ ਤਰਜੀਹ ਦਿੱਤੀ। ਉਨ੍ਹਾ ਕਿਹਾ ਕਿ ਉਹ ਇਨ੍ਹਾਂ ਆਗੂਆਂ ਨੂੰ ਭੱਜਣ ਨਹੀਂ ਦੇਣਗੇ ਅਤੇ ਸੂਬੇ ਨਾਲ ਧ੍ਰੋਹ ਕਮਾਉਣ ਵਾਲਿਆਂ ਦੇ ਚਿਹਰੇ ਬੇਨਕਾਬ ਕਰਕੇ ਛੱਡਣਗੇ। ਮੁੱਖ ਮੰਤਰੀ ਨੇ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀਆਂ ਨੌਟੰਕੀਆਂ ਕਰਨ ਲਈ ਇਨ੍ਹਾਂ ਆਗੂਆਂ ਦੀ ਸਖਤ ਆਲੋਚਨਾ ਕੀਤੀ। ਉਨ੍ਹਾ ਕਿਹਾ ਕਿ ਇਹ ਸਾਰਾ • ਬਾਕੀ ਸਫ਼ਾ 2 'ਤੇ

## ਸੰਜੀਦਾ ਬਹਿਸ-ਮੁਬਾਹਸੇ ਦੀ ਖੜੋਤ ਟੁੱਟਣ ਦਾ ਸਬੱਬ ਬਣਿਆ



**ਲੁਧਿਆਣਾ** : ਪੰਜਾਬ ਦੇ ਬੁੱਧੀਜੀਵੀਆਂ, ਸਾਹਿਤਕਾਰਾਂ, ਉਦਯੋਗਪਤੀਆਂ ਤੇ ਹੋਰ ਧਿਰਾਂ ਨੇ ਐਸ ਵਾਈ ਐਲ ਦੇ ਸੰਜੀਦਾ ਮਸਲੇ ਉਤੇ 'ਮੈਂ ਪੰਜਾਬ ਬੋਲਦਾ ਹਾਂ' ਦੇ ਬੈਨਰ ਹੇਠ ਕਰਵਾਈ ਬਹਿਸ ਨੂੰ ਸਮੂਹਿਕ ਸੂਝ-ਬੂਝ (ਕੁਲੈਕਟਿਵ ਵਿਜ਼ਡਮ) ਬਣਾਉਣ ਵੱਲ ਵੱਡਾ ਕਦਮ ਦੱਸਿਆ, ਜਿਸ ਨਾਲ ਇਸ ਮਸਲੇ ਉਤੇ ਸੰਜੀਦਾ ਬਹਿਸ ਦੇ ਇਕ ਨਵੇਂ ਦੌਰ ਦੀ ਸ਼ੁਰੂਆਤ ਹੋਈ ਹੈ। ਬਹਿਸ ਦੌਰਾਨ ਗੀਤਕਾਰ ਬਾਬੂ ਸਿੰਘ ਮਾਨ ਨੇ ਕਿਹਾ ਕਿ ਇਹ ਬਹਿਸ ਐਸ.ਵਾਈ.ਐਲ. ਵਰਗੇ ਸੂਖ਼ਮ ਮਸਲੇ ਉਤੇ ਲੋਕਾਈ ਵਿੱਚ ਗੱਲਬਾਤ ਦੀ ਖੜੋਤ ਨੂੰ ਤੋੜਨ ਦਾ ਸਬੱਬ ਬਣੀ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਹੁਣ ਤੀਕ ਚੱਲੇ ਲੁੱਟਤੰਤਰ ਦਾ ਨੰਗਾ ਚਿਹਰਾ ਸਭ ਦੇ ਸਾਹਮਣੇ ਪੇਸ਼ ਕੀਤਾ ਹੈ।

ਪੰਜਾਬੀ • ਬਾਕੀ ਸਫ਼ਾ 2 'ਤੇ

## ਉਪਲਬਧੀਆਂ ਗਿਣਾਈਆਂ

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਆਖਿਆ ਕਿ ਸੂਬਾ ਸਰਕਾਰ ਨੇ ਆਪਣੇ 18 ਮਹੀਨਿਆਂ ਦੇ ਕਾਰਜਕਾਲ 'ਚ ਕਈ ਲੋਕ-ਪੱਖੀ ਅਤੇ ਵਿਕਾਸ ਮੁਖੀ ਫੈਸਲੇ ਲਏ ਹਨ। 'ਮੈਂ ਪੰਜਾਬ ਬੋਲਦਾ ਹਾਂ' ਬਹਿਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਤੋਂ ਸੂਬਾ ਸਰਕਾਰ ਨੇ ਕਾਰਜਕਾਲ ਸੰਭਾਲਿਆ ਹੈ, ਉਦੋਂ ਤੋਂ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਕਈ ਮਿਸਾਲੀ ਪਹਿਲਕਦਮੀਆਂ ਕੀਤੀਆਂ ਗਈਆਂ ਅਤੇ ਆਮ ਆਦਮੀ ਸਰਕਾਰ ਦੇ 18 ਮਹੀਨਿਆਂ ਨੇ ਪਿਛਲੀਆਂ ਸਰਕਾਰਾਂ ਦੀਆਂ 'ਅਖੌਤੀ ਉਪਲਬਧੀਆਂ' ਨੂੰ ਫਿੱਕਾ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ ਲਾਮਿਸਾਲ ਵਿਕਾਸ ਤੇ • ਬਾਕੀ ਸਫ਼ਾ 2 'ਤੇ

## ਜੈੱਟ ਏਅਰਵੇਜ਼ ਦੇ ਬਾਨੀ ਦੀ 538 ਕਰੋੜ ਦੀ ਜਾਇਦਾਦ ਕੁਰਕ



**ਨਵੀਂ ਦਿੱਲੀ** : ਇਨਫੋਰਸਮੈਂਟ ਡਾਇਰੈਕਟੋਰੇਟ ਨੇ ਬੁੱਧਵਾਰ ਕਿਹਾ ਕਿ ਉਸ ਨੇ ਲੰਡਨ ਤੇ ਦੁਬਈ 'ਚ ਜੈੱਟ ਏਅਰਵੇਜ਼ ਦੇ ਬਾਨੀ ਨਰੇਸ਼ ਗੋਇਲ ਦੀ 538 ਕਰੋੜ ਰੁਪਏ ਦੀ ਜਾਇਦਾਦ ਕੁਰਕ ਕੀਤੀ ਹੈ। ਗੋਇਲ, ਉਨ੍ਹਾ ਦੇ ਪਰਿਵਾਰਕ ਮੈਂਬਰਾਂ ਅਤੇ ਕੰਪਨੀਆਂ ਦੀਆਂ 538 ਕਰੋੜ ਰੁਪਏ ਦੀਆਂ ਜਾਇਦਾਦਾਂ ਦੁਬਈ ਅਤੇ ਭਾਰਤ 'ਚ ਕਥਿਤ ਬੈਂਕ ਲੋਨ ਧੋਖਾਧੜੀ ਨਾਲ ਜੁੜੀ ਮਨੀ ਲਾਂਡਰਿੰਗ ਜਾਂਚ ਦੇ ਹਿੱਸੇ ਵਜੋਂ ਕੁਰਕ ਕੀਤੀਆਂ ਗਈਆਂ ਹਨ। ਇਨ੍ਹਾਂ ਜਾਇਦਾਦਾਂ 'ਚ 17 ਰਿਹਾਇਸ਼ੀ ਫਲੈਟ, ਬੰਗਲੇ ਅਤੇ ਵਪਾਰਕ ਥਾਂ ਸ਼ਾਮਲ ਹਨ।

## ਸ਼ਰਜੀਲ ਤੇ ਖਾਲਿਦ ਦੀ ਰਿਹਾਈ ਹੋਰ ਲਟਕੀ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਕਿਹਾ ਹੈ ਕਿ ਉਹ ਦਿੱਲੀ ਦੰਗਿਆਂ ਦੇ ਵੱਡੇ ਸਾਜ਼ਿਸ਼ ਕੇਸ 'ਚ ਸ਼ਰਜੀਲ ਇਮਾਮ ਅਤੇ ਖਾਲਿਦ ਸੈਫੀ ਸਮੇਤ ਕਈ ਮੁਲਜ਼ਮਾਂ ਦੀਆਂ ਜ਼ਮਾਨਤ ਪਟੀਸ਼ਨਾਂ 'ਤੇ ਮੁੜ ਸੁਣਵਾਈ ਕਰੇਗੀ। ਅਦਾਲਤ ਦਾ ਇਹ ਫੈਸਲਾ ਜਸਟਿਸ ਸਿਧਾਰਥ ਮ੍ਰਿਦੁਲ, ਜਿਨ੍ਹਾ ਨੇ ਘੱਟੋ-ਘੱਟ ਤਿੰਨ ਜ਼ਮਾਨਤ ਪਟੀਸ਼ਨਾਂ 'ਤੇ ਫੈਸਲਾ ਰਾਖਵਾਂ ਰੱਖ ਲਿਆ ਸੀ, ਨੂੰ ਮਣੀਪੁਰ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਪਦਉਨਤ ਕੀਤੇ ਜਾਣ ਤੋਂ ਬਾਅਦ ਆਇਆ ਹੈ। ਜਸਟਿਸ ਸੁਰੇਸ਼ ਕੁਮਾਰ ਕੈਤ ਅਤੇ ਜਸਟਿਸ ਸ਼ੈਲੇਂਦਰ ਕੌਰ ਦੀ ਡਿਵੀਜ਼ਨ ਬੈਂਚ ਜਨਵਰੀ 2024 'ਚ ਅਪੀਲਾਂ ਦੀ ਸੁਣਵਾਈ ਸ਼ੁਰੂ ਕਰੇਗੀ।

## ਨੰਦਿਨੀ ਦਾਸ ਨੂੰ ਵੱਡਾ ਪੁਰਸਕਾਰ



**ਲੰਡਨ** : ਭਾਰਤ 'ਚ ਜਨਮੀ ਲੇਖਿਕਾ ਨੰਦਿਨੀ ਦਾਸ ਨੂੰ 2023 ਦੇ ਬ੍ਰਿਟਿਸ਼ ਅਕੈਡਮੀ ਬੁੱਕ ਪ੍ਰਾਈਜ਼ ਫਾਰ ਗਲੋਬਲ ਕਲਚਰਲ ਅੰਡਰਸਟੈਂਡਿੰਗ ਦਾ ਜੇਤੂ ਐਲਾਨਿਆ ਗਿਆ ਹੈ, ਜੋ ਕਿ 25,000 ਪੌਂਡ ਦਾ ਇੱਕ ਪ੍ਰਮੁੱਖ ਕੌਮਾਂਤਰੀ ਗੈਰ-ਗਲਪ ਇਨਾਮ ਹੈ। ਇਹ ਉਸ ਦੀ ਕਿਤਾਬ 'ਕੋਰਟਿੰਗ ਇੰਡੀਆ : ਇੰਗਲੈਂਡ, ਮੁਗਲ ਇੰਡੀਆ ਐਂਡ ਦੀ ਓਰੀਜਿਨਜ਼ ਆਫ ਐਂਪਾਇਰ' ਲਈ ਮਿਲਿਆ ਹੈ। 49 ਸਾਲਾ ਨੰਦਿਨੀ ਆਕਸਫੋਰਡ ਯੂਨੀਵਰਸਿਟੀ ਵਿਚ ਇੰਗਲਿਸ਼ ਦੀ ਪ੍ਰੋਫੈਸਰ ਹੈ।

## ਮਰਾਠਾ ਰਿਜ਼ਰਵੇਸ਼ਨ ਦੇ ਹੱਕ 'ਚ ਮਤਾ ਪਾਸ



**ਮੁੰਬਈ** : ਮਰਾਠਾ ਰਿਜ਼ਰਵੇਸ਼ਨ ਨੂੰ ਲੈ ਕੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਪ੍ਰਧਾਨਗੀ ਹੇਠ ਹੋਈ ਸਰਬ ਪਾਰਟੀ ਮੀਟਿੰਗ ਵਿਚ ਨੇਤਾਵਾਂ ਨੇ ਮਤਾ ਪਾਸ ਕਰਕੇ ਅੰਦੋਲਨਕਾਰੀ ਨੇਤਾ ਮਨੋਜ ਜਾਰੰਗੇ ਨੂੰ ਅਣਮਿੱਥੀ ਭੁੱਖ ਹੜਤਾਲ ਬੰਦ ਕਰਨ ਦੀ ਅਪੀਲ ਕੀਤੀ। ਮੀਟਿੰਗ ਤੋਂ ਬਾਅਦ ਸ਼ਿੰਦੇ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਮਰਾਠਾ ਕੋਟੇ ਦੇ ਹੱਕ 'ਚ ਹੈ, ਪਰ ਕੁਝ ਕਾਨੂੰਨੀ ਪ੍ਰਕਿਰਿਆਵਾਂ ਪੂਰੀਆਂ ਕਰਨ ਲਈ ਸਮਾਂ ਚਾਹੀਦਾ ਹੈ। ਮਤੇ 'ਤੇ ਸ਼ਿੰਦੇ, ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਐਨ ਸੀ ਪੀ ਪ੍ਰਧਾਨ ਸ਼ਰਦ ਪਵਾਰ, ਸ਼ਿਵ ਸੈਨਾ (ਯੂ ਬੀ ਟੀ) ਦੇ ਨੇਤਾ ਅਨਿਲ ਪਰਬ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਵਿਜੇ ਵਡੇਟੀਵਾਰ, ਵਿਧਾਨ ਪ੍ਰੀਸ਼ਦ 'ਚ ਐੱਲ ਓ ਪੀ ਅੰਬਦਾਸ ਦਾਨਵੇ ਸਮੇਤ ਹੋਰਾਂ ਨੇ ਦਸਤਖਤ ਕੀਤੇ।

## ਭਾਰਤ ਤੇ ਬੰਗਲਾਦੇਸ਼ ਵਿਚਾਲੇ ਰੇਲ ਲਾਈਨਾਂ ਦਾ ਉਦਘਾਟਨ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਨ੍ਹਾ ਦੀ ਬੰਗਲਾਦੇਸ਼ੀ ਹਮਰੁਤਬਾ ਸ਼ੇਖ ਹਸੀਨਾ ਨੇ ਸਾਂਝੇ ਤੌਰ 'ਤੇ ਵੀਡੀਓ ਕਾਨਫਰੰਸਿੰਗ ਰਾਹੀਂ 65 ਕਿਲੋਮੀਟਰ ਲੰਬੇ ਖੁਲਨਾ-ਮੋਂਗਲਾ ਪੋਰਟ ਰੇਲ ਲਾਈਨ ਪ੍ਰਾਜੈਕਟ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਬੰਗਲਾਦੇਸ਼ ਦੇ ਰਾਮਪਾਲ 'ਚ ਮੈਤਰੀ ਸੁਪਰ ਥਰਮਲ ਪਾਵਰ ਪਲਾਂਟ ਦੇ ਦੂਜੇ ਯੂਨਿਟ ਦਾ ਉਦਘਾਟਨ ਕੀਤਾ। ਉਨ੍ਹਾਂ ਸਾਂਝੇ ਤੌਰ 'ਤੇ ਤ੍ਰਿਪੁਰਾ ਦੇ ਨਿਸਚਿੰਤਪੁਰ ਅਤੇ ਬੰਗਲਾਦੇਸ਼ ਦੇ ਗੰਗਾਸਾਗਰ ਵਿਚਕਾਰ ਰੇਲ ਲਿੰਕ ਦਾ ਉਦਘਾਟਨ ਵੀ ਕੀਤਾ।

## ਅੱਜ-ਨਾਮਾ

ਬਹਿਸ ਪੰਜਾਬ ਦੀ ਅੱਜ ਸੀ ਮਿਥੀ ਮੀਆਂ,
ਨਹੀਂ ਸੀ ਲੀਡਰ ਵਿਰੋਧ ਦੇ ਆਏ ਮੀਆਂ।
ਇੱਕੋ ਮਾਨ ਭਗਵੰਤ ਗਿਆ ਕਰੀ ਭਾਸ਼ਣ,
ਚੁਣ-ਚੁਣ ਮੁੱਦੇ ਸੀ ਖੋਲ੍ਹ ਵਿਛਾਏ ਮੀਆਂ।
ਜਿਹੜੇ ਕੀਤੇ ਸਮਝੌਤੇ ਕਈ ਪਾਣੀਆਂ ਦੇ,
ਕਿੱਦਾਂ ਗਲਤ ਸਨ ਕਦਮ ਉਠਾਏ ਮੀਆਂ।
ਪਰਦਿਆਂ ਓਹਲੇ ਕੀ ਚੱਲਦੀ ਚਾਲ ਸੀਗੀ,
ਕਿਹੜੇ ਦਾਅ ਕਈ ਖੇਡੇ-ਖਿਡਾਏ ਮੀਆਂ।
ਆਪੋਜ਼ੀਸ਼ਨ ਦੇ ਲੀਡਰ ਕੁਝ ਪਹੁੰਚ ਜਾਂਦੇ,
ਸਕਦੇ ਓਥੇ ਕਈ ਗੱਲਾਂ ਇਹ ਕੱਟ ਮੀਆਂ।
ਖੁੰਝਿਆ ਵੇਲਾ ਨਹੀਂ ਆਵਣਾ ਹੱਥ ਮੀਆਂ,
ਕਰਦੇ ਰਹਿਣ ਫਿਰ ਇੱਫ ਜਾਂ ਬੱਟ ਮੀਆਂ।

-ਤੀਸ ਮਾਰ ਖਾਂ

# ਮੁਕਾਬਲੇ 'ਚ 3 ਗੈਂਗਸਟਰ ਕਾਬੂ, ਡੀ ਐੱਸ ਪੀ ਜ਼ਖ਼ਮੀ




**ਜ਼ੀਰਕਪੁਰ** : ਬਲਟਾਨਾ 'ਚ ਮੁਕਾਬਲੇ ਦੌਰਾਨ ਤਿੰਨ ਗੈਂਗਸਟਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਹ ਬਠਿੰਡਾ 'ਚ ਮਾਲ ਰੋਡ ਦੁਕਾਨਦਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਜਿੰਦਰ ਸਿੰਘ ਜੌਹਲ ਉਰਫ ਮੇਲਾ ਦੀ ਹੱਤਿਆ ਵਿਚ ਨਾਮਜ਼ਦ ਸਨ। ਪੁਲਸ ਨੇ ਇਨ੍ਹਾਂ ਨੂੰ ਬੁੱਧਵਾਰ ਇੱਥੋਂ ਦੇ ਹੋਟਲ ਗਰੈਂਡ ਵਿਸਟਾ ਵਿੱਚੋਂ ਗ੍ਰਿਫਤਾਰ ਕੀਤਾ। ਮੁਲਜ਼ਮਾਂ ਦੀ ਪਛਾਣ ਲਵਜੀਤ ਸਿੰਘ, ਕਮਲਜੀਤ ਸਿੰਘ ਅਤੇ ਪਰਮਜੀਤ ਸਿੰਘ ਵਜੋਂ ਹੋਈ ਹੈ। ਜਦੋਂ ਡੀ ਐੱਸ ਪੀ ਪਵਨ ਕੁਮਾਰ ਦੀ ਅਗਵਾਈ ਵਿਚ ਪੁਲਸ ਪਾਰਟੀ ਨੇ ਹੋਟਲ 'ਚ ਰੇਡ ਕੀਤੀ ਤਾਂ ਲਵਜੀਤ ਨੇ ਗੋਲੀਬਾਰੀ ਕਰ ਦਿੱਤੀ। ਡੀ ਐੱਸ ਪੀ ਦੀ ਲੱਤ ਵਿਚ ਗੋਲੀ ਲੱਗਣ ਕਾਰਨ ਉਹ ਜ਼ਖ਼ਮੀ ਹੋ ਗਏ, ਜਦੋਂ ਕਿ ਜਵਾਬੀ ਗੋਲੀਬਾਰੀ ਵਿਚ ਲਵਜੀਤ ਵੀ ਗੋਲੀ ਵੱਜਣ ਕਾਰਨ ਜ਼ਖ਼ਮੀ ਹੋ ਗਿਆ। ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਤਿੰਨੇ ਗੈਂਗਸਟਰ ਮਾਨਸਾ ਜ਼ਿਲ੍ਹੇ ਦੇ ਕਸਬੇ ਭੀਖੀ ਨਾਲ ਸੰਬੰਧਤ ਹਨ। 28 ਅਕਤੂਬਰ 'ਚ ਮੇਲਾ ਦੀ ਹੱਤਿਆ ਦੀ ਜ਼ਿੰਮੇਵਾਰੀ ਗੈਂਗਸਟਰ ਅਰਸ਼ ਡੱਲਾ ਨੇ ਲਈ ਸੀ।

## ਸ਼ੂਟਰ ਲਾਡੀ ਦੀ ਹੱਤਿਆ



**ਫਿਰੋਜ਼ਪੁਰ** : ਗੈਂਗਸਟਰ ਲਾਡੀ ਸ਼ੂਟਰ ਦੀ ਮੰਗਲਵਾਰ ਰਾਤ ਅਣਪਛਾਤੇ ਹਮਲਾਵਰਾਂ ਨੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਰਾਤ ਸਾਢੇ ਨੌਂ ਵਜੇ ਦੇ ਕਰੀਬ ਸ਼ਹਿਰ ਦੀ ਸਭ ਤੋਂ ਵੱਧ ਭੀੜ-ਭੜੱਕੇ ਵਾਲੀ ਸੜਕ 'ਤੇ ਇਹ ਵਾਰਦਾਤ ਹੋਈ। ਐੱਸ ਪੀ (ਇਨਵੈਸਟੀਗੇਸ਼ਨ) ਰਣਧੀਰ ਕੁਮਾਰ ਨੇ ਦੱਸਿਆ ਕਿ ਲਾਡੀ ਉਪਰ ਪੰਦਰਾਂ ਦੇ ਕਰੀਬ ਮਾਮਲੇ ਦਰਜ ਸਨ। ਉਹ ਕਈ ਕੇਸਾਂ ਵਿਚ ਪੁਲਸ ਨੂੰ ਵੀ ਲੋੜੀਂਦਾ ਸੀ, ਪਰ ਇਨ੍ਹੀਂ ਦਿਨੀਂ ਚੁੱਪ-ਚੁਪੀਤੇ ਜ਼ਿੰਦਗੀ ਕੱਟ ਰਿਹਾ ਸੀ। ਉਹ ਸ਼ਹਿਰ ਕਿਸੇ ਕੰਮ ਵਾਸਤੇ ਆਇਆ ਸੀ, ਜਿਸ ਦੀ ਹਮਲਾਵਰਾਂ ਨੂੰ ਜਾਣਕਾਰੀ ਮਿਲ ਗਈ ਸੀ। ਸ਼ਹਿਰ ਦੀ ਮੋਦੀ ਮਿੱਲ ਵਾਲੀ ਸੜਕ 'ਤੇ ਉਸ ਉਪਰ ਅਚਾਨਕ ਹਮਲਾ ਕਰਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ।

## ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਕੌਮੀ ਕਾਨਫਰੰਸ ਅੱਜ ਤੋਂ



ਪੰਜਾਬ ਤੋਂ ਪਟਨਾ ਪਹੁੰਚੇ ਡੈਲੀਗੇਟ।

**ਪਟਨਾ (ਗਿਆਨ ਸੈਦਪੁਰੀ)**

ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ 15ਵੀਂ ਕੌਮੀ ਕਾਨਫਰੰਸ ਇੱਥੇ ਦੋ ਨਵੰਬਰ ਤੋਂ ਸ਼ੁਰੂ ਹੋ ਕੇ 5 ਨਵੰਬਰ ਤੱਕ ਚੱਲੇਗੀ। ਇਸ ਚਾਰ ਰੋਜ਼ਾ ਕੌਮੀ ਸੰਮੇਲਨ ਦੀ ਸ਼ੁਰੂਆਤ ਇੱਥੇ ਦੇ ਗਾਂਧੀ ਮੈਦਾਨ ਵਿੱਚ 'ਭਾਜਪਾ ਹਟਾਓ ਦੇਸ਼ ਬਚਾਓ' ਦਾ ਹੋਕਾ ਦਿੰਦੀ ਮਹਾਂ ਰੈਲੀ ਨਾਲ ਹੋਵੇਗੀ। ਇਸ ਮਹਾਂ ਰੈਲੀ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਡੀ. ਰਾਜਾ, ਕਾਮਰੇਡ ਅਤੁਲ ਕੁਮਾਰ ਅਨਜਾਨ ਕੌਮੀ ਜਨਰਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਅਤੇ ਸਕੱਤਰ ਭਾਕਪਾ, ਏਟਕ ਦੀ ਜਨਰਲ • ਬਾਕੀ ਸਫ਼ਾ 2 'ਤੇ

2-NOV-PAGE-1.qxd 11/1/2023 8:49 PM Page 2



## ਚਿੱਪ ਵਾਲੇ ਮੀਟਰਾਂ ਨੇ ਮੁਫਤ ਦੇ ਦਮਗਜਿਆਂ ਵਾਲੀ ਗਰੰਟੀ ਦੀ ਖੋਲ੍ਹੀ ਪੋਲ : ਐਡਵੋਕੇਟ ਉੱਡਤ




**ਸਰਦੂਲਗੜ੍ਹ/ਝੁਨੀਰ (ਪਮਾਰ)**-ਕੇਂਦਰ ਦੀ ਮੋਦੀ ਹਕੂਮਤ ਦੇ ਇਸ਼ਾਰਿਆਂ 'ਤੇ ਚੱਲਦਿਆਂ ਪੰਜਾਬ ਦੀ ਮਾਨ ਸਰਕਾਰ ਲੋਕ ਮਾਰੂ ਬਿਜਲੀ ਐਕਟ 2020 ਨੂੰ ਪੰਜਾਬ 'ਚ ਧੜੱਲੇ ਨਾਲ ਲਾਗੂ ਕਰ ਰਹੀ ਹੈ ਅਤੇ ਚਿੱਪ ਵਾਲੇ ਮੀਟਰ ਲਗਾਉਣ ਦੀ ਮੁਹਿੰਮ ਨੂੰ ਜੰਗੀ ਪੱਧਰ 'ਤੇ ਚਲਾ ਕੇ ਪਹਿਲਾਂ ਸਰਕਾਰੀ ਦਫਤਰਾਂ ਤੇ ਹੁਣ ਮਜ਼ਦੂਰਾਂ, ਕਿਸਾਨਾਂ ਦੇ ਘਰਾਂ ਵਿੱਚ ਵੀ ਜ਼ਬਰਦਸਤੀ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਹਨ। ਇਸ ਲੋਕ ਵਿਰੋਧੀ ਮੁਹਿੰਮ ਨੇ ਮਾਨ ਸਰਕਾਰ ਦੀ ਫ੍ਰੀ ਬਿਜਲੀ ਵਾਲੀ ਗਰੰਟੀ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਕੰਮ ਦੇ ਘੰਟੇ 8 ਤੋਂ 12 ਕਰਨ ਦੇ ਵਿਰੁੱਧ ਰੋਸ ਪੰਦਰਵਾੜਾ ਮਨਾਉਣ ਤਹਿਤ ਅੱਜ ਸਰਦੂਲਗੜ੍ਹ ਸ਼ਹਿਰ ਤੇ ਹੀਰਕੇ ਵਿੱਖੇ ਰੋਸ ਪ੍ਰਦਰਸ਼ਨ ਦੌਰਾਨ ਐਡਵੋਕੇਟ ਕੁਲਵਿੰਦਰ ਉਡਤ ਨੇ ਕੀਤਾ। ਉੱਡਤ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਪੌਣੇ ਦੋ ਸਾਲਾਂ ਦੇ ਕਾਰਜਕਾਲ ਦੇ ਬਦਲਾਅ ਨੇ ਪੰਜਾਬ ਦੇ ਲੋਕਾਂ ਦੇ ਦੰਦ ਖੱਟੇ ਕਰ ਦਿੱਤੇ ਹਨ, ਜੋ ਕਿ ਪੰਜਾਬ ਦੀ ਮਾੜੀ ਦਸ਼ਾ ਦੇ ਸੰਕੇਤ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਾਥੀ ਗੁਰਪਿਆਰ ਸਿੰਘ ਫੱਤਾ, ਸੁਰਿੰਦਰਪਾਲ ਸਰਦੂਲਗੜ੍ਹ, ਸੰਕਰ ਜਟਾਣਾ, ਦੇਸਰਾਜ ਸਿੰਘ ਕੋਟਧਰਮੂ, ਪੂਰਨ ਸਿੰਘ ਸਰਦੂਲਗੜ੍ਹ, ਗੁਰਪ੍ਰੀਤ ਸਿੰਘ ਹੀਰਕੇ, ਜਰਨੈਲ ਸਿੰਘ ਸਰਦੂਲਗੜ੍ਹ, ਲਵਪ੍ਰੀਤ ਹੀਰਕੇ, ਤੇਜਾ ਸਿੰਘ ਹੀਰਕੇ, ਨੈਬ ਸਿੰਘ ਸਰਦੂਲਗੜ੍ਹ, ਪ੍ਰਿਤਪਾਲ ਸਰਦੂਲਗੜ੍ਹ, ਅਜੀਤ ਸਿੰਘ ਜਟਾਣਾ, ਹਾਕਮ ਸਿੰਘ ਬਰਨ ਨੇ ਵੀ ਵਿਚਾਰ ਸਾਂਝੇ ਕੀਤੇ।

## ਪੰਜਾਬ ਦੇ ਝੋਨਾ ਉਤਪਾਦਕ ਕਿਸਾਨਾਂ ਨੂੰ ਹੁਣ ਤੱਕ ਕੀਤੀ 16 ਹਜ਼ਾਰ ਕਰੋੜ ਦੀ ਅਦਾਇਗੀ : ਕਟਾਰੂਚੱਕ

**ਜਲਾਲਾਬਾਦ (ਜੀਤ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸੁਚਾਰੂ ਖਰੀਦ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਰਾਜ ਦੇ 19ਵੇਂ ਜ਼ਿਲ੍ਹੇ ਦਾ ਦੌਰਾ ਕਰਦਿਆਂ ਕਿਹਾ ਕਿ ਹੁਣ ਤੱਕ ਕਿਸਾਨਾਂ ਨੂੰ 16 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਹ ਅੱਜ ਜਲਾਲਾਬਾਦ ਦੀ ਅਨਾਜ ਮੰਡੀ ਵਿਚ ਝੋਨੇ ਦੀ ਚੱਲ ਰਹੀ ਖਰੀਦ ਦੇ ਜਾਇਜ਼ੇ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਅਤੇ ਫਿਰੋਜ਼ਪੁਰ ਦੇ ਵਿਧਾਇਕ ਰਜਨੀਸ਼ ਦਹੀਆ ਵੀ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਨਾਲ ਹਾਜ਼ਰ ਸਨ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਰਾਜ ਵਿਚ ਝੋਨੇ ਦੀ ਸੁਚਾਰੂ ਖਰੀਦ ਲਈ 1854 ਖਰੀਦ ਕੇਂਦਰ ਬਣਾਏ ਗਏ ਹਨ। ਉਨ੍ਹਾਂ ਨੇ ਕਿਹਾ ਕਿ ਹੁਣ ਤੱਕ 95 ਲੱਖ ਟਨ ਝੋਨੇ ਦੀ ਆਵਕ ਹੋਈ ਹੈ ਅਤੇ ਇਸ ਵਿਚੋਂ 91 ਲੱਖ ਟਨ ਝੋਨੇ ਦੀ ਖਰੀਦ ਪੂਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਨਾਲੋ ਨਾਲ ਕਿਸਾਨਾਂ ਨੂੰ ਅਦਾਇਗੀ ਕੀਤੀ ਜਾ ਰਹੀ ਹੈ। ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਬਾਰਦਾਨੇ, ਸੀ ਸੀ ਐਲ ਸਮੇਤ ਸਾਰੇ ਪ੍ਰਬੰਧ ਪਹਿਲਾਂ ਤੋਂ ਹਨ ਅਤੇ ਝੋਨੇ ਦੀ ਪੂਰੀ ਖਰੀਦ ਨਿਰਵਿਘਨ ਨੇਪਰੇ ਚਾੜ੍ਹੀ ਜਾਵੇਗੀ।



ਇਸ ਮੌਕੇ ਉਨ੍ਹਾਂ ਕਿਸਾਨਾਂ, ਮੰਡੀ ਮਜ਼ਦੂਰਾਂ, ਆੜ੍ਹਤੀਆਂ ਅਤੇ ਸ਼ੈਲਰ ਸਨਅੱਤ ਦੇ ਅਹੁਦੇਦਾਰਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ। ਇਸ ਮੌਕੇ ਏਡੀਸੀ ਰਵਿੰਦਰ ਸਿੰਘ ਅਰੋੜਾ, ਐਸਡੀਐਮ ਮਨਦੀਪ ਕੌਰ, ਡੀਐਫਐਸਸੀ ਹਿਮਾਂਸ਼ੂ ਕੁੱਕੜ, ਡੀਐਫਓ ਅੰਮ੍ਰਿਤਪਾਲ ਸਿੰਘ, ਮਾਰਕਿਟ ਕਮੇਟੀ ਦੇ ਚੇਅਰਮੈਨ ਦੇਵ ਰਾਜ ਸ਼ਰਮਾ, ਸਕੱਤਰ ਮਾਰਕਿਟ ਕਮੇਟੀ ਜਸਵਿੰਦਰ ਸਿੰਘ ਚਹਿਲ, ਜ਼ਿਲ੍ਹਾ ਯੂਥ ਪ੍ਰਧਾਨ ਸੁਖਵਿੰਦਰ ਕੰਬੋਜ, ਬਲਾਕ ਪ੍ਰਧਾਨ ਅਸ਼ੋਕ ਕੁਮਾਰ, ਭਜਨ ਲਾਲ, ਆਪ ਦੇ ਬਲਾਕ ਪ੍ਰਧਾਨ ਅੰਕੁਸ਼ ਮੁਟਨੇਜਾ, ਆੜ੍ਹਤੀਆ ਐਸੋਸੀਏਸ਼ਨ ਤੋਂ ਕਪਤਾਨ ਛਾਬੜਾ ਅਤੇ ਹੋਰ ਅਹੁਦੇਦਾਰ ਅਤੇ ਅਧਿਕਾਰੀ ਹਾਜ਼ਰ ਸਨ।

# ਜੱਜ ਬਣੀ ਅੰਜਲੀ ਕੌਰ ਸਨਮਾਨਤ



**ਬਰਨਾਲਾ (ਰਾਜਿੰਦਰ ਬਰਾੜ)**

ਅੱਜ ਪੰਜਾਬ ਪੁਲਸ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਪਾਲ ਆਨੰਦ ਸਾਬਕਾ ਡੀਐਸਪੀ, ਐਡਵੋਕੇਟ ਦੀ ਅਗਵਾਈ ਵਿੱਚ ਐਸੋਸੀਏਸ਼ਨ ਦੀ ਇੱਕ ਟੀਮ ਜਿਸ ਵਿੱਚ ਸਾਰੇ ਜ਼ੋਨਲ ਪ੍ਰਧਾਨ ਅਤੇ ਸਾਰੇ ਜ਼ਿਲ੍ਹਾ ਪ੍ਰਧਾਨ ਅਤੇ ਮੈਂਬਰ ਸਾਹਿਬਾਨ ਸ਼ਾਮਿਲ ਸਨ, ਹੈਡ ਕਾਂਸਟੇਬਲ ਬਲਕਾਰ ਸਿੰਘ ਦੀ ਧੀ ਅੰਜਲੀ ਕੌਰ ਜੋ ਕਿ ਪਿਛਲੀ ਦਿਨੀ ਜੱਜ ਬਣੀ ਹੈ ਦੇ ਘਰ ਬਰਨਾਲਾ ਪਹੁੰਚੇ ਅਤੇ ਜੱਜ ਬਣੀ ਧੀ ਅੰਜਲੀ ਕੌਰ ਪੁੱਤਰੀ ਹੈਡ ਕਾਂਸਟੇਬਲ ਬਲਕਾਰ ਸਿੰਘ ਦਾ ਸਨਮਾਨ ਕੀਤਾ। ਸਨਮਾਨ ਵਜੋਂ ਐਸੋਸੀਏਸ਼ਨ ਵੱਲੋਂ ਇੱਕ ਫੁਲਕਾਰੀ ਅਤੇ 11 ਹਜ਼ਾਰ ਰੁਪਏ ਦਾ ਨਗਦ ਬਤੌਰ ਸਨਮਾਨ ਦੇ ਕੇ ਧੀ ਦਾ ਮਾਣ ਵਧਾਇਆ ਤੇ ਸਨਮਾਨ ਕੀਤਾ ਅਤੇ ਸਾਰੇ ਪਰਵਾਰ ਨੂੰ ਲੱਡੂ ਖਵਾ ਕੇ ਖੁਸ਼ੀ ਮਨਾਈ। ਐਸੋਸੀਏਸ਼ਨ ਪ੍ਰਧਾਨ ਰਜਿੰਦਰ ਪਾਲ ਆਨੰਦ ਨੇ ਇਹ ਵੀ ਐਲਾਨ ਕੀਤਾ ਕਿ ਪਿਛਲੇ ਦਿਨੀਂ ਪੁਲਸ ਪਰਵਾਰਾਂ ਦੀਆਂ ਦੋ ਹੋਰ ਧੀਆਂ ਵੀ ਜੱਜ ਬਣੀਆਂ ਹਨ, ਨੂੰ ਵੀ ਇਸੇ ਪੈਟਰਨ 'ਤੇ ਸਨਮਾਨਤ ਕੀਤਾ ਜਾਵੇਗਾ। ਸ੍ਰੀ ਅਨੰਦ ਨੇ ਇੱਕ ਹੋਰ ਵੱਡੀ ਘੋਸ਼ਣਾ ਕੀਤੀ ਕਿ ਅੱਜ ਤੋਂ ਬਾਅਦ ਪੁਲਸ ਪਰਵਾਰਾਂ ਦਾ ਕੋਈ ਵੀ ਬੱਚਾ ਜਿਹੜਾ ਮਿਹਨਤ ਕਰਕੇ ਕਿਸੇ ਵੀ ਸਰਕਾਰੀ ਮਹਿਕਮੇ ਵਿੱਚ ਬਤੌਰ ਗਜਟਿਡ ਅਫਸਰ ਭਰਤੀ ਹੋਵੇਗਾ, ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਉਹ ਖੁਦ ਉਸ ਨੂੰ ਸਨਮਾਨਤ ਕਰਨ ਲਈ ਐਸੋਸੀਏਸ਼ਨ ਦੀ ਕੋਰ ਕਮੇਟੀ ਨੂੰ ਨਾਲ ਲੈ ਕੇ ਉਸ ਦੇ ਘਰ ਜਾਣਗੇ ਅਤੇ ਇਕ ਲੱਖ ਰੁਪਏ ਦਾ ਕੈਸ਼ ਐਵਾਰਡ ਦੇ ਕੇ ਉਸ ਨੂੰ ਸਨਮਾਨਤ ਕਰਨਗੇ।

ਇਸ ਤੋਂ ਬਾਅਦ ਰਜਿੰਦਰ ਪਾਲ ਅਨੰਦ ਪ੍ਰਧਾਨ ਪੰਜਾਬ ਪੁਲਿਸ ਵੈਲਫੇਅਰ ਐਸੋਸੀਏਸ਼ਨ ਪੰਜਾਬ ਆਪਣੀ ਸਾਰੀ ਟੀਮ ਨਾਲ ਸ਼ਹੀਦ ਹੌਲਦਾਰ ਦਰਸ਼ਨ ਸਿੰਘ ਦੇ ਭੋਗ 'ਤੇ ਗੁਰਦੁਆਰਾ ਸਾਹਿਬ ਗਏ ਜਿੱਥੇ ਉਨ੍ਹਾਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਭੋਗ ਵਿੱਚ ਸ਼ਾਮਲ ਹੋਏ ਸਾਰੇ ਅਫਸਰ ਸਾਹਿਬਾਨ ਅਤੇ ਸਰਕਾਰੀ ਅਧਿਕਾਰੀਆਂ ਨੂੰ ਬੇਨਤੀ ਕੀਤੀ ਕਿ ਸ਼ਹੀਦ ਦੇ ਪਰਵਾਰ ਦੀਆਂ ਜੋ ਵੀ ਮੰਗਾਂ ਹਨ ਜਲਦੀ ਪੂਰੀਆਂ ਕੀਤੀਆਂ ਜਾਣ। ਮੰਗਾਂ ਲਈ ਲਈ ਉਨ੍ਹਾਂ ਡੀ ਸੀ ਬਰਨਾਲਾ ਦੁਆਰਾ ਇੱਕ ਮੈਮੋਰੰਡਮ ਵੀ ਸਰਕਾਰ ਨੂੰ ਦਿੱਤਾ ਅਤੇ ਸ਼ਹੀਦ ਹੈਡ ਕੌਂਸਟੇਬਲ ਦਰਸ਼ਨ ਸਿੰਘ ਦੀ ਬੇਟੀ ਨੂੰ ਜੋ ਕਿ ਗ੍ਰੈਜੂਏਟ ਹੈ, ਮਹਿਕਮਾ ਪੁਲਸ ਵਿੱਚ ਬਤੌਰ ਸਬ ਇੰਸਪੈਕਟਰ ਭਰਤੀ ਕਰਨ ਲਈ ਬੇਨਤੀ ਕੀਤੀ ਅਤੇ ਕਿਹਾ ਕਿ ਸਰਕਾਰ ਵੱਲੋਂ ਲੋੜੀਂਦੀ ਮਾਲੀ ਸਹਾਇਤਾ ਜਲਦੀ ਤੋਂ ਜਲਦੀ ਜਾਰੀ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਨਾਲ ਬਰਨਾਲਾ ਤੋਂ ਰਿਟਾਇਰ ਪੁਲਸ ਅਧਿਕਾਰੀ ਮੰਗਤ ਰਾਏ ਉੱਪਲ ਤੋਂ ਇਲਾਵਾ ਹੋਰ ਰਿਟਾਇਰ ਅਧਿਕਾਰੀ ਮੁਲਾਜ਼ਮ ਹਾਜ਼ਰ ਸਨ।

## ਗਿਆਨ ਸਾਗਰ ਕੌਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਗੋਲਡ ਮੈਡਲ ਜਿੱਤੇ



**ਬਰੇਟਾ (ਰੀਤਵਾਲ)**-ਬੀਤੇ ਦਿਨੀ ਸਿਕੋ ਕਾਈ ਕਰਾਟੇ ਐਸੋਸੀਏਸ਼ਨ ਵੱਲੋਂ ਟੀਚਰ ਹੋਮ ਬਠਿੰਡਾ ਵਿਖੇ ਸਿਕੋ ਕਾਈ ਕੱਪ ਕਰਵਾਇਆ ਗਿਆ। ਇਨ੍ਹਾਂ ਖੇਡਾਂ ਵਿਚ ਗਿਆਨ ਸਾਗਰ ਕੌਨਵੈਂਟ ਸਕੂਲ ਕਾਹਨਗੜ੍ਹ ਦੇ ਦੋ ਬੱਚਿਆਂ ਪ੍ਰਗਟ ਸਿੰਘ (8) ਨੇ ਸਬ ਯੂਨੀਅਰ (-45) ਅਤੇ ਅਰਸ਼ਪ੍ਰੀਤ ਸਿੰਘ (10) ਨੇ ਸੀਨੀਅਰ (+85) ਕਰਾਟੇ ਵਿੱਚ ਹਿੱਸਾ ਲਿਆ ਅਤੇ ਵਧੀਆ ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਦੋਵੇਂ ਬੱਚਿਆਂ ਨੇ ਬਠਿੰਡਾ ਵਿਖੇ ਕਰਵਾਏ ਇਸ ਕੱਪ ਵਿੱਚ ਮੈਦਾਨ ਮਾਰਦੇ ਹੋਏ ਪਹਿਲੀ ਪੁਜ਼ੀਸ਼ਨ ਹਾਸਲ ਕਰਕੇ ਗੋਲਡ ਮੈਡਲ ਜਿੱਤੇ ਅਤੇ ਜਿੱਤ ਦਰਜ ਕੀਤੀ। ਪ੍ਰਿੰਸੀਪਲ ਭਾਰਤ ਦੀਪ ਗਰਗ ਨੇ ਬੱਚਿਆਂ ਦੀ ਇਸ ਜਿੱਤ ਦਾ ਸਿਹਰਾ ਕਰਾਟੇ ਕੋਚ ਅਮਨਦੀਪ ਸਿੰਘ ਦੇ ਸਿਰ ਬੰਨ੍ਹਿਆ। ਚੇਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਸਾਰੇ ਮਾਪਿਆਂ, ਇਲਾਕਾ ਨਿਵਾਸੀਆਂ ਅਤੇ ਗਿਆਨ ਸਾਗਰ ਪਰਵਾਰ ਨੂੰ ਮੁਬਾਰਕਾਂ ਦਿੱਤੀਆਂ।

## ਵਿਧਾਇਕ ਬੱਗਾ ਵੱਲੋਂ ਵਾਰਡ 93 'ਚ ਸੜਕ ਨਿਰਮਾਣ ਦਾ ਉਦਘਾਟਨ



**ਲੁਧਿਆਣਾ (ਜਸਦੀਪ ਵਰਤੀਆ/ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਉੱਤਰੀ ਦੇ ਵਾਰਡ ਨੰਬਰ 93 (ਪੁਰਾਣਾ 94) ਅਧੀਨ ਜੈਨ ਕਲੋਨੀ ਅਤੇ ਨਿਊ ਪ੍ਰਤਾਪ ਨਗਰ ਵਿੱਚ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਮਦਨ ਲਾਲ ਬੱਗਾ ਨੇ ਇਲਾਕਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ। ਇਸ ਪ੍ਰੋਜੈਕਟ 'ਤੇ ਕਰੀਬ 50 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਉਨ੍ਹਾਂ ਵਾਰਡ ਨੰਬਰ 91 (ਪੁਰਾਣਾ 90) ਵਿਖੇ ਸਟੋਰਮ ਸੀਵਰ ਅਤੇ ਮੀਂਹ ਦੇ ਪਾਣੀ ਦੀ ਸੰਭਾਲ ਵਾਲੇ ਪ੍ਰੋਜੈਕਟ ਦਾ ਉਦਘਾਟਨ ਕੀਤਾ ਜਿਸ 'ਤੇ ਕਰੀਬ 35 ਲੱਖ ਰੁਪਏ ਦੀ ਲਾਗਤ ਆਵੇਗੀ। ਵਿਧਾਇਕ ਬੱਗਾ ਵਲੋਂ ਆਪਣੇ ਕਾਰਜਕਾਲ ਦੌਰਾਨ ਵਿਧਾਨ ਸਭਾ ਉਤਰੀ ਵਿੱਚ ਹੋਏ ਵਿਕਾਸ ਕਾਰਜਾਂ ਦੀ ਚਰਚਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮਕਸਦ ਸੂਬੇ ਖਾਸ ਕਰਕੇ ਵਿਧਾਨ ਸਭਾ ਉਤਰੀ ਦਾ ਬਹੁਪੱਖੀ ਵਿਕਾਸ ਕਰਨਾ ਹੈ। ਉਨ੍ਹਾ ਕਿਹਾ ਕਿ ਵਿਧਾਨ ਸਭਾ ਉੱਤਰੀ ਦੇ ਵਿਚਕਾਰੋਂ ਲੰਘਦੇ ਬੁੱਢੇ ਦਰਿਆ ਨੂੰ ਪ੍ਰਦੂਸ਼ਣ ਰਹਿਤ ਬਣਾ ਕੇ ਸਾਫ਼ ਸੁਥਰਾ ਵਾਤਾਵਰਨ ਪ੍ਰਦਾਨ ਕਰਨਾ ਉਨ੍ਹਾਂ ਦਾ ਪੁਰਾਣਾ ਸੁਪਨਾ ਹੈ, ਜਿਸ ਲਈ ਕੋਸ਼ਿਸ਼ਾਂ ਜਾਰੀ ਹਨ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਿਕਾਸ ਲਈ 24 ਘੰਟੇ ਉਨ੍ਹਾਂ ਦੀ ਟੀਮ ਨਾਲ ਸੰਪਰਕ ਕਰਕੇ ਲਿਖਤੀ ਜਾਂ ਫ਼ੋਨ ਰਾਹੀਂ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਆਪਣੇ ਚੋਣ ਵਾਅਦੇ ਨੂੰ ਯਾਦ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਇੰਤਜ਼ਾਰ ਕੀਤੇ ਬਿਨਾਂ ਹੀ ਵਿਧਾਇਕ ਜਨਤਾ ਦੇ ਦੁਆਰ ਪ੍ਰੋਗਰਾਮ ਤਹਿਤ ਬਿਨਾਂ ਕਿਸੇ ਸ਼ਿਕਾਇਤ ਦੇ ਆਪਣੇ ਤੌਰ 'ਤੇ ਨੋਟਿਸ ਲੈ ਕੇ ਹਰ ਸਮੱਸਿਆ ਦਾ ਹੱਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

## ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਬੁਢਲਾਡਾ ਦੀ ਸਮੂਹ ਸਾਧ ਸੰਗਤ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਰਾਤਰੀ ਦੇ ਹੋਏ ਕੀਰਤਨ ਦਰਬਾਰ ਵਿੱਚ ਹਜ਼ੂਰੀ ਰਾਗੀ ਜਥਾ ਭਾਈ ਰਾਮ ਸਿੰਘ ਮਾਈਸਰਖਾਨੇ ਵਾਲਿਆਂ ਦੇ ਰਾਗੀ ਜਥੇ ਨੇ ਮਨੋਹਰ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਆਗਿਆਪਾਲ ਸਿੰਘ ਨਾਗਪਾਲ, ਸਵਰਨਜੀਤ ਸਿੰਘ ਸਾਹਨੀ, ਡਾਕਟਰ ਪ੍ਰਿਤਪਾਲ ਸਿੰਘ ਕੋਹਲੀ, ਮਾਸਟਰ ਕੁਲਵੰਤ ਸਿੰਘ, ਮਾਸਟਰ ਰਜਿੰਦਰ ਸਿੰਘ, ਪ੍ਰੀਤਇੰਦਰ ਸਿੰਘ ਕੋਹਲੀ, ਰਜਿੰਦਰ ਸਿੰਘ ਸੋਨੂੰ ਕੋਹਲੀ, ਦਵਿੰਦਰਪਾਲ ਸਿੰਘ ਨਾਗਪਾਲ, ਸੁਖਦੇਵ ਸਿੰਘ, ਜਸਵੰਤ ਸਿੰਘ, ਕੁਲਦੀਪ ਸਿੰਘ ਕੱਪੜੇ ਵਾਲੇ, ਸੁਖਵਿੰਦਰ ਸਿੰਘ ਹੈਪੀ, ਹਰਭਜਨ ਸਿੰਘ, ਜਗਮੋਹਨ ਸਿੰਘ, ਮਿਸਤਰੀ ਜਰਨੈਲ ਸਿੰਘ, ਗੁਰਚਰਨ ਸਿੰਘ ਮਲਹੋਤਰਾ, ਮਿੱਠੂ ਸਿੰਘ, ਕਮਲਜੀਤ ਸਿੰਘ ਬੌਬੀ, ਸੰਤੋਖ ਸਿੰਘ, ਅਮਨ ਮਹਿਤਾ, ਹਰਮਨਜੋਤ ਸਿੰਘ ਕੋਹਲੀ, ਗਗਨਜੋਤ ਸਿੰਘ ਕੋਹਲੀ, ਦਵਿੰਦਰ ਸਿੰਘ ਕੋਹਲੀ ਆਦਿ ਨੇ ਹਾਜ਼ਰੀ ਭਰੀ। ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਸ਼ੋਭਾ ਯਾਤਰਾ 'ਤੇ ਭਾਜਪਾ ਆਗੂਆਂ ਨੇ ਕੀਤੀ ਫੁੱਲਾਂ ਦੀ ਵਰਖਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ ਸਜਾਈ ਸ਼ੋਭਾ ਯਾਤਰਾ ਵਿਚ ਵਿਸ਼ੇਸ਼ ਤੌਰ 'ਤੇ ਭਾਜਪਾ ਆਗੂਆਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਬਜ਼ਾਰ ਵਿਚ ਪੁੱਜੀ ਸ਼ੋਭਾ ਯਾਤਰਾ 'ਤੇ ਭਾਜਪਾ ਜ਼ਿਲਾ ਉਪ ਪ੍ਰਧਾਨ ਰਾਜੇਸ਼ ਲੀਹਲ, ਡਾ. ਰਾਜ ਕੁਮਾਰ, ਰਮੇਸ਼ ਸ਼ਰਮਾ ਆਦਿ ਨੇ ਭਗਵਾਨ ਵਾਲਮੀਕਿ ਜੀ ਦੇ ਚਰਨਾਂ ਵਿਚ ਸੀਸ ਝੁਕਾਉਂਦਿਆਂ ਫੁੱਲਾਂ ਦੀ ਵਰਖਾ ਕੀਤੀ ਅਤੇ ਕਿਹਾ ਕਿ ਰਮਾਇਣ ਦੀ ਰਚਨਾ ਕਰ ਮਹਾਂਰਿਸ਼ੀ ਭਗਵਾਨ ਵਾਲਮੀਕਿ ਜੀ ਨੇ ਸਮਾਜ ਨੂੰ ਨਵੀਂ ਸੇਧ ਦਿੱਤੀ।

## ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਸ਼੍ਰੋਮਣੀ ਕਮੇਟੀ ਵੋਟਾਂ ਬਣਾਉਣ ਦੀ ਪ੍ਰਕਿਰਿਆ ਸ਼ੁਰੂ



**ਹਠੂਰ (ਨਛੱਤਰ ਸੰਧੂ)**-ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਅੱਜ ਉੱਘੇ ਕਥਾਵਾਚਕ ਭਾਈ ਗੁਰਜੰਟ ਸਿੰਘ ਰਸੂਲਪੁਰ ਦੀ ਯੋਗ ਅਗਵਾਈ ਹੇਠ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਇਸ ਮੌਕੇ ਭਾਈ ਗੁਰਜੰਟ ਸਿੰਘ ਖਾਲਸਾ ਨੇ ਕਿਹਾ ਕਿ 21ਅਕਤੂਬਰ ਤੋਂ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਫਇਹ ਵੋਟ 21 ਸਾਲ ਦੀ ਉਮਰ ਤੋਂ ਲੈ ਕੇ ਬਣਾਈ ਜਾ ਰਹੀ ਹੈ। ਵੋਟ ਬਣਾਉਣ ਵਾਲਾ ਵਿਅਕਤੀ ਅਕਾਲ ਤਖਤ ਸਾਹਿਬ ਨੂੰ ਸਮਰਪਤ ਹੋ ਕੇ ਪੂਰਨ ਗੁਰਸਿੱਖ ਨਸ਼ਿਆਂ ਆਦਿ ਤੋਂ ਰਹਿਤ ਹੋਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਭਾਰਤ ਸਰਕਾਰ ਦੇ ਨਿਯਮਾਂ ਮੁਤਾਬਿਕ ਵੋਟਾਂ ਬਣਾਉਣ ਦੇ ਫਾਰਮ ਆ ਚੁੱਕੇ ਹਨ। ਸਿੱਖ ਗੁਰਦੁਆਰਾ 25 ਦੇ ਐਕਟ ਤਹਿਤ ਵੋਟ ਬਣਾਉਣ ਵਾਲਾ ਵਿਅਕਤੀ ਸਾਰੀਆਂ ਸ਼ਰਤਾਂ ਪੂਰੀਆਂ ਕਰਦਾ ਹੋਣਾ ਚਾਹੀਦਾ ਹੈ। ਇਸ ਸਮੇਂ ਉਨ੍ਹਾ ਨਾਲ ਪ੍ਰਧਾਨ ਪਰਮਜੀਤ ਸਿੰਘ ਬੇਦੀ, ਹਰਜੀਤ ਸਿੰਘ, ਭਾਈ ਤਰਸੇਮ ਸਿੰਘ ਖਾਲਸਾ ਹਠੂਰ, ਮੁਖਤਿਆਰ ਸਿੰਘ ਖਾਲਸਾ ਆਦਿ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਮੇਰੇ ਖਿਲਾਫ ਕੁਝ ਵੀ ਹੱਥ...

ਜੱਗ ਜਾਣਦਾ ਹੈ ਕਿ ਇਨ੍ਹਾਂ ਆਗੂਆਂ ਦੇ ਪੁਰਖਿਆਂ ਨੇ ਐੱਸ.ਵਾਈ.ਐੱਲ. ਦੀ ਉਸਾਰੀ ਦੇ ਇਸ ਨਾ-ਕਾਬਲੇਮੁਆਫੀ ਅਪਰਾਧ ਨੂੰ ਅੰਜਾਮ ਦੇ ਕੇ ਪੰਜਾਬ ਅਤੇ ਇਸ ਦੀ ਨੌਜਵਾਨ ਪੀੜ੍ਹੀ ਦੇ ਰਾਹ ਵਿੱਚ ਕੰਡੇ ਬੀਜੇ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਸੁਆਰਥੀ ਸਿਆਸੀ ਆਗੂਆਂ ਨੇ ਆਪਣੇ ਸੌੜੇ ਮੁਫਾਦਾਂ ਲਈ ਇਸ ਨਹਿਰ ਦੀ ਉਸਾਰੀ ਲਈ ਸਹਿਮਤੀ, ਵਿਉਂਤਬੰਦੀ ਅਤੇ ਲਾਗੂ ਕੀਤਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਸਾਬਕਾ ਕੇਂਦਰੀ ਮੰਤਰੀ ਬਲਰਾਮ ਜਾਖੜ (ਸੁਨੀਲ ਜਾਖੜ ਦੇ ਪਿਤਾ) ਨੇ ਕੈਪਟਨ ਅਮਰਿੰਦਰ ਸਿੰਘ ਦੇ ਨਾਲ ਕਪੂਰੀ ਵਿਖੇ ਐੱਸ.ਵਾਈ.ਐੱਲ. ਦਾ ਨੀਂਹ ਪੱਥਰ ਰੱਖਣ ਦੀ ਰਸਮ ਤਤਕਾਲੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਨਾਲ ਅਦਾ ਕੀਤੀ ਸੀ। ਉਨ੍ਹਾ ਕਿਹਾ ਕਿ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਚੌਧਰੀ ਦੇਵੀ ਲਾਲ ਨੇ ਇਸ ਨਹਿਰ ਦੇ ਸਰਵੇ ਦੀ ਇਜਾਜ਼ਤ ਦੇਣ ਲਈ ਪੰਜਾਬ ਦੇ ਆਪਣੇ ਹਮਰੁਤਬਾ ਪ੍ਰਕਾਸ਼ ਸਿੰਘ ਬਾਦਲ ਦੀ ਸ਼ਲਾਘਾ ਕੀਤੀ ਸੀ। ਉਨ੍ਹਾ ਕਿਹਾ ਕਿ ਇਹ ਲੀਡਰ ਸੂਬੇ ਵਿਰੁੱਧ ਕੀਤੇ ਇਸ ਗੁਨਾਹ ਲਈ ਜ਼ਿੰਮੇਵਾਰ ਹਨ ਅਤੇ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਵਾਲਿਆਂ ਨੂੰ ਇਤਿਹਾਸ ਕਦੇ ਮੁਆਫ ਨਹੀਂ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇਸ ਬਹਿਸ ਦਾ ਵਿਸ਼ਾ ਪੰਜਾਬ ਨੂੰ ਹੁਣ ਤੱਕ ਕੀਹਨੇ ਤੇ ਕਿਵੇਂ ਲੁੱਟਿਆ, 'ਤੇ ਕੇਂਦਰਿਤ ਸੀ। ਇਸ ਵਿੱਚ ਕੁਨਬਾਪ੍ਰਸਤੀ (ਭਾਈ-ਭਤੀਜਾਵਾਦ, ਜੀਜਾ-ਸਾਲਾ), ਪੱਖਪਾਤ, ਟੋਲ ਪਲਾਜ਼ੇ, ਯੂਥ, ਖੇਤੀਬਾੜੀ, ਵਪਾਰੀ, ਦੁਕਾਨਦਾਰ, ਬੇਅਦਬੀ, ਦਰਿਆਈ ਪਾਣੀ ਅਤੇ ਹੋਰ ਮਸਲੇ ਸੰਬੰਧਤ ਸਨ। ਉਨ੍ਹਾ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਨੇਤਾਵਾਂ ਨੇ ਹਰੇਕ ਮੁੱਦੇ ਉਤੇ ਪੰਜਾਬ ਨਾਲ ਗੱਦਾਰੀ ਕੀਤੀ, ਜਿਸ ਕਰਕੇ ਸੂਬੇ ਦੇ ਲੋਕਾਂ ਪ੍ਰਤੀ ਇਨ੍ਹਾਂ ਦੀ ਜੁਆਬਦੇਹੀ ਬਣਦੀ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਨੇਤਾਵਾਂ ਦੇ ਹੱਥ ਪੰਜਾਬ ਨਾਲ ਕੀਤੇ ਗੁਨਾਹਾਂ ਨਾਲ ਰੰਗੇ ਹੋਏ ਹਨ ਅਤੇ ਸੂਬੇ ਦੀ ਪਿੱਠ ਵਿੱਚ ਛੁਰਾ ਮਾਰਨ ਵਾਲਿਆਂ ਨੂੰ ਇਤਿਹਾਸ ਕਦੇ ਵੀ ਮੁਆਫ ਨਹੀਂ ਕਰੇਗਾ।

### ਸੰਜੀਦਾ ਬਹਿਸ-ਮੁਬਾਹਸੇ...

ਲੇਖਕ ਸ਼ਮਸ਼ੇਰ ਸਿੰਘ ਸੰਧੂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਨੂੰ ਸੁਣਦਿਆਂ ਇੰਝ ਲੱਗ ਰਿਹਾ ਸੀ ਜਿਵੇਂ ਪੰਜਾਬ ਦੀ ਧਰਤੀ ਆਪਣਾ ਦਰਦ ਸੁਣਾ ਰਹੀ ਹੋਵੇ। ਉਨ੍ਹਾਂ ਕਿਹਾ ਕਿ ਇਹ ਬਹਿਸ ਇਕ ਸਾਰਥਿਕ ਸ਼ੁਰੂਆਤ ਹੈ, ਜਿਸ ਨੇ ਚਿਰਾਂ ਤੋਂ ਲਟਕ ਰਹੇ ਇਸ ਮਸਲੇ ਦੇ ਅਹਿਮ ਪਹਿਲੂ ਲੋਕਾਂ ਦੀ ਕਚਹਿਰੀ ਵਿੱਚ ਰੱਖੇ ਹਨ। ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਭੱਠਲ ਨੇ ਕਿਹਾ ਕਿ ਭਗਵੰਤ ਮਾਨ ਨੇ ਅੱਜ ਧੁੰਦਲਾ ਸ਼ੀਸ਼ਾ ਸਾਫ ਕਰ ਵਿਖਾਇਆ ਹੈ। ਉਨ੍ਹਾਂ ਸਿਆਸੀ ਆਗੂਆਂ ਦੀ ਦੋਗਲੀ ਪਹੁੰਚ ਬਾਰੇ ਤੱਥ ਲੋਕਾਂ ਸਾਹਮਣੇ ਰੱਖੇ ਹਨ, ਜਿਸ ਨਾਲ ਸਾਰੀ ਸਥਿਤੀ ਸਪੱਸ਼ਟ ਹੋਣ ਦੀ ਦਿਸ਼ਾ ਵੱਲ ਗੱਲ ਤੁਰੀ ਹੈ। ਦੂਜੇ ਪਾਸੇ ਉੱਘੇ ਉਦਯੋਗਪਤੀ ਤੇ ਲੁਧਿਆਣਾ ਵਿੱਚ ਰਾਮਗੜ੍ਹੀਆ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਰਣਜੋਧ ਸਿੰਘ ਨੇ ਕਿਹਾ ਕਿ ਦਰਮਿਆਨੇ ਅਤੇ ਲਘੂ ਉਦਯੋਗਾਂ ਦੀ ਰਜਿਸਟਰੇਸ਼ਨ ਵਿੱਚ ਪੰਜਾਬ ਦਾ ਪਹਿਲੇ ਸਥਾਨ ਉਤੇ ਆਉਣਾ ਸੂਬੇ ਲਈ ਜ਼ਿਕਰਯੋਗ ਪ੍ਰਾਪਤੀ ਹੈ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਧਾਈ ਦੀ ਹੱਕਦਾਰ ਹੈ। ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਸਮਾਗਮ ਮਗਰੋਂ ਗੱਲਬਾਤ ਕਰਦਿਆਂ ਕਿਹਾ ਕਿ ਨਵ ਪੰਜਾਬ ਦਿਵਸ ਦੇ ਦਿਹਾੜੇ ਉਤੇ ਸੰਵਾਦ ਦੀ ਗੱਲ ਤੋਰਨੀ ਚੰਗੀ ਸ਼ੁਰੂਆਤ ਹੈ। ਇਹ ਗੱਲ ਅੱਗੇ ਤੁਰਨੀ ਚਾਹੀਦੀ ਹੈ ਅਤੇ ਵਿਰੋਧੀ ਧਿਰ ਨੂੰ ਟਲਣ ਦੀ ਥਾਂ ਸਹਿਯੋਗੀ ਰੋਲ ਅਦਾ ਕਰਨਾ ਚਾਹੀਦਾ ਹੈ। ਬਹਿਸ ਸਮਾਪਤ ਹੋਣ ਮਗਰੋਂ ਪ੍ਰਸਿੱਧ ਲੇਖਕ ਤੇ ਸੇਵਾਮੁਕਤ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਤੂਰ ਨੇ ਕਿਹਾ ਕਿ ਪੰਜਾਬ ਦੇ ਸਭ ਮਸਲਿਆਂ ਦੇ ਸਰਬਪੱਖੀ ਹੱਲ ਵਾਸਤੇ ਵਿਰੋਧੀ ਪਾਰਟੀਆਂ ਨੂੰ ਸਿਰ ਜੋੜਨਾ ਚਾਹੀਦਾ ਹੈ ਅਤੇ ਇਸ ਦਿਸ਼ਾ ਵਿੱਚ ਇਹ ਸਾਰਥਿਕ ਉਪਰਾਲਾ ਹੈ, ਜਿਸ ਨੇ ਚਿਰਾਂ ਤੋਂ ਰੁਕੀ ਹੋਈ ਗੱਲਬਾਤ ਨੂੰ ਸਹੀ ਦਿਸ਼ਾ ਵੱਲ ਮੋੜਾ ਦਿੱਤਾ ਹੈ। ਇਸ ਦੌਰਾਨ ਗਾਇਕ ਡਾ. ਸੁਖਨੈਨ ਤੇ ਅਦਾਕਾਰ ਬਾਲ ਮੁਕੰਦ ਸ਼ਰਮਾ ਦਾ ਕਹਿਣਾ ਸੀ ਕਿ ਭਗਵੰਤ ਸਿੰਘ ਮਾਨ ਨੇ ਆਪਣੀ ਪੇਸਕਾਰੀ ਰਾਹੀਂ ਸਾਬਤ ਕਰ ਦਿੱਤਾ ਹੈ ਕਿ ਇਮਾਨ ਨੂੰ ਹਾਜ਼ਰ-ਨਾਜ਼ਰ ਜਾਣ ਕੇ ਸੱਚ ਕਿਵੇਂ ਬੋਲਣਾ ਹੈ। ਮੁੱਖ ਮੰਤਰੀ ਨੇ ਕਈ ਅਹਿਮ ਮਸਲੇ ਲੋਕਾਂ ਦੀ ਕਚਹਿਰੀ ਵਿੱਚ ਰੱਖ ਕੇ ਸਿਆਸੀ ਆਗੂਆਂ ਵੱਲੋਂ ਪੰਜਾਬ ਨਾਲ ਕਮਾਏ ਧ੍ਰੋਹ ਤੋਂ ਜਾਣੂੰ ਕਰਵਾਇਆ ਹੈ।

### ਉਪਲਬਧੀਆਂ ਗਿਣਾਈਆਂ

ਤਰੱਕੀ ਦੇ ਨਵੇਂ ਯੁੱਗ ਦਾ ਮੁੱਢ ਬੰਨ੍ਹਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਕਾਰਨ ਪੰਜਾਬ ਅੱਜ ਹਰੇਕ ਖ਼ੇਤਰ ਵਿੱਚ ਦੇਸ਼ ਭਰ ਵਿੱਚੋਂ ਮੋਹਰੀ ਬਣ ਕੇ ਉੱਭਰ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿੱਤੀ ਸੂਝ-ਬੂਝ ਨਾਲ ਲਏ ਕਈ ਫੈਸਲਿਆਂ ਨਾਲ ਸੂਬੇ ਦਾ ਆਪਣਾ ਕਰ ਮਾਲੀਆ ਵਧ ਕੇ 13.2 ਫੀਸਦੀ ਹੋ ਗਿਆ, ਜਦੋਂ ਕਿ ਅਕਾਲੀ ਸਰਕਾਰ ਸਮੇਂ 2012-17 ਵਿੱਚ ਇਹ ਅੱਠ ਫੀਸਦੀ ਅਤੇ ਕਾਂਗਰਸ ਸ਼ਾਸਨ ਦੌਰਾਨ 2017-22 ਵਿੱਚ ਇਹ 6.1 ਫੀਸਦੀ ਸੀ। ਇਸੇ ਤਰ੍ਹਾਂ ਵੈਟ/ਜੀ.ਐਸ.ਟੀ. ਦੀ ਉਗਰਾਹੀ ਵਿੱਚ 16.6 ਫੀਸਦੀ ਦਾ ਵਾਧਾ ਹੋਇਆ ਹੈ, ਸੂਬਾਈ ਐਕਸਾਈਜ਼ ਵਿੱਚ 37 ਫੀਸਦੀ, ਅਸ਼ਟਾਮ ਤੇ ਰਜਿਸਟਰੇਸ਼ਨ ਤੋਂ ਮਾਲੀਆ 27.8 ਫੀਸਦੀ ਅਤੇ ਵਾਹਨਾਂ ਉਤੇ ਟੈਕਸ ਵਿੱਚ 13.3 ਫੀਸਦੀ ਵਾਧਾ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਟੈਕਸ ਚੋਰੀ ਰੋਕਣ ਤੋਂ ਇਲਾਵਾ ਭ੍ਰਿਸ਼ਟਾਚਾਰ ਨੂੰ ਨੱਥ ਪਾਈ ਹੈ, ਜਿਸ ਨਾਲ ਸੂਬੇ ਦੀ ਆਮਦਨ ਵਿੱਚ ਇਜ਼ਾਫ਼ਾ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੀਆਂ ਸਰਕਾਰ ਵੱਲੋਂ ਕਈ ਸਾਲਾਂ ਤੋਂ ਖ਼ਾਲੀ ਛੱਡੀਆਂ 1400 ਕਿਲੋਮੀਟਰ ਨਹਿਰਾਂ ਨੂੰ ਸੁਰਜੀਤ ਕੀਤਾ ਹੈ। ਸਾਲ 2020-21 ਵਿੱਚ 77 ਕਰੋੜ ਰੁਪਏ ਦੇ ਮੁਕਾਬਲੇ ਸਾਲ 2023-24 ਵਿੱਚ ਮਨਰੇਗਾ ਅਧੀਨ 228 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਗੁਣਾ ਵੱਧ ਨਹਿਰਾਂ ਤੇ ਖ਼ਾਲਾਂ ਦੀ ਮੁਰੰਮਤ ਕੀਤੀ ਗਈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਨਹਿਰੀ ਪਾਣੀ ਦੀ ਵਰਤੋਂ ਵਿੱਚ 38 ਫੀਸਦੀ ਦਾ ਵਾਧਾ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ 16 ਸਾਲਾਂ ਤੋਂ ਲਟਕ ਰਿਹਾ ਕੰਡੀ ਕੈਨਾਲ ਪ੍ਰਾਜੈਕਟ ਵੀ 90 ਫੀਸਦੀ ਤੱਕ ਸੁਰਜੀਤ ਕਰ ਦਿੱਤਾ ਗਿਆ ਹੈ ਅਤੇ ਪਹਿਲੀ ਦਫ਼ਾ ਇਹ ਨਹਿਰ 90 ਫੀਸਦੀ ਤੋਂ ਵੱਧ ਸਮਰੱਥਾ ਉਤੇ ਚੱਲੀ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀ ਸਰਕਾਰ ਨੇ ਪਹਿਲੀ ਅਪਰੈਲ 2017 ਤੋਂ 17 ਮਾਰਚ 2022 ਤੱਕ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਨੌਜਵਾਨਾਂ ਨੂੰ 56,623 ਨੌਕਰੀਆਂ ਦਿੱਤੀਆਂ, ਜਦੋਂ ਕਿ ਸਾਡੀ ਸਰਕਾਰ ਨੇ ਸਿਰਫ਼ 18 ਮਹੀਨਿਆਂ ਵਿੱਚ ਹੀ 37,100 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਮਾਨ ਨੇ ਟਿੱਪਣੀ ਕੀਤੀ ਕਿ ਸਾਡੀ ਸਰਕਾਰ ਨੇ ਸਿਰਫ਼ 18 ਮਹੀਨਿਆਂ ਵਿੱਚ 57,796 ਕਰੋੜ ਰੁਪਏ ਦਾ ਨਿਵੇਸ਼ ਕਰਵਾਇਆ ਹੈ, ਜਦੋਂ ਕਿ ਅਕਾਲੀ ਸਰਕਾਰ ਦੌਰਾਨ 2012-17 ਤੱਕ 32,995 ਕਰੋੜ ਰੁਪਏ ਦਾ ਨਿਵੇਸ਼ ਆਇਆ ਅਤੇ ਕਾਂਗਰਸ ਸਰਕਾਰ ਦੌਰਾਨ 2017-22 ਤੱਕ 1,17,048 ਕਰੋੜ ਦਾ ਨਿਵੇਸ਼ ਹੋਇਆ ਹੈ।

### ਲੁੱਟ, ਵਿਤਕਰੇ ਤੇ ਬੇਇਨਸਾਫੀ...

ਰੰਗਮੰਚ ਅੰਮ੍ਰਿਤਸਰ ਪੇਸ਼ ਕੀਤਾ, ਜਿਸ ਨੂੰ ਹਰਿੰਦਰ ਸੋਹਲ ਨੇ ਸੰਗੀਤਬੱਧ ਕੀਤਾ ਅਤੇ ਹਰਿੰਦਰ ਸੋਹਲ ਸਮੇਤ ਕੁਸ਼ਾਗਰ ਕਾਲੀਆ, ਮਨਪ੍ਰੀਤ ਸੋਹਲ ਅਤੇ ਹਰਸ਼ਿਤਾ ਨੇ ਆਪਣੀ ਆਵਾਜ਼ ਨਾਲ ਸ਼ਿੰਗਾਰਿਆ। ਝੰਡੇ ਦੇ ਗੀਤ ਨੇ 40 ਮਿੰਟ ਸਮਾਂ ਬੰਨ੍ਹ ਦਿੱਤਾ। ਨਾਮਧਾਰੀ ਸੰਗੀਤ ਕਲਾ ਕੇਂਦਰ ਦੁਆਰਾ ਪ੍ਰਭਾਵਸ਼ਾਲੀ ਕਲਾ ਵੰਨਗੀ 'ਹੱਲਾ', ਹਰਿੰਦਰ ਸੋਹਲ ਅੰਮ੍ਰਿਤਸਰ, ਸੰਗੀਤ ਵਿਭਾਗ, ਖਾਲਸਾ ਕਾਲਜ ਗੜ੍ਹਦੀਵਾਲ (ਗੁਰਪਿੰਦਰ ਸਿੰਘ) ਨੇ ਗੀਤ-ਸੰਗੀਤ ਪੇਸ਼ ਕੀਤਾ। ਖਚਾਖਚ ਭਰੇ ਪੰਡਾਲ 'ਚ 'ਦੀ ਵਾਇਰ' ਦੇ ਮੰਨੇ-ਪ੍ਰਮੰਨੇ ਵਿਦਵਾਨ ਸੰਪਾਦਕ ਸਿਧਾਰਥ ਵਰਧਰਾਜਨ ਨੇ ਕਿਹਾ ਕਿ ਬੋਲਣ ਦੀ ਆਜ਼ਾਦੀ, ਪਰ ਬੋਲਣ ਤੋਂ ਬਾਅਦ ਆਜ਼ਾਦੀ ਦੀ ਗਾਰੰਟੀ ਨਹੀਂ। ਮੁਲਕ ਵਿੱਚ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਵਿਸ਼ੇ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਮੁਲਕ ਵਿੱਚ ਐਮਰਜੈਂਸੀ ਮੌਕੇ ਜਿਸ ਤਰ੍ਹਾਂ ਵਿਚਾਰਾਂ ਦੀ ਆਜ਼ਾਦੀ ਨੂੰ ਦਬਾਇਆ, ਦਰੜਿਆ, ਕੁਚਲਿਆ ਗਿਆ, ਅੱਜ ਗੈਰ ਐਲਾਨੀ ਐਮਰਜੈਂਸੀ ਦੇ ਹਾਲਾਤ ਦੌਰਾਨ ਮੁਲਕ ਦੇ ਸਾਰੇ ਤਬਕੇ ਸ਼ੰਕਾ ਦੇ ਦਾਇਰੇ ਵਿੱਚ ਹਨ। ਅੱਜ ਪੱਤਰਕਾਰਾਂ, ਲੇਖਕਾਂ, ਕਲਾਕਾਰਾਂ, ਬੁੱਧੀਜੀਵੀਆਂ ਨੂੰ ਭਾਵੇਂ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਹੈ ਪਰ ਅਸਹਿਮਤੀ ਵਾਲੇ ਵਿਚਾਰ ਪ੍ਰਗਟਾਉਣ ਵਾਲੇ ਭਾਵੇਂ ਬੋਲਣ ਦੇ ਹੱਕ ਦੀ ਵਰਤੋਂ ਕਰਦੇ ਹਨ ਪਰ ਬੋਲਣ ਤੋਂ ਬਾਅਦ ਉਨ੍ਹਾਂ ਦੀ ਆਜ਼ਾਦੀ ਦੀ ਕੋਈ ਗਾਰੰਟੀ ਨਹੀਂ। ਉਨ੍ਹਾਂ ਕਿਹਾ ਕਿ ਨਿਊਜ਼ ਕਲਿੱਕ ਅਤੇ ਹੋਰ ਉਦਾਹਰਨਾਂ ਸਾਡੇ ਸਾਹਮਣੇ ਹਨ ਕਿ ਅਸਹਿਮਤੀ ਦਾ ਵਿਚਾਰ ਪ੍ਰਗਟਾਉਣ ਵਾਲੇ ਪੱਤਰਕਾਰ, ਲੇਖਕ, ਕਲਾਕਾਰ, ਬੁੱਧੀਜੀਵੀ ਯੂ.ਏ.ਪੀ.ਏ. ਵਰਗੇ ਕਾਨੂੰਨਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੁਨੀਆ ਭਰ ਵਿੱਚ ਫਾਸ਼ੀਵਾਦ ਆਪਣੇ ਉਭਾਰ 'ਤੇ ਹੈ। ਪ੍ਰਧਾਨ ਮੰਤਰੀ ਮੋਦੀ ਵਲੋਂ ਆਪਣੀ ਵਿਦੇਸ਼ ਨੀਤੀ ਨੂੰ ਦਰਕਿਨਾਰ ਕਰਦਿਆਂ ਇਜ਼ਰਾਈਲ ਦੇ ਹੱਕ ਵਿੱਚ ਭੁਗਤਣਾ ਇਸ ਦੀ ਵੱਡੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਜਮਹੂਰੀਅਤ ਨੂੰ ਬਚਾਉਣ ਲਈ ਗ਼ਦਰੀ ਬਾਬਿਆਂ ਦੇ ਆਜ਼ਾਦੀ, ਬਰਾਬਰੀ ਅਤੇ ਧਰਮ ਨਿਰਪੱਖਤਾ ਦੇ ਆਦਰਸ਼ਾਂ ਉੱਤੇ ਡਟ ਕੇ ਪਹਿਰਾ ਦੇਣ ਦੀ ਜ਼ਰੂਰਤ ਹੈ। ਅੱਜ ਮੁਲਕ ਵਿੱਚ ਜਿਸ ਤਰ੍ਹਾਂ ਆਮ ਬੰਦੇ ਦੀ ਆਜ਼ਾਦੀ ਖ਼ਤਰੇ ਵਿੱਚ ਹੈ, ਆਰਥਿਕ ਪਾੜਾ ਨਿਰੰਤਰ ਵਧਦਾ ਜਾ ਰਿਹਾ ਹੈ, ਫ਼ਿਰਕੂ ਤਾਕਤਾਂ ਨੂੰ ਹਵਾ ਦਿੱਤੀ ਜਾ ਰਹੀ ਹੈ, ਇਸ ਦੌਰ ਵਿੱਚ ਲਾਮਬੰਦ ਹੋ ਕੇ ਲੜਨਾ ਸਾਡੇ ਸਮਿਆਂ ਦੀ ਵੱਡੀ ਲੋੜ ਹੈ। ਉਨ੍ਹਾਂ ਸੁਚੇਤ ਕੀਤਾ ਕਿ ਜੇਕਰ ਲੋਕ ਧਿਰਾਂ ਲਾਮਬੰਦ ਨਾ ਹੋਈਆਂ ਤਾਂ ਉਹ ਜਿੱਤਣਗੇ ਜਿਨ੍ਹਾਂ ਨੂੰ ਹਰਾਉਣ ਦੀ ਅੱਜ ਵੱਡੀ ਲੋੜ ਹੈ, ਜਿਸ ਲਈ ਆਪਣੀ-ਆਪਣੇ ਲੋਕਾਂ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਗ਼ਦਰੀ ਬਾਬਿਆਂ ਦੇ ਆਦਰਸ਼ਾਂ 'ਤੇ ਤੁਰਦਿਆਂ ਲਾਮਬੰਦ ਹੋ ਕੇ ਲੜਨ ਦੀ ਸਖ਼ਤ ਜ਼ਰੂਰਤ ਹੈ।

ਅੰਮ੍ਰਿਤਸਰ ਸਕੂਲ ਆਫ਼ ਡਰਾਮਾ ਦੇ ਨਿਰਦੇਸ਼ਕ ਇਕੱਤਰ ਦੀ ਨਿਰਦੇਸ਼ਨਾ 'ਚ ਉਨ੍ਹਾਂ ਦਾ ਹੀ ਲਿਖਿਆ ਨਾਟਕ 'ਠੱਗੀ' ਪੇਸ਼ ਕੀਤਾ ਗਿਆ।

ਗ਼ਦਰੀ ਬਾਬਾ ਜਵਾਲਾ ਸਿੰਘ ਹਾਲ ਵਿੱਚ ਹੋਈ ਵਿਚਾਰ ਚਰਚਾ ਨੂੰ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਦੇਵ ਅਰਸ਼ੀ, ਮੰਗਤ ਰਾਮ ਪਾਸਲਾ, ਡਾ. ਪਰਮਿੰਦਰ, ਦਰਸ਼ਨ ਖਟਕੜ, ਸੁਖਵਿੰਦਰ ਸੇਖੋਂ ਨੇ ਸੰਬੋਧਨ ਕੀਤਾ। ਪੰਜਾਬ ਦੇ ਲੋਕ ਗ਼ਦਰੀ ਬਾਬਿਆਂ ਦੀ ਇਸ ਵਿਰਾਸਤ ਦੇ ਪੈਰੋਕਾਰਾਂ ਤੋਂ ਇਹ ਆਸ ਕਰਦੇ ਹਨ ਕਿ ਪੰਜਾਬ ਹੀ ਨਹੀਂ, ਸਮੁੱਚੇ ਦੇਸ਼ ਦੀਆਂ ਮੁਸੀਬਤਾਂ ਦੇ ਹੱਲ ਲਈ ਵਧ ਰਹੇ ਫਾਸ਼ੀਵਾਦੀ ਖਤਰਿਆਂ ਨਾਲ ਟਕਰਾਉਣ ਲਈ ਵਿਚਾਰਧਾਰਕ ਲਾਮਬੰਦੀ ਦੀ ਮੰਗ ਕਰਦੇ ਹਨ।

ਉਹ ਇਨ੍ਹਾਂ ਆਗੂਆਂ ਤੋਂ ਇਹ ਵੀ ਆਸ ਰੱਖਦੇ ਹਨ ਕਿ ਉਹ ਭਵਿੱਖ ਵਿੱਚ ਇਕੱਠੇ ਹੋ ਕੇ ਬੈਠਣ ਤੇ ਵੱਡੇ ਮਸਲਿਆਂ ਦਾ ਕੁਝ ਉਸੇ ਅੰਦਾਜ਼ ਵਿੱਚ ਹੱਲ ਤਰਾਸ਼ਣ ਜਿਵੇਂ ਸੰਯੁਕਤ ਕਿਸਾਨ ਮੋਰਚੇ ਨੇ ਤਲਾਸ਼ਿਆ ਸੀ। ਇਸੇ ਸੰਦਰਭ ਵਿੱਚ ਅੱਜ ਦੀ ਵਿਚਾਰ ਚਰਚਾ ਦੇ ਸਾਰੇ ਬੁਲਾਰਿਆਂ ਨੇ ਲੋਕਾਂ ਦੀ ਏਕਤਾ 'ਤੇ ਜ਼ੋਰ ਦਿੱਤਾ ਅਤੇ ਫਾਸ਼ੀਵਾਦ ਦੇ ਟਾਕਰੇ ਲਈ ਲੋਕ ਲਾਮਬੰਦੀ ਦਾ ਨਾਅਰਾ ਦਿੱਤਾ। ਗ਼ਦਰੀ ਗੁਲਾਬ ਬੀਬੀ ਗੁਲਾਬ ਕੌਰ ਪੰਡਾਲ ਦੀ ਮੰਚ ਸੰਚਾਲਨਾ ਸੱਭਿਆਚਾਰ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਹਰਵਿੰਦਰ ਪੰਡਾਲ

### ਭਾਰਤੀ ਖੇਤ ਮਜ਼ਦੂਰ ...

ਸਕੱਤਰ ਕਾਮਰੇਡ ਅਮਰਜੀਤ ਕੌਰ, ਏਟਕ ਦੇ ਕੌਮੀ ਪ੍ਰਧਾਨ ਕਾਮਰੇਡ ਰਮੇਂਦਰ ਕੁਮਾਰ, ਭਾਕਪਾ ਦੇ ਕੌਮੀ ਸਕੱਤਰ ਕਾਮਰੇਡ ਨਾਗੇਂਦਰ ਨਾਥ ਓਝਾ, ਸਾਬਕਾ ਐੱਮ.ਪੀ ਅਤੇ ਭਾਕਪਾ ਦੇ ਕੌਮੀ ਸਕੱਤਰ ਕਾਮਰੇਡ ਅਜੀਤ ਪਾਸਾ, ਭਾਕਪਾ ਦੇ ਕੌਮੀ ਸਕੱਤਰ ਕਾਮਰੇਡ ਰਾਮ ਕ੍ਰਿਸ਼ਨ ਪਾਂਡਾ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਆਦਿ ਸੰਬੋਧਨ ਕਰਨਗੇ।

ਕੌਮੀ ਕਾਨਫਰੰਸ ਵਿੱਚ ਡੈਲੀਗੇਟਾਂ ਵਜੋਂ ਹਿੱਸਾ ਲੈਣ ਲਈ ਵੱਖ-ਵੱਖ ਰਾਜਾਂ ਤੋਂ ਮਜ਼ਦੂਰ ਆਗੂ ਪਟਨਾ ਵਿਖੇ ਪਹੁੰਚ ਚੁੱਕੇ ਹਨ। ਪੰਜਾਬ ਵਿੱਚੋਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਦੀ ਅਗਵਾਈ ਵਿੱਚ ਲੱਗਭੱਗ 40 ਡੈਲੀਗੇਟ ਪਟਨਾ ਪਹੁੰਚ ਗਏ ਹਨ। ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਦੱਸਿਆ ਕਿ ਮਹਾਂ ਰੈਲੀ ਇਤਿਹਾਸਿਕ ਹੋਵੇਗੀ। ਇਸ ਦੀਆਂ ਤਿਆਰੀਆਂ ਪਹਿਲੀ ਨਵੰਬਰ ਨੂੰ ਮੁਕੰਮਲ ਹੋ ਗਈਆਂ ਹਨ।

## ਟਰੈਕਟਰਾਂ ਤੇ ਸੰਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਜਾਂ ਸਟੰਟ 'ਤੇ ਮੁਕੰਮਲ ਪਾਬੰਦੀ

**ਬਰਨਾਲਾ (ਰਾਜਿੰਦਰ ਬਰਾੜ)**-ਜ਼ਿਲ੍ਹਾ ਮੈਜਿਸਟਰੇਟ ਪੂਨਮਦੀਪ ਕੌਰ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਜਾਂ ਸਟੰਟ ਨੂੰ ਆਯੋਜਿਤ ਕਰਨ 'ਤੇ ਜ਼ਿਲ੍ਹਾ ਬਰਨਾਲਾ 'ਚ ਮੁਕੰਮਲ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ 'ਚ ਬੀਤੇ ਦਿਨੀਂ ਕੁਝ ਘਟਨਾਵਾਂ ਵਾਪਰੀਆਂ ਹਨ ਜਿਨ੍ਹਾਂ ਵਿਚ ਟਰੈਕਟਰਾਂ ਅਤੇ ਸਬੰਧਤ ਮੰਚਾਂ ਦੇ ਖਤਰਨਾਕ ਰੁਝਾਨ ਦੇ ਸਟੰਟ ਦੌਰਾਨ ਨੌਜਵਾਨਾਂ ਦੀ ਮੌਤ ਵੀ ਹੋ ਗਈ ਹੈ। ਇਸ ਲਈ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਸਟੰਟ ਨੂੰ ਆਯੋਜਿਤ ਕਰਨ 'ਤੇ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਕਪਤਾਨ ਪੁਲਿਸ, ਬਰਨਾਲਾ ਇਸ ਹੁਕਮ ਦੀ ਇੰਨ-ਬਿੰਨ ਪਾਲਣਾ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ। ਇਹ ਹੁਕਮ 28 ਨਵੰਬਰ ਤੱਕ ਜ਼ਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।

## ਸ੍ਰੀ ਧਨਵੰਤਰੀ ਜਯੰਤੀ 5 ਨੂੰ ਮਨਾਈ ਜਾਵੇਗੀ

**ਬਰਨਾਲਾ (ਰਾਜਿੰਦਰ ਬਰਾੜ)**-ਜ਼ਿਲ੍ਹਾ ਵੈਦ ਮੰਡਲ ਬਰਨਾਲਾ ਵੱਲੋਂ 5 ਨਵੰਬਰ ਨੂੰ ਧਨਵੰਤਰੀ ਜਯੰਤੀ ਮਨਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਵੈਦ ਮੰਡਲ ਦੇ ਪ੍ਰਧਾਨ ਕੌਰ ਚੰਦ ਸ਼ਰਮਾ, ਖਜ਼ਾਨਚੀ ਡਾ: ਰਾਹੁਲ ਰੁਪਾਲ, ਜਨਰਲ ਸਕੱਤਰ ਵੈਦ ਚਰਨ ਸਿੰਘ, ਵੈਦ ਸੁਖਦੇਵ ਰਾਮ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਧਨਵੰਤਰੀ ਜੀ ਦੀ ਜਯੰਤੀ 5 ਨਵੰਬਰ ਨੂੰ ਗੋਬਿੰਦ ਬਾਂਸਲ ਚੈਰੀਟੇਬਲ ਟਰੱਸਟ ਨੇੜੇ ਸੇਖਾ ਫਾਟਕ (ਬਰਨਾਲਾ) ਵਿਖੇ ਬੜੀ ਸ਼ਰਧਾ ਭਾਵਨਾ ਨਾਲ ਜ਼ਿਲ੍ਹਾ ਵੈਦ ਮੰਡਲ ਦੇ ਸਾਰੇ ਹੀ ਵੈਦ ਸਹਿਬਾਨ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ।

ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10 ਵਜੇ ਭਗਵਾਨ ਧਨਵੰਤਰੀ ਦੇ ਪੂਜਨ ਉਪਰੰਤ ਕੀਤੀ ਜਾਵੇਗੀ ਅਤੇ ਜ਼ਿਲ੍ਹਾ ਭਰ ਤੋਂ ਆਏ ਵੈਦ ਸਾਹਿਬਾਨ ਵੱਖ ਵੱਖ ਰੋਗਾਂ ਸਬੰਧੀ ਆਪੋ ਆਪਣੇ ਨੁਕਤੇ ਸਾਂਝੇ ਕਰਨਗੇ।

## ਜਵਾਹਰ ਨਵੋਦਿਆ ਵਿਦਿਆਲਿਆ 'ਚ 'ਮੇਰੀ ਮਿੱਟੀ ਮੇਰਾ ਦੇਸ਼' ਤਹਿਤ 'ਵੀਰਾਂ ਨੂੰ ਪ੍ਰਣਾਮ' ਪ੍ਰੋਗਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਪ੍ਰਧਾਨ ਮੰਤਰੀ ਸਕੂਲ ਜਵਾਹਰ ਨਵੋਦਿਆ ਵਿਖੇ 'ਮੇਰੀ ਮਿੱਟੀ ਮੇਰਾ ਦੇਸ਼' ਤਹਿਤ 'ਵੀਰਾਂ ਨੂੰ ਪ੍ਰਣਾਮ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਨਮਨ ਕੀਤਾ ਗਿਆ। ਪ੍ਰਿੰਸੀਪਲ ਰੇਖਾ ਸ਼ਰਮਾ ਨੇ ਦੱਸਿਆ ਕਿ ਇਸ ਦੌਰਾਨ ਜਵਾਹਰ ਨਵੋਦਿਆ ਵਿਦਿਆਲਿਆ ਫਫੜੇ ਭਾਈਕੇ ਤੋਂ ਅੰਮ੍ਰਿਤ ਕਲਸ਼ ਯਾਤਰਾ ਕੱਢੀ ਗਈ, ਜਿਸ ਰਾਹੀਂ ਵਿਦਿਆਲਿਆ ਵਿੱਚੋਂ ਮਿੱਟੀ ਦਾ ਇੱਕ ਕਲਸ਼ ਲੈ ਕੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੂੰ ਸੌਂਪਿਆ ਗਿਆ। ਇਸ ਮੌਕੇ ਦਫ਼ਤਰ ਮੁਖੀ ਐਸ.ਐਸ. ਮਹਿਤਾ, ਭੂਗੋਲ ਬੁਲਾਰੇ ਓਮ ਪ੍ਰਕਾਸ਼ ਗੋਂਦਾਰਾ ਸਮੇਤ ਸਕੂਲ ਦੀਆਂ ਵਿਦਿਆਰਥਣਾਂ ਹਾਜ਼ਰ ਸਨ।

## ਸੰਤ ਕਬੀਰ ਸਕੂਲ 'ਚ ਰਾਸ਼ਟਰੀ ਏਕਤਾ ਦਿਵਸ ਤੇ ਨਿਊ ਪੰਜਾਬ ਡੇ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਭਾਰਤੀ ਸੁਤੰਤਰਤਾ ਸੈਨਾਨੀ ਅਤੇ ਲੋਹ ਪੁਰਸ਼ ਕਹੇ ਜਾਣ ਵਾਲੇ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਨ 'ਤੇ ਰਾਸ਼ਟਰੀ ਏਕਤਾ ਦਿਵਸ ਅਤੇ ਨਾਲ ਹੀ ਨਿਊ ਪੰਜਾਬ ਡੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਣਾਈ ਰੱਖਣ ਲਈ ਪ੍ਰਣ ਲਿਆ। ਮੈਡਮ ਚਰਨਜੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਵੱਲਬ ਭਾਈ ਪਟੇਲ ਦੀ ਜੀਵਨੀ ਬਾਰੇ ਚਾਨਣਾ ਪਾਇਆ। ਨੰਨ੍ਹੇ ਵਿਦਿਆਰਥੀਆਂ ਨੇ ਪੰਜਾਬ 'ਤੇ ਕੋਰੀਓਗ੍ਰਾਫੀ ਵੀ ਪੇਸ਼ ਕੀਤੀ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਯੂਨਿਟੀ ਫਾਰ ਰਣ ਵਿੱਚ ਭਾਗ ਲੈ ਕੇ ਦੇਸ਼ ਦੇ ਇੱਕ ਹੋਣ ਦਾ ਸੰਦੇਸ਼ ਦਿੱਤਾ। ਸਕੂਲ ਦੇ ਐਮ. ਡੀ. ਪ੍ਰੋਫੈਸਰ ਐਮ. ਐਲ. ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ, ਹੈਡ ਮਿਸਟ੍ਰੈਸ ਸੋਨੀਆ ਧਵਨ ਅਤੇ ਰਚਨਾ ਜਿੰਦਲ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਏਕਤਾ ਦਿਵਸ ਅਤੇ ਨਿਊ ਪੰਜਾਬ ਡੇ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਦੇਸ਼ ਅਤੇ ਰਾਜ ਦੇ ਵਾਧੇ ਅਤੇ ਮਜ਼ਬੂਤੀ ਲਈ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਜ਼ਰੂਰੀ ਹੈ।

## ਡੀ ਏ ਵੀ ਸਕੂਲ ਰਾਜਪੁਰਾ ਨੇ ਨਾਲੇਜ ਮੁਕਾਬਲਾ ਜਿੱਤਿਆ



**ਰਾਜਪੁਰਾ (ਰਮੇਸ਼ ਕਟਾਰੀਆ)**-ਥਾਪਰ ਪੋਲੀਟੈਕਨੀਕਲ ਕਾਲਜ, ਪਟਿਆਲਾ ਵਿਖੇ ਟੈਕ ਉਤਸਵ ਤਹਿਤ ਟੈਸਟ ਯੂਅਰ ਨਾਲੇਜ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਵੱਖ-ਵੱਖ ਸਕੂਲਾਂ ਦੀਆਂ 20 ਦੇ ਕਰੀਬ ਟੀਮਾਂ ਨੇ ਭਾਗ ਲਿਆ। ਜਿਸ ਵਿੱਚ 12ਵੀਂ ਜਮਾਤ ਦੇ ਸਾਇੰਸ ਦੇ ਵਿਦਿਆਰਥੀਆਂ ਮੁਕੁਲ ਅਤੇ ਆਰੀਅਨ ਭਾਰਦਵਾਜ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਅਤੇ 10ਵੀਂ ਜਮਾਤ ਦੇ ਵਿਦਿਆਰਥੀ ਮਨਸਿਮਰਤ ਸਿੰਘ ਅਤੇ ਅਰਵਿੰਦ ਧੀਮਾਨ ਨੇ ਦੂਜਾ ਸਥਾਨ ਹਾਸਲ ਕੀਤਾ। ਸਕੂਲ ਪ੍ਰਿੰਸੀਪਲ ਅਲਪਨਾ ਪਾਠਕ ਨੇ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

**STATE BANK OF INDIA**
AMAN PLAZA COMPLEX, TOWER -B, ADJOINING PASSPORT SEWA KENDRA, AMBEDKAR CHOWK, JALANDHAR-144001

**ਸੰਕੇਤਕ ਕਬਜ਼ਾ ਨੋਟਿਸ (ਅਚੱਲ ਜਾਇਦਾਦਾਂ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਭਾਰਤੀ ਸਟੇਟ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਮੈਸ. ਐੱਮ ਆਰ ਇੰਟਰਪ੍ਰਾਇਜਜ਼, ਨੇੜੇ ਕਾਰਪੋਰੇਸ਼ਨ ਬੈਂਕ, ਰਾਜਪੂਤ ਸਕੂਲ, ਸੁਜਾਨਪੁਰ ਨੂੰ ਇਸ ਦੇ ਮਾਲਕ ਸ੍ਰੀ ਅਨਿਲ ਸ਼ਰਮਾ ਪੁੱਤਰ ਸ੍ਰੀ ਮੇਲਾ ਰਾਮ ਸ਼ਰਮਾ, ਵਾਸੀ ਮੁਹੱਲਾ ਕਸ਼ਮੀਰੀ, ਸੁਜਾਨਪੁਰ, ਤਹਿਸੀਲ ਤੇ ਜ਼ਿਲ੍ਹਾ ਪਠਾਨਕੋਟ ਅਤੇ ਗਰੰਟਰ ਸ੍ਰੀਮਤੀ ਭਾਵਨਾ ਸ਼ਰਮਾ ਪਤਨੀ ਅਨਿਲ ਸ਼ਰਮਾ ਰਾਹੀਂ ਕੈਸ਼ ਕ੍ਰੈਡਿਟ ਅਤੇ ਜੀ ਈ ਸੀ ਐੱਲ ਖਾਤਿਆਂ 'ਚ 10.08.2023 ਬਕਾਇਆ ਖੜ੍ਹੀ ਰਕਮ ਰੁ. 42,91,319.54 (ਬਤਾਲੀ ਲੱਖ ਇਕਾਨਵੇਂ ਹਜ਼ਾਰ ਤਿੰਨ ਸੌ ਉੱਨੀ ਰੁਪਏ ਅਤੇ ਚੁਰੰਜਾ ਪੈਸੇ ਕੇਵਲ) ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਅਦਾ ਕਰਨ ਲਈ ਮਿਤੀ 21.08.2023 ਨੂੰ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ/ਗਰੰਟਰ ਰਕਮ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ 31 ਅਕਤੂਬਰ 2023 ਨੂੰ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ 10.08.2023 ਨੂੰ ਰਕਮ ਰੁ. 42,91,319.54 (ਬਤਾਲੀ ਲੱਖ ਇਕਾਨਵੇਂ ਹਜ਼ਾਰ ਤਿੰਨ ਸੌ ਉੱਨੀ ਰੁਪਏ ਅਤੇ ਚੁਰੰਜਾ ਪੈਸੇ ਕੇਵਲ) ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਭਾਰਤੀ ਸਟੇਟ ਬੈਂਕ ਦੀ ਵਸੂਲੀ ਹੇਠ ਹੋਵੇਗੀ।

ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਤੋਂ 30 ਦਿਨਾਂ ਦੇ ਅੰਦਰ ਬੈਂਕ ਦਾ ਬਕਾਇਆ ਵਾਪਸ ਅਦਾ ਨਹੀਂ ਕਰਦੇ ਤਾਂ ਬੈਂਕ ਦੇ ਬਕਾਏ ਦੀ ਵਸੂਲੀ ਲਈ ਜਾਇਦਾਦ ਦੀ ਵਿਕਰੀ ਕਰ ਦਿੱਤੀ ਜਾਵੇਗੀ। ਜਾਇਦਾਦ ਦੇ ਮਾਲਕ, ਜਿੱਥੇ ਕਬਜ਼ਾ ਕੀਤਾ ਗਿਆ ਹੈ, ਨੂੰ ਵੀ ਖਾਲੀ/ਅਸਲ ਕਬਜ਼ਾ ਨਿਮਨਹਸਤਾਖਰੀ ਨੂੰ 30 ਦਿਨਾਂ ਦੇ ਅੰਦਰ ਸੌਂਪਣ ਲਈ ਵੀ ਨੋਟੀਫਾਈ ਕੀਤਾ ਗਿਆ ਹੈ ਤਾਂ ਜੋ ਜ਼ਿਲ੍ਹਾ ਮੈਜਿਸਟਰੇਟ ਦੀ ਸਹਾਇਤਾ ਨਾਲ ਐਕਟ ਦੇ ਸੈਕਸ਼ਨ 14 ਤਹਿਤ ਜ਼ਬਰਦਸਤੀ ਟਾਲੀ ਜਾ ਸਕੇ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਭਾਰਤੀ ਸਟੇਟ ਬੈਂਕ, ਸੁਜਾਨਪੁਰ ਪਠਾਨਕੋਟ ਸ਼ਾਖਾ ਕੋਲ ਗਿਰਵੀ**

ਆਮ ਇਕਰਾਰਨਾਮੇ, ਭੰਡਾਰ ਦੀ ਹਾਈ ਪੋਥੀਕੇਸ਼ਨ ਲਈ ਸਮੇਂ-ਸਮੇਂ 'ਤੇ ਲੋੜੀਂਦੇ ਦਸਤਾਵੇਜ਼, ਨਾਲ ਹੀ ਸਹੂਲਤਾਂ ਗਰੰਟੀ ਇਕਰਾਰਨਾਮਾ ਲਈ ਕਾਨੂੰਨ ਦੀਆਂ ਵਿਵਸਥਾਵਾਂ ਤਹਿਤ ਲੋੜੀਂਦਾ ਸਹਾਇਕ ਇਕਰਾਰਨਾਮਾ ਅਤੇ ਗਿਰਵੀ ਲਈ ਪੱਤਰ ਅਤੇ ਜਮ੍ਹਾਂ ਕਰਵਾਇਆ ਬੈਨਾਮਾ

**ਅਚੱਲ ਜਾਇਦਾਦਾਂ ਦਾ ਵੇਰਵਾ**

(ਏ) ਦੁਕਾਨ, ਰਕਬਾ 251 ਵਰਗ ਫੁੱਟ, ਬੀ-X/193, ਮਿਉਂਸਪਲ ਕਮੇਟੀ ਸੁਜਾਨਪੁਰ ਦੀ ਹਦੂਦ ਅੰਦਰ, (ਬੀ) ਜਾਇਦਾਦ ਬੈਨਾਮੇ ਅਨੁਸਾਰ ਪਲਾਟ ਰਕਬਾ 07 ਮਰਲੇ, ਖਸਰਾ ਨੰ. 9 ਆਰ/27/2/2 (1-9), 27/2/3, (3-13), 27/1/2 (5-0), 27/1/4, ਕਿੱਤੇ 4, ਕੁਲ ਖੇਤਰ 22 ਕਨਾਲ 5 ਮਰਲੇ ਦਾ 07 ਮਰਲੇ ਤੱਕ ਦਾ ਹਿੱਸਾ, ਪਿੰਡ ਕਾਲਾ ਚੱਕ, ਹਦਬਸਤ ਨੰ. 231, ਤਹਿਸੀਲ ਤੇ ਜ਼ਿਲ੍ਹਾ ਪਠਾਨਕੋਟ, (ਸੀ) ਪਲਾਟ, ਰਕਬਾ 4.47 ਮਰਲੇ, ਖਸਰਾ ਨੰ. 37 ਆਰ/16/2/2 (0-12), 17/1/2 (0-8), 22/3 (0-18) 23/2 (3-2), 24 (7-8) 25 (4-12), 26 (0-9) 38 ਆਰ/3 (6-19) 38 ਆਰ/4 (6-7) 38 ਆਰ/5 (3-6), 37 ਆਰ/18/2 (0-3) 23/1/2 (1-5) ਕਿੱਤੇ 10, ਕੁਲ ਖੇਤਰ ਰਕਬਾ 34 ਕਨਾਲ 0-1 ਮਰਲੇ ਦਾ 34/6129 ਹਿੱਸਾ, ਪਿੰਡ ਫੂਲ ਪਿਆਰਾ, ਹਦਬਸਤ ਨੰ. 212, ਤਹਿਸੀਲ ਤੇ ਜ਼ਿਲ੍ਹਾ ਪਠਾਨਕੋਟ।

ਮਿਤੀ : 31.10.2023
ਸਥਾਨ : ਸੁਜਾਨਪੁਰ

ਅਧਿਕਾਰਤ ਅਫਸਰ
ਭਾਰਤੀ ਸਟੇਟ ਬੈਂਕ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਉਪ ਮੁੱਖ ਇੰਜੀਨੀਅਰ/ਪੁਲ/ਕਾਰਜਸ਼ਾਲਾ, ਉੱਤਰ ਰੇਲਵੇ, ਜਲੰਧਰ ਛਾਉਣੀ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| ਲੜੀ ਨੰ. | ਟੈਂਡਰ ਨੰ. | ਕੰਮ ਦਾ ਵੇਰਵਾ | ਅੰਦਾਜਨ ਲਾਗਤ (ਰੁਪਏ) | ਬਿਆਨਾ ਰਾਸ਼ੀ (ਰੁਪਏ) | ਖੁਲਣ ਦੀ ਮਿਤੀ | IREPS 'ਤੇ ਬੋਲੀ ਲਗਾਉਣ ਦੀ ਮਿਤੀ | ਟੈਂਡਰ ਫਾਰਮ ਦੀ ਲਾਗਤ (ਰੁਪਏ) | ਕੰਮ ਸਮਾਪਤੀ ਦਾ ਸਮਾਂ |
|---|---|---|---|---|---|---|---|---|
| 1. | OT-12-2023-JRC | ਸੀਨੀਅਰ ਸੈਕਸ਼ਨ ਇੰਜੀਨੀਅਰ/ਪੁਲ ਅਨੁਰਖਸ਼ਣ/ਪਠਾਨਕੋਟ ਦੇ ਖੇਤਰਾਧਿਕਾਰ ਵਿਚ ਆਉਣ ਵਾਲੇ ਵਖ-ਵਖ ਪੁਲਾਂ ਤੇ ਸਾਈਡ ਪਾਥਵੇ ਦੀ ਫ੍ਰੇਬਿਕੇਸ਼ਨ ਅਤੇ ਇਰੀਕੇਸ਼ਨ ਕਰਨਾ | 1,35,67,621.97 | 2,17,800.00 | 22.11.2023 | 08.11.2023 ਤੋਂ 22.11.2023 | 0 | 06 ਮਹੀਨੇ |

| | |
|---|---|
| ਨਿਵਿਦਾ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ। | ਹਰੇਕ ਦੇ ਖਿਲਾਫ ਦਿਖਾਈਆਂ ਗਈਆਂ ਮਿਤੀਆਂ ਤੇ 15:00 ਵਜੇ ਤਕ ਅਤੇ ਉਸੇ ਸਮੇਂ 15:00 ਵਜੇ ਦੇ ਬਾਅਦ। |
| ਵੈਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ। | ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰੀ ਰੇਲਵੇ ਵੈਬ ਸਾਈਟ www.nr.indianrailways.gov.in ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ਼ www.ireps.gov.in ਤੇ ਉਪਲਬਧ ਹੈ। |

No. 80-W/30/Bridges/Invitation. Dated: 31.10.2023 — 3409/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

2-Nov-PAGE-3.qxd 11/1/2023 8:56 PM Page 1



# ਭਲਕੇ ਦੀ ਮੁਹਾਲੀ ਵਿਖੇ ਰੋਸ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ



**ਪਠਾਨਕੋਟ (ਦਵਿੰਦਰ ਸਿੰਘ)**-ਲੇਬਰ ਕਮਿਸ਼ਨਰ ਪੰਜਾਬ ਦੇ ਮੁੱਖ ਦਫਤਰ ਸਾਹਮਣੇ ਚੰਡੀਗੜ੍ਹ ਮੁਹਾਲੀ ਵਿਖੇ 3 ਨਵੰਬਰ ਸ਼ੁੱਕਰਵਾਰ ਨੂੰ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੀਤੀ ਜਾ ਰੋਸ ਰੈਲੀ ਦੀ ਤਿਆਰੀ ਸਬੰਧੀ ਮੀਟਿੰਗ ਸਾਥੀ ਰਾਮ ਬਿਲਾਸ ਅਤੇ ਸੋਹਨ ਲਾਲ ਢਾਂਗੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਹਾਜ਼ਰ ਸੀਟੀਯੂ ਪੰਜਾਬ ਦੇ ਆਗੂ ਕਾਮਰੇਡ ਸ਼ਿਵ ਕੁਮਾਰ ਅਤੇ ਮਾਸਟਰ ਸੁਭਾਸ਼ ਸ਼ਰਮਾ ਨੇ ਰੋਸ ਰੈਲੀ ਦੇ ਮੁੱਦਿਆਂ ਬਾਰੇ ਬੋਲਦਿਆਂ ਕਿਹਾ ਕਿ ਮੌਕੇ ਦੀ ਕੇਂਦਰ ਤੇ ਪੰਜਾਬ ਸਰਕਾਰ ਨੇ ਮਜ਼ਦੂਰ ਜਮਾਤ ਖਿਲਾਫ ਘਟੀਆ ਤੋਂ ਘਟੀਆ ਫੈਸਲੇ ਲੈਣ ਦਾ ਸਿਰਾ ਲਾ ਦਿੱਤਾ ਹੈ। ਮਜ਼ਦੂਰਾਂ ਦਾ ਦਿਹਾੜੀ ਸਮਾਂ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰ ਦਿੱਤਾ ਹੈ। ਮਜ਼ਦੂਰਾਂ ਨੂੰ ਗੁਲਾਮਾਂ ਦੀ ਤਰ੍ਹਾਂ ਵਰਤਣਾ ਚਾਹੁੰਦੇ ਹਨ। ਉਨਾਂ ਦੀ ਘੱਟੋ-ਘੱਟ ਉਜਰਤਾਂ ਵਿੱਚ ਸੋਧ ਨਹੀਂ ਕੀਤਾ ਜਾ ਰਿਹਾ ਜਦੋਂ ਕਿ ਮਹਿੰਗਾਈ ਲਗਾਤਾਰ ਵੱਧਦੀ ਜਾ ਰਹੀ ਹੈ। ਨਿਯਮਾਂ ਅਨੁਸਾਰ ਹਰ ਪੰਜ ਸਾਲ ਬਾਅਦ ਘੱਟੋ ਘੱਟ ਉਜਰਤਾਂ ਵਿੱਚ ਸੋਧ ਕਰਨੀ ਬਣਦੀ ਹੈ ਪਰ 2012 ਤੋਂ ਕਿਸੇ ਵੀ ਸਰਕਾਰ ਨੇ ਸੋਧ ਨਹੀਂ ਕੀਤੀ ਜੋ ਮਜ਼ਦੂਰਾਂ ਨਾਲ ਸਰਾਸਰ ਬੇਇਨਸਾਫ਼ੀ ਹੈ। ਉਹਨਾਂ ਕਿਹਾ ਕਿ ਸਰਕਾਰਾਂ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀਆਂ ਹਨ ਅਤੇ ਚੋਣਾਂ ਵਿੱਚ ਕੀਤੇ ਵਾਅਦੇ ਪੂਰੇ ਕਰਨ ਦੀ ਥਾਂ ਲੋਕਾਂ ਨੂੰ ਧਰਮਾਂ-ਜਾਤਾਂ ਦੇ ਝਗੜਿਆਂ ਵਿਚ ਉਲਝਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਲਗਾਤਾਰ ਬੇਰੋਕ ਵਧ ਮਹਿੰਗਾਈ ਤੇ ਬੇਰੁਜ਼ਗਾਰੀ ਦੇ ਕਾਰਨ ਨਿਰਮਾਣ ਮਜ਼ਦੂਰਾਂ, ਘਰੇਲੂ ਮਜ਼ਦੂਰਾਂ, ਵੱਖ ਵੱਖ ਕਾਰਖਾਨਿਆਂ ਵਿੱਚ ਕੰਮ ਕਰਦੇ ਕਿਰਤੀਆਂ, ਭੱਠਾ ਮਜ਼ਦੂਰਾਂ, ਮਨਰੇਗਾ ਵਰਕਰਾਂ, ਠੇਕੇ ਤੇ ਭਰਤੀ ਕਾਮਿਆਂ ਅਤੇ ਹੋਰ ਸਕੀਮ ਅਧਾਰਿਤ ਵਰਕਰਾਂ ਦਾ ਰੋਜ਼ਾਨਾ ਜੀਵਨ ਔਖਾ ਹੋ ਗਿਆ ਹੈ। ਆਗੂਆਂ ਨੇ ਦੱਸਿਆ ਕਿ ਚੰਡੀਗੜ੍ਹ ਰੈਲੀ ਵਿੱਚ ਪਠਾਨਕੋਟ ਜਿਲ੍ਹੇ ਤੋਂ ਸੈਂਕੜੇ ਮਜ਼ਦੂਰਾਂ ਦਾ ਕਾਫਲਾ ਸ਼ਾਮਲ ਹੋਵੇਗਾ। ਉਪਰੋਕਤ ਤੋਂ ਇਲਾਵਾ ਸਾਥੀ ਨਰੋਤਮ ਸਿੰਘ ਪਠਾਨੀਆ, ਕੁਲਦੀਪ ਰਾਜ ਮੁੱਦੇ, ਦੇਵ ਰਾਜ ਸੈਲੀ ਕੁਲੀਆਂ, ਦਿਲਬਾਗ ਸਾਵਨ, ਯੋਧ ਰਾਜ, ਅਮਰਜੀਤ, ਰਮਨ ਕੁਮਾਰ, ਤਿਲਕ ਰਾਜ, ਪ੍ਰਤਾਪ ਚੰਦ, ਪਿਆਰਾ ਸਿੰਘ ਨੀਲੂ, ਰਾਜ ਅਤੇ ਹੋਰ ਸਾਥੀ ਹਾਜ਼ਰ ਸਨ। ਪਠਾਨਕੋਟ ਤੋਂ ਬੱਸਾਂ ਦਾ ਕਾਫਲਾ 3 ਨਵੰਬਰ ਸ਼ੁੱਕਰਵਾਰ ਸਵੇਰੇ ਛੇ ਵਜੇ ਰਵਾਨਾ ਹੋਵੇਗਾ। ਸਾਰੇ ਸਾਥੀਆਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

## ਪੀ ਐੱਨ ਬੀ ਮੇਟਲਾਈਫ ਪੰਜਾਬ ਓਪਨ ਬੈਡਮਿੰਟਨ ਚੈਂਪੀਅਨਸ਼ਿਪ ਦੀ ਸ਼ਾਨਦਾਰ ਸ਼ੁਰੂਆਤ



**ਜਲੰਧਰ :** ਸਥਾਨਕ ਰਾਏਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿਚ ਪੰਜ ਦਿਵਸੀ ਪੀਐਨਬੀ ਮੇਟਲਾਈਫ ਪੰਜਾਬ ਓਪਨ ਬੈਡਮਿੰਟਨ ਚੈਂਪੀਅਨਸ਼ਿਪ ਦਾ ਮੰਗਲਵਾਰ ਨੂੰ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਸ਼ੁਭ ਆਰੰਭ ਕੀਤਾ। ਟੂਰਨਾਮੈਂਟ ਦੇ ਬਾਰੇ ਵਿੱਚ ਜਾਣਕਾਰੀ ਦਿੰਦੇ ਹੋਏ ਚੀਫ ਰੈਫਰੀ ਰਵੀ ਚੌਹਾਨ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਲਗਭਗ 900 ਖਿਡਾਰੀ ਭਾਗ ਲੈ ਰਹੇ ਹਨ। ਅੰਡਰ 9 ਤੋਂ ਲੈ ਕੇ ਅੰਡਰ 17 ਤਕ ਲੜਕੇ ਅਤੇ ਲੜਕੀਆਂ ਦੇ ਸਿੰਗਲ ਮੁਕਾਬਲੇ ਕਰਵਾਏ ਜਾ ਰਹੇ ਹਨ। ਚੈਂਪੀਅਨਸ਼ਿਪ ਵਿਚ 516 ਲੜਕੇ ਅਤੇ 222 ਲੜਕੀਆਂ ਹਿੱਸਾ ਲੈ ਰਹੇ ਹਨ। ਜੇਤੂਆਂ ਨੂੰ ਚਾਰ ਨਵੰਬਰ ਨੂੰ ਤਿੰਨ ਲੱਖ ਦੇ ਨਕਦ ਇਨਾਮ ਦਿੱਤੇ ਜਾਣਗੇ। ਟੂਰਨਾਮੈਂਟ ਦੇ ਦੌਰਾਨ ਖਿਡਾਰੀਆਂ ਲਈ ਖਾਣ-ਪੀਣ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ ਹੈ। ਜੇਬੀਸੀ ਮੇਟਲਾਈਫ ਟੂਰਨਾਮੈਂਟ ਦੇਸ਼ ਦੇ 10 ਸ਼ਹਿਰਾਂ ਵਿਚ ਕਰਵਾਇਆ ਜਾ ਰਿਹਾ ਹੈ। ਜਿਸ ਵਿਚ 8500 ਖਿਡਾਰੀ ਭਾਗ ਲੈ ਰਹੇ ਹਨ, ਜੋਕਿ ਇਕ ਵਿਸ਼ਵ ਰਿਕਾਰਡ ਵੀ ਹੈ। 10 ਨਵੰਬਰ ਨੂੰ ਦਿੱਲੀ ਵਿਚ ਇਸ ਟੂਰਨਾਮੈਂਟ ਦੀ ਸਮਾਪਤੀ ਹੋਵੇਗੀ, ਜਿਸ ਵਿਚ ਵਿਸ਼ਵ ਨੰਬਰ 1 ਖਿਡਾਰੀ ਸਾਤਿਵਕਸਾਈਰਾਜ ਅਤੇ ਚਿਰਾਗ ਸੈਟੀ ਮੁੱਖ ਮਹਿਮਾਨ ਹੋਣਗੇ।

## ਨਿਰਧਾਰਤ ਸਥਾਨ 'ਤੇ ਹੀ ਪਟਾਕੇ ਵੇਚ ਸਕਣਗੇ ਦੁਕਾਨਦਾਰ : ਥਾਣਾ ਮੁਖੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੁਲਸ ਥਾਣਾ ਧਾਰੀਵਾਲ ਦੇ ਮੁਖੀ ਸਰਬਜੀਤ ਸਿੰਘ ਚਾਹਲ ਨੇ ਕਿਹਾ ਕਿ ਸਥਾਨਕ ਸ਼ਹਿਰ ਦੇ ਦੁਕਾਨਦਾਰ ਅਤੇ ਆਤਿਸ਼ਬਾਜ਼ੀ ਵਿਕਰੇਤਾ ਮਾਣਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੋਂ ਮਨਜ਼ੂਰੀ ਹਾਸਿਲ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਧਾਰਿਤ ਕੀਤੇ ਸਥਾਨ 'ਤੇ ਹੀ ਪਟਾਕੇ ਵੇਚ ਸਕਣਗੇ। ਜੇਕਰ ਕੋਈ ਦੁਕਾਨਦਾਰ ਆਪਣੀ ਦੁਕਾਨ ਅੱਗੇ ਪਟਾਕੇ ਵੇਚਦਾ ਫੜਿਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਈ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਅਗਾਊਂ ਪ੍ਰਬੰਧਾਂ ਦੇ ਚੱਲਦਿਆਂ ਬਾਜ਼ਾਰਾਂ ਅਤੇ ਰਿਹਾਇਸ਼ੀ ਇਲਾਕੇ ਅੰਦਰ ਪਟਾਕੇ ਵੇਚਣ ਜਾਂ ਸਟੋਰ ਕਰਨ 'ਤੇ ਪਾਬੰਦੀ ਲਗਾਈ ਹੋਈ ਹੈ ਅਤੇ ਆਤਿਸ਼ਬਾਜ਼ੀ ਚਲਾਉਣ ਦਾ ਸਮਾਂ ਵੀ ਨਿਸ਼ਚਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਹੁਕਮਾਂ ਨੂੰ ਇਲਾਕੇ ਅੰਦਰ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਲਈ ਯਕੀਨੀ ਬਣਾਇਆ ਜਾਵੇਗਾ। ਐੱਸਐੱਚਓ ਸਰਬਜੀਤ ਸਿੰਘ ਚਾਹਲ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਖੌਫ ਦੇ ਦਿਵਾਲੀ ਦਾ ਤਿਓਹਾਰ ਆਪਸੀ ਭਾਈਚਾਰਕ ਸਾਂਝ ਨਾਲ ਮਨਾਉਣ। ਜੇਕਰ ਕਿਸੇ ਨੂੰ ਕੋਈ ਸ਼ੱਕੀ ਵਿਅਕਤੀ ਜਾਂ ਲਾਵਾਰਸ ਵਸਤੂ ਮਿਲਦੀ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਦਿਵਾਲੀ ਦੌਰਾਨ ਜੇਕਰ ਕੋਈ ਜੂਆ ਖੇਡਦਾ ਫੜਿਆਂ ਗਿਆ ਤਾਂ ਉਸ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

## ਜੀ ਐੱਨ ਐੱਮ ਸਕੂਲ ਬੱਬਰੀ ਵਿਖੇ 'ਵਰਲਡ ਨੋ ਤੰਬਾਕੂ ਡੇਅ' ਮਨਾਇਆ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਅੱਜ ਜੀ.ਐੱਨ.ਐੱਮ. ਸਕੂਲ ਬੱਬਰੀ ਵਿਖੇ ਵਰਲਡ ਨੋ ਤੰਬਾਕੂ ਡੇਅ ਮਨਾਇਆ ਗਿਆ। ਇਸ ਸਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਵਰਲਡ ਨੋ ਤੰਬਾਕੂ ਡੇਅ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਹਾਜ਼ਰੀਨ ਨੂੰ 'ਪੂਰੀ ਜ਼ਿੰਦਗੀ ਕਿਸੇ ਵੀ ਤਰ੍ਹਾਂ ਦੇ ਤੰਬਾਕੂ ਪਦਾਰਥ ਦਾ ਕਿਸੇ ਵੀ ਰੂਪ ਵਿੱਚ ਵਰਤੋਂ ਨਾ ਕਰਨ, ਪਰਿਵਾਰ ਦਾ ਕੋਈ ਵੀ ਮੈਂਬਰ ਜਾਂ ਰਿਸ਼ਤੇਦਾਰ ਅਤੇ ਦੋਸਤ ਕਿਸੇ ਵੀ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰਦਾ ਹੈ ਤਾਂ ਉਸ ਨੂੰ ਤੰਬਾਕੂ ਦੇ ਮਾੜੇ ਸੇਵਨ ਬਾਰੇ ਜਾਗਰੂਕ ਕਰਨ ਅਤੇ ਉਸ ਦੀ ਇਸ ਆਦਤ ਨੂੰ ਛੁਡਵਾਉਣ ਵਿੱਚ ਮਦਦ ਕਰਨ' ਬਾਰੇ ਸਹੁੰ ਚੁਕਾਈ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਨੂੰ ਤੰਬਾਕੂ ਮੁਕਤ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਕਿਹਾ ਕਿ ਤੰਬਾਕੂ ਦਾ ਮਨੁੱਖੀ ਸਿਹਤ ਲਈ ਤੰਬਾਕੂ ਦਾ ਸੇਵਨ ਬੇਹੱਦ ਖ਼ਤਰਨਾਕ ਹੈ ਅਤੇ ਇਸਦਾ ਸੇਵਨ ਬਿਲਕੁਲ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਮਜ਼ਬੂਤ ਇੱਛਾ ਸ਼ਕਤੀ ਅਤੇ ਇਲਾਕ ਨਾਲ ਤੰਬਾਕੂ ਦੀ ਆਦਤ ਨੂੰ ਛੱਡਿਆ ਜਾ ਸਕਦਾ ਹੈ। ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਕਿਹਾ ਕਿ ਵਿਦਿਅਕ ਸੰਸਥਾਵਾਂ ਦੇ 100 ਗਜ਼ ਦੇ ਘੇਰੇ ਅੰਦਰ ਕੋਈ ਵੀ ਤੰਬਾਕੂ ਪਦਾਰਥ ਵੇਚਣ ਵਾਲੀ ਦੁਕਾਨ ਨਹੀ ਹੋਣੀ ਚਾਹੀਦੀ ਅਤੇ 18 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਨੂੰ ਤੰਬਾਕੂ ਪਦਾਰਥ ਵੇਚਣੇ ਕਾਨੂੰਨੀ ਅਪਰਾਧ ਹੈ। ਉਨ੍ਹਾਂ ਕਿਹਾ ਕਿ ਇਸ ਦੀ ਉਲੰਘਣਾ ਸਜ਼ਾਯੋਗ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਜਤਨਕ ਥਾਵਾਂ ਉੱਪਰ ਤੰਬਾਕੂ ਦੀ ਵਰਤੋਂ ਨੂੰ ਰੋਕਣ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਇਸ ਮੌਕੇ ਸਿਹਤ ਵਿਭਾਗ ਵੱਲੋਂ ਤੰਬਾਕੂ ਵਿਰੁੱਧ ਜਾਗਰੂਕਤਾ ਲਿਆਉਣ ਲਈ ਇੱਕ ਰੈਲੀ ਵੀ ਕੱਢੀ ਗਈ।

## ਡਾ. ਸਤਿੰਦਰ ਕੌਰ ਗਿੱਲ ਵੱਲੋਂ ਦੁੱਖ ਦਾ ਪ੍ਰਗਟਾਵਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਬੀਤੇ ਦਿਨੀਂ ਵੱਡੇ ਘਨਸ਼ਾਮਪੁਰ ਤੋਂ ਆਪ ਮਹਿਲਾ ਆਗੂ ਬੀਬੀ ਨਰਿੰਦਰ ਕੌਰ ਦੇ ਜੇਠ ਪ੍ਰੇਮ ਸਿੰਘ ਪੁੱਤਰ ਅਰਜਨ ਸਿੰਘ ਅਤੇ ਪਿੰਡ ਛੋਟਾ ਘਨਸ਼ਾਮਪੁਰ ਦੇ ਬਾਜ਼ੀਗਰ ਬਰਾਦਰੀ ਤੋਂ ਸਤਪਾਲ ਸਿੰਘ ਪੁੱਤਰ ਧੰਨੂੰ ਰਾਮ ਦੇ ਅਕਾਲ ਚਲਾਣੇ ਪਿੱਛੋਂ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਨ ਲਈ ਹਲਕਾ ਮਜੀਠਾ ਦੇ ਇੰਚਾਰਜ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਦੀ ਸੁਪਤਨੀ ਡਾ. ਸਤਿੰਦਰ ਕੌਰ ਗਿੱਲ ਨੇ ਦੋਵੇਂ ਪਰਿਵਾਰਾਂ ਦੇ ਘਰ ਜਾ ਕੇ ਅਫਸੋਸ ਪ੍ਰਗਟ ਕੀਤਾ ਅਤੇ ਪਰਿਵਾਰਾਂ ਦੀ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਾ. ਗਿੱਲ ਨਾਲ ਸਪੁੱਤਰ ਅਵਲ ਮਜੀਠੀਆ, ਸਾਬਕਾ ਬਲਾਕ ਪ੍ਰਧਾਨ ਸਤਨਾਮ ਸਿੰਘ ਜੱਜ ਤਨੇਲ, ਸੁਰਜੀਤ ਸਿੰਘ ਰੰਧਾਵਾ ਸਾਬਕਾ ਜਆਇੰਟ ਸੈਕਟਰੀ, ਸੁਰਜੀਤ ਸਿੰਘ ਗਿੱਲ ਸਾਬਕਾ ਸਰਕਲ ਪ੍ਰਧਾਨ, ਦਲੇਰ ਸਿੰਘ ਸਾਧਪੁਰ, ਨਾਨਕ ਸਿੰਘ ਰਾਮਦੀਵਾਲੀ, ਸਰਪੰਚ ਕੁਲਵਿੰਦਰ ਸਿੰਘ ਸਿੱਧਵਾਂ, ਅੰਗਰੇਜ ਸਿੰਘ, ਦਲਬੀਰ ਸਿੰਘ ਸਿੱਧਵਾਂ, ਨਰਿੰਦਰ ਕੌਰ, ਸਰਬਜੀਤ ਕੌਰ, ਜੀਤ ਰਾਮ, ਬੀਰ ਸਿੰਘ, ਮੁੱਖਾ ਰਾਮ, ਜੀਤੂ ਰਾਮ ਅਤੇ ਗੁਰਪਾਲ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਜਾਰੀ : ਡੀਸੀ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਜਾਰੀ ਹੈ। ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 621452 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 615526 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦੇ ਗਏ ਝੋਨੇ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 1248 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਅਤੇ ਖਰੀਦ ਏਜੰਸੀਆਂ ਵੱਲੋਂ 466522 ਮੀਟਰਿਕ ਟਨ ਝੋਨੇ ਦੀ ਲਿਫਟਿੰਗ ਕਰਵਾਈ ਗਈ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦੇ ਗਏ ਕੁੱਲ ਝੋਨੇ ਵਿੱਚੋਂ ਪਨਗ੍ਰੇਨ ਵੱਲੋਂ 246911 ਮੀਟਰਿਕ ਟਨ, ਮਾਰਕਫੈੱਡ ਵੱਲੋਂ 170452 ਮੀਟਰਿਕ ਟਨ, ਪਨਸਪ ਵੱਲੋਂ 126748 ਮੀਟਰਿਕ ਟਨ ਅਤੇ ਵੇਅਰ ਹਾਊਸ ਵੱਲੋਂ 71415 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨਾਂ ਕਿਸਾਨਾਂ ਨੂੰ ਕਿਹਾ ਹੈ ਕਿ ਉਹ ਪੂਰੀ ਤਰਾਂ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨਾਂ ਕਿਸੇ ਤਰਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਰਾਜੂ ਸੋਹੀ ਸਰਕਲ ਦਸਮੇਸ਼ ਨਗਰ ਦੇ ਪ੍ਰਧਾਨ ਨਿਯੁਕਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਨਿਰਦੇਸ਼ਾਂ ਤਹਿਤ ਪਾਰਟੀ ਦੀ ਮਜ਼ਬੂਤੀ ਲਈ ਸ਼੍ਰੋਮਣੀ ਅਕਾਲੀ ਦਲ ਹਲਕਾ ਜੰਡੀਆਲਾ ਗੁਰੂ ਦੇ ਇੰਚਾਰਜ ਸਤਿੰਦਰਜੀਤ ਸਿੰਘ ਛੱਜਲਵੱਡੀ ਵੱਲੋਂ ਹਲਕੇ ਅੰਦਰ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ ਵਿੱਚ ਬਲਾਕ ਤਰਸਿੱਕਾ ਨਾਲ ਸੰਬੰਧਿਤ ਸੀਨੀਅਰ ਅਕਾਲੀ ਆਗੂ ਸਲਵਿੰਦਰ ਸਿੰਘ ਰਾਜੂ ਸੋਹੀ ਜੋ ਪਹਿਲਾਂ ਸਰਕਲ ਜੰਡਿਆਲਾ ਗੁਰੂ ਦੇ ਪ੍ਰਧਾਨ ਰਹਿ ਚੁੱਕੇ ਹਨ ਉਨ੍ਹਾਂ ਨੂੰ ਸਰਕਲ ਦਸਮੇਸ ਨਗਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਤਿੰਦਰਜੀਤ ਸਿੰਘ ਛੱਜਲਵੱਡੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਆਪਣੇ ਮਿਹਨਤੀ ਵਰਕਰਾਂ ਦਾ ਮੁੱਲ ਪਾਇਆ ਹੈ ਅਤੇ ਸਮੇਂ ਸਮੇਂ ਸਿਰ ਉਹਨਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਹੈ। ਇਸੇ ਲੜੀ ਤਹਿਤ ਹੀ ਸਲਵਿੰਦਰ ਸਿੰਘ ਸੋਹੀ ਰਾਜੂ ਨੂੰ ਸਰਕਲ ਦਸਮੇਸ਼ ਨਗਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਅਤੇ ਅਸੀਂ ਆਸ ਕਰਦੇ ਹਾਂ ਕਿ ਉਹ ਹੋਰ ਵੀ ਤਨਦੇਹੀ ਨਾਲ ਪਾਰਟੀ ਲਈ ਕੰਮ ਕਰਨਗੇ। ਇਸ ਮੌਕੇ ਸਲਵਿੰਦਰ ਸਿੰਘ ਸੋਹੀ ਰਾਜੂ ਨੇ ਕਿਹਾ ਕਿ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਆ, ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਸਤਿੰਦਰਜੀਤ ਸਿੰਘ ਛੱਜਲਵੱਡੀ ਤੇ ਪਾਰਟੀ ਹਾਈ ਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ।

## ਯੂਥ ਕਾਂਗਰਸ ਤਰਨ ਤਾਰਨ ਦੇ ਪ੍ਰਧਾਨ ਉਂਕਾਰ ਸੋਹਲ ਨੇ ਖ਼ੂਨਦਾਨ ਕੈਂਪ ਲਗਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਯੂਥ ਕਾਂਗਰਸ ਤਰਨ ਤਾਰਨ ਦੇ ਪ੍ਰਧਾਨ ਉਂਕਾਰ ਸੋਹਲ ਵੱਲੋਂ ਨਵਾਂ ਬੱਸ ਅੱਡਾ ਝਬਾਲ ਵਿਖੇ ਸਰਦਾਰ ਵੱਲਵ ਭਾਈ ਪਟੇਲ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕਾਂ ਨੇ ਖ਼ੂਨਦਾਨ ਕਰਨ ਵਿੱਚ ਯੋਗਦਾਨ ਪਾਇਆ। ਇਸ ਮੌਕੇ ਉਂਕਾਰ ਸੋਹਲ ਨੇ ਕਿਹਾ ਕਿ ਖ਼ੂਨਦਾਨ ਕਰਨਾ ਇੱਕ ਮਹਾਨ ਕੰਮ ਹੈ ਤੇ ਸਾਨੂੰ ਸਾਰਿਆਂ ਨੂੰ ਖ਼ੂਨਦਾਨ ਕਰਨਾ ਚਾਹੀਦਾ ਹੈ ਕਿਉਂਕਿ ਇਸ ਨਾਲ ਕਿਸੇ ਦੀ ਕੀਮਤੀ ਜਾਨ ਬਚਦੀ ਹੈ। ਇਸ ਮੌਕੇ ਹਰਸ਼ਰਨ ਸਿੰਘ ਮੱਲ੍ਹਾ ਸੋਹਲ ਮੈਂਬਰ ਪੀਪੀਸੀਸੀ, ਨਿੱਪੀ ਸੂਦ, ਮਿਲਖਾ ਸਿੰਘ ਮੱਜੂਪੁਰ, ਰਾਜਾ ਫਰੂਟ ਵਾਲਾ, ਗੋਰਾ ਪੰਡੋਰੀ ਰੋਮਾਣਾ, ਸੋਨਾ ਮੈਂਬਰ ਪੰਚਾਇਤ ਸੋਹਲ, ਅਸ਼ੋਕ ਝਬਾਲ, ਚੇਅਰਮੈਨ ਪਰਮਜੀਤ ਲਾਲੂਘੁੰਮਣ, ਡਾ. ਚਰਨਜੀਤ ਸੋਢੀ, ਪ੍ਰਿੰਸ ਡ੍ਰੀਮ ਕੈਫੇ, ਲਵ ਸਾਈਬਰ ਕੈਫੇ, ਗੁਰਪ੍ਰੀਤ ਲੰਗਰ, ਕਾਕਾ ਛੋਟੂ ਮੈਂਬਰ ਪੰਚਾਇਤ ਆਦਿ ਯੂਥ ਕਾਂਗਰਸ ਵਰਕਰ ਹਾਜ਼ਰ ਸਨ।

## ਸ਼ੋਅ ਰੂਮ ਦੀ ਦੂਜੀ ਮੰਜ਼ਲ ਨੂੰ ਲੱਗੀ ਅੱਗ

**ਖਰੜ (ਹਰਨਾਮ ਸਿੰਘ ਡੱਲਾ)**—ਸ਼ਹਿਰ ਦੀ ਰੁਝੇਵਿਆਂ ਭਰੀ ਆਵਾਜਾਈ ਵਾਲੀ ਮਸ਼ਹੂਰ ਸੜਕ ਝੁੰਗੀਆਂ ਰੋਡ ਸਥਿਤ ਕਰਿਆਨੇ ਦੇ ਸ਼ੋਅ ਰੂਮ ਦੀ ਦੂਜੀ ਮੰਜ਼ਲ ਉੱਤੇ ਬਣੇ ਸਟੋਰ ਨੂੰ ਮਿੰਟਾਂ ਵਿੱਚ ਹੀ ਅੱਗ ਦੀਆਂ ਲਾਟਾਂ ਨੇ ਘੇਰ ਲਿਆਂ। ਖੁਸ਼ਕਿਸਮਤੀ ਨਾਲ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ਹੈ। ਗਨਪਤੀ ਗਰੌਸਰੀ ਸਟੋਰ ਇੱਥੋਂ ਦੀ ਮਸ਼ਹੂਰ ਕਰਿਆਨੇ ਦੀ ਦੁਕਾਨ ਹੈ। ਹਾਲੇ ਤੱਕ ਅਨੁਮਾਨਤ ਨੁਕਸਾਨ ਅਤੇ ਅਤੇ ਅੱਗ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਘਟਨਾ ਸਥਾਨ ਉੱਤੇ ਪਹੁੰਚ ਕੇ ਫਾਇਰ ਬਿਰਗੇਡ ਦੀਆਂ ਗੱਡੀਆਂ ਨੇ ਕਾਬੂ ਪਾਇਆ।

# ਸਾਂਝੇ ਅਧਿਆਪਕ ਮੋਰਚੇ ਦਾ ਵਫਦ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ/ਸੈਕੰਡਰੀ ਨੂੰ ਮਿਲਿਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਅੱਜ ਸਾਂਝੇ ਅਧਿਆਪਕ ਮੋਰਚੇ ਦਾ ਵਫਦ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ ਐਲੀਮੈਂਟਰੀ ਅਤੇ ਸੈਕੰਡਰੀ ਮਮਤਾ ਸੇਠੀ ਨੂੰ ਅਧਿਆਪਕਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦੇ ਹੱਲ ਲਈ ਮਿਲਿਆ। ਇਸ ਵਫਦ ਵਿੱਚ ਸਾਮਲ ਅਧਿਅਪਕ ਆਗੂ ਕੁਲਦੀਪ ਪੁਰੋਵਾਲ, ਅਨਿਲ ਕੁਮਾਰ, ਸੋਮ ਸਿੰਘ, ਬਲਵਿੰਦਰ ਰਾਜ, ਪਵਨ ਕੁਮਾਰ, ਪਰਦੀਪ ਕੁਮਾਰ, ਬਲਵਿੰਦਰ ਸਿੰਘ, ਸੁਭਾਸ ਚੰਦਰ, ਚਿਮਨ ਮਸੀਹ, ਰਾਜ ਮਸੀਹ ਆਦਿ ਅਧਿਆਪਕ ਆਗੂਆਂ ਨੇ ਜਿਲ੍ਹਾ ਸਿੱਖਿਆ ਅਫਸਰ ਨੂੰ ਮੰਗ ਪੱਤਰ ਸੌਂਪਿਆ ਅਤੇ ਕਿਹਾ ਕਿ ਅਧਿਆਪਕਾਂ ਦੀਆਂ ਈਟੀਟੀ ਤੋਂ ਹੈੱਡ ਟੀਚਰ ਅਤੇ ਹੈੱਡ ਟੀਚਰ ਤੋਂ ਸੈਂਟਰ ਹੈੱਡ ਟੀਚਰ ਤਰੱਕੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਕੀਤੀਆਂ ਜਾਣ, ਅਧਿਆਪਕਾਂ ਦਾ 2002 ਤੋਂ ਪਹਿਲਾਂ ਦਾ ਬਕਾਇਆ ਤੁਰੰਤ ਬਲਾਕਾਂ ਨੂੰ ਭੇਜਿਆ ਜਾਵੇ, ਅਧਿਆਪਕਾਂ ਦੀਆਂ ਮੈਡੀਕਲ ਅਤੇ ਕਮਾਈ ਛੁੱਟੀਆਂ ਆਈ ਐੱਚਆਰਐੱਮ ਪੋਰਟਲ ਉੱਪਰ ਚੜਾਈਆਂ ਜਾਣ, ਅਧਿਆਪਕਾਂ ਦੇ ਪੇ-ਕਮਿਸ਼ਨ ਦੇ ਬਕਾਏ, ਸਕੂਲਾਂ ਵਿੱਚ ਕੰਮ ਕਰਦੇ ਪਾਰਟ ਟਾਈਮ ਕਰਮਚਾਰੀਆਂ ਨੂੰ ਬਾਕੀ ਜ਼ਿਲ੍ਹਿਆਂ ਵਾਂਗ ਤੁਰੰਤ ਰੈਗੂਲਰ ਕੀਤਾ ਜਾਵੇ, ਸਕੂਲਾਂ ਦੀ ਤਰਕਸੰਗਤ ਵੰਡ ਵਿੱਚ ਤਰੁੱਟੀਆਂ ਨੂੰ ਦੂਰ ਕਰਕੇ ਨੇੜੇ ਦੇ ਸੈਂਟਰ ਨਾਲ ਜੋੜਨ ਬਾਰੇ, ਸਕੂਲਾਂ ਨੂੰ ਜਾਰੀ ਕੀਤੀਆਂ ਗ੍ਰਾਂਟਾਂ ਨੂੰ ਜਲਦ ਖਰਚਣ ਦਾ ਦਬਾਅ ਅਤੇ ਗੈਰ-ਵਿੱਦਿਅਕ ਕੰਮਾਂ ਨੂੰ ਵਾਪਿਸ ਲੈਣ ਸਮੇਤ ਕਈ ਮੰਗਾਂ ਨੂੰ ਜਲਦ ਹੱਲ ਕੀਤਾ ਜਾਵੇ ਅਤੇ ਦਫਤਰ ਆਉਣ ਵਾਲੇ ਹਰੇਕ ਅਧਿਆਪਕ ਦਾ ਮਾਨ-ਸਨਮਾਨ ਕਰਨ ਦੀ ਥਾਂ ਮਾੜਾ ਵਿਵਹਾਰ ਕਰਨ ਵਾਲੇ ਕਰਮਚਾਰੀ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ। ਆਗੂਆਂ ਕਿਹਾ ਕਿ ਜੇਕਰ ਅਧਿਆਪਕਾਂ ਦੀਆਂ ਮੰਗਾਂ ਹੱਲ ਨਾ ਹੋਈਆਂ ਤਾਂ ਮੋਰਚਾ ਨਵੰਬਰ ਦੇ ਪਹਿਲੇ ਹਫਤੇ ਨੂੰ ਜ਼ਿਲ੍ਹਾ ਪੱਧਰ ਦੀ ਰੈਲੀ ਕਰੇਗਾ। ਜ਼ਿਲ੍ਹਾ ਸਿੱਖਿਆ ਅਫਸਰ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਜਲਦ ਹੀ ਅਧਿਆਪਕਾਂ ਦੀਆਂ ਮੰਗਾ ਦਾ ਹੱਲ ਕੱਢਿਆ ਜਾਵੇਗਾ।

## ਧਾਰਮਿਕ ਸਮਾਗਮ ਦੌਰਾਨ ਖਾਲਸਾ ਕਾਲਜ 'ਚ ਨਵਾਂ ਵਿੱਦਿਅਕ ਸੈਸ਼ਨ ਆਰੰਭ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਦੀ ਪੁਰਾਣੀ ਰਵਾਇਤ ਅਨੁਸਾਰ ਕਾਲਜ ਦੀ ਚੜ੍ਹਦੀ ਕਲਾ, ਤਰੱਕੀ, ਨਵੇ ਸੈਸ਼ਨ ਦੀ ਸ਼ੁਭ ਆਰੰਭਤਾ ਅਤੇ ਵਿਦਿਆਰਥੀਆਂ ਦੀ ਪ੍ਰੀਖਿਆਵਾਂ ਵਿੱਚ ਸਫਲਤਾ ਨੂੰ ਮੁੱਖ ਰੱਖ ਕੇ ਗੁਰੂ ਸਾਹਿਬ ਦੇ ਓਟ ਆਸਰੇ ਲਈ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਪੁਆਏ ਗਏ। ਇਸ ਮੌਕੇ ਭਾਈ ਰਣਜੀਤ ਸਿੰਘ ਵਲੋਂ ਇਲਾਹੀ ਬਾਣੀ ਦੇ ਕੀਰਤਨ ਰਾਹੀਂ ਸਮੂਹ ਵਿਦਿਆਰਥੀਆਂ ਅਤੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸੰਪ੍ਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਤੋਂ ਭਾਈ ਬਲਦੇਵ ਸਿੰਘ ਵਲੋਂ ਕਥਾ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਸਮਾਜਿਕ ਬੁਰਾਈਆਂ ਜਿਵੇਂ ਦਾਜ, ਭਰੂਣ ਹੱਤਿਆ ਅਤੇ ਨਸ਼ਿਆਂ ਦਾ ਤਿਆਗ ਕਰਕੇ ਗੁਰਸਿੱਖੀ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦਿਨ-ਪ੍ਰਤੀ ਦਿਨ ਗੰਧਲੇ ਹੋ ਰਹੇ ਵਾਤਾਵਰਣ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਵੱਧ ਤੋਂ ਵੱਧ ਰੁੱਖ ਲਾਉਣ ਅਤੇ ਪਾਣੀ ਦੀ ਸੰਭਾਲ ਲਈ ਵੱਧ ਤੋਂ ਵੱਧ ਕੰਮ ਕਰਨ ਲਈ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਇਸ ਮੌਕੇ ਕਾਲਜ ਦੇ ਵਿਦਿਆਰਥੀ ਗੁਰਸਾਹਿਬ ਸਿੰਘ ਵੱਲੋਂ ਕਥਾ ਵਿਚਾਰਾਂ ਰਾਹੀਂ ਗੁਰਬਾਣੀ ਦਾ ਸੰਦੇਸ਼ ਦਿੱਤਾ ਗਿਆ ਅਤੇ ਕਾਲਜ ਦੀ ਵਿਦਿਆਰਥਣ ਅਮਨਦੀਪ ਕੌਰ ਵੱਲੋਂ ਗੁਰਬਾਣੀ ਦਾ ਕੀਰਤਨ ਗਾਇਨ ਕੀਤਾ ਗਿਆ। ਭੋਗ ਉਪਰੰਤ ਗੁਰੂ ਕਾ ਲੰਗਰ ਅਟੁੱਟ ਲੰਗਰ ਵਰਤਾਇਆ ਗਿਆ। ਇਸ ਸਮਾਗਮ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਹਰਜਿੰਦਰ ਸਿੰਘ ਬਿੱਲਿਆਂਵਾਲਾ, ਕਮੇਟੀ ਮੈਂਬਰ ਰਾਜਬੀਰ ਸਿੰਘ, ਅਵਤਾਰ ਸਿੰਘ, ਬਾਬਾ ਮਿਲਖ਼ਾ ਸਿੰਘ ਤੋਂ ਇਲਾਵਾ ਇਲਾਕੇ ਦੇ ਹੋਰ ਪਤਵੰਤੇ ਵੀ ਸ਼ਾਮਲ ਹੋਏ। ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਗਿੱਲ ਨੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਦੂਰੋਂ ਨੇੜਿਉਂ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

# 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਕੈਂਪ ਆਯੋਜਿਤ



**ਗੁਰਦਾਸਪੁਰ, (ਦਿਨੇਸ਼ ਕੁਮਾਰ)**—ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਸੀਨੀਅਰ ਸੀਟੀਜ਼ਨ ਦੀ ਭਲਾਈ ਸਬੰਧੀ ਜ਼ਿਲ੍ਹਾ ਪੱਧਰੀ ਕੈਂਪ ਅੱਜ ਬਿਰਧ ਆਸ਼ਰਮ ਬੱਬਰੀ (ਨੇੜੇ ਸਿਵਲ ਹਸਪਤਾਲ) ਗੁਰਦਾਸਪੁਰ ਵਿਖੇ ਲਗਾਇਆ ਗਿਆ। ਇਸ ਕੈਂਪ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਕੀਤੀ ਗਈ। ਇਸ ਜ਼ਿਲ੍ਹਾ ਪੱਧਰੀ ਕੈਂਪ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਬਜ਼ੁਰਗ ਸਾਡਾ ਮਾਣ ਹਨ ਅਤੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਬਜ਼ੁਰਗ ਦੇ ਮਾਣ-ਸਨਮਾਨ ਨੂੰ ਬਹਾਲ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨੂੰ ਆਪਣੇ ਅਧਿਕਾਰਾਂ ਦੀ ਜਾਣਕਾਰੀ ਜ਼ਰੂਰ ਹੋਣੀ ਚਾਹੀਦੀ ਹੈ। ਉਨ੍ਹਾਂ ਸੀਨੀਅਰ ਸਿਟੀਜ਼ਨ ਐਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਕੋਈ ਬੱਚਾ ਆਪਣੇ ਬਜ਼ੁਰਗਾਂ ਦੀ ਸੇਵਾ-ਸੰਭਾਲ ਨਹੀਂ ਕਰਦਾ ਤਾਂ ਉਹ ਬਜ਼ੁਰਗ ਡਿਪਟੀ ਕਮਿਸ਼ਨਰ ਦਫ਼ਤਰ, ਏ.ਡੀ.ਸੀ. ਦਫ਼ਤਰ ਜਾਂ ਐੱਸ.ਡੀ.ਐੱਮ. ਦਫ਼ਤਰ ਵਿੱਚ ਇਸਦੀ ਸ਼ਿਕਾਇਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਭਾਂਵੇ ਬਜ਼ੁਰਗਾਂ ਨੇ ਆਪਣੀ ਜਾਇਦਾਦ ਆਪਣੀ ਔਲਾਦ ਦੇ ਨਾਮ ਵੀ ਕਿਉਂ ਨਾ ਕਰ ਦਿੱਤੀ ਹੋਵੇ, ਉਹ ਜਾਇਦਾਦ ਵੀ ਸੀਨੀਅਰ ਸਿਟੀਜ਼ਨ ਐਕਟ ਤਹਿਤ ਮਾਪੇ ਆਪਣੀ ਔਲਾਦ ਤੋਂ ਵਾਪਸ ਲੈ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਸਾਰੇ ਯੋਗ ਬਜ਼ੁਰਗਾਂ ਨੂੰ ਕਿਹਾ ਕਿ ਉਹ ਆਪਣੀ ਬੁਢਾਪਾ ਪੈਨਸ਼ਨ ਜ਼ਰੂਰ ਲਗਾਉਣ। ਇਸਤੋਂ ਇਲਾਵਾ ਸਾਰੇ ਯੋਗ ਲਾਭਪਾਤਰੀ ਆਪਣੇ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਵਾਉਣ ਲਈ ਵੀ ਕਿਹਾ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀ ਨਵੀਨ ਨੇ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੇ ਲਈ ਚਲਾਈ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਬਾਰੇ ਵਿਸਥਾਰ ਵਿੱਚ ਦੱਸਿਆ। ਇਸ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬਜ਼ੁਰਗਾਂ ਦਾ ਮੈਡੀਕਲ ਚੈੱਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਇਸ ਦੇ ਨਾਲ ਹੀ ਅੱਖਾਂ ਦੀਆਂ ਐਨਕਾਂ ਵੀ ਮੁਫ਼ਤ ਵੰਡੀਆਂ ਗਈਆਂ। ਕੈਂਪ ਦੌਰਾਨ ਯੋਗ ਬਜ਼ੁਰਗਾਂ ਦੀ ਬੁਢਾਪਾ ਪੈਨਸ਼ਨ ਵੀ ਲਗਾਈ ਗਈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀ ਨਵੀਨ, ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਸੀ.ਡੀ.ਪੀ.ਓ. ਵਰਿੰਦਰ ਸਿੰਘ ਗਿੱਲ, ਉੱਘੇ ਸਮਾਜ ਸੇਵੀ ਸ੍ਰੀ ਰੋਮੇਸ਼ ਮਹਾਜਨ, ਬਿਰਦ ਆਸ਼ਰਮ ਦੀ ਸੰਚਾਲਕ ਮੈਡਮ ਅਰਪਨਾ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਬਜ਼ੁਰਗ ਹਾਜ਼ਰ ਸਨ।

## ਕਾਲਜ 'ਚ ਵਿਦਿਆਰਥਣਾਂ ਦੇ ਮਹਿੰਦੀ ਮੁਕਾਬਲੇ ਕਰਵਾਏ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟਸ, ਧਾਰੀਵਾਲ ਦੇ ਕੈਂਪਸ ਵਿੱਚ ਵਿਦਿਆਰਥਣਾਂ ਦੇ ਮਹਿੰਦੀ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਵਿੱਚ ਕਾਲਜ ਦੇ ਬੀ.ਐੱਡ. ਅਤੇ ਡੀ. ਐਲ. ਐੱਡ. ਵਿਭਾਗ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਵਿਦਿਆਰਥਣ ਗੀਆ (ਈ. ਟੀ. ਟੀ. ਪਹਿਲਾ ਸਾਲ) ਨੇ ਪਹਿਲਾ ਦਰਜਾ, ਨਵਜੋਤ ਬਾਲਾ (ਈ. ਟੀ. ਟੀ. ਪਹਿਲਾ ਸਾਲ) ਨੇ ਦੂਜਾ ਦਰਜਾ ਅਤੇ ਅਤੇ ਸੰਦੀਪ ਕੌਰ ਵਿਦਿਆਰਥਣ (ਬੀ. ਐੱਡ. ਪਹਿਲਾ ਸਾਲ) ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮਹਿੰਦੀ ਮੁਕਾਬਲੇ ਵਿੱਚ ਮੁੱਖ ਮਹਿਮਾਨ ਡਾਕਟਰ ਤਨੀਸ਼ਾ, ਪ੍ਰਿੰ. ਕਿਰਨ ਕੇਸਰ ਅਤੇ ਸ਼੍ਰੀਮਤੀ ਰੇਨੂ ਨੇ ਬਤੌਰ ਜੱਜ ਭੂਮਿਕਾ ਨਿਭਾਈ। ਇਸ ਮੌਕੇ ਕਾਲਜ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਵਲੋਂ ਮੁਕਾਬਲੇ ਵਿੱਚੋਂ ਜੇਤੂ ਵਿਦਿਆਰਥਣਾਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਵਿੱਚ ਹੋਰ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੀ ਪੁਰਾਣੀ ਵਿਦਿਆਰਥਣ ਮੁੱਖ ਮਹਿਮਾਨ ਡਾ. ਤਨੀਸ਼ਾ ਨੇ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਇਨ੍ਹਾਂ ਵਿਦਿਆਰਥਣਾਂ ਨੇ ਮਹਿੰਦੀ ਵਿੱਚ ਆਪਣੀ ਕਲਾ ਦਾ ਬਹੁਤ ਸੁੰਦਰ ਪ੍ਰਦਰਸ਼ਨ ਕੀਤਾ ਹੈ। ਡਾ. ਤਨੀਸ਼ਾ ਨੇ ਕਿਹਾ ਕਿ ਉਹ ਵੀ ਇਸ ਸੰਸਥਾ ਦੇ ਅਧਿਆਪਕਾਂ ਦੀ ਪੁਰਜ਼ੋਰ ਮਿਹਨਤ ਸਦਕਾ ਹੀ ਅੱਜ ਚੰਗੇ ਮੁਕਾਮ 'ਤੇ ਪਹੁੰਚੇ ਹਨ। ਉਨ੍ਹਾਂ ਨੇ ਕਿਹਾ ਕਿ ਸੰਸਥਾ ਦੇ ਅਧਿਆਪਕਾਂ ਵੱਲੋਂ ਮੈਨੂੰ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਪੂਰਨ ਸਹਿਯੋਗ ਦਿੱਤਾ ਗਿਆ। ਮੈਂ ਆਪਣੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕਰਦੀ ਹਾਂ।

## ਜ਼ਿੰਦਗੀ ਮੌਤ ਦੀ ਲੜਾਈ ਲੜ ਰਹੇ ਪਰਮਜੀਤ ਸਿੰਘ ਦੇ ਇਲਾਜ ਲਈ ਦਾਨੀ ਸੱਜਣ ਅੱਗੇ ਆਉਣ



**ਚੋਹਲਾ ਸਾਹਿਬ (ਚੱਢਾ)**-ਪਿੰਡ ਕੰਗ ਦੇ ਵਸਨੀਕ ਤੇ ਹਲਵਾਈ ਦੀ ਕਿਰਤ ਕਰਨ ਵਾਲੇ ਪਰਮਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਜੋ ਕਈ ਭਿਆਨਕ ਬਿਮਾਰੀਆਂ ਕਾਰਨ ਹਰਤੇਜ ਹਸਪਤਾਲ ਅੰਮ੍ਰਿਤਸਰ 'ਚ ਆਈਸੀਯੂ ਵਿੱਚ ਹੈ, ਦੀ ਧਰਮ ਪਤਨੀ ਰਾਜਬਿੰਦਰ ਕੌਰ ਨੇ ਦੱਸਿਆ ਕਿ ਉਸ ਦੇ ਪਤੀ ਦੇ ਇਲਾਜ 'ਤੇ ਬਹੁਤ ਖਰਚਾ ਆ ਰਿਹਾ ਹੈ। ਉਨ੍ਹਾਂ ਕੋਲ ਜਿੰਨੇ ਵੀ ਪੈਸੇ ਸਨ ਅਤੇ ਘਰ-ਬਾਰ ਵੇਚ ਵੱਟ ਕੇ ਉਸਦੇ ਇਲਾਜ 'ਤੇ ਲੱਗ ਚੁੱਕਾ ਹੈ। ਡਾਕਟਰ ਨੇ ਹੁਣ ਹੋਰ ਵੀ ਵੱਡੇ ਖਰਚ ਦਾ ਬੋਝ ਚੁੱਕਣ ਲਈ ਸਾਨੂੰ ਕਿਹਾ ਪਰ ਮਿਹਨਤ ਨਾਲ ਕੀਤੀ ਕਮਾਈ ਸਾਰੀ ਇਲਾਜ 'ਤੇ ਲੱਗਣ ਕਾਰਨ ਹੁਣ ਉਨ੍ਹਾਂ ਕੋਲ ਨਾ ਪੈਸਾ ਹੋਣ ਕਰਕੇ ਸਮੁੱਚੇ ਪਰਿਵਾਰ ਨੇ ਦੇਸ਼-ਵਿਦੇਸ਼ ਵਿੱਚ ਧਾਰਮਿਕ ਸੰਸਥਾਵਾਂ, ਸਮਾਜ ਸੇਵੀਆਂ, ਕੇਂਦਰ ਤੇ ਪੰਜਾਬ ਸਰਕਾਰ ਤੋਂ ਇਲਾਵਾ ਰੱਬ ਦੇ ਪਿਆਰੇ ਦਾਨੀ ਸੱਜਣਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਸਦੇ ਪਤੀ ਪਰਮਜੀਤ ਸਿੰਘ ਜੋ ਜ਼ਿੰਦਗੀ ਮੌਤ ਦੀ ਲੜਾਈ ਲੜ ਰਿਹਾ ਹੈ, ਨੂੰ ਬਚਾਉਣ ਲਈ ਉਨ੍ਹਾਂ ਦੇ ਮੋਬਾਇਲ ਨੰਬਰ 9855685438 ਅਤੇ ਉਨ੍ਹਾਂ ਦੇ ਰਿਸ਼ਤੇਦਾਰ ਮਨਦੀਪ ਕੌਰ ਨਾਲ 9779077674 ਨਾਲ ਸੰਪਰਕ ਕਰਕੇ ਵੱਧ ਤੋਂ ਵੱਧ ਸਰਦੀ-ਬਣਦੀ ਮਦਦ ਕਰਕੇ ਉਸਦੇ ਪਤੀ ਦੀ ਜ਼ਿੰਦਗੀ ਬਚਾਈ ਜਾਵੇ। ਉਨ੍ਹਾਂ ਦੇ ਪਰਿਵਾਰਿਕ ਰਿਸ਼ਤੇਦਾਰ ਦੇ ਸਟੇਟ ਬੈਂਕ ਆਫ ਇੰਡੀਆ ਦੇ ਅਕਾਊਂਟ ਨੰਬਰ 41943438334 'ਤੇ ਮਦਦ ਕੀਤੀ ਜਾ ਸਕਦੀ ਹੈ। ਉਸਨੇ ਦੱਸਿਆ ਕਿ ਉਸਦੇ ਪਤੀ ਤੋਂ ਇਲਾਵਾ ਘਰ ਵਿੱਚ ਦੋ ਮਾਸੂਮ ਬੱਚੇ ਹਨ, ਕਮਾਉਣ ਵਾਲਾ ਕੋਈ ਨਹੀਂ ਹੈ।

## ਸਾਮੀ ਸਿੰਘ ਨੂੰ ਸਦਮਾ, ਪਤਨੀ ਦਾ ਦਿਹਾਂਤ



**ਟਾਂਗਰਾ (ਲਾਡੀ ਮੱਲੀ)**—ਪਿੰਡ ਮੱਲੀਆਂ ਦੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਾਮੀ ਸਿੰਘ ਨੂੰ ਉਦੋਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਧਰਮਪਤਨੀ ਬੀਬੀ ਰਾਜਬੀਰ ਕੌਰ ਦੀ ਇਲਾਜ ਦੌਰਾਨ ਮੌਤ ਹੋ ਗਈ। ਬੀਬੀ ਰਾਜਬੀਰ ਕੌਰ ਬਹੁਤ ਹੀ ਵਧੀਆ ਸੁਭਾਅ ਵਾਲੇ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੁੰਡਾਲਾ, ਐਕਸ ਚੇਅਰਮੈਨ ਸੁਖਵਿੰਦਰ ਸਿੰਘ ਰੰਧਾਵਾ, ਕੋਆਰਡੀਨੇਟਰ ਐੱਸਸੀ ਇੰਦਰਜੀਤ ਸਿੰਘ, ਡਾ. ਬੇਅੰਤ ਸਿੰਘ ਐੱਸਸੀ ਚੇਅਰਮੈਨ, ਕਸ਼ਮੀਰ ਸਿੰਘ ਜਾਣੀਆਂ, ਜੋਗਾ ਸਿੰਘ ਸਰਪੰਚ, ਨਿਰਮਲ ਸਿੰਘ ਸ਼ਾਹ, ਸੁਰਿੰਦਰ ਸਿੰਘ ਸ਼ਾਹ, ਡਾ. ਪਲਵਿੰਦਰ ਪਾਲ ਸਿੰਘ, ਪੱਤਰਕਾਰ ਜਸਪਾਲ ਸ਼ਰਮਾ, ਅਸ਼ਵਨੀ ਸ਼ਰਮਾ, ਸੁਰਿੰਦਰਪਾਲ ਸਿੰਘ ਤੇ ਹੋਰ ਬਹੁਤ ਪੰਤਵੰਤੇ ਸੱਜਣ ਇਸ ਅਰਦਾਸ ਵਿੱਚ ਸ਼ਾਮਲ ਹੋਏ।

## ਖਾਲਸਾ ਕਾਲਜ ਵਿਖੇ 'ਮੁਫ਼ਤ ਦੰਦਾਂ ਦੀ ਸਿਹਤ ਜਾਂਚ' ਕੈਂਪ ਦਾ ਆਯੋਜਨ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖਾਲਸਾ ਕਾਲਜ ਦੀ 'ਰਾਸ਼ਟਰੀ ਸੇਵਾ ਯੋਜਨਾ' (ਨੈਸ਼ਨਲ ਸਰਵਿਸ ਸਕੀਮ) ਯੂਨਿਟ ਨੇ ਦੰਦਾਂ ਦੀ ਸਿਹਤ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਕਲੋਵ ਡੈਂਟਲ ਕਲੀਨਿਕ ਦੇ ਸਹਿਯੋਗ ਨਾਲ 'ਮੁਫ਼ਤ ਦੰਦਾਂ ਦੀ ਸਿਹਤ ਜਾਂਚ' ਕੈਂਪ ਦਾ ਆਯੋਜਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਲਗਾਏ ਗਏ ਇਸ ਕੈਂਪ 'ਚ 3 ਮੈਂਬਰੀ ਡੈਂਟਲ ਟੀਮ ਓਰਲ ਸਰਜਨ (ਐਮ. ਡੀ. ਐਸ.) ਡਾ. ਨੰਦਿਨੀ, ਡੈਂਟਲ ਅਸਿਸਟੈਂਟ ਡੌਲੀ ਅਤੇ ਲਵਪ੍ਰੀਤ ਸ਼ਰਮਾ ਨੇ ਫਿਜ਼ੀਓਥੈਰੇਪੀ ਵਿਭਾਗ ਵਿਖੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ। ਇਸ ਦੌਰਾਨ ਪ੍ਰਿੰ: ਡਾ. ਮਹਿਲ ਸਿੰਘ ਨੇ ਡੈਂਟਲ ਟੀਮ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਲਜ ਆਪਣੇ ਵਿਦਿਆਰਥੀਆਂ ਨੂੰ ਸਿਹਤ ਅਤੇ ਸਫਾਈ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਇਸ ਮੌਕੇ ਦੰਦਾਂ ਦੀ ਦੇਖਭਾਲ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਡਾ. ਨੰਦਿਨੀ ਨੇ ਕਿਹਾ ਕਿ 20 ਸਾਲ ਤੋਂ ਵੱਧ ਉਮਰ ਦੇ ਜ਼ਿਆਦਾਤਰ ਲੋਕ ਕੈਵਿਟੀ ਦੀ ਸਮੱਸਿਆਵਾਂ ਤੋਂ ਪੀੜਤ ਹਨ ਅਤੇ ਬਹੁਤ ਸਾਰੇ ਮਸੂੜਿਆਂ ਨਾਲ ਸਬੰਧਿਤ ਬਿਮਾਰੀਆਂ ਦੇ ਸ਼ਿਕਾਰ ਹਨ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਸਵੱਛਤਾ ਦੇ ਨਾਲ-ਨਾਲ ਅਣਉਚਿਤ ਜੀਵਨ ਸ਼ੈਲੀ ਕਾਰਨ ਦਿਲ ਦੇ ਰੋਗਾਂ, ਤਣਾਅ, ਚਿੰਤਾ ਆਦਿ ਵਰਗੀਆਂ ਸਿਹਤ ਸਬੰਧੀ ਬਿਮਾਰੀਆਂ ਦਾ ਸਾਹਮਣਾ ਕਰਨ ਵਾਲੇ ਰੋਜ਼ਾਨਾ ਜੀਵਨ ਦੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਸ਼ਰਾਬ, ਤੰਬਾਕੂ ਅਤੇ ਸਿਗਰਟ ਦੇ ਜ਼ਿਆਦਾ ਸੇਵਨ ਨਾਲ ਪ੍ਰਭਾਵਿਤ ਮਰੀਜ਼ਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵੀ ਚਾਨਣਾ ਪਾਇਆ। ਉਨ੍ਹਾਂ ਕੈਵਿਟੀਜ਼, ਮਸੂੜਿਆਂ ਦੀ ਸੋਜ, ਪਲੇਕ ਅਤੇ ਉਨ੍ਹਾਂ ਦੇ ਇਲਾਜ ਦੇ ਉਪਾਅ ਆਦਿ ਦੰਦਾਂ ਨਾਲ ਜੁੜੀਆਂ ਸਮੱਸਿਆਵਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਆਪਣੇ ਦੰਦਾਂ ਅਤੇ ਮਸੂੜਿਆਂ ਦੀ ਸੰਭਾਲ ਕਰਕੇ ਅਤੇ ਦੰਦਾਂ ਦੀ ਨਿਯਮਿਤ ਜਾਂਚ ਕਰਵਾ ਕੇ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਵਿਦਿਆਰਥੀਆਂ ਦੇ ਨਾਲ-ਨਾਲ ਸਟਾਫ਼ ਮੈਂਬਰਾਂ ਦੇ ਦੰਦਾਂ ਦਾ ਚੈਕਅੱਪ ਕੀਤਾ ਗਿਆ ਅਤੇ ਸਲਾਹ ਦਿੱਤੀ ਗਈ। ਇਸ ਮੌਕੇ ਡਾ. ਟੀ. ਐਸ. ਭਾਟੀਆ, ਡਾ. ਜ਼ੋਰਾਵਰ ਸਿੰਘ, ਡਾ. ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਡਾ. ਸਿਓਜ਼ੀ ਭਾਟੀਆ ਅਤੇ ਐੱਨ. ਐੱਸ. ਐੱਸ. ਯੂਨਿਟਾਂ ਦੇ ਮੈਂਬਰ ਹਾਜ਼ਰ ਸਨ।

# ਹਰਜੀਤ ਸੰਧੂ ਵੱਲੋਂ ਤਰਨ ਤਾਰਨ ਮੰਡਲ ਸ਼ਹਿਰੀ ਟੀਮ ਸਮੇਤ ਸ਼ਹੀਦਾਂ ਨੂੰ ਨਮਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦੇਸ਼ ਦੇ ਸ਼ਹੀਦਾਂ ਦੀ ਯਾਦ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਲੀ ਵਿਖੇ ਅੰਮ੍ਰਿਤ ਵਾਟਿਕਾ ਬਣਾਈ ਜਾ ਰਹੀ ਹੈ ਜਿਸ ਵਿੱਚ ਪੂਰੇ ਦੇਸ਼ ਦੇ ਸ਼ਹੀਦਾਂ ਦੇ ਘਰਾਂ ਅਤੇ ਉਨ੍ਹਾਂ ਦੇ ਨਗਰਾਂ ਦੀ ਮਿੱਟੀ ਇਕੱਤਰ ਕਰਕੇ ਦਿੱਲੀ ਵਿਖੇ ਪਹੁੰਚਾਉਣ ਦਾ ਕਾਰਜ ਭਾਰਤੀ ਜਨਤਾ ਪਾਰਟੀ ਵੱਲੋਂ ਕੀਤਾ ਜਾ ਰਿਹਾ ਹੈ। ਜਿਸ ਤਹਿਤ ਤਰਨਤਾਰਨ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਚੋਂ ਪਿਛਲੇ ਦਿਨੀਂ ਚੱਲੇ ਮੇਰੀ ਮਿੱਟੀ ਮੇਰਾ ਦੇਸ਼ ਅਭਿਆਨ ਤਹਿਤ ਸ਼ਹੀਦਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਭਾਰਤੀ ਜਨਤਾ ਪਾਰਟੀ ਵੱਲੋਂ ਸਨਮਾਨ ਕੀਤਾ ਗਿਆ। ਇਹ ਜਾਣਕਾਰੀ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਅੱਜ ਤਰਨਤਾਰਨ ਜ਼ਿਲੇ ਦੇ ਅੱਠ ਬਲਾਕਾਂ ਖਡੂਰ ਸਾਹਿਬ, ਗੰਡੀਵਿੰਡ, ਵਲਟੋਹਾ, ਨੌਸ਼ਹਿਰਾ ਪੰਨੂਆਂ, ਚੋਹਲਾ ਸਾਹਿਬ, ਪੱਟੀ, ਤਰਨਤਾਰਨ, ਭਿੱਖੀਵਿੰਡ ਚੋਂ ਮਿੱਟੀ ਦੇ ਕਲਸ ਤਿਆਰ ਕਰਕੇ ਭਾਰਤੀ ਜਨਤਾ ਪਾਰਟੀ ਦੇ ਵਲੰਟੀਅਰਾਂ ਨੂੰ ਰਵਾਨਾ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ। ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਤਰਨਤਾਰਨ ਮੰਡਲ ਸ਼ਹਿਰੀ ਟੀਮ ਵੱਲੋਂ ਪਾਰਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਰਵਾਨਾ ਹੋਣ ਮੌਕੇ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਨੇ ਦੱਸਿਆ ਕਿ ਪੂਰੇ ਸੂਬੇ ਦੇ ਸ਼ਹੀਦ ਪਰਿਵਾਰਾਂ ਤੋਂ ਇਕੱਠੀ ਕੀਤੀ ਮਿੱਟੀ ਲੁਧਿਆਣਾ ਵਿਖੇ ਇਕੱਤਰ ਕਰਕੇ ਇਕ ਵੱਡੇ ਕਾਫਲੇ ਦੇ ਰੂਪ ਵਿੱਚ ਦਿੱਲੀ ਵਿੱਚ ਬਣ ਰਹੀ ਅੰਮ੍ਰਿਤ ਵਾਟਿਕਾ ਵਿਖੇ ਪਹੁੰਚਾਈ ਜਾਵੇਗੀ ਜਿੱਥੇ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਪੂਰੇ ਪ੍ਰੋਗਰਾਮ ਦੀ ਅਗਵਾਈ ਕਰਨਗੇ। ਇਸ ਮੌਕੇ ਪ੍ਰਦੇਸ਼ ਕਾਰਜਕਾਰਨੀ ਮੈਂਬਰ ਰਾਮ ਲਾਲ, ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ, ਜਨਰਲ ਸਕੱਤਰ ਨੇਤਰਪਾਲ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਸ਼ਿਵ ਕੁਮਾਰ ਸੋਨੀ, ਐਜੂਕੇਸ਼ਨ ਸੈੱਲ ਦੇ ਸੂਬਾ ਜਨਰਲ ਸਕੱਤਰ ਰਾਣਾ ਗੁਲਬੀਰ ਸਿੰਘ, ਸੀਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਮਹਿਲਾ ਮੋਰਚਾ ਪ੍ਰਧਾਨ ਅਮਨਦੀਪ ਕੌਰ ਉੱਪਲ, ਜ਼ਿਲਾ ਸਕੱਤਰ ਕੁਲਦੀਪ ਸਿੰਘ ਬੱਬੂ, ਕਿਸਾਨ ਮੋਰਚਾ ਜਨਰਲ ਸਕੱਤਰ ਬਲਜਿੰਦਰ ਸਿੰਘ ਕੈਰੋਂ, ਜ਼ਿਲ੍ਹਾ ਮੀਤ ਪ੍ਰਧਾਨ ਜਸਮੀਤ ਸਿੰਘ ਵਾਲੀਆ, ਜ਼ਿਲ੍ਹਾ ਸਕੱਤਰ ਜਸਵੰਤ ਸਿੰਘ ਸੋਹਲ, ਨੌਜਵਾਨ ਆਗੂ ਦਿਨੇਸ਼ ਜੋਸ਼ੀ, ਲਲਿਤ ਪ੍ਰਿੰਜਾ, ਵਰਿਆਮ ਸਿੰਘ, ਰਾਜਬੀਰ ਸਿੰਘ, ਪਰਮਜੀਤ ਸਿੰਘ, ਕੁਲਦੀਪ ਸਿੰਘ ਲਾਡੀ, ਡਾ. ਮਨਦੀਪ ਸਿੰਘ ਠਰੂ, ਮੁਖਤਾਰ ਸਿੰਘ ਕੱਲਾ, ਅਵਤਾਰ ਸਿੰਘ ਬੰਟੀ, ਮੰਡਲ ਪ੍ਰਧਾਨ ਪਵਨ ਦੇਵਗਨ, ਮੰਡਲ ਪ੍ਰਧਾਨ ਗੌਰਵ ਦੇਵਗਨ, ਮੰਡਲ ਪ੍ਰਧਾਨ ਪਦਮ ਕਿਸ਼ੋਰ, ਸੇਰ ਸਿੰਘ ਕਿੜੀਆਂ, ਜਸਬੀਰ ਸਿੰਘ ਗੋਲਡੀ, ਰਾਜਵੀਰ ਕੰਗ, ਮੁਖਤਿਆਰ ਸਿੰਘ ਕੱਲ੍ਹਾ, ਹੈਪੀ ਕੰਗ, ਕੁਲਦੀਪ ਸਿੰਘ ਕੈਰੋਂ, ਸਵਿੰਦਰ ਸਿੰਘ ਪੰਨੂ, ਰਣਜੀਤ ਸਿੰਘ ਤੇ ਹੋਰ ਆਗੂ ਮਜੂਦ ਸਨ।

## ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 15 ਤੋਂ ਅਣਮਿੱਥੇ ਸਮੇਂ ਲਈ ਹੋਣਗੀਆਂ ਸੜਕਾਂ ਟੋਲ ਮੁਕਤ : ਕਿਸਾਨ ਆਗੂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੀ ਮੀਟਿੰਗ ਜ਼ੋਨ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ ਅਤੇ ਜ਼ੋਨ ਸਕੱਤਰ ਸਤਨਾਮ ਸਿੰਘ ਖਾਨਮਲੱਕ ਦੀ ਅਗਵਾਈ ਵਿੱਚ ਗੁਰਦੁਆਰਾ ਬੁਰਜ ਸਾਹਿਬ ਵਿਖੇ ਹੋਈ। ਮੀਟਿੰਗ 'ਚ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਫੌਜੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਵੱਖ ਵੱਖ ਮੁੱਦਿਆਂ ਤੇ ਵਿਚਾਰ ਚਰਚਾ ਕੀਤੀ। ਆਗੂਆਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੇ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 18 ਕਿਸਾਨ ਜਥੇਬੰਦੀਆਂ ਦੇ ਸਾਂਝੇ ਮਿਸ਼ਨ 'ਤੇ ਚੱਲਦਿਆਂ 'ਕਾਰਪੋਰੇਟ ਭਜਾਓ ਪੰਜਾਬ ਬਚਾਓ' ਦੇ ਚੱਲ ਰਹੇ ਮਿਸ਼ਨ ਤਹਿਤ 15 ਨਵੰਬਰ ਅਣਮਿੱਥੇ ਸਮੇਂ ਲਈ ਸੜਕਾਂ ਟੋਲ ਮੁਕਤ ਕੀਤੀਆਂ ਜਾਣਗੀਆਂ। ਕਿਸਾਨ ਆਗੂਆਂ ਕਿਹਾ ਜਦੋਂ ਤੱਕ ਨੈਸ਼ਨਲ ਹਾਈਵੇ ਦਾ ਪੂਰਾ ਮੈਪ ਤੇ ਪੂਰੀ ਅਦਾਇਗੀ ਨਹੀਂ ਕੀਤੀ ਜਾਂਦੀ ਇੱਕ ਵੀ ਇੰਚ ਜ਼ਮੀਨ ਨਹੀ ਦਿਆਂਗੇ, ਭਾਵੇ ਹਾਈਕੋਰਟ ਦਾ ਫੈਸਲਾ ਹੈ ਕੇ ਜੇ ਪੈਸੇ ਲੈ ਲਏ ਨੇ ਤਾਂ ਕਬਜ਼ਾ ਦੇ ਦੇਣਾ ਚਾਹੀਦਾ ਪਰ ਜ਼ਮੀਨੀ ਹਕੀਕਤ ਕੁੱਝ ਹੋਰ ਬਿਆਨ ਕਰਦੀ ਹੈ ਕਿ ਪੈਸੇ ਕਿਸ-ਕਿਸ ਨੂੰ ਮਿਲੇ ਨੇ ਜਾਂਚ ਕੀਤੀ ਜਾਵੇ। ਕਿਸਾਨਾਂ ਮਜ਼ਦੂਰਾਂ ਦਾਂ ਸਾਰਾ ਕਰਜ਼ਾ ਮਾਫ ਕੀਤਾ ਜਾਵੇ, ਮਨਰੇਗਾ ਵਿੱਚ ਘੱਟੋ-ਘੱਟ 200 ਦਿਨ ਕੰਮ ਦਿੱਤਾ ਜਾਵੇ, ਐੱਮਐੱਸਪੀ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਦਿੱਲੀ ਅਤੇ ਹੋਰ ਜਗ੍ਹਾ ਕਿਸਾਨਾਂ 'ਤੇ ਪਾਏ ਪਰਚੇ ਰੱਦ ਕੀਤੇ ਜਾਣ, ਨਸ਼ੇ ਦੀ ਮਾਰ ਹੇਠ ਪੰਜਾਬ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ ਜਾਣ, ਜੰਮੂ ਕੱਟੜਾ ਐਕਸਪ੍ਰੈਸ ਵੇਅ ਅਧੀਨ ਆ ਰਹੀਆਂ ਜ਼ਮੀਨਾਂ ਦੇ ਇਕਸਾਰ ਢੁੱਕਵੇਂ ਮੁਆਵਜ਼ੇ ਜਾਰੀ ਕਰਕੇ ਫਿਰ ਜ਼ਮੀਨਾਂ ਇਕਵਾਇਰ ਕੀਤੀਆਂ ਜਾਣ, ਚਿੱਪ ਵਾਲੇ ਮੀਟਰ ਲਾਉਣੇ ਬੰਦ ਕੀਤੇ ਜਾਣ, ਕਾਰਪੋਰੇਟ ਘਰਾਣਿਆਂ ਦੀਆਂ ਫ਼ਾਇਨਾਂਸ ਕੰਪਨੀਆਂ ਪੰਜਾਬ ਵਿੱਚੋਂ ਬੰਦ ਕੀਤੀਆਂ ਜਾਣ। ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਫੌਜੀ, ਜ਼ੋਨ ਪ੍ਰਧਾਨ ਹਰਚਰਨ ਸਿੰਘ, ਸਕੱਤਰ ਸਤਨਾਮ ਸਿੰਘ, ਮਨਜੀਤ ਕੌਰ, ਸੁਖਜਿੰਦਰ ਸਿੰਘ, ਮੱਸਾ ਸਿੰਘ ਸਹਾਇਪੁਰ, ਹੇਮ ਸਿੰਘ ਸਰਸਪੁਰ, ਅਮਰੀਕ ਸਿੰਘ, ਦਵਿੰਦਰ ਸਿੰਘ ਲੋਦੀਪੁਰ, ਸ਼ਮਸ਼ੇਰ ਸਿੰਘ ਭਖਾਰੀਹਾਰਨੀਆਂ, ਹਰਭਾਲ ਸਿੰਘ, ਜੋਗਿੰਦਰ ਸਿੰਘ, ਹਰਵਿੰਦਰ ਸਿੰਘ ਤਲਵੰਡੀ, ਬੀਬੀਆਂ ਦੇ ਪ੍ਰਧਾਨ ਕੁਲਵਿੰਦਰ ਕੌਰ, ਰਣਜੀਤ ਕੌਰ ਖਹਿਰਾ ਕੋਟਲੀ, ਸਰਬਜੀਤ ਕੌਰ, ਨਿਸ਼ਾ ਕੁਮਾਰੀ, ਮਨਜਿੰਦਰ ਕੌਰ ਬਿਧੀਪੁਰ, ਹਰਦੀਪ ਕੌਰ ਖੁੰਡਾ, ਪਰਮਜੀਤ ਕੌਰ, ਰਾਜਬੀਰ ਕੌਰ, ਕਾਂਤਾ ਤਿੱਬੜ ਆਦਿ ਕਮੇਟੀ ਮੈਂਬਰ ਸ਼ਾਮਲ ਸਨ।

ਨਵਾਂ ਜ਼ਮਾਨਾ
ਵੀਰਵਾਰ, 2 ਨਵੰਬਰ 2023

# ਨਹਿਰੂ ਤੋਂ ਬਾਅਦ ਇੰਦਰਾ

*31 ਅਕਤੂਬਰ 1984 ਵਿਚ ਵੇਲੇ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਕਾਂਗਰਸ ਸਰਕਾਰ ਨੇ ਉਨ੍ਹਾ ਦੀ ਸਰਕਾਰੀ ਕੋਠੀ 1, ਸਫਦਰਜੰਗ ਰੋਡ ਨੂੰ 'ਇੰਦਰਾ ਗਾਂਧੀ ਮੈਮੋਰੀਅਲ' ਵਿਚ ਬਦਲ ਦਿੱਤਾ ਸੀ। ਹੁਣ ਇਸ ਯਾਦਗਾਰ 'ਤੇ ਸੰਕਟ ਦੇ ਬੱਦਲ ਮੰਡਰਾਉਣ ਲੱਗੇ ਹਨ। ਮੋਦੀ ਸਰਕਾਰ ਯਾਦਗਾਰ ਨੂੰ ਹਟਾ ਕੇ ਇਮਾਰਤ ਨੂੰ ਸਰਕਾਰ ਦੇ ਕੰਟਰੋਲ ਵਿਚ ਲੈ ਸਕਦੀ ਹੈ। ਉਸ ਦੀ ਦਲੀਲ ਹੈ ਕਿ ਸਾਰੇ ਸਾਬਕਾ ਪ੍ਰਧਾਨ ਮੰਤਰੀਆਂ ਦੀ ਇਕ ਯਾਦਗਾਰ ਬਣ ਗਈ ਹੈ, ਇਸ ਕਰਕੇ ਵੱਖਰੀ ਯਾਦਗਾਰ ਦੀ ਲੋੜ ਨਹੀਂ। ਦਰਅਸਲ ਨਹਿਰੂ ਸਮਾਰਕ ਸੰਗ੍ਰਹਾਲਿਆ ਤੇ ਪੁਸਤਕਾਲਿਆ ਦਾ ਨਾਂਅ ਬਦਲਣ ਦੇ ਬਾਅਦ ਹੁਣ ਮੋਦੀ ਸਰਕਾਰ ਦੀ ਨਿਗ੍ਹਾ ਇੰਦਰਾ ਗਾਂਧੀ ਦੀ ਯਾਦਗਾਰ 'ਤੇ ਹੈ। ਇਸ ਨੂੰ ਸਰਕਾਰੀ ਕੰਟਰੋਲ ਵਿਚ ਲਏ ਜਾਣ ਦਾ ਇਸ਼ਾਰਾ ਕੇਂਦਰੀ ਮੰਤਰੀ ਗਿਰੀਰਾਜ ਸਿੰਘ ਦੀ ਟਿੱਪਣੀ ਤੋਂ ਮਿਲਿਆ ਹੈ। ਕੁਝ ਦਿਨ ਪਹਿਲਾਂ ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ 'ਤੇ ਨਵੇਂ ਸੰਸਦ ਭਵਨ ਦੀ ਵਾਸਤੂਕਲਾ ਦੀ ਅਲੋਚਨਾ ਕੀਤੀ ਸੀ। ਇਸ ਦੇ ਜਵਾਬ ਵਿਚ ਗਿਰੀਰਾਜ ਸਿੰਘ ਨੇ ਟਵੀਟ ਕੀਤਾ-ਪੂਰੇ ਭਾਰਤ ਵਿਚ ਖਾਨਦਾਨੀ ਗੜ੍ਹਾਂ ਦਾ ਮੁਲਾਂਕਣ ਕਰਨ ਤੇ ਉਨ੍ਹਾਂ ਨੂੰ ਯੁਕਤੀਸੰਗਤ ਬਣਾਉਣ ਦੀ ਲੋੜ ਹੈ। ਸ਼ੁਰੂਆਤ ਲਈ 1, ਸਫਦਰਜੰਗ ਰੋਡ ਕੰਪਲੈਕਸ ਨੂੰ ਤੁਰੰਤ ਭਾਰਤ ਸਰਕਾਰ ਨੂੰ ਮੁੰਤਕਿਲ ਕਰ ਦਿੱਤਾ ਜਾਣਾ ਚਾਹੀਦਾ ਹੈ, ਕਿਉਂਕਿ ਸਾਰੇ ਪ੍ਰਧਾਨ ਮੰਤਰੀਆਂ ਲਈ ਇਕ ਸੰਗ੍ਰਹਾਲਿਆ ਬਣ ਚੁੱਕਾ ਹੈ।*

*ਇੰਦਰਾ ਗਾਂਧੀ ਯਾਦਗਾਰ 'ਤੇ ਕਾਫੀ ਸੈਲਾਨੀ ਆਉਂਦੇ ਹਨ। ਇੱਥੇ ਇੰਦਰਾ ਗਾਂਧੀ ਤੇ ਰਾਜੀਵ ਗਾਂਧੀ ਦੇ ਉਹ ਕੱਪੜੇ ਰੱਖੇ ਗਏ ਹਨ, ਜਿਹੜੇ ਉਨ੍ਹਾਂ ਨੇ ਆਪਣੀ ਹੱਤਿਆ ਵੇਲੇ ਪਾਏ ਹੋਏ ਸਨ। ਇਤਿਹਾਸਕਾਰ ਤੇ ਨਹਿਰੂ ਮੈਮੋਰੀਅਲ ਮਿਊਜ਼ੀਅਮ ਐਂਡ ਲਾਇਬ੍ਰੇਰੀ ਦੀ ਸਾਬਕਾ ਡਾਇਰੈਕਟਰ ਮ੍ਰਿਦੁਲਾ ਮੁਖਰਜੀ ਦਾ ਕਹਿਣਾ ਹੈ ਕਿ ਇਹ ਯਾਦਗਾਰ ਸਿਰਫ ਇਕ ਥਾਂ ਨਹੀਂ, ਜਿੱਥੇ ਇੰਦਰਾ ਰਹਿੰਦੀ ਸੀ, ਇਹ ਉਹ ਥਾਂ ਹੈ, ਜਿੱਥੇ ਉਸ ਦੀ ਹੱਤਿਆ ਕੀਤੀ ਗਈ ਸੀ। ਇਹ ਇਕ ਨਿੱਕੀ ਤੇ ਸੁੰਦਰ ਯਾਦਗਾਰ ਹੈ, ਜਿੱਥੇ ਦੱਖਣ ਤੋਂ ਕਾਫੀ ਸੈਲਾਨੀ ਆਉਂਦੇ ਹਨ। 'ਇੰਦਰਾ ਅੰਮਾ' ਨੂੰ ਸ਼ਰਧਾਂਜਲੀ ਦੇਣ ਵਾਲਿਆਂ ਦੀ ਕਤਾਰ ਲੱਗੀ ਰਹਿੰਦੀ ਹੈ। ਸ਼ਾਇਦ ਇਸੇ ਲਈ ਸਰਕਾਰ ਇਸ ਨੂੰ ਬੰਦ ਕਰਨਾ ਚਾਹੁੰਦੀ ਹੈ।*

*ਇਸ ਤੋਂ ਪਹਿਲਾਂ ਨਹਿਰੂ ਸਮਾਰਕ ਸੰਗ੍ਰਹਾਲਿਆ ਤੇ ਪੁਸਤਕਾਲਿਆ ਦਾ ਨਾਂਅ ਬਦਲ ਕੇ ਪ੍ਰਧਾਨ ਮੰਤਰੀ ਸੰਗ੍ਰਹਾਲਿਆ ਤੇ ਪੁਸਤਕਾਲਿਆ ਕੀਤਾ ਜਾ ਚੁੱਕਿਆ ਹੈ। ਮੋਦੀ ਸਰਕਾਰ ਨਿਰੰਤਰ ਉਨ੍ਹਾ ਨਿਸ਼ਾਨੀਆਂ ਨੂੰ ਮਿਟਾਉਂਦੀ ਜਾਂ ਉਨ੍ਹਾਂ ਦੇ ਨਾਂਅ ਬਦਲਦੀ ਜਾ ਰਹੀ ਹੈ, ਜਿਹੜੀਆਂ ਆਰ ਐੱਸ ਐੱਸ ਨੂੰ ਫਿੱਟ ਨਹੀਂ ਬੈਠਦੀਆਂ। ਉਹ ਮੁਸਲਮ ਨਾਂਅ ਵਾਲੇ ਅਨੇਕਾਂ ਸਟੇਸ਼ਨਾਂ, ਸ਼ਹਿਰਾਂ ਤੇ ਇੱਥੋਂ ਤੱਕ ਕਿ ਸੜਕਾਂ ਦੇ ਨਾਂਅ ਬਦਲ ਚੁੱਕੀ ਹੈ। ਨਹਿਰੂ ਪਰਵਾਰ ਤਾਂ ਉਸ ਨੂੰ ਸ਼ੁਰੂ ਤੋਂ ਹੀ ਖਟਕਦਾ ਰਿਹਾ ਹੈ।*

## ਦੱਸੋ ਪਾਸ ਹੋ ਕੇ

*ਹੋ ਰਹੀ 'ਬਾਗ ਦੀ ਲੁੱਟ' ਨੂੰ ਦੇਖਦੇ ਰਹੇ,*
*ਮਿਲੀਭੁਗਤ ਸੀ ਸਮਝ ਲਉ ਮਾਲੀਆਂ ਦੀ।*
*ਹੁਣ ਬਹਿਸ ਕੀ ਉਨ੍ਹਾਂ ਦੇ ਨਾਲ ਕਰਨੀ,*
*ਬੀਜੀ 'ਫਸਲ' ਹੈ ਜਿਨ੍ਹਾਂ ਬਦਹਾਲੀਆਂ ਦੀ।*
*ਤਦੇ ਲਿਆਂਦਾ 'ਬਦਲਾਅ' ਹੈ ਵੋਟਰਾਂ ਨੇ,*
*ਪਾਉ ਕਦਰ ਹੁਣ ਘਾਲਣਾ ਘਾਲੀਆਂ ਦੀ।*
*ਹਿੰਮਤ ਕੇਂਦਰ ਤੋਂ ਪੁੱਛਣ ਦੀ ਕਰੋ ਯਾਰੋ,*
*ਸਿਰ 'ਤੇ ਠੋਸੀਆਂ ਨੀਤਾਂ ਜੰਗਾਲੀਆਂ ਦੀ।*
*ਪੂਰੀ ਕਰ ਦਿਉ 'ਰੀਝ' ਪੰਜਾਬੀਆਂ ਦੀ,*
*ਚਿਰ ਤੋਂ ਖੁੱਸੀਆਂ ਹੋਈਆਂ ਖੁਸ਼ਹਾਲੀਆਂ ਦੀ।*
*ਦੱਸੋ 'ਪਾਸ ਹੋ ਕੇ' ਛੱਡ ਦਿਉ ਗੱਲ ਭਾਈ,*
*'ਫੇਲ੍ਹ ਹੋਇਆਂ' ਨੂੰ ਦੇਣੀਆਂ ਗਾਲੀਆਂ ਦੀ!*

*-ਤਰਲੋਚਨ ਸਿੰਘ 'ਦੁਪਾਲਪੁਰ', 001-408-915-1268*

# ਭੁੱਖੇ ਢਿੱਡ ਜ਼ਿੰਦਗੀ ਦਾ ਸਫ਼ਰ



ਗੁਰਮੀਤ ਸਿੰਘ ਪਲਾਹੀ

ਵਿਸ਼ਵ ਭੁੱਖ ਸੂਚਕਾਂਕ-2023 ਨੂੰ ਪੜ੍ਹੋ। ਅੰਕੜੇ ਦਿਲ ਕੰਬਾਊ ਹਨ। ਬਾਵਜੂਦ ਇਸ ਗੱਲ ਦੇ ਕਿ ਦੁਨੀਆ ਭਰ ਵਿੱਚ ਮਨੁੱਖ ਲਈ ਲੋੜੀਂਦੇ ਭੋਜਨ ਦੀ ਪੈਦਾਵਾਰ ਹੋ ਰਹੀ ਹੈ, ਫਿਰ ਵੀ ਦੁਨੀਆ ਦੀ ਕੁੱਲ ਆਬਾਦੀ ਦੇ 10 ਫ਼ੀਸਦੀ ਲੋਕ ਭੁੱਖਮਰੀ ਦੇ ਸ਼ਿਕਾਰ ਹਨ। ਭਾਵ ਉਨ੍ਹਾਂ ਨੂੰ ਪੇਟ ਭਰ ਕੇ ਰੋਟੀ ਨਹੀਂ ਮਿਲਦੀ।

ਦੁਨੀਆ 'ਚ ਵੱਡੀਆਂ ਤਰੱਕੀਆਂ ਕਰਨ ਦੇ ਦਾਅਵੇ ਕਰਨ ਵਾਲੇ ਦੇਸ਼ ਭਾਰਤ ਦੇ ਹਾਲਾਤ ਤਾਂ ਹੋਰ ਵੀ ਭੈੜੇ ਹਨ। ਭੁੱਖ ਸੂਚਕਾਂਕ-2023 ਰਿਪੋਰਟ 'ਚ 125 ਦੇਸ਼ਾਂ ਦੇ ਅੰਕੜੇ ਇਕੱਠੇ ਕੀਤੇ ਗਏ। ਭੁੱਖਮਰੀ 'ਚ ਭਾਰਤ ਦਾ ਸਥਾਨ 111ਵਾਂ ਹੈ। ਵਿਸ਼ਵ ਦੇ ਭੁੱਖਮਰੀ ਸ਼ਿਕਾਰ ਕੁੱਲ 10 ਫੀਸਦੀ ਦੇ ਮੁਕਾਬਲੇ ਭਾਰਤ ਦੇ 16.6 ਫੀਸਦੀ ਲੋਕਾਂ ਨੂੰ ਪੇਟ ਭਰ ਕੇ ਖਾਣਾ ਨਹੀਂ ਮਿਲਦਾ। ਭਾਰਤੀ ਬੱਚਿਆਂ ਦਾ ਅੰਕੜਾ ਤਾਂ 18.7 ਫੀਸਦੀ ਹੈ, ਜਿਹਨਾ ਨੂੰ ਲੋੜੀਂਦੇ ਤੱਤਾਂ ਵਾਲਾ ਭੋਜਨ ਪ੍ਰਾਪਤ ਨਹੀਂ ਹੁੰਦਾ ਅਤੇ 15 ਤੋਂ 24 ਸਾਲ ਦੀਆਂ 58.1 ਫੀਸਦੀ ਔਰਤਾਂ ਤਾਂ ਅਨੀਮੀਆਂ (ਖ਼ੂਨ ਦੀ ਕਮੀ) ਦਾ ਸ਼ਿਕਾਰ ਹਨ। ਭਾਰਤ ਤੋਂ ਹੇਠ ਮੌਜੰਬੀਕ, ਅਫਗਾਨਿਸਤਾਨ, ਹੈਤੀ, ਲਾਇਬੇਰੀਆ , ਨਾਇਜੀਰੀਆ, ਸੋਮਾਲੀਆ, ਦੱਖਣੀ ਸੂਡਾਨ ਆਦਿ 17 ਦੇਸ਼ ਹਨ, ਜਦਕਿ ਉਪਰ 107 ਦੇਸ਼ ਹਨ। ਰੈਂਕਿੰਗ ਵਿੱਚ ਸਭ ਤੋਂ ਉਪਰ ਬੇਲਾਰੂਸ , ਬੋਸਨੀਆ, ਚੀਨ ਆਦਿ ਹਨ, ਜਦਕਿ ਭੁੱਖਮਰੀ ਦੇ ਮਾਮਲੇ 'ਚ ਪਾਕਿਸਤਾਨ, ਬੰਗਲਾਦੇਸ਼, ਸ੍ਰੀਲੰਕਾ, ਨੇਪਾਲ ਦੀ ਸਥਿਤੀ ਭਾਰਤ ਨਾਲੋਂ ਬਿਹਤਰ ਹੈ।

ਭੁੱਖ ਸੂਚਕਾਂਕ ਤਹਿ ਕਰਦਾ ਹੈ ਕਿ ਕਿਸੇ ਦੇਸ਼ ਵਿੱਚ ਭੁੱਖਮਰੀ ਅਤੇ ਕੁਪੋਸ਼ਨ ਦੀ ਕੀ ਸਥਿਤੀ ਹੈ। ਇਸ ਵਾਸਤੇ ਚਾਰ ਮਾਪਦੰਡ ਲਏ ਜਾਂਦੇ ਹਨ, ਕੁਪੋਸ਼ਨ, ਬੱਚਿਆਂ ਦੀ ਮਰਨ ਦਰ, ਬਾਲ ਕੁਪੋਸ਼ਨ ਅਤੇ ਚਾਈਲਡ ਵੇਸਟਿੰਗ ਭਾਵ ਬੱਚੇ ਦਾ ਆਪਣੀ ਉਮਰ ਦੇ ਹਿਸਾਬ ਨਾਲ ਬਹੁਤ ਜ਼ਿਆਦਾ ਪਤਲਾ ਜਾਂ ਕਮਜ਼ੋਰ ਹੋਣਾ। ਭਾਰਤ ਸਾਲ 2022 ਵਿੱਚ 121 ਦੇਸ਼ਾਂ ਦੀ ਸ਼੍ਰੇਣੀ ਵਿੱਚ 107ਵੇਂ ਥਾਂ 'ਤੇ ਸੀ, ਜਦਕਿ 2021 ਵਿੱਚ ਇਸ ਦਾ ਥਾਂ 101 ਵਾਂ ਸੀ ਅਤੇ 2020 ਵਿੱਚ 94ਵਾਂ ਸਥਾਨ ਸੀ। ਇਸ ਵੇਰ 125 ਦੇਸ਼ਾਂ 'ਚ ਇਸ ਦਾ ਸਥਾਨ ਹੋਰ ਥੱਲੇ ਆ ਗਿਆ ਤੇ ਇਹ ਸਥਾਨ ਖਿਸਕ ਕੇ 111 ਤੱਕ ਪਹੁੰਚ ਗਿਆ। ਇਸ ਰਿਪੋਰਟ ਅਨੁਸਾਰ ਭਾਰਤ ਦਾ ਭੁੱਖ ਦਾ ਪੱਧਰ 28.7 ਅੰਕ ਹੈ, ਜੋ ਗੰਭੀਰ ਸਥਿਤੀ ਦਰਸਾਉਂਦਾ ਹੈ ਅਤੇ ਚਾਈਲਡ ਵੇਸਟਿੰਗ ਦੀ ਦਰ 18.7 ਹੈ, ਜੋ ਬਹੁਤ ਜ਼ਿਆਦਾ ਕੁਪੋਸ਼ਣ ਵੱਲ ਸੰਕੇਤ ਕਰਦੀ ਹੈ। ਇਹ ਰਿਪੋਰਟ ਦੋ ਯੂਰਪੀਅਨ ਏਜੰਸੀਆਂ ਵੱਲੋਂ 12 ਅਕਤੂਬਰ ਅਤੇ 13 ਅਕਤੂਬਰ 2023 ਨੂੰ ਜਾਰੀ ਕੀਤੀ ਗਈ। ਭਾਰਤ ਸਰਕਾਰ ਨੇ ਇਹਨਾਂ ਰਿਪੋਰਟਾਂ ਨੂੰ ਪ੍ਰਵਾਨ ਨਹੀਂ ਕੀਤਾ।

ਖੇਤੀ ਦੇ ਉਤਪਾਦਨ ਖੇਤਰ 'ਚ ਭਾਰਤ ਆਤਮ ਨਿਰਭਰ ਮੰਨਿਆ ਜਾਂਦਾ ਹੈ। ਕਿਹਾ ਇਹ ਵੀ ਜਾ ਰਿਹਾ ਹੈ ਕਿ ਭਾਰਤ ਦੇ ਨਾਗਰਿਕਾਂ ਦੀ ਪ੍ਰਤੀ ਵਿਅਕਤੀ ਆਮਦਨ ਵਧੀ ਹੈ, ਪਰ ਇਸ ਦੇ ਬਾਵਜੂਦ ਲੱਖਾਂ ਬੱਚੇ ਅਤੇ ਔਰਤਾਂ ਭੁੱਖਮਰੀ ਦਾ ਸ਼ਿਕਾਰ ਹਨ। ਇੰਜ ਜਾਪਦਾ ਹੈ ਕਿ ਭਾਰਤ ਦੀ ਮੁੱਖ ਸਮੱਸਿਆ ਖਾਧ ਉਤਪਾਦਨ ਨਹੀਂ, ਸਗੋਂ ਭੈੜੀ ਵੰਡ ਪ੍ਰਣਾਲੀ ਅਤੇ ਨਾ-ਬਰਾਬਰੀ ਵਾਲੀ ਵੰਡ ਪ੍ਰਣਾਲੀ ਹੈ, ਜਿਵੇਂ ਕਹਿਣ ਨੂੰ ਤਾਂ ਦੇਸ਼ ਵਿੱਚ ਸਿੱਖਿਆ ਸਭ ਲਈ ਲਾਜ਼ਮੀ ਹੈ, ਪਰ ਬਰਾਬਰ ਦੀ ਸਿੱਖਿਆ ਸਭ ਨੂੰ ਨਹੀਂ ਮਿਲਦੀ। ਸਭ ਲਈ ਲਾਜ਼ਮੀ ਅਤੇ ਸਭ ਲਈ ਬਰਾਬਰ ਦੀ ਸਿੱਖਿਆ 'ਚ ਵੱਡਾ ਫ਼ਰਕ ਹੈ। ਇਹੋ ਹਾਲ ਖ਼ੁਰਾਕ ਵੰਡ ਦੇ ਮਾਮਲੇ 'ਚ ਹੈ। ਵੰਡ ਪ੍ਰਣਾਲੀ ਦੇ ਦੋਸ਼ ਕਾਰਨ ਹੀ ਸਾਰਿਆਂ ਨੂੰ ਉਹਨਾਂ ਦੀ ਲੋੜ ਅਨੁਸਾਰ ਭੋਜਨ ਨਹੀਂ ਮਿਲ ਰਿਹਾ। ਹਾਲਾਂਕਿ ਦੇਸ਼ 'ਚ ਸਭ ਲਈ ਭੋਜਨ ਦੋ ਤਿਹਾਈ ਆਬਾਦੀ ਵਾਸਤੇ ਨੈਸ਼ਨਲ ਫੂਡ ਸਕਿਉਰਿਟੀ ਐਕਟ-2013 'ਚ ਬਣਿਆ ਅਤੇ ਇਸ ਕਾਨੂੰਨ ਤਹਿਤ 80 ਕਰੋੜ ਤੋਂ ਵੱਧ ਲੋਕ ਲੱਗਭੱਗ ਮੁਫ਼ਤ ਕਣਕ, ਚਾਵਲ ਆਦਿ ਪ੍ਰਾਪਤ ਕਰਦੇ ਹਨ।

ਇੱਕ ਤੱਥ ਇਹ ਵੀ ਹੈ ਕਿ ਅੰਦਾਜ਼ੇ ਅਨੁਸਾਰ ਭਾਰਤ ਦਾ ਲੱਗਭੱਗ 40 ਫ਼ੀਸਦੀ ਭੋਜਨ ਬਰਬਾਦ ਹੋ ਜਾਂਦਾ ਹੈ। 30 ਫ਼ੀਸਦੀ ਸਬਜ਼ੀਆਂ ਅਤੇ ਫਲ ਭੰਡਾਰਨ ਦੇ ਕਮੀ ਕਾਰਨ ਖਰਾਬ ਹੋ ਜਾਂਦੇ ਹਨ ਅਤੇ ਸੈਂਕੜੇ ਟਨ ਖਾਣ ਵਾਲੀਆਂ ਚੀਜ਼ਾਂ ਸੁਰੱਖਿਅਤ ਗੋਦਾਮਾਂ ਵਿੱਚ ਸੜ ਜਾਂਦੀਆਂ ਹਨ।

ਇੱਕ ਪਾਸੇ ਤਾਂ ਇਹ ਭੁੱਖ ਸੂਚਕਾਂਕ ਰਿਪੋਰਟ-2023 ਛਾਇਆ ਹੋਈ ਹੈ, ਦੂਜੇ ਪਾਸੇ ਇੱਕ ਹੋਰ ਰਿਪੋਰਟ ਗਰੀਬੀ ਸੂਚਕਾਂਕ ਸੰਬੰਧੀ ਸੰਯੁਕਤ ਰਾਸ਼ਟਰ ਵੱਲੋਂ ਛਾਪੀ ਗਈ ਹੈ, ਜਿਸ ਅਨੁਸਾਰ ਭਾਰਤ ਵਿੱਚ 2005-06 ਤੋਂ 2019-21 ਦੇ ਵਿਚਕਾਰ 41.5 ਕਰੋੜ ਗਰੀਬੀ ਤੋਂ ਬਾਹਰ ਨਿਕਲੇ ਹਨ। ਇਸ ਰਿਪੋਰਟ ਅਨੁਸਾਰ ਭਾਰਤ ਵਿੱਚ 2005-06 ਵਿੱਚ ਲੱਗਭੱਗ 6.45 ਕਰੋੜ ਲੋਕ ਗਰੀਬੀ ਰੇਖਾ ਦੇ ਹੇਠ ਜੀਵਨ ਗੁਜ਼ਾਰ ਰਹੇ ਹਨ। ਇਹ ਗਿਣਤੀ 2015-16 'ਚ ਘਟ ਕੇ 3.70 ਕਰੋੜ ਰਹਿ ਗਈ ਅਤੇ 2019-21 ਵਿੱਚ 2.30 ਕਰੋੜ ਹੀ ਰਹਿ ਗਈ ਹੈ। ਇਹ ਅੰਕੜੇ ਤਾਂ ਫਿਰ ਇਹ ਸਿੱਧ ਕਰਦੇ ਹਨ ਕਿ ਭਾਰਤ ਵਿੱਚ ਗਰੀਬੀ ਦੇ ਪੱਧਰ 'ਚ ਕਮੀ ਆਈ ਹੈ। ਰਿਪੋਰਟ 'ਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਭਾਰਤ ਵਿੱਚ ਸਭ ਤੋਂ ਵੱਧ ਗਰੀਬ ਰਾਜਾਂ ਵਿੱਚ ਜ਼ਿਆਦਾ ਬੱਚੇ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਲੋਕ ਸ਼ਾਮਲ ਹਨ, ਦੀ ਸਥਿਤੀ 'ਚ ਸੁਧਾਰ ਹੋਇਆ ਹੈ।

ਭਾਰਤ ਵਿੱਚ ਲੱਗਭੱਗ 65 ਫ਼ੀਸਦੀ ਆਬਾਦੀ ਪੇਂਡੂ ਹੈ। 54.6 ਫ਼ੀਸਦੀ ਕਾਮੇ ਖੇਤੀ ਨਾਲ ਸੰਬੰਧਿਤ ਕਿੱਤਿਆਂ 'ਚ ਜੁੜੇ ਹਨ। ਦੇਸ਼ ਵਿੱਚ ਲੱਗਭੱਗ 80 ਫ਼ੀਸਦੀ ਛੋਟੇ ਕਿਸਾਨ ਹਨ, ਜਿਹਨਾਂ ਕੋਲ ਤਿੰਨ ਏਕੜ ਤੋਂ ਵੀ ਘੱਟ ਜ਼ਮੀਨ ਹੈ। ਇਹ ਕਿਸਾਨ ਖੇਤੀ ਦੀ ਲਗਾਤਾਰ ਵਧਦੀ ਲਾਗਤ ਕਾਰਨ ਗਰੀਬੀ ਅਤੇ ਕਰਜ਼ੇ 'ਚ ਡੁੱਬਦੇ ਜਾ ਰਹੇ ਹਨ।



ਜੇਕਰ ਖੇਤੀ ਅਤੇ ਦੂਜੇ ਖੇਤਰ ਦੇ ਅੰਕੜਿਆਂ ਨੂੰ ਨਿਰਖਿਆ-ਪਰਖਿਆ ਜਾਵੇ ਤਾਂ ਇਹ ਵੇਖਣ ਨੂੰ ਮਿਲੇਗਾ ਕਿ ਕਿਸਾਨਾਂ ਨੇ ਖੇਤੀ ਤੋਂ ਜੋ ਕੁਝ ਕਮਾਇਆ ਹੈ, ਉਸ ਤੋਂ ਜ਼ਿਆਦਾ ਡੀਜ਼ਲ-ਪੈਟਰੋਲ, ਖਾਦ, ਕੀਟਨਾਸ਼ਕਾਂ, ਘਰ ਦੇ ਖ਼ਰਚ, ਬੱਚਿਆਂ ਦੀ ਪੜ੍ਹਾਈ ਤੋਂ ਲੈ ਕੇ ਦਵਾ-ਦਾਰੂ ਉਤੇ ਖ਼ਰਚ ਹੋ ਰਿਹਾ ਹੈ। ਇਥੋਂ ਤੱਕ ਕਿ ਖੇਤੀ ਖੇਤਰ ਨਾਲ ਸੰਬੰਧਤ ਲੋਕ ਮਜਬੂਰਨ ਗਰੀਬੀ ਕਾਰਨ, ਇੱਥੋਂ ਤੱਕ ਕਿ ਦੋ ਟੁੱਕ ਰੋਟੀ ਨਸੀਬ ਨਾ ਹੋਣ ਕਾਰਨ ਖੁਦਕੁਸ਼ੀ ਕਰਨ ਲਈ ਮਜਬੂਰ ਹੋ ਜਾਂਦੇ ਹਨ। ਜੇਕਰ ਅੰਨਦਾਤੇ ਦਾ ਇਹ ਹਾਲ ਹੈ ਤਾਂ ਹੋਰ ਮਜ਼ਦੂਰ ਤਬਕੇ ਦਾ ਹਾਲ ਕਿਸ ਤਰ੍ਹਾਂ ਦਾ ਹੋਏਗਾ, ਇਸ ਦੀ ਤਸਵੀਰ ਕੋਰੋਨਾ ਕਾਲ ਸਮੇਂ ਦੇਸ਼ ਵੇਖ ਚੁੱਕਾ ਹੈ, ਜਦੋਂ ਸਿਹਤ ਸਹੂਲਤਾਂ, ਭੋਜਨ ਦੀ ਘਾਟ, ਬਿਮਾਰੀ ਦੀ ਬਹੁਤਾਤ ਦੇ ਹੁੰਦਿਆਂ ਲੋਕ ਅਣਿਆਈ ਮੌਤੇ ਮਰੇ ਅਤੇ ਉਨ੍ਹਾਂ ਨੂੰ ਕਫ਼ਨ, ਜਾਂ ਦੋ ਗਜ਼ ਜ਼ਮੀਨ ਵੀ ਨਾ ਮਿਲੀ। ਉਹਨਾਂ ਨੂੰ ਦਰਿਆਵਾਂ ਦੇ ਪਾਣੀਆਂ 'ਚ ਵਹਾਉਣ ਲਈ ਰਿਸ਼ਤੇਦਾਰ ਮਜਬੂਰ ਹੋ ਗਏ। ਕੋਰੋਨਾ ਕਾਲ ਸਮੇਂ ਗਰੀਬੀ ਅਤੇ ਭੁੱਖਮਰੀ ਦੀ ਇੰਤਹਾ ਦੇਸ਼ 'ਚ ਵੇਖਣ ਨੂੰ ਮਿਲੀ।

ਸਪੱਸ਼ਟ ਹੈ ਕਿ ਅੱਜ ਵੀ ਦੇਸ਼ ਗਰੀਬੀ ਅਤੇ ਭੁੱਖਮਰੀ ਕਾਰਨ ਹੱਦ ਤੱਕ ਖੇਤੀ ਖੇਤਰ 'ਤੇ ਨਿਰਭਰ ਹੈ। ਇਸ ਗੱਲ ਤੋਂ ਕਿਵੇਂ ਇਨਕਾਰ ਕੀਤਾ ਜਾ ਸਕਦਾ ਹੈ ਕਿ ਅੱਜ ਵੀ ਭਾਰਤੀ ਕਿਸਾਨ ਘੱਟ ਜ਼ਮੀਨ, ਮਾਨਸੂਨ 'ਤੇ ਨਿਰਭਰਤਾ, ਸਿੰਚਾਈ ਦੇ ਰਵਾਇਤੀ ਸਾਧਨਾਂ, ਵਿੱਤੀ ਔਕੜਾਂ ਅਤੇ ਸਰਕਾਰ ਦੀ ਖੇਤੀ ਖੇਤਰ ਨੂੰ ਉਤਸ਼ਾਹਤ ਕਰਨ ਪ੍ਰਤੀ ਸੁਸਤੀ ਜਿਹੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਗਰੀਬੀ, ਬੇਰੁਜ਼ਗਾਰੀ, ਅਨਪੜ੍ਹਤਾ, ਸਮਾਜਿਕ ਅਤੇ ਲਿੰਗਿਕ ਨਾਬਰਾਬਰੀ, ਸਿਹਤ ਅਤੇ ਵਾਤਾਵਰਨ ਪ੍ਰਤੀ ਜਾਗਰੂਕਤਾ ਦੀ ਕਮੀ ਨੇ ਵੀ ਦੇਸ਼ ਨੂੰ ਸ਼ਿਕੰਜੇ 'ਚ ਲਿਆ ਹੋਇਆ ਹੈ। ਗਰੀਬੀ ਅਤੇ ਬੇਰੁਜ਼ਗਾਰੀ ਕਾਰਨ ਦੇਸ਼ ਦੀ ਜਨਸੰਖਿਆ ਦਾ ਵੱਡਾ ਹਿੱਸਾ ਸਿਹਤ, ਦੇਖ-ਭਾਲ, ਸਿੱਖਿਆ, ਸਾਫ-ਸਫਾਈ ਆਦਿ ਪੱਖਾਂ ਨੂੰ ਗੈਰ-ਜ਼ਰੂਰੀ ਸਮਝ ਕੇ ਪਾਸੇ ਕਰ ਦਿੰਦਾ ਹੈ। ਇਸ ਦੇ ਨਾਲ ਹੀ ਰੁਜ਼ਗਾਰ ਦੀ ਭਾਲ 'ਚ ਇੱਕ ਥਾਂ ਤੋਂ ਦੂਜੀ ਥਾਂ ਭਟਕਦੇ ਅਸਥਾਈ ਮਜ਼ਦੂਰ ਭੈੜੇ ਵਾਤਾਵਰਨ 'ਚ ਰਹਿਣ ਲਈ ਮਜਬੂਰ ਹੁੰਦੇ ਹਨ, ਜੋ ਉਸ ਦੀ ਸਿਹਤ ਅਤੇ ਚੰਗੇ ਵਾਤਾਵਰਨ ਦੀ ਦ੍ਰਿਸ਼ਟੀ ਤੋਂ ਉਸ ਉਤੇ ਨਾਂਹ ਪੱਖੀ ਪ੍ਰਭਾਵ ਪਾਉਂਦੇ ਹਨ।

ਅੱਜ ਦੇਸ਼ ਵਿੱਚ ਅਰਾਜਕਤਾ ਜਿਹਾ ਮਾਹੌਲ ਗਰੀਬੀ, ਭੁੱਖਮਰੀ, ਬੇਰਜ਼ੁਗਾਰੀ ਦੀ ਪੈਦਾਇਸ਼ ਹੈ। ਗਰੀਬ ਹੋਰ ਗਰੀਬ ਅਤੇ ਅਮੀਰ ਹੋਰ ਅਮੀਰ ਹੋ ਰਹੇ ਹਨ। ਕਿਹੋ ਜਿਹੀ ਵਿੰਡਬਨਾ ਹੈ ਕਿ ਇੱਕ ਪਾਸੇ ਲੋਕਾਂ ਨੂੰ ਭੋਜਨ ਦੀ ਘਾਟ ਕਾਰਨ ਮੌਤ ਦੇ ਲੜ ਲੱਗਣਾ ਪੈ ਰਿਹਾ ਹੈ, ਉਨ੍ਹਾਂ ਨੂੰ ਡੰਗ ਭਰ ਦੀ ਰੋਟੀ ਵੀ ਨਸੀਬ ਨਹੀਂ ਹੁੰਦੀ, ਦੂਜੇ ਪਾਸੇ ਸੰਸਕ੍ਰਿਤੀ, ਰਿਵਾਜਾਂ ਕਾਰਨ ਸੈਂਕੜੇ ਟਨ ਭੋਜਨ ਸ਼ਾਹੀ ਤਰੀਕੇ ਨਾਲ ਵਿਆਹਾਂ, ਉਤਸਵਾਂ ਸਮੇਂ ਜੂਠ ਵਜੋਂ ਬਾਹਰ ਸੁੱਟ ਦਿੱਤਾ ਜਾਂਦਾ ਹੈ।

ਅੱਜ ਜਾਤ-ਪਾਤ ਅਤੇ ਧਰਮ ਦੇ ਨਾਂਅ ਉਤੇ ਰਾਖਵਾਂਕਰਨ ਦੇਣ ਦੀਆਂ ਗੱਲਾਂ ਹੋ ਰਹੀਆਂ ਹਨ! ਕੀ ਗਰੀਬੀ ਅਤੇ ਭੁੱਖਮਰੀ ਰਾਖਵਾਂਕਰਨ ਦਾ ਅਧਾਰ ਨਹੀਂ ਬਣ ਸਕਦੀ? ਕੀ ਸਮਾਜ ਵਿਚੋਂ ਨਾਬਰਾਬਰੀ ਖ਼ਤਮ ਕੀਤਿਆਂ ਸਭ ਲਈ ਭੋਜਨ ਦੀ ਅਤੇ ਚੰਗੇ ਭੋਜਨ ਦੀ ਵਿਵਸਥਾ ਨਹੀਂ ਹੋ ਸਕਦੀ?

ਅੱਜ ਦੇਸ਼ ਵਿੱਚ 'ਸਭ ਕਾ ਸਾਥ, ਸਭ ਕਾ ਵਿਕਾਸ' ਦਾ ਨਾਹਰਾ ਗੂੰਜਦਾ ਹੈ, ਭੁੱਖਮਰੀ, ਗਰੀਬੀ ਤੋਂ ਛੁਟਕਾਰੇ ਦਾ ਨਾਹਰਾ ਕਦੋਂ ਗੂੰਜੇਗਾ, ਇਸ ਦੀ ਉਡੀਕ ਹੈ।

ਮਹਾਤਮਾ ਗਾਂਧੀ ਦਾ ਕਥਨ, 'ਜੋ ਸਭ ਤੋਂ ਗਰੀਬ ਅਤੇ ਕਮਜ਼ੋਰ ਆਦਮੀ ਤੁਸੀਂ ਵੇਖਿਆ ਹੈ, ਉਸ ਦੀ ਸ਼ਕਲ ਯਾਦ ਕਰੋ ਅਤੇ ਆਪਣੇ ਦਿਲ ਤੋਂ ਪੁੱਛੋ ਕਿ ਜੋ ਕਦਮ ਤੁਸੀਂ ਪੁੱਟਣ ਦਾ ਵਿਚਾਰ ਕਰ ਰਹੇ ਹੋ, ਇਹ ਆਦਮੀ ਲਈ ਕਿੰਨਾ ਗੁਣਕਾਰੀ ਹੋਏਗਾ। ਕੀ ਇਸ ਨਾਲ ਉਨ੍ਹਾਂ ਕਰੋੜਾਂ ਲੋਕਾਂ ਨੂੰ ਸਵਰਾਜ ਮਿਲ ਸਕੇਗਾ, ਜਿਨ੍ਹਾਂ ਦੇ ਢਿੱਡ ਭੁੱਖੇ ਹਨ ਅਤੇ ਆਤਮਾ ਅਤ੍ਰਿਪਤ ਹੈ।'

***# ਸੰਪਰਕ : 98158-02070***

# ਮੌਤ ਦੇ ਸਾਏ ਹੇਠ ਹੈ ਪੱਤਰਕਾਰੀ ਕਿੱਤਾ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਅਜੋਕੇ ਦੌਰ ਵਿੱਚ ਪੱਤਰਕਾਰੀ ਦਾ ਕਿੱਤਾ ਕੰਡਿਆਂ ਦੀ ਸੇਜ ਬਣਦਾ ਜਾ ਰਿਹਾ ਹੈ। ਇਸ ਤਲਖ਼ ਸਮੇਂ ਵਿੱਚ ਪੱਤਰਕਾਰੀ ਕਰਨ ਦਾ ਅਰਥ ਹੈ ਹਰ ਘੜੀ ਮੌਤ ਦੇ ਸਾਏ ਹੇਠ ਚੱਲਣਾ। ਸੂਚਨਾ ਕ੍ਰਾਂਤੀ ਨੇ ਪ੍ਰਿੰਟ ਅਤੇ ਇਲੈਕਟ੍ਰੌਨਿਕ ਮੀਡੀਆ ਵਿੱਚ ਕੰਮ ਕਰਦੇ ਪੱਤਰਕਾਰਾਂ 'ਤੇ ਜਲਦੀ ਅਤੇ ਸਟੀਕ ਖ਼ਬਰਾਂ ਅਤੇ ਸਟੋਰੀਆਂ ਭੇਜਣ ਦਾ ਦਬਾਅ ਕਾਫੀ ਵਧਾ ਦਿੱਤਾ ਹੈ। ਜਿਵੇਂ-ਜਿਵੇਂ ਸਮਾਜ ਅੰਦਰ ਸਮੱਸਿਆਵਾਂ ਅਤੇ ਜੁਰਮਾਂ ਵਿੱਚ ਵਾਧਾ ਹੋ ਰਿਹਾ ਹੈ, ਤਿਵੇਂ-ਤਿਵੇਂ ਪੱਤਰਕਾਰਾਂ 'ਤੇ ਸੱਚੀਆਂ ਅਤੇ ਪੱਕੀਆਂ ਖ਼ਬਰਾਂ ਜਨਤਾ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਵਧਦੀ ਜਾਂਦੀ ਹੈ। ਜ਼ਿੰਮੇਵਾਰੀ ਅਤੇ ਸੱਚਾਈ ਦਾ ਦਾਮਨ ਫੜ ਕੇ ਪੱਤਰਕਾਰੀ ਕਰਨ ਵਾਲੇ ਅਨੇਕਾਂ ਪੱਤਰਕਾਰਾਂ ਨੂੰ ਨਾ ਕੇਵਲ ਕਈ ਵਾਰ ਆਪਣੀਆਂ ਨੌਕਰੀਆਂ ਤੋਂ ਹੱਥ ਧੋਣਾ ਪਿਆ ਹੈ, ਸਗੋਂ ਅਨੇਕਾਂ ਪੱਤਰਕਾਰਾਂ ਨੂੰ ਆਪਣੀਆਂ ਜਾਨਾਂ ਤੱਕ ਵੀ ਆਪਣੇ ਫ਼ਰਜ਼ ਤੋਂ ਕੁਰਬਾਨ ਕਰ ਦੇਣੀਆਂ ਪਈਆਂ ਹਨ। ਬੜਾ ਦੁੱਖ ਹੁੰਦਾ ਹੈ ਇਹ ਜਾਣ ਕੇ ਕਿ ਸੱਚੀ-ਸੁੱਚੀ ਪੱਤਰਕਾਰੀ ਨੂੰ ਆਪਣਾ ਧਰਮ ਮੰਨ ਕੇ ਆਪਣੀਆਂ ਜਾਨਾਂ ਤੱਕ ਵਾਰ ਦੇਣ ਵਾਲੇ ਪੱਤਰਕਾਰਾਂ ਦੇ ਕਾਤਲਾਂ ਜਾਂ ਉਨ੍ਹਾ ਦਾ ਭਾਰੀ ਨੁਕਸਾਨ ਕਰਨ ਵਾਲੇ ਅਪਰਾਧੀਆਂ ਨੂੰ ਵੱਖ-ਵੱਖ ਕਾਰਨਾਂ ਕਰਕੇ ਬਣਦੀਆਂ ਸਜ਼ਾਵਾਂ ਪ੍ਰਦਾਨ ਨਹੀਂ ਕੀਤੀਆਂ ਜਾਂਦੀਆਂ। ਇਸ ਕੁਚੱਜੀ ਵਿਵਸਥਾ ਦਾ ਵਿਰੋਧ ਕਰਨ ਲਈ ਅੱਜ 2 ਨਵੰਬਰ ਦੇ ਦਿਨ ਦੁਨੀਆ ਭਰ ਵਿੱਚ 'ਪੱਤਰਕਾਰਾਂ ਖ਼ਿਲਾਫ਼ ਜੁਰਮ ਕਰਨ ਵਾਲੇ ਅਪਰਾਧੀਆਂ ਸੰਬੰਧੀ ਮੁਆਫ਼ੀ ਖ਼ਾਤਮਾ ਦਿਵਸ' ਮਨਾਇਆ ਜਾ ਰਿਹਾ ਹੈ ਤੇ ਉਨ੍ਹਾ ਬਹਾਦਰ ਤੇ ਸੂਰਬੀਰ ਪੱਤਰਕਾਰਾਂ ਅਤੇ ਮੀਡੀਆ ਕਰਮੀਆਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਜਾ ਰਹੀਆਂ ਹਨ, ਜਿਨ੍ਹਾ ਨੇ ਜਾਬਰਾਂ ਤੇ ਜ਼ਾਲਮਾਂ ਅੱਗੇ ਗੋਡੇ ਟੇਕਣ ਦੀ ਥਾਂ ਮੌਤ ਅੱਗੇ ਨਤਮਸਤਕ ਹੋਣਾ ਹੀ ਬਿਹਤਰ ਸਮਝਿਆ ਸੀ।

ਇਤਿਹਾਸਕ ਤੱਥ ਦੱਸਦੇ ਹਨ ਕਿ 'ਇੰਟਰਨੈਸ਼ਨਲ ਫ਼ਰੀਡਮ ਆਫ਼ ਐਕਸਪ੍ਰੈਸ਼ਨ ਐਕਸਚੇਂਜ' ਭਾਵ 'ਕੌਮਾਂਤਰੀ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ' ਨਾਮਕ ਸੰਸਥਾ ਨੇ ਸੰਨ 2011 ਵਿੱਚ 23 ਨਵੰਬਰ ਦਾ ਦਿਨ ਉਕਤ ਦਿਵਸ ਮਨਾਉਣ ਲਈ ਨਿਸ਼ਚਿਤ ਕੀਤਾ ਸੀ, ਕਿਉਂਕਿ 23 ਨਵੰਬਰ ਸੰਨ 2009 ਨੂੰ ਫ਼ਿਲਪੀਨਜ਼ ਦੇ ਐਮਪੈਚਿਓਨ ਕਸਬੇ ਵਿੱਚ ਵਾਪਰੇ ਇੱਕ ਵੱਡੇ ਹੱਤਿਆਕਾਂਡ ਵਿੱਚ ਕੁੱਲ 58 ਵਿਅਕਤੀ ਮਾਰੇ ਗਏ ਸਨ, ਜਿਨ੍ਹਾ ਵਿੱਚੋਂ 32 ਪੱਤਰਕਾਰ ਸਨ। ਸੰਨ 2013 ਦੇ ਦਸੰਬਰ ਮਹੀਨੇ ਵਿੱਚ ਉਕਤ ਸੰਸਥਾ ਅਤੇ ਸਿਵਲ ਸੁਸਾਇਟੀ ਦੇ ਮੈਂਬਰਾਂ ਨੇ ਸੰਯੁਕਤ ਰਾਸ਼ਟਰ ਸੰਘ ਅੱਗੇ ਉਕਤ ਦਿਵਸ ਵਿਸ਼ਵ ਪੱਧਰ 'ਤੇ ਮਨਾਏ ਜਾਣ ਦਾ ਸੁਝਾਅ ਦਿੱਤਾ ਸੀ, ਜਿਸ ਦੇ ਪ੍ਰਭਾਵ ਹੇਠ ਸੰਯੁਕਤ ਰਾਸ਼ਟਰ ਸੰਘ ਦੀ ਆਮ ਸਭਾ ਨੇ ਸ਼ਹੀਦ ਪੱਤਰਕਾਰਾਂ ਨੂੰ ਨਿਆਂ ਦਿਵਾਉਣ ਨੂੰ ਸਮਰਪਿਤ ਇਹ ਦਿਵਸ ਹਰ ਸਾਲ 2 ਨਵੰਬਰ ਦੇ ਦਿਨ ਮਨਾਉਣ ਸੰਬੰਧੀ ਮਤਾ ਪਾਸ ਕਰ ਦਿੱਤਾ ਸੀ। ਇਸ ਦਿਵਸ ਲਈ 2 ਨਵੰਬਰ ਦਾ ਦਿਨ ਚੁਣੇ ਜਾਣ ਦਾ ਮੁੱਖ ਕਾਰਨ ਉਸੇ ਸਾਲ ਭਾਵ ਸੰਨ 2013 ਵਿੱਚ ਗਿਸਲੇਵ ਡਿਊਪੋਂਟ ਅਤੇ ਕਲੌਡ ਵਰਲੋਨ ਨਾਮਕ ਦੋ ਫ਼ਰਾਂਸੀਸੀ ਪੱਤਰਕਾਰਾਂ ਦੀ ਕੀਤੀ ਗਈ ਹੱਤਿਆ ਸੀ।

'ਇੰਟਰਨੈਸ਼ਨਲ ਫ਼ਰੀਡਮ ਆਫ਼ ਐਕਸਪ੍ਰੈਸ਼ਨ ਐਕਸਚੇਂਜ' ਸੰਸਥਾ ਸਾਰਾ ਸਾਲ ਇਹ ਮੁਹਿੰਮ ਚਲਾਉਂਦੀ ਹੈ ਕਿ ਪੱਤਰਕਾਰਾਂ ਦੇ ਕਾਤਲਾਂ ਜਾਂ ਉਨ੍ਹਾ ਨਾਲ ਜ਼ਿਆਦਤੀ ਕਰਨ ਵਾਲੇ ਨੂੰ ਕਿਸੇ ਪ੍ਰਕਾਰ ਦੀ ਵੀ ਮੁਆਫ਼ੀ ਜਾਂ ਰਿਆਇਤ ਨਹੀਂ ਮਿਲਣੀ ਚਾਹੀਦੀ। ਪ੍ਰਾਪਤ ਅੰਕੜੇ ਦੱਸਦੇ ਹਨ ਕਿ ਸੰਨ 1995 ਤੋਂ ਸੰਨ 2022 ਤੱਕ ਕੁੱਲ 1853 ਤੋਂ ਵੱਧ ਪੱਤਰਕਾਰਾਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ ਸਨ ਤੇ ਪੱਤਰਕਾਰਾਂ ਦੇ ਹਤਿਆਰਿਆਂ ਨੂੰ ਸਜ਼ਾਵਾਂ ਮਿਲਣ ਦੇ ਮਾਮਲੇ ਇੰਨੇ ਘੱਟ ਹਨ ਕਿ ਇਨ੍ਹਾਂ ਦੀ ਸੰਖਿਆ ਕੁੱਲ ਮਾਮਲਿਆਂ ਦਾ ਕੇਵਲ ਦਸ ਪ੍ਰਤੀਸ਼ਤ ਬਣਦੀ ਹੈ। ਕੌਮਾਂਤਰੀ ਸੰਸਥਾ 'ਯੂਨੈਸਕੋ' ਇਸ ਗੱਲ ਦੀ ਹਾਮੀ ਹੈ ਕਿ ਸਮੂਹ ਪੱਤਰਕਾਰਾਂ ਨੂੰ ਨਾ ਕੇਵਲ ਉਚਿੱਤ ਸੁਰੱਖਿਆ ਪ੍ਰਾਪਤ ਹੋਣੀ ਚਾਹੀਦੀ ਹੈ, ਸਗੋਂ ਜਾਨਾਂ ਗੁਆਉਣ ਵਾਲੇ ਪੱਤਰਕਾਰਾਂ ਨੂੰ ਇਨਸਾਫ਼ ਦਿੰਦਿਆਂ ਹੋਇਆਂ ਉਨ੍ਹਾ ਦੇ ਕਾਤਲਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ।

ਅੱਜ ਦਾ ਇਹ ਦਿਨ ਉਨ੍ਹਾ ਸਮੂਹ ਮਾਮਲਿਆਂ ਬਾਰੇ ਚਰਚਾ ਛੇੜਨ ਅਤੇ ਆਵਾਜ਼ ਉਠਾਉਣ ਦਾ ਦਿਨ ਹੈ, ਜਿਨ੍ਹਾ ਮਾਮਲਿਆਂ ਵਿੱਚ ਮ੍ਰਿਤਕ ਜਾਂ ਜ਼ਖ਼ਮੀ ਪੱਤਰਕਾਰਾਂ ਨੂੰ ਅਜੇ ਤੱਕ ਇਨਸਾਫ਼ ਨਹੀਂ ਮਿਲਿਆ ਹੈ ਤੇ ਸਮਰਪਿਤ ਅਤੇ ਦਿਆਨਤਦਾਰ ਪੱਤਰਕਾਰਾਂ ਦੇ ਹਤਿਆਰੇ ਸ਼ਰੇਆਮ ਖੁੱਲ੍ਹੇਆਮ ਘੁੰਮ-ਫਿਰ ਰਹੇ ਹਨ। ਇਸ ਦਿਨ ਉਕਤ ਮਾਮਲਿਆਂ ਸੰਬੰਧੀ ਸੈਮੀਨਾਰ, ਲੈਕਚਰ ਅਤੇ ਹੋਰ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ ਤੇ ਸਰਕਾਰੀ ਨੁਮਾਇੰਦਿਆਂ ਅਤੇ ਅਫ਼ਸਰਾਂ ਨੂੰ ਮ੍ਰਿਤਕ ਪੱਤਰਕਾਰਾਂ ਨੂੰ ਬਣਦਾ ਇਨਸਾਫ਼ ਪ੍ਰਦਾਨ ਕੀਤੇ ਜਾਣ ਸੰਬੰਧੀ ਆਵਾਜ਼ ਉਠਾਈ ਜਾਂਦੀ ਹੈ।

***# ਸੰਪਰਕ : 97816-46008***

# ਇੱਕ ਪਿੱਪਲ ਦੀ ਗਾਥਾ

ਕਸ਼ਮੀਰ ਸਿੰਘ ਸੰਧੂ ਕਾਦੀਆਂ

ਗੱਲ ਦੋ ਕੁ ਦਹਾਕੇ ਪੁਰਾਣੀ ਹੈ ਜਦੋਂ ਮੈਂ ਇੱਕ 30 ਕੁ ਵਰ੍ਹਿਆਂ ਨੂੰ ਢੁੱਕੇ ਇੱਕ ਪਿੱਪਲ ਦੀ ਗਾਥਾ ਸੁਣੀ, ਜਿਹੜਾ ਬੀਤੇ ਤਿੰਨ ਕੁ ਦਹਾਕਿਆਂ ਦੇ ਸਮੇਂ ਨੂੰ ਯਾਦ ਕਰਕੇ ਕੁਝ ਸਮੇਂ ਲਈ ਆਪਣੇ ਹੰਝੂ ਆਪਣੇ ਹੀ ਅੰਦਰ ਸਮੇਟ ਰਿਹਾ ਹੋਵੇ ਅਤੇ ਸੋਚ ਰਿਹਾ ਹੋਵੇ ਆਪਣੇ ਉਸ ਪਾਲਣਹਾਰੇ ਬਾਪੂ ਬਾਰੇ, ਜਿਸ ਨੇ ਪਤਾ ਨਹੀਂ ਕਿੰਨੇ ਕੁ ਚਾਵਾਂ ਨਾਲ ਉਸ ਨੂੰ ਲੋਕਾਂ ਨੂੰ ਸਮਰਪਿਤ ਕਰਨ ਲਈ ਪਿੰਡੋਂ ਬਾਹਰ ਰੇਲਵੇ ਲਾਈਨ 'ਤੇ ਇੱਕ ਨਿਵੇਕਲੀ ਜਿਹੀ ਥਾਂ 'ਤੇ ਬੜੇ ਚਾਅ ਨਾਲ ਗੱਡ ਦਿੱਤਾ ਸੀ। ਨਜ਼ਦੀਕ ਇੱਕ ਨਲਕਾ ਵੀ ਲਗਵਾ ਦਿੱਤਾ । ਫਿਰ ਕੀ ਸੀ? ਸਮਾਂ ਬੀਤਦਾ ਗਿਆ। ਸੁੱਖ ਨਾਲ ਆਉਂਦੇ-ਜਾਂਦੇ ਰਾਹਗੀਰ ਠੰਢੀ ਛਾਂ ਹੇਠ ਰੁਕ ਕੇ ਆਪਣੀ ਥਕਾਵਟ ਦੂਰ ਕਰ ਤਰੋਤਾਜ਼ਾ ਹੋ ਕੇ ਆਪਣੀ ਮੰਜ਼ਲ ਵੱਲ ਰਵਾਨਾ ਹੋ ਜਾਂਦੇ, ਪਰ ਅਜੋਕੇ ਸਮੇਂ ਵਿੱਚ ਲੋਕ ਉਸ ਦੀ ਬਦਖੋਈ ਭੂਤਾਂ-ਪ੍ਰੇਤਾਂ ਦਾ ਡੇਰਾ ਕਹਿ ਕੇ ਕਰਨ ਲੱਗ ਪਏ। ਉਹਨਾਂ ਵਿੱਚੋਂ ਜਦ ਕੁਝ ਪੜ੍ਹੇ-ਲਿਖੇ ਲੋਕ ਉਸ ਅੰਦਰ ਭੂਤਾਂ-ਪ੍ਰੇਤਾਂ ਦਾ ਵਾਸਾ ਹੋਣ ਦੀ ਚਰਚਾ ਕਰਦੇ ਤਾਂ ਸਹੀ ਸੋਚ ਰੱਖਣ ਵਾਲੇ ਮਨੁੱਖ ਦੇ ਅੰਦਰ ਅੱਗ ਦੇ ਭਾਂਬੜ ਬਲ ਉੱਠਦੇ। ਉਹ ਸੋਚਦੇ ਕਿ ਕਿਵੇਂ ਹੋਣਗੇ ਇਹਨਾਂ ਅੰਧ-ਵਿਸ਼ਵਾਸੀ ਲੋਕਾਂ ਦੇ ਸ਼ੰਕੇ ਦੂਰ ? ਇੰਜ ਲੱਗਦਾ ਜਿਵੇਂ ਪਿੱਪਲ ਬੋਲਦਾ ਹੋਵੇ ਕਿ ਕੁਝ ਸਵਾਰਥੀ ਲੋਕਾਂ ਨੇ ਮੇਰੇ 'ਤੇ ਤਿੱਖੇ ਵਾਰ ਕਰਨੇ ਸ਼ੁਰੂ ਕਰ ਦਿੱਤੇ ਤੇ ਹਰ ਸਾਲ ਵਹਿਮਾਂ ਦਾ ਸ਼ਿਕਾਰ ਹੋ ਕੇ ਮੈਨੂੰ ਛਾਂਗ ਦਿੱਤਾ ਜਾਂਦਾ ਅਤੇ ਮੇਰੇ ਦਿਲ ਦੇ ਅੰਦਰ ਜੋ ਅਰਮਾਨ ਸਨ, ਕਤਲ ਕਰ ਦਿੱਤੇ ਜਾਂਦੇ। ਬੀਤੇ ਸਾਲ ਹੀ ਜਦੋਂ ਕਈ ਰਾਹੀ ਮੇਰੇ ਕੋਲੋਂ ਲੰਘਦੇ ਹੋਏ 21ਵੀਂ ਸਦੀ ਦੀ ਗੱਲ ਕਰਦੇ ਤਾਂ ਮੈਨੂੰ ਇਉਂ ਮਹਿਸੂਸ ਹੁੰਦਾ ਕਿ ਸ਼ਾਇਦ ਸਰਕਾਰ ਵਣ ਪ੍ਰਾਣੀ ਤੇ ਵਣ ਵਿਰਾਸਤ ਦੀ ਰਾਖੀ ਵਾਸਤੇ ਉਲੀਕੇ ਪ੍ਰੋਗਰਾਮਾਂ ਅਧੀਨ ਮੇਰੇ ਅਧਿਕਾਰਾਂ ਦੀ ਰਾਖੀ ਕਰੇਗੀ, ਪਰ 21ਵੀਂ ਸਦੀ 'ਚ ਸੱਚ ਮੰਨਿਓ ਮੈਂ ਤਾਂ ਬਹੁਤ ਉਮੀਦਾਂ ਲਗਾਈ ਬੈਠਾ ਸੀ ਕਿ ਮਨੁੱਖਾਂ ਨਾਲ ਮੇਰੇ ਵਾਂਗ ਹੁੰਦੀਆਂ ਜ਼ਿਆਦਤੀਆਂ ਵੀ ਖਤਮ ਹੋ ਜਾਣਗੀਆਂ।



ਕਿੰਨੀਆਂ ਆਸਾਂ-ਉਮੀਦਾਂ ਲਾਈ ਬੈਠਾ ਸੀ, ਮੈਂ ਪਰ ਕਿਸੇ ਨੇ ਮੇਰੇ ਹੰਝੂਆਂ, ਅਰਮਾਨਾਂ, ਦਰਦਾਂ ਨੂੰ ਨਹੀਂ ਵਾਚਿਆ ਤੇ ਮੇਰੀ ਠਾਠਾਂ ਮਾਰਦੀ ਜਵਾਨੀ ਨੂੰ ਝੰਜੋੜ ਕੇ ਰੱਖ ਦਿੱਤਾ, ਪਰ ਇਸ ਵਾਰ ਤਾਂ ਕੁਝ ਅਜੀਬ ਜਿਹਾ ਹੀ ਭਾਣਾ ਵਰਤ ਗਿਆ। ਪਤਾ ਜੇ ਤੁਹਾਨੂੰ? ਮੇਰੇ ਨਜ਼ਦੀਕ ਲੱਗੇ ਨਲਕੇ ਤੋਂ ਜਿੱਥੋਂ ਰੋਜ਼ਾਨਾ ਰਾਹਗੀਰ ਆਪਣੀ ਪਿਆਸ ਬੁਝਾਉਂਦੇ ਸਨ, ਉਨ੍ਹਾਂ 'ਚੋਂ ਹੀ ਕਿਸੇ ਇੱਕ ਨੇ ਮੇਰੇ ਜ਼ਖਮਾਂ 'ਚੋਂ ਬੂੰਦ - ਬੂੰਦ ਡਿਗਦੇ ਤੁਬਕੇ ਦੇਖ ਲਏ, ਫਿਰ ਕੀ ਸੀ? ਬਸ ਏਨੀ ਦੇਰ ਹੋਈ ਦੱਸਣ ਦੀ। ਇਕ ਤੋਂ ਬਾਅਦ ਲਾਈਨ ਲੱਗ ਗਈ ਵੇਖਣ ਵਾਲਿਆਂ ਦੀ ਕਿ ਪਿੱਪਲ ਵਿੱਚੋਂ ਪਾਣੀ ਆ ਮੁਹਾਰੇ ਵਹਿ ਰਿਹਾ। ਕੁਝ ਪਖੰਡੀ ਲੋਕਾਂ ਨੇ ਇਸ ਨੂੰ ਅੰਮ੍ਰਿਤ ਕਹਿ ਕੇ ਪ੍ਰਚਾਰ ਸ਼ੁਰੂ ਕਰ ਦਿੱਤਾ ਤੇ ਪਿੰਡ-ਪਿੰਡ, ਘਰ-ਘਰ ਇਸ ਦੀ ਚਰਚਾ ਹੋਣ ਲੱਗ ਗਈ। ਮੇਰੇ ਮੁੱਢ 'ਤੇ ਬਾਬੇ ਨਾਨਕ ਦੀ ਫੋਟੋ ਟੰਗ ਦਿੱਤੀ ਗਈ ਤੇ ਧੂਫ-ਬੱਤੀਆਂ ਵੀ ਜਗਾ ਦਿੱਤੀਆਂ ਗਈਆਂ। ਦੂਜੇ ਪਾਸੇ ਮੇਰੇ ਜ਼ਖਮਾਂ 'ਤੇ ਮੱਲ੍ਹਮ ਲਗਾਉਣ ਦੀ ਥਾਂ ਮੇਰੇ 'ਤੇ ਹੋਰ ਜ਼ਖਮ ਕੀਤੇ ਜਾਣ ਲੱਗ ਪਏ। ਅਖੌਤੀ ਅੰਮ੍ਰਿਤਧਾਰਾ ਤੇਜ਼ ਕਰਨ ਲਈ! ਭਲਾ ਕੋਈ ਘਾਟ ਹੈ ਸਾਡੇ ਦੇਸ਼ ਅੰਦਰ ਭੇਡਚਾਲੀਆਂ ਦੀ? ਆਉਂਦੇ ਅਤੇ ਮੈਨੂੰ ਮੱਥਾ ਟੇਕ ਕੇ ਮਾਇਆ ਅਰਪਤ ਕਰਦੇ, ਸੁੱਖਣਾ ਸੁੱਖਦੇ ਅਤੇ ਅਖੌਤੀ ਅੰਮ੍ਰਿਤ ਦਾ ਦੁਰਲੱਭ ਪ੍ਰਸਾਦ ਪ੍ਰਾਪਤ ਕਰਦੇ ਅਤੇ ਘਰਾਂ ਨੂੰ ਲਿਜਾਣ ਲਈ ਵੀ ਉਤਾਵਲੇ ਹੁੰਦੇ ਤਾਂ ਕਿ ਉਹਨਾਂ ਦੀਆਂ ਸਭ ਦੁੱਖ-ਤਕਲੀਫਾਂ ਦੂਰ ਹੋ ਜਾਣ, ਪਰ ਭੇਡਚਾਲੀਆਂ, ਅੰਧ-ਵਿਸ਼ਵਾਸੀ ਲੋਕਾਂ ਦੀ ਬਹੁਤ ਵਧ ਰਹੀ ਗਿਣਤੀ ਨੂੰ ਵੇਖਦੇ ਹੋਏ ਇਸ ਅੰਮ੍ਰਿਤ ਵਿੱਚ ਪਿੱਪਲ ਨੇੜੇ ਲੱਗੇ ਨਲਕਾ ਸਾਹਿਬ ਦਾ ਵੀ ਯੋਗਦਾਨ ਲੈਣਾ ਸੁਰੂ ਕਰ ਦਿੱਤਾ ਅਤੇ ਅੰਮ੍ਰਿਤ ਵਿੱਚ ਨਲਕੇ ਤੋਂ ਪਾਣੀ ਮਿਲਾ ਕੇ ਜਲ ਦੇ ਰੂਪ ਵਿੱਚ ਲੋਕਾਂ ਨੂੰ ਵਰਤਾਇਆ ਜਾਣ ਲੱਗ ਪਿਆ ।

ਫਿਰ ਨਲਕੇ ਦੀ ਮਹੱਤਤਾ ਤਾਂ ਆਪਣੇ ਆਪ ਹੀ ਵਧਣੀ ਸੀ। ਇਸ ਸਾਰੇ ਪ੍ਰਪੰਚ ਦੇ ਜਨਮਦਾਤੇ ਇੱਕ ਅਖੌਤੀ ਬਾਬਾ ਜੀ ਸਨ। ਅਖੇ ਨਲਕਾ ਪਿੱਪਲ ਦੀ ਛਾਂ ਹੇਠ ਕਰੀਬ ਪਿਛਲੇ ਤਿੰਨ ਦਹਾਕਿਆਂ ਤੋਂ ਰਾਹੀਆਂ ਤੱਕ ਦੀ ਪਿਆਸ ਬੁਝਾ ਰਿਹਾ ਹੈ, ਇਸ ਲਈ ਇਸ ਦੇ ਪਾਣੀ ਨੂੰ ਹੀ ਭਵਿੱਖ ਵਿੱਚ ਅੰਮ੍ਰਿਤ ਦਾ ਸੋਮਾ ਮੰਨਿਆ ਜਾਵੇਗਾ ਅਤੇ ਪਿੱਪਲ ਦੀ ਜਗ੍ਹਾ 'ਤੇ ਇੱਕ ਗੁਰਦੁਆਰਾ ਸਾਹਿਬ ਦੀ ਉਸਾਰੀ ਕੀਤੀ ਜਾਵੇਗੀ, ਲਓ ਜੀ, ਸੰਗਤ ਜੁੜਨ ਲੱਗ ਪਈ। ਕੁਝ ਹੀ ਦਿਨਾਂ ਵਿੱਚ ਲਗਾਤਾਰ ਲੰਗਰ ਲੱਗਣ ਲੱਗ ਪਿਆ। ਅਖੰਡ ਪਾਠ ਰਖਵਾਏ ਗਏ । ਭੋਗ ਪਾਏ ਗਏ, ਬਿਨਾਂ ਕਿਸੇ ਛੱਤ ਦੇ ਇੱਥੋਂ ਤੱਕ ਕਿ ਚਮਤਕਾਰ ਹੋਣ ਲੱਗ ਪਏ ਕਿ ਜਿਹੜੀ ਗੱਡੀ ਪਿਛਲੇ ਕੋਈ 30 ਕੁ ਵਰ੍ਹਿਆਂ ਤੋਂ ਮੇਰੇ ਲਾਗੇ ਤੋਂ ਲੰਘ ਜਾਂਦੀ ਸੀ, ਉਹ ਵੀ ਹੁਣ ਬਿਨਾਂ ਕਿਸੇ ਸਟੇਸ਼ਨ ਜਾਂ ਲਾਲ ਝੰਡੀ ਤੋਂ ਬਿਨਾਂ ਹੀ ਰੁਕਣ ਲੱਗ ਪਈ, ਪਰ ਮੇਰੇ ਵਹਿ ਰਹੇ ਹੰਝੂ ਹੁਣ ਧਰਤੀ 'ਤੇ ਨਹੀਂ, ਸਗੋਂ ਪਿੰਡ ਦੇ ਲੋਕਾਂ ਵੱਲੋਂ ਮੇਰੇ ਅੱਧ ਕੱਟੇ ਹੋਏ ਟਾਹਣਿਆਂ ਨਾਲ ਬੰਨ੍ਹ ਦਿੱਤੀਆਂ ਗਈਆਂ ਬਾਲਟੀਆਂ ਵਿੱਚ ਡਿੱਗ ਰਹੇ ਸਨ ਤੇ ਅੰਮ੍ਰਿਤ ਤਿਆਰ ਹੋ ਰਿਹਾ ਸੀ। ਕੁਝ ਲੋਕ ਤਾਂ ਆਪਣਾ ਤੋਰੀ-ਫੁਲਕਾ ਤੋਰਨ ਲਈ ਮੇਰੀ ਜਗ੍ਹਾ 'ਤੇ ਇੱਕ ਡੇਰਾ ਬਣਾਉਣ ਦੀ ਸੋਚ ਰਹੇ ਸਨ। ਮੇਰੀ ਖ਼ੁਸ਼ਕਿਸਮਤੀ ਹੀ ਸਮਝੋ। ਕੁਝ ਇੱਕ ਵਿਗਿਆਨਿਕ ਸੋਚ ਵਾਲੇ ਤਰਕਸ਼ੀਲਾਂ ਨੇ ਆਣ ਦਖਲ ਦਿੱਤਾ ਤੇ ਸਾਰੇ ਪਰਪੰਚ ਦੀ ਪੋਲ ਖੋਲ੍ਹਦਿਆਂ ਸਿੱਧ ਕੀਤਾ ਕਿ ਇਹ ਕੋਈ ਅੰਮ੍ਰਿਤ ਨਹੀਂ ਹੈ। ਇਹ ਤਾਂ ਪਿੱਪਲ ਅੰਦਰ ਦਾ ਦਰਦ ਹੈ। ਉਸ ਨੂੰ ਦਿੱਤੇ ਫੱਟਾਂ 'ਚੋਂ ਵਹਿ ਰਿਹਾ ਪਾਣੀ ਹੈ, ਜਿਸ ਨੂੰ ਅੰਮ੍ਰਿਤ ਕਹਿ ਕੇ ਤੁਸੀਂ ਖਿੱਲੀ ਉਡਾ ਰਹੇ ਹੋ।

ਉਸ ਪਖੰਡੀ ਬਾਬੇ ਨੇ ਤਾਂ ਇਹ ਵੀ ਕਹਿ ਦਿੱਤਾ ਸੀ ਕਿ ਮੇਰੇ ਵਿੱਚੋਂ ਵਗਣ ਵਾਲਾ ਪਾਣੀ ਨਾਰੀਅਲ ਦੇ ਪਾਣੀ ਵਾਂਗ ਮਿੱਠਾ ਹੈ ਤੇ ਮੇਰੀ ਇੱਕ ਜਲ ਨਾਨਕ ਇੱਕ ਜੜ੍ਹ ਅਚਲ ਸਾਹਿਬ ਤੋਂ ਤੇ ਇੱਕ ਜਦ ਰਾਮਪੁਰਾ ਪਿੰਡ ਤੋਂ ਆਈਆਂ ਹਨ ਜਦ ਕਿ ਮੈਨੂੰ ਲਗਾਉਣ ਵਾਲੇ ਵਿਅਕਤੀ ਦੇ ਪਰਵਾਰ ਨਾਲ ਰਾਬਤਾ ਕਰਨ 'ਤੇ ਪਤਾ ਲੱਗਾ ਕਿ ਉਹਨਾਂ ਦੇ ਬਜ਼ੁਰਗ ਨੇ ਕੋਈ 30 ਸਾਲ ਪਹਿਲਾਂ ਆਪਣੀ ਹੀ ਹਵੇਲੀ 'ਚੋਂ ਪੁੱਟ ਕੇ ਮੈਨੂੰ ਇਸ ਜਗ੍ਹਾ ਲਗਾਇਆ ਸੀ ਤੇ ਉਹ ਦਿਨ ਵੀ ਆ ਗਿਆ ਜਦੋਂ ਪੂਰੇ ਪੰਜਾਬ 'ਚੋਂ ਲੋਕ ਬਾਬਾ ਜੀ ਤੇ ਤਰਕਸ਼ੀਲਾਂ ਦੇ ਵਿਚਾਰ ਸੁਣਨ ਲਈ ਇਕੱਠੇ ਹੋਏ । ਸੱਚ ਸਭ ਦੇ ਸਾਹਮਣੇ ਆ ਗਿਆ। ਮੈਨੂੰ ਕੁਰਬਾਨ ਕਰ ਦਿੱਤਾ ਗਿਆ, ਕੁਝ ਸੂਝਵਾਨ ਲੋਕਾਂ ਦੀ ਹਾਜ਼ਰੀ ਵਿੱਚ ਚਾਹੁੰਦੇ ਸਨ ਕਿ ਮੇਰੀ ਵਜ੍ਹਾ ਨਾਲ ਕਈ ਹੋਰ ਲੋਕ ਅੰਧ-ਵਿਸ਼ਵਾਸੀ ਨਾ ਹੋ ਜਾਣ। ਮੈਂ ਇਸ ਕੁਰਬਾਨੀ 'ਤੇ ਫਖਰ ਕਰਾਂਗਾ ਤੇ ਤਰਕਸ਼ੀਲ ਸੋਚ ਰੱਖਣ ਵਾਲੇ ਲੋਕਾਂ ਦਾ ਧੰਨਵਾਦੀ ਰਹਾਂਗਾ।

***# ਸੰਪਰਕ : 78379-17054***

# ਟੈਕਨੀਕਲ ਸਰਵਿਸਿਜ਼ ਯੂਨੀਅਨ ਦਾ ਰੋਸ ਧਰਨਾ ਦੂਜੇ ਦਿਨ ਵੀ ਜਾਰੀ



**ਮੱਖੂ (ਰਛਪਾਲ ਸਿੰਘ ਸੰਧੂ)**
ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਦਫਤਰ ਉਪ ਮੰਡਲ ਮਖੂ ਵਿਖੇ ਦਫਤਰੀ ਸਟਾਫ ਦੀ ਘਾਟ ਨੂੰ ਪੂਰਾ ਕਰਵਾਉਣ ਦੇ ਸਬੰਧ ਵਿੱਚ ਸਬ ਡਵੀਜਨ ਮਖੂ ਵਿਖੇ ਸੁਖਵਿੰਦਰ ਸਿੰਘ ਘੁੱਦੂਵਾਲਾ ਦੀ ਪ੍ਰਧਾਨਗੀ ਦੀ ਅਗਵਾਈ ਹੇਠ ਲਗਾਇਆ ਹੋਇਆ ਰੋਸ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ। ਇਸ ਰੋਸ ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਡਵੀਜ਼ਨ ਪ੍ਰਧਾਨ ਸੁਖਦੇਵ ਸਿੰਘ ਲੋਹਕਾ ਪਹੁੰਚੇ ਹੋਏ ਹਨ। ਇਸ ਮੌਕੇ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਆਗੂਆਂ ਕਿਹਾ ਕਿ ਦਫਤਰ ਉਪ ਮੰਡਲ ਮਖੂ ਵਿਖੇ ਕਲੈਰੀਕਲ ਸਟਾਫ ਦੀਆਂ ਸੈਂਕਸ਼ਨਡ ਅਸਾਮੀਆਂ 13 ਹਨ, ਜਿਨ੍ਹਾਂ ਦਾ ਕੰਮ ਤਿੰਨ ਮੁਲਾਜ਼ਮ ਹੀ ਕਰ ਰਹੇ ਹਨ। ਉਪ ਮੰਡਲ ਮਖੂ ਵਿਖੇ ਦਫਤਰੀ ਸਟਾਫ ਦੀ ਘਾਟ ਨੂੰ ਪੂਰਾ ਕਰਨ ਲਈ ਕਈ ਵਾਰ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਗਏ ਪਰ ਦਫਤਰੀ ਸਟਾਫ ਦੀ ਘਾਟ ਪੂਰੀ ਨਹੀਂ ਕੀਤੀ ਜਾ ਰਹੀ। ਪੰਜਾਬ ਸਰਕਾਰ ਦੇ ਸਰਕਾਰੀ ਦਫਤਰਾਂ ਵਿਚ ਸਟਾਫ ਦੀ ਘਾਟ ਪੂਰੀ ਕਰਨ ਦੇ ਕੀਤੇ ਜਾ ਰਹੇ ਵਾਅਦੇ ਖੋਖਲੇ ਸਾਬਤ ਹੋ ਰਹੇ ਹਨ। ਦਫਤਰੀ ਸਟਾਫ ਦੀ ਘਾਟ ਕਾਰਨ ਖਪਤਕਾਰਾਂ ਨੂੰ ਕਈ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਫਤਰੀ ਮੁਲਾਜ਼ਮਾਂ ਦੀ ਘਾਟ ਜਲਦ ਪੂਰੀ ਨਾ ਕੀਤੀ ਗਈ ਤਾਂ ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਸਬ ਡਵੀਜ਼ਨ ਆਗੂ ਪ੍ਰਤਾਪ ਸਿੰਘ ਸਕੱਤਰ, ਜੀਵਨਜੀਤ ਸਿੰਘ ਸਹਾਇਕ ਸਕੱਤਰ, ਜਸਬੀਰ ਸਿੰਘ ਪੱਟੀ ਮੀਤ ਪ੍ਰਧਾਨ, ਬਲਵੀਰ ਸਿੰਘ ਲੋਹਕਾ, ਸੁਖਦੇਵ ਸਿੰਘ ਗਿੱਲ ਖਜ਼ਾਨਚੀ, ਜੇ ਈ ਯੋਗਿੰਦਰ ਸਿੰਘ, ਜਸਮੀਤ ਸਿੰਘ, ਸੁਖਵਿੰਦਰ ਸਿੰਘ, ਐਸ ਐਸ ਏ ਗੁਰਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਲਾਈਨਮੈਨ ਉਪਦੇਸ਼ ਕੁਮਾਰ, ਲਖਵੀਰ ਸਿੰਘ, ਬਲਕਾਰ ਸਿੰਘ, ਗੁਰਚਾਨਨ ਸਿੰਘ, ਗੁਰਬਾਜ ਸਿੰਘ, ਬਹਾਦਰ ਸਿੰਘ, ਜਗਜੀਤ ਸਿੰਘ, ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਕਮਲ, ਬਲਵਿੰਦਰ ਸਿੰਘ, ਸੀ ਐਚ ਬੀ ਕਰਨੈਲ ਸਿੰਘ ਮਾਲੜਾ ਆਦਿ ਹਾਜ਼ਰ ਸਨ।

# ਪੰਜਾਬ ਦੇ ਕਿਸਾਨਾਂ ਦੀ ਖੁਸ਼ਹਾਲੀ ਲਈ ਸੂਬਾ ਸਰਕਾਰ ਵਚਨਬੱਧ : ਜੌੜਾਮਾਜਰਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਸ ਗੱਲੋਂ ਵਚਨਬੱਧ ਹੈ ਕਿ ਸੂਬੇ ਦੇ ਕਿਸਾਨਾਂ ਨੂੰ ਖੁਸ਼ਹਾਲ ਬਣਾਇਆ ਜਾਵੇ। ਕੈਬਨਿਟ ਮੰਤਰੀ ਜੌੜਾਮਾਜਰਾ ਅੱਜ ਸਮਾਣਾ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਪ੍ਰਬੰਧਨ ਦੀਆਂ ਸਬਸਿਡੀ ਉਪਰ ਮਿਲਦੀਆਂ ਮਸ਼ੀਨਾਂ ਦੀ ਇਨਸੀਟੂ-ਸੀ.ਆਰ.ਐਮ. ਸਕੀਮ ਤਹਿਤ ਪੜਤਾਲ ਕਰਨ ਲਈ ਸਮਾਣਾ ਤੇ ਪਾਤੜਾਂ ਇਲਾਕੇ ਦੇ ਕਿਸਾਨਾਂ ਲਈ ਲਗਾਏ ਗਏ ਕੈਂਪ ਮੌਕੇ ਕਿਸਾਨਾਂ ਨਾਲ ਮੁਲਾਕਾਤ ਕਰ ਰਹੇ ਸਨ। ਜੌੜਾਮਾਜਰਾ ਨੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ ਫ਼ਸਲਾਂ ਦੀ ਰਹਿੰਦ-ਖੂੰਹਦ ਤੇ ਪਰਾਲੀ ਨੂੰ ਅੱਗ ਨਾ ਲਗਾਉਣ ਤਾਂ ਕਿ ਵਾਤਾਵਰਣ ਵੀ ਗੰਧਲਾ ਨਾ ਹੋਵੇ ਤੇ ਸਾਡੇ ਮਿੱਤਰ ਕੀੜਿਆਂ ਦਾ ਕੋਈ ਨੁਕਸਾਨ ਨਾ ਹੋਵੇ। ਉਨ੍ਹਾਂ ਕਿਹਾ ਕਿ ਹੁਣ ਤਾਂ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਦੇ ਅਨੇਕਾਂ ਸੰਦ ਉਪਲਬਧ ਹਨ ਅਤੇ ਪੰਜਾਬ ਸਰਕਾਰ ਇਨ੍ਹਾਂ ਉਪਰ ਸਬਸਿਡੀ ਵੀ ਪ੍ਰਦਾਨ ਕਰ ਰਹੀ ਹੈ, ਇਸ ਲਈ ਕਿਸਾਨ ਪਰਾਲੀ ਸਾੜਨ ਦੀ ਥਾਂ, ਇਸ ਨੂੰ ਜ਼ਮੀਨ ਵਿੱਚ ਹੀ ਮਿਲਾਕੇ ਸੁਪਰ ਸੀਡਰ, ਹੈਪੀ ਸੀਡਰ ਤੇ ਨਵੀਂ ਤਕਨੀਕ ਦੀ ਮਸ਼ੀਨ ਸਰਫੇਸ ਸੀਡਰ ਨਾਲ ਕਣਕ ਦੀ ਬਿਜਾਈ ਕਰਨ। ਚੇਤਨ ਸਿੰਘ ਜੌੜਾਮਾਜਰਾ ਨੇ ਕਿਸਾਨਾਂ ਨੂੰ ਕਿਹਾ ਕਿ ਉਹ ਸਬਸਿਡੀ ਦੇ ਘੇਰੇ ਵਿੱਚ ਆਉਂਦੀਆਂ ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਦੀਆਂ ਮਸ਼ੀਨਾਂ, ਬੇਲਰ, ਰੇਕਰ, ਸੁਪਰ ਸੀਡਰ ਤੇ ਜ਼ੀਰੋ ਡ੍ਰਿਲ ਆਦਿ ਦੀ ਖਰੀਦ ਕਰਕੇ ਇਨ੍ਹਾਂ ਉਪਰ ਸਬਸਿਡੀ ਲੈਣ ਲਈ ਫਾਰਮ ਭਰਕੇ ਖੇਤੀਬਾੜੀ ਵਿਭਾਗ ਕੋਲ ਜਮ੍ਹਾਂ ਕਰਵਾਉਣ ਅਤੇ ਇਨ੍ਹਾਂ ਮਸ਼ੀਨਾਂ ਦੀ ਪੜਤਾਲ ਲਾਜ਼ਮੀ ਕਰਵਾਉਣ ਤਾਂ ਕਿ ਉਨ੍ਹਾਂ ਨੂੰ ਸਬਸਿਡੀ ਮਿਲ ਸਕੇ। ਐਸ.ਡੀ.ਐਮਜ਼ ਸਮਾਣਾ ਤੇ ਪਾਤੜਾਂ ਚਰਨਜੀਤ ਸਿੰਘ ਤੇ ਨਵਦੀਪ ਕੁਮਾਰ ਅਤੇ ਖੇਤੀਬਾੜੀ ਅਫ਼ਸਰ ਸਤੀਸ਼ ਕੁਮਾਰ ਨੇ ਦੱਸਿਆ ਕਿ ਇਸ ਦੌਰਾਨ ਕਰੀਬ 200 ਮਸ਼ੀਨਾਂ ਦੀ ਪੜਤਾਲ ਕੀਤੀ ਗਈ ਹੈ।

ਇਸ ਦੇ ਨਾਲ ਹੀ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾਰੂ ਪ੍ਰਭਾਵਾਂ ਤੋਂ ਵੀ ਜਾਣੂ ਕਰਵਾਇਆ ਗਿਆ ਹੈ। ਇਸ ਮੌਕੇ ਹਰਜਿੰਦਰ ਸਿੰਘ ਮਿੰਟੂ, ਗੁਰਦੇਵ ਸਿੰਘ ਟਿਵਾਣਾ, ਗੁਲਜ਼ਾਰ ਸਿੰਘ ਵਿਰਕ, ਬਲਕਾਰ ਸਿੰਘ ਗੱਜੂਮਾਜਰਾ, ਅਗਰਵਾਲ ਧਰਮਸ਼ਾਲਾ ਦੇ ਪ੍ਰਧਾਨ ਮਦਨ ਮਿੱਤਲ, ਸੁਰਜੀਤ ਸਿੰਘ ਦਹੀਆ, ਸੁਰਜੀਤ ਸਿੰਘ ਫ਼ੌਜੀ, ਅਮਨਦੀਪ ਸਿੰਘ ਸੋਨੂ ਥਿੰਦ, ਏ.ਡੀ.ਓਜ਼ ਜੁਪਿੰਦਰ ਸਿੰਘ, ਅਮਨ ਤੇ ਗੁਰਮੇਲ ਸਿੰਘ, ਸ਼ਿਵ ਕੁਮਾਰ, ਜਤਿੰਦਰ ਸਿੰਘ, ਗੁਰਵਿੰਦਰ ਸਿੰਘ ਕਕਰਾਲਾ, ਗੁਰਵਿੰਦਰ ਸਿੰਘ ਘੱਗਾ, ਓਮ ਪ੍ਰਕਾਸ਼, ਸ਼ਰਨਦੀਪ ਕੌਰ ਅਤੇ ਹੋਰ ਪਤਵੰਤੇ ਮੌਜੂਦ ਸਨ।

# ਆਯੂਸ਼ਮਾਨ ਕਾਰਡ ਬਣਵਾਉਣ ਸੰਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਅਨਾਊਸਮੈਂਟ ਰਿਕਸ਼ੇ ਕੀਤੇ ਰਵਾਨਾ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ । ਇਸ ਸਬੰਧ ਵਿੱਚ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰ ਇੱਕ ਲਾਭਪਾਤਰੀ ਪਰਵਾਰ ਨੂੰ ਪੰਜ ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਇਹ ਮੁਫਤ ਸਹੂਲਤ ਪ੍ਰਾਪਤ ਕਰਨ ਲਈ ਆਯੂਸ਼ਮਾਨ ਕਾਰਡ ਬਣਾਉਣ ਲਈ ਲਗਾਤਾਰ ਪ੍ਰੇਰਤ ਕੀਤਾ ਜਾ ਰਿਹਾ ਹੈ।

ਲੋਕਾਂ ਨੂੰ ਇਸ ਯੋਜਨਾ ਨਾਲ ਜੋੜਨ ਲਈ ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਅੱਜ ਦਫਤਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਤੋਂ ਅਨਾਊਂਸਮੈਂਟ ਰਿਕਸ਼ਾ ਡਾ.ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਅਤੇ ਡਾ. ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ ਵੱਲੋਂ ਰਵਾਨਾ ਕੀਤਾ ਗਿਆ ਜੋ ਕਿ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਵਿੱਚ ਜਾ ਕੇ ਲੋਕਾਂ ਨੂੰ ਇਸ ਯੋਜਨਾ ਤੇ ਲਾਭ ਦੱਸ ਕੇ ਇਸ ਯੋਜਨਾ ਨਾਲ ਜੋੜਨ ਲਈ ਜਾਗਰੂਕ ਕਰੇਗਾ। ਇਸ ਸਬੰਧੀ ਡਾ. ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ ਸ਼੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵਲੋਂ ਪੰਜਾਬ ਵਾਸੀਆਂ ਨੂੰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨਾਲ ਜੋੜਨ ਲਈ ਨਿਵੇਕਲੀ ਪਹਿਲ ਕਰਦੇ ਹੋਏ ਲਾਭਪਾਤਰੀਆਂ ਦੇ ਕਾਰਡ ਬਣਾਉਣ ਵਿਚ ਵਾਧਾ ਕਰਨ ਦੇ ਮਕਸਦ ਨਾਲ ਇਕ ਦੀਵਾਲੀ ਬੰਪਰ ਡਰਾਅ ਕੱਢਿਆ ਜਾ ਰਿਹਾ ਹੈ, ਜਿਸ ਤਹਿਤ 16 ਅਕਤੂਬਰ ਤੋਂ 30 ਨਵੰਬਰ ਤੱਕ ਆਪਣਾ ਆਯੂਸ਼ਮਾਨ ਕਾਰਡ ਬਣਵਾਉਣ ਵਾਲੇ ਸਾਰੇ ਲਾਭਪਾਤਰੀਆਂ ਵਿਚੋਂ ਲੱਕੀ ਡਰਾਅ ਦੇ ਜ਼ਰੀਏ 10 ਲੋਕਾਂ ਨੂੰ ਨਗਦ ਇਨਾਮ ਦਿੱਤੇ ਜਾਣਗੇ। ਜਿਸ ਵਿੱਚ ਪਹਿਲਾ ਇਨਾਮ ਇਕ ਲੱਖ ਰੁਪਏ, ਦੂਜਾ ਇਨਾਮ ਪੰਜਾਹ ਹਜ਼ਾਰ ਰੁਪਏ, ਤੀਜਾ ਇਨਾਮ 25 ਹਜ਼ਾਰ ਰੁਪਏ, ਚੌਥਾ ਇਨਾਮ 10 ਹਜ਼ਾਰ ਰੁਪਏ, ਪੰਜਵਾਂ ਇਨਾਮ ਅੱਠ ਹਜ਼ਾਰ ਰੁਪਏ ਅਤੇ 6ਵੇਂ ਤੋਂ 10ਵੇਂ ਇਨਾਮ ਤੱਕ ਸਾਰੇ ਜੇਤੂਆਂ ਨੂੰ ਪੰਜ-ਪੰਜ ਹਜ਼ਾਰ ਰੁਪਏ ਦਿੱਤੇ ਜਾਣਗੇ। ਇਹ ਡਰਾਅ ਪੰਜਾਬ ਸਰਕਾਰ ਵੱਲੋਂ ਦੀਵਾਲੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ 4 ਦਸੰਬਰ ਨੂੰ ਕੱਢਿਆ ਜਾਵੇਗਾ।

ਉਨ੍ਹਾ ਕਿਹਾ ਕਿ ਇਨ੍ਹਾਂ ਕਾਰਡਾਂ ਦੇ ਲਾਭਪਾਤਰੀ ਸ਼੍ਰੇਣੀਆਂ ਵਿੱਚ ਐਨ.ਐਫ.ਐਸ.ਏ. ਰਾਸ਼ਨ ਕਾਰਡ ਧਾਰਕ, ਜੇ ਫਾਰਮ ਧਾਰਕ ਕਿਸਾਨ, ਰਜਿਸਟਰਡ ਮਜ਼ਦੂਰ, ਰਜਿਸਟਰਡ ਛੋਟੇ ਵਪਾਰੀ, ਪੀਲੇ ਕਾਰਡ ਧਾਰਕ ਪੱਤਰਕਾਰ ਅਤੇ ਐਸ.ਈ.ਸੀ.ਸੀ. ਆਦਿ ਸ਼ਾਮਲ ਹਨ। ਉਨਾਂ ਦੱਸਿਆ ਕਿ ਇਹ ਕਾਰਡ ਵੈਬਸਾਈਟ ਅਤੇ ਅਯੂਸ਼ਮੈਨ ਐਪ ਦੇ ਰਾਹੀਂ ਖੁਦ ਵੀ ਘਰ ਬੈਠੇ ਬਣਾਇਆ ਜਾ ਸਕਦਾ ਹੈ ਜਾਂ ਨਜ਼ਦੀਕੀ ਆਸ਼ਾ ਵਰਕਰਾਂ/ ਸੂਚੀਬੱਧ ਹਸਪਤਾਲਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਸੰਬੰਧੀ ਵਧੇਰੇ ਜਾਣਕਾਰੀ ਵੈਬਸਾਈਟ ਤੋਂ ਲਈ ਜਾ ਸਕਦੀ ਹੈ।

## ਨਸ਼ਾ ਤਸਕਰ ਦੀ 46 ਲੱਖ ਦੀ ਜਾਇਦਾਦ ਜ਼ਬਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ੀਰਾ ਸਦਰ ਥਾਣਾ ਅਧੀਨ ਪੈਂਦੇ ਪਿੰਡ ਚੱਬਾ ਦੇ ਰਹਿਣ ਵਾਲੇ ਨਸ਼ਾ ਤਸਕਰ ਨਿਰਵੈਰ ਸਿੰਘ ਦੀ 46 ਲੱਖ 9 ਹਜ਼ਾਰ ਰੁਪਏ ਦੀ ਜਾਇਦਾਦ ਪੁਲਸ ਨੇ ਜ਼ਬਤ ਕਰ ਲਈ ਹੈ। ਮੁਲਜ਼ਮ ਨੂੰ 14 ਜੁਲਾਈ 2019 ਨੂੰ 40 ਗ੍ਰਾਮ ਹੈਰੋਇਨ ਅਤੇ 1085 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ ਸੀ। ਨਿਰਵੈਰ ਸਿੰਘ ਦੇ ਪਿੰਡ ਚੱਬਾ ਵਿੱਚ ਜੋ ਮਕਾਨ ਜ਼ਬਤ ਕੀਤਾ ਗਿਆ ਹੈ, ਉਸ ਦੀ ਕੀਮਤ 46 ਲੱਖ 9 ਹਜ਼ਾਰ ਰੁਪਏ ਦੱਸੀ ਗਈ ਹੈ। ਹੁਣ ਦੋਸ਼ੀ ਨਾ ਤਾਂ ਇਸ ਜਾਇਦਾਦ ਨੂੰ ਵੇਚ ਸਕਣਗੇ ਅਤੇ ਨਾ ਹੀ ਟਰਾਂਸਫਰ ਕਰ ਸਕਣਗੇ। ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਦਿਆਂ ਫ਼ਿਰੋਜ਼ਪੁਰ ਪੁਲਸ ਨੇ ਸਾਲ 2023 'ਚ ਹੁਣ ਤੱਕ 23 ਮਾਮਲਿਆਂ 'ਚ 10 ਕਰੋੜ 62 ਲੱਖ 61 ਹਜ਼ਾਰ 647 ਰੁਪਏ ਦੀ ਜਾਇਦਾਦ ਜ਼ਬਤ ਕੀਤੀ ਹੈ, ਜਦਕਿ 15 ਹੋਰ ਨਸ਼ਾ ਤਸਕਰਾਂ ਦੀ ਜਾਇਦਾਦ ਨੂੰ ਜ਼ਬਤ ਕਰਨ ਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ 7 ਹੋਰ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਦੇ ਹੁਕਮ ਸਮਰੱਥ ਅਧਿਕਾਰੀ ਨੂੰ ਭੇਜੇ ਗਏ। ਪੰਜਾਬ ਸਰਕਾਰ ਦੀ ਮਨਸ਼ਾ ਅਨੁਸਾਰ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਨਸ਼ਾ ਤਸਕਰਾਂ ਵਿਰੁੱਧ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਫ਼ਿਰੋਜ਼ਪੁਰ ਦੇ ਐਸ ਪੀ ਰਣਧੀਰ ਕੁਮਾਰ ਨੇ ਦੱਸਿਆ ਕਿ ਨਿਰਵੈਰ ਸਿੰਘ ਖ਼ਿਲਾਫ਼ ਜ਼ੀਰਾ ਸਦਰ ਥਾਣੇ ਵਿੱਚ ਕੁੱਲ ਪੰਜ ਕੇਸ ਦਰਜ ਹਨ, ਜਿਨ੍ਹਾਂ ਵਿੱਚ ਐਨ ਡੀ ਪੀ ਐਸ ਐਕਟ, ਮਾਈਨਿੰਗ ਐਕਟ, ਹਥਿਆਰ ਐਕਟ ਤਹਿਤ ਕੇਸ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਤਸਕਰੀ ਨੂੰ ਪੂਰੀ ਤਰ੍ਹਾਂ ਠੱਲ੍ਹ ਪਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਬਿਨਾਂ ਕਿਸੇ ਭੇਦਭਾਵ ਦੇ ਸਾਰਿਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ।

# ਦੇਸ਼ ਭਗਤ ਯੂਨੀਵਰਸਿਟੀ ਤੇ ਮੈਕਸੀਕੋ ਚੈਂਬਰ ਆਫ ਕਾਮਰਸ ਏ ਸੀ ਵਿਚਕਾਰ ਐਮ ਓ ਯੂ 'ਤੇ ਹਸਤਾਖਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਅਤੇ ਮੈਕਸੀਕੋ ਚੈਂਬਰ ਆਫ ਕਾਮਰਸ ਏ.ਸੀ. ਵਿਚਕਾਰ ਐਮ.ਓ.ਯੂ 'ਤੇ ਹਸਤਾਖਰ ਕੀਤੇ ਗਏ। ਇਹ ਐਮ.ਓ.ਯੂ ਦੋਵਾਂ ਸੰਸਥਾਵਾਂ ਲਈ ਅਕਾਦਮਿਕ ਅਤੇ ਖੋਜ ਗਤੀਵਿਧੀਆਂ ਦੀ ਯੋਜਨਾ ਨੂੰ ਬਣਾਉਣ ਅਤੇ ਸਹਿਯੋਗ ਕਰਨ ਲਈ ਇੱਕ ਵਿਧੀ ਸਥਾਪਤ ਕਰੇਗਾ। ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਨੇ ਇਸ ਐਮ.ਓ.ਯੂ 'ਤੇ ਹਸਤਾਖਰ ਕਰਨ ਲਈ ਦੋਵਾਂ ਸੰਸਥਾਵਾਂ ਨੂੰ ਵਧਾਈ ਦਿੱਤੀ। ਡਾ. ਜ਼ੋਰਾ ਸਿੰਘ ਨੇ ਸਾਂਝਾ ਕੀਤਾ ਕਿ ਇਸ ਐਮ.ਓ.ਯੂ ਰਾਹੀਂ, ਦੇਸ਼ ਭਗਤ ਯੂਨੀਵਰਸਿਟੀ ਆਪਸੀ ਹਿੱਤਾਂ ਦੇ ਵਿਸ਼ਿਆਂ 'ਤੇ ਸੈਮੀਨਾਰ, ਕਾਨਫਰੰਸਾਂ, ਵਰਕਸ਼ਾਪਾਂ ਦਾ ਆਯੋਜਨ ਕਰਨ, ਫੈਕਲਟੀ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਗਿਆਨ, ਹੁਨਰਾਂ ਨੂੰ ਪ੍ਰਫੁੱਲਤ ਕਰਨ ਅਤੇ ਉਨ੍ਹਾਂ ਵਿੱਚ ਹਿੱਸਾ ਲੈਣ ਲਈ ਸੱਦਾ ਦੇਣ ਦੀ ਇੱਛਾ ਰੱਖਦਾ ਹੈ। ਇਸ ਐਮ.ਓ.ਯੂ ਰਾਹੀਂ ਵਿਦਿਆਰਥੀਆਂ, ਖੋਜ ਵਿਦਵਾਨਾਂ ਅਤੇ ਫੈਕਲਟੀ ਦਾ ਇੱਕ ਸੀਮਤ ਮਿਆਦ ਲਈ ਐਕਸਚੇਂਜ ਪ੍ਰੋਗਰਾਮ ਹੋਵੇਗਾ। ਇਸ ਮੌਕੇ ਇੰਡੀਆ ਮੈਕਸੀਕੋ ਚੈਂਬਰ ਆਫ ਕਾਮਰਸ ਦੇ ਮੰਤਰੀ ਫਦਲਾਲਾ ਅਕਾਬਾਨੀ ਵਲੋਂ ਸੈਂਟਰ ਆਫ ਐਕਸੀਲੈਂਸ ਖੋਲ੍ਹਣ ਦੀ ਇੱਛਾ ਵੀ ਜ਼ਾਹਰ ਕੀਤੀ ਗਈ। ਹੇਲੀਅਨ ਲੀਜਨ, ਗਲੋਬਲ ਆਨਰ ਐਂਟਰਪ੍ਰੀਨਿਓਰਸ਼ਿਪ ਸੋਸਾਇਟੀ, ਮੈਕਸੀਕੋ ਦੇ ਸੀ.ਈ.ਓ ਨੇ ਵੀ ਡਾ. ਜ਼ੋਰਾ ਸਿੰਘ ਨੂੰ ਇਸ ਵਡਮੁੱਲੇ ਸਹਿਯੋਗ ਲਈ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਇਸ ਨਾਲ ਦੋਵਾਂ ਸੰਸਥਾਵਾਂ ਲਈ ਸਿੱਖਣ ਅਤੇ ਤਰੱਕੀ ਦੇ ਨਵੇਂ ਰਾਹ ਖੁੱਲ੍ਹਣਗੇ। ਇੰਜ. ਅਰੁਣ ਮਲਿਕ, ਡਾਇਰੈਕਟਰ ਇੰਟਰਨੈਸ਼ਨਲ, ਦੇਸ਼ ਭਗਤ ਯੂਨੀਵਰਸਿਟੀ, ਭਾਰਤ ਨੇ ਦੋਵਾਂ ਸੰਸਥਾਵਾਂ ਨੂੰ ਵਧਾਈ ਦਿੱਤੀ ਅਤੇ ਸਾਂਝਾ ਕੀਤਾ ਕਿ ਇਸ ਸਹਿਯੋਗ ਦੇ ਤਹਿਤ ਵਿਦਿਆਰਥੀਆਂ ਲਈ ਕਈ ਨਵੇਂ ਕੋਰਸਾਂ ਵਿੱਚ ਡਿਗਰੀ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ ਜਿਨਾਂ ਵਿੱਚ: ਅੰਗਰੇਜ਼ੀ ਭਾਸ਼ਾ, ਇੰਟਰਨੈਸ਼ਨਲ ਐਡਮਿਨਿਸਟ੍ਰੇਸ਼ਨ, ਵਾਤਾਵਰਣ ਇੰਜੀਨੀਅਰਿੰਗ, ਸਿਵਲ ਇੰਜੀਨੀਅਰਿੰਗ ਆਦਿ ਸ਼ਾਮਲ ਹਨ।

## ਮਨੁੱਖੀ ਅਧਿਕਾਰ ਮੰਚ ਨੇ ਜ਼ਿਲ੍ਹਾ ਹਸਪਤਾਲ ਤੋਂ ਕਲੀਨ ਤੇ ਗਰੀਨ ਦੀਵਾਲੀ ਦਾ ਕੀਤਾ ਆਗਾਜ਼

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਮਨੁੱਖੀ ਅਧਿਕਾਰ ਮੰਚ ਦੀ ਜ਼ਿਲ੍ਹਾ ਇਕਾਈ ਵਲੋਂ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਚ ਧਰਤੀ ਨੂੰ ਹਰੀ ਭਰੀ ਕਰਨ ਲਈ ਅਤੇ ਵਧ ਰਹੇ ਪ੍ਰਦੂਸ਼ਣ 'ਤੇ ਰੋਕ ਲਗਾਉਣ ਲਈ ਕਲੀਨ ਤੇ ਗਰੀਨ ਦੀਵਾਲੀ ਦਾ ਆਗਾਜ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਿਵਲ ਸਰਜਨ ਡਾ ਦਵਿੰਦਰਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵੱਲੋਂ ਗਰੀਨ ਦੀਵਾਲੀ ਮਨਾਉਣ ਸਬੰਧੀ ਜਾਗਰੂਕਤਾ ਪੋਸਟਰ ਜਾਰੀ ਕੀਤਾ। ਉਨ੍ਹਾਂ ਕਿਹਾ ਕਿ ਆਤਿਸਬਾਜ਼ੀ, ਪਟਾਕੇ ਜਿੱਥੇ ਵਾਤਾਵਰਨ ਨੂੰ ਗੰਧਲਾ ਕਰਦੇ ਹਨ ਹਨ ਓਥੇ ਧੂਏਂ ਨਾਲ ਬਿਮਾਰੀਆਂ ਵਧਣ ਦਾ ਖਤਰਾ ਵੀ ਵਧ ਜਾਂਦਾ ਹੈ। ਇਸ ਮੌਕੇ ਡਾ. ਖੇੜਾ ਨੇ ਕਿਹਾ ਕਿ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਲਈ ਜਨਤਾ ਨੂੰ ਬਿਮਾਰੀਆਂ ਤੋਂ ਰਹਿਤ ਰੱਖਣ ਲਈ ਅਤੇ ਹਵਾਂ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਗਾ ਕੇ ਓਨ੍ਹਾਂ ਨੂੰ ਪਾਲਣਾ ਚਾਹੀਦਾ ਹੈ। ਅੰਤ ਵਿੱਚ ਮਾਸ ਮੀਡੀਆ ਅਫਸਰ ਬਲਜਿੰਦਰ ਸਿੰਘ ਨੇ ਸੈਮੀਨਾਰ ਵਿੱਚ ਆਏ ਹੋਏ ਸਮੂਹ ਮੰਚ ਦੇ ਅਹੁਦੇਦਾਰ, ਸਿਖਲਾਈ ਵਿਦਿਆਰਥੀਆਂ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਰੇਨੂ ਬਾਲਾ, ਰੁਬਲਪ੍ਰੀਤ ਕੌਰ ਜ਼ਿਲ੍ਹਾ ਉੱਪ ਪ੍ਰਧਾਨ ਇਸਤਰੀ ਵਿੰਗ, ਅਮਰਵੀਰ ਵਰਮਾ, ਕਰਨੈਲ ਸਿੰਘ ਸਲਾਣੀ, ਤਰਸੇਮ ਸਿੰਘ ਗਿੱਲ ਜ਼ਿਲ੍ਹਾ ਮੀਤ ਪ੍ਰਧਾਨ ਲੁਧਿਆਣਾ, ਹਮਰੀਤ ਸਿੰਘ ਅਤੇ ਓਂਕਾਰ ਸਿੰਘ ਨੇ ਵੀ ਸੈਮੀਨਾਰ ਨੂੰ ਸੰਬੋਧਨ ਕੀਤਾ।

# 'ਪੰਜਾਬ ਅਗੇਂਸਟ ਡਰੱਗ ਅਡਿਕਸ਼ਨ' ਤਹਿਤ ਪੁਨਰ ਉਥਾਨ ਮੁਹਿੰਮ ਸ਼ੁਰੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਮਾਨਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸਨਗਰ ਦੇ ਦਿਸ਼ਾਨਿਰਦੇਸ਼ਾਂ ਅਨੁਸਾਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਮੁਹਿੰਮ ਨਸ਼ਿਆਂ ਵਿਰੁੱਧ ਪੰਜਾਬ ਅਤੇ ਉਪਰੋਕਤ ਮੁਹਿੰਮ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਦੀ ਮੁਹਿੰਮ ਪੁਨਰ ਉਥਾਨ ਅਧੀਨ ਨਸ਼ਾ ਛੁਡਾਊ ਵਿਅਕਤੀਆਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ 01.10.2023 ਤੋਂ 31.10.2023 ਤੱਕ ਮਾਨਯੋਗ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਦੀ ਯੋਗ ਅਗਵਾਈ ਹੇਠ ਸ਼ੁਰੂ ਕੀਤੀ ਗਈ। ਇਸ ਮੁਹਿੰਮ ਸਬੰਧੀ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਬਰੋਸ਼ਰ, ਬੈਨਰ, ਪੈਂਫਲੇਟ ਅਤੇ ਥੀਮ ਗੀਤ ਲਾਂਚ ਕੀਤੇ ਗਏ ਅਤੇ ਸੈਸ਼ਨ ਡਵੀਜ਼ਨ, ਫਿਰੋਜ਼ਪੁਰ ਦੇ ਜੁਡੀਸ਼ੀਅਲ ਅਫਸਰ, ਡਿਪਟੀ ਕਮਿਸ਼ਨਰ, ਐਸ.ਐਸ.ਪੀ, ਸਿਵਲ ਸਰਜਨ, ਮੈਡੀਕਲ ਸੰਸਥਾਵਾਂ ਦੇ ਮੁਖੀਆਂ, ਡੀ.ਈ.ਓ, ਪ੍ਰਾਈਵੇਟ ਸਕੂਲਾਂ ਦੇ ਮੁਖੀਆਂ, ਕਾਲਜਾਂ, ਯੂਨੀਵਰਸਿਟੀਆਂ, ਐਨ. ਜੀ. ਓਜ਼, ਰੈੱਡ ਕਰਾਸ, ਵਨ ਸਟਾਪ ਸੈਂਟਰ ਅਤੇ ਨਾਲ ਮੀਟਿੰਗਾਂ ਕੀਤੀਆਂ ਗਈਆਂ। ਉਪਰੋਕਤ ਮਹੀਨਾ ਭਰ ਚੱਲਣ ਵਾਲੀਆਂ ਮੁਹਿੰਮਾਂ ਦੌਰਾਨ ਵੱਖ-ਵੱਖ ਗਤੀਵਿਧੀਆਂ ਜਿਵੇਂ ਜਾਗਰੂਕਤਾ ਪ੍ਰੋਗਰਾਮ, ਨੁੱਕੜ ਨਾਟਕ (ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਦੁਆਰਾ ਤਿਆਰ, ਥੀਮ ਗੀਤ ) ਪੋਸਟਰ ਮੇਕਿੰਗ ਮੁਕਾਬਲੇ, ਘੋਸ਼ਣਾ ਮੁਕਾਬਲੇ, ਵਾਕਾਥਨ ਰੈਲੀ, ਭਾਸ਼ਣ, ਸਕੂਲਾਂ ਦੇ ਵਿਦਿਆਰਥੀਆਂ ਦੁਆਰਾ ਬੈਂਡ ਪ੍ਰਦਰਸ਼ਨ, ਸਾਈਕਲ ਰੈਲੀ, ਮੈਰਾਥਨ, ਰੈਲੀ, ਡੋਰ-ਟੂ-ਡੋਰ ਮੁਹਿੰਮ, ਨਾਅਰੇ, ਬਹਿਸ, ਨਸ਼ਾ ਛੁਡਾਊ ਵਿਅਕਤੀਆਂ ਦੁਆਰਾ ਭਾਸ਼ਣ, ਐਨ ਐਸ ਐਸ ਵਲੰਟੀਅਰ ਦੁਆਰਾ ਜਾਗਰੂਕਤਾ ਮੁਹਿੰਮ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਦੀ ਪ੍ਰਦਰਸ਼ਨੀ ਫਿਲਮ ਅਤੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਫਿਰੋਜ਼ਪੁਰ, ਮਾਨਯੋਗ ਡਿਪਟੀ ਕਮਿਸ਼ਨਰ, ਫਿਰੋਜ਼ਪੁਰ, ਸੀਨੀਅਰ ਪੁਲਸ ਕਪਤਾਨ, ਫਿਰੋਜ਼ਪੁਰ, ਸੀ.ਜੇ ਐਮ ਸਹਿਤ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਅਤੇ ਸਿਵਲ ਸਰਜਨ, ਫਿਰੋਜ਼ਪੁਰ ਆਡੀਓ, ਵੀਡੀਓ ਸੰਦੇਸ਼ ਜਨਤਕ ਪਾਰਕਾਂ ਵਿੱਚ ਲੱਗੀਆਂ ਸਕਰੀਨਾਂ 'ਤੇ ਚਲਾਈਆਂ ਗਈਆਂ,ਰਾਮ ਲੀਲ੍ਹਾ ਮੈਦਾਨ ਅਤੇ ਸਥਾਨਕ ਮੇਲਿਆਂ ਵਿੱਚ ਵੀ ਹੈਲਪ ਡੈਸਕ ਵੀ ਲਗਾਏ ਗਏ। ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਜਾਗਰੂਕਤਾ ਪ੍ਰੋਗਰਾਮ ਅਤੇ ਹੋਰ ਗਤੀਵਿਧੀਆਂ ਅੱਗੇ ਵੀ ਚਲਾਈਆਂ ਜਾਣਗੀਆਂ।

## ਸ਼ਿਵਾਲਿਕ ਮਾਡਲ ਸਕੂਲ ਵਿਖੇ ਮਹਿੰਦੀ ਲਗਾਉਣ ਦਾ ਮੁਕਾਬਲਾ ਕਰਵਾਇਆ



**ਜਗਰਾਉਂ (ਅਮਿਤ ਖੰਨਾ)**-ਅੱਜ ਸ਼ਿਵਾਲਿਕ ਮਾਡਲ ਸਕੂਲ ਵਿਖੇ ਕਰਵਾ ਚੌਥ ਦੇ ਤਿਉਹਾਰ 'ਤੇ ਥਾਲੀ ਅਤੇ ਗੜਵੀ ਸਜਾਉਣ ਅਤੇ ਮਹਿੰਦੀ ਲਗਾਉਣ ਦਾ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਛੇਵੀਂ, ਸੱਤਵੀਂ ਅਤੇ ਨੌਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ। ਮੁਕਾਬਲੇ ਦੌਰਾਨ ਗੜਵੀ ਸਜਾਉਣ ਵਿੱਚ ਪਹਿਲਾ ਸਥਾਨ ਸੱਤਵੀਂ ਜਮਾਤ ਦੀ ਹਰਸਿਮਰਨ, ਦੂਸਰਾ ਸਥਾਨ ਸੱਤਵੀਂ ਜਮਾਤ ਦੀ ਕਰਮਜੋਤ ਤੇ ਨੌਵੀਂ ਜਮਾਤ ਦੀ ਵੰਸ਼?ਕਾ ਅਤੇ ਤੀਜਾ ਸਥਾਨ ਸੱਤਵੀਂ ਜਮਾਤ ਦੀ ਹਰਸ਼ਕਾ ਨੇ ਪ੍ਰਾਪਤ ਕੀਤਾ। ਥਾਲੀ ਸਜਾਉਣ ਵਿੱਚ ਪਹਿਲਾ ਸਥਾਨ ਨੌਵੀਂ ਜਮਾਤ ਦੀ ਹਰਸ਼ਪ੍ਰੀਤ , ਦੂਜਾ ਸਥਾਨ ਛੇਵੀਂ ਜਮਾਤ ਦੀ ਸਾਲੀਆ ਅਤੇ ਤੀਜਾ ਸਥਾਨ ਛੇਵੀਂ ਜਮਾਤ ਦੀ ਸੇਜਲ ਨੇ ਪ੍ਰਾਪਤ ਕੀਤਾ। ਮਹਿੰਦੀ ਮੁਕਾਬਲੇ ਵਿੱਚ ਪਹਿਲਾ ਸਥਾਨ ਨੌਵੀਂ ਜਮਾਤ ਦੀ ਨਵਦੀਪ ਤੇ ਦੀਪਿਕਾ, ਦੂਜਾ ਸਥਾਨ ਨੌਵੀਂ ਜਮਾਤ ਦੀ ਸੂਰਜੀ ਤੇ ਸਨੇਹਾ ਅਤੇ ਤੀਜਾ ਸਥਾਨ ਸੱਤਵੀਂ ਜਮਾਤ ਦੀ ਪ੍ਰਤੀਕਸ਼ਾ ਤੇ ਮਨਵੀਰ ਨੇ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਬੱਚਿਆਂ ਦੇ ਹੁਨਰ ਦੀ ਪ੍ਰਸੰਸਾ ਕੀਤੀ। ਇਸ ਮੌਕੇ ਤੇ ਸਕੂਲ ਦਾ ਸਮੂਹ ਸਟਾਫ ਤੇ ਬੱਚੇ ਸਾਮਿਲ ਸਨ।

# ਫਿਰੋਜ਼ਪੁਰ ਦੇ ਵਿਦਿਆਰਥੀ ਰਾਸ਼ਟਰੀ ਪੱਧਰ ਦੇ ਮੁਕਾਬਲੇ 'ਚ ਚਮਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਦੇ ਵਿਦਿਆਰਥੀਆਂ ਤੁਸ਼ਾਰ ਅਗਰਵਾਲ ਮਕੈਨੀਕਲ ਇੰਜ. ਧਰੁਵ ਬਾਂਸਲ ਬੀ ਬੀ ਏ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਵਿਖੇ ਆਯੋਜਿਤ ਅੰਡਰ ਗ੍ਰੈਜੂਏਟ ਪ੍ਰੈਜ਼ੇਂਟੇਸ਼ਨ ਸਕਿੱਲ ਕੰਪੀਟੀਸ਼ਨ- 2023 ਵਿੱਚ ਬੇਮਿਸਾਲ ਪੇਸ਼ਕਾਰੀ ਦੇ ਹੁਨਰ ਦਾ ਪ੍ਰਦਰਸ਼ਨ ਕਰਦਿਆਂ ਤੀਜੀ ਪੁਜੀਸ਼ਨ ਤੇ 21000 ਰੁਪਏ ਦਾ ਨਕਦ ਇਨਾਮ ਹਾਸਲ ਕੀਤਾ ਹੈ।ਇਸੇ ਤਰ੍ਹਾਂ ਇਕ ਹੋਰ ਰਾਸ਼ਟਰੀ ਪੱਧਰ ਦੇ ਮੁਕਾਬਲੇ 'ਚ ਸਕੂਲ ਆਫ ਆਰਕੀਟੈਕਚਰ ਦੀ ਵਿਦਿਆਰਥਣ ਗੀਤਾਂਜਲੀ ਨੇ ਕੌਂਸਲ ਆਫ ਆਰਕੀਟੈਕਚਰ ਵੱਲੋਂ ਕਰਵਾਏ ਗਏ ਆਰਕੀਟੈਕਚਰਲ ਥੀਸਿਸ 2023 ਜ਼ੋਨ-1 (ਉਤਰੀ ਜ਼ੋਨ) ਵਿੱਚ ਨੈਸ਼ਨਲ ਅਵਾਰਡ ਫਾਰ ਐਕਸੀਲੈਂਸ ਇਨ ਆਰਕੀਟੈਕਚਰਲ ਥੀਸਿਜ਼ ਅਨੁਸਾਰ ਗੀਤਾਂਜਲੀ ਸਮੇਤ ਬੈਸਟ ਪੰਜ ਵਿਦਿਆਰਥੀਆਂ ਨੇ ਵਕਾਰੀ ਆਰਕੀਟੈੱਕਚਰਲ ਸਟੂਡੈਂਟ ਆਫ ਦਾ ਯੀਅਰ ਅਵਾਰਡ 2023 'ਚ ਮੈਰਿਟ ਸਰਟੀਫੀਕੇਟ ਤੇ ਹਰੇਕ ਨੇ 10000 ਰੁਪਏ ਦਾ ਨਗਦ ਇਨਾਮ ਹਾਸਲ ਕੀਤਾ ਹੈ। ਉਤਰੀ ਜ਼ੋਨ ਦੇ ਕੁਲ 80 ਕਾਲਜਾਂ ਦੇ ਭਾਗੀਦਾਰਾਂ 'ਚੋਂ ਪੰਜ ਵਿਦਿਆਰਥੀ ਮੈਰਿਟ 'ਚ ਆਏ। ਉਤਰੀ ਜ਼ੋਨ ਤੋਂ ਨਾਮਜ਼ਦ ਇਹ ਪੰਜ ਵਿਦਿਆਰਥੀਆਂ ਨੂੰ ਸਕੂਲ ਆਫ ਪਲੈਨਿੰਗ ਐਂਡ ਆਰਕੀਟੈੱਕਚਰ ਚਿਤਕਾਰਾ ਯੂਨੀਵਰਸਿਟੀ ਰਾਜਪੁਰਾ ਵਿਖੇ ਆਯੋਜਿਤ ਸਮਾਗਮ 'ਚ ਸਨਮਾਨਤ ਕੀਤਾ ਗਿਆ। ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਬੂਟਾ ਸਿੰਘ ਸਿੱਧੂ ਨੇ ਪ੍ਰਿੰਸੀਪਲ ਆਰਕੀਟੈਕਟ ਅਵਿਨਾਸ਼ ਸਿੰਘ, ਡੀਨ ਅਕੈਡਮਿਕ ਤੇ ਸਲਾਹਕਾਰ ਡਾ. ਤੇਜੀਤ ਸਿੰਘ ਤੇ ਜੇਤੂ ਵਿਦਿਅਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਨੂੰ ਅਜਿਹੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ 'ਤੇ ਮਾਣ ਹੈ ਯੂਨੀਵਰਸਿਟੀ ਰਜਿਸਟ੍ਰਾਰ ਡਾ. ਗਜ਼ਲਪ੍ਰੀਤ ਸਿੰਘ ਆਰਨੇਜਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।




# ਸਾਹਿਤ ਸਭਾ ਦੀ ਮਾਸਿਕ ਇਕੱਤਰਤਾ 'ਚ ਰਚਨਾਵਾਂ ਦਾ ਦਿਲਚਸਪ ਦੌਰ ਚੱਲਿਆ



**ਸਮਰਾਲਾ (ਸੁਰਜੀਤ ਸਿੰਘ)**
ਸਾਹਿਤ ਸਭਾ (ਰਜਿ.) ਸਮਰਾਲਾ ਦੀ ਮਾਸਿਕ ਇਕੱਤਰਤਾ ਸਭਾ ਦੇ ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀ: ਸੈਕੰ: ਸਕੂਲ (ਲੜਕੇ) ਸਮਰਾਲਾ ਵਿਖੇ ਹੋਈ। ਮੀਟਿੰਗ ਦੌਰਾਨ ਉੱਘੇ ਰੰਗਕਰਮੀ ਅਤੇ ਫਿਲਮੀ ਅਦਾਕਾਰ ਰਾਜਵਿੰਦਰ ਸਮਰਾਲਾ ਦੇ ਪਿਤਾ ਜਸਵੰਤ ਸਿੰਘ, ਕੇਂਦਰੀ ਸਭਾ ਦੇ ਸਾਬਕਾ ਪ੍ਰਧਾਨ ਸ਼ੋਮਣੀ ਸ਼ਾਇਰ ਪ੍ਰੋ. ਅਨੂਪ ਵਿਰਕ, ਪ੍ਰਵਾਸੀ ਸਾਹਿਤਕਾਰ ਸੁਰਜਨ ਜ਼ੀਰਵੀ ਦੇ ਅਕਾਲ ਚਲਾਣਾ ਕਰਨ 'ਤੇ ਸ਼ੋਕ ਪ੍ਰਗਟ ਕੀਤਾ ਗਿਆ। ਇਸ ਉਪਰੰਤ ਸਭਾ ਵੱਲੋਂ ਬੀਤੇ ਦਿਨੀਂ ਭਾਜਪਾ ਆਗੂ ਸੁਨੀਲ ਜਾਖੜ ਦੁਆਰਾ 1 ਨਵੰਬਰ ਨੂੰ ਮੁੱਖ ਮੰਤਰੀ ਦੁਆਰਾ ਰੱਖੇ ਡਿਬੇਟ ਪ੍ਰੋਗਰਾਮ ਵਿੱਚ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਣ ਉੱਤੇ ਉੱਘੇ ਸਾਹਿਤਕਾਰ ਡਾ. ਨਿਰਮਲ ਜੌੜਾ ਦੀ ਕੀਤੀ ਨੁਕਤਾਚੀਨੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਜਾਖੜ ਆਪਣੇ ਦੁਆਰਾ ਕਹੇ ਸ਼ਬਦਾਂ ਦੀ ਜਨਤਕ ਤੌਰ 'ਤੇ ਮੁਆਫੀ ਮੰਗਣ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਅਨਿਲ ਫਤਹਿਗੜ੍ਹ ਜੱਟਾਂ ਨੇ ਗੀਤ 'ਫੁੱਲਾਂ ਕਲੀਆਂ ਨੇ ਬਾਗੀਂ ਪਾਇਆ ਫੇਰਾ' ਨੇ ਸ਼ੁਰੂਆਤ ਕਰਦਿਆਂ ਖੂਬ ਵਾਹ-ਵਾਹ ਖੱਟੀ। ਅਮਨਿੰਦਰ ਸੋਹਲ ਨੇ ਗਜ਼ਲ, ਬਲਵੰਤ ਮਾਂਗਟ ਨੇ ਗੀਤ 'ਹਾੜੇ ਹਾੜੇ' ਸੁਣਾਇਆ। ਕਹਾਣੀਕਾਰ ਗੁਰਦੀਪ ਮਹੌਣ ਨੇ ਕਹਾਣੀ 'ਗਮਲਾ' ਸੁਣਾਈ, ਜਿਸ ਉੱਤੇ ਨਿੱਠ ਕੇ ਵਿਚਾਰ ਚਰਚਾ ਹੋਈ। ਅਖੀਰ ਉਸਨੂੰ ਕਹਾਣੀ ਵਿੱਚ ਹੋਰ ਸੋਧ ਕਰਕੇ ਦੋਬਾਰਾ ਲਿਖਣ ਦੀ ਸਲਾਹ ਦਿੱਤੀ ਗਈ। ਪੰਮੀ ਹਬੀਬ ਨੇ ਔਰਤ ਮਰਦ ਦੇ ਨਜਾਇਜ਼ ਸਬੰਧਾਂ ਤੇ ਚੋਟ ਕਰਦੀ ਮਿੰਨੀ ਕਹਾਣੀ 'ਨੋਟ ਛਾਪਣ ਵਾਲੀ ਮਸ਼ੀਨ' ਸੁਣਾਈ। ਯਤਿੰਦਰ ਮਾਹਲ ਨੇ 'ਬਹਾਰਾਂ ਦੀ ਰੁੱਤੇ ਕਿਵੇਂ ਹੈ ਪੱਤਾ ਪੱਤਾ ਝੜ ਰਿਹਾ' ਕਵਿਤਾ ਸੁਣਾਈ। ਜੋਰਾਵਰ ਪੰਛੀ ਨੇ ਗ਼ਜ਼ਲ ਸੁਣਾਈ।

ਇਸ ਉਪਰੰਤ ਉੱਘੇ ਗ਼ਜ਼ਲਗੋ ਸਰਦਾਰ ਪੰਛੀ ਨੇ ਗਜ਼ਲਾਂ ਅਤੇ ਸ਼ੇਅਰ ਸੁਣਾ ਪੂਰੀ ਮਹਿਫਲ ਲੁੱਟ ਲਈ। ਇਨ੍ਹਾਂ ਸੁਣਾਈਆਂ ਰਚਨਾਵਾਂ ਨੇ ਨਿੱਠ ਕੇ ਚਰਚਾ ਕਰਨ ਵਾਲਿਆਂ ਵਿੱਚ ਚੇਅਰਮੈਨ ਕਹਾਣੀਕਾਰ ਸੁਖਜੀਤ, ਐਡਵੋਕੇਟ ਨਰਿੰਦਰ ਸ਼ਰਮਾ, ਕਹਾਣੀਕਾਰ ਬਲਵਿੰਦਰ ਗਰੇਵਾਲ, ਸਿਮਰਜੀਤ ਸਿੰਘ ਕੰਗ, ਕਹਾਣੀਕਾਰਾ ਯਤਿੰਦਰ ਮਾਹਲ ਰੋਪੜ, ਇੰਦਰਜੀਤ ਸਿੰਘ ਕੰਗ ਆਦਿ ਸ਼ਾਮਲ ਸਨ। ਸਟੇਜ ਸਕੱਤਰ ਦੀ ਭੂਮਿਕਾ ਗੁਰਦੀਪ ਮਹੌਣ ਅਤੇ ਯਤਿੰਦਰ ਮਾਹਲ ਦੁਆਰਾ ਬਾਖੂਬੀ ਨਿਭਾਈ ਗਈ। ਅਖੀਰ ਸਭਾ ਦੇ ਚੇਅਰਮੈਨ ਕਹਾਣੀਕਾਰ ਸੁਖਜੀਤ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

# ਸਰਕਾਰ ਲੋਕਾਂ ਨੂੰ ਤੰਦਰੁਸਤ ਬਣਾਉਣ ਲਈ ਕਰ ਰਹੀ ਹੈ ਯਤਨ : ਹਰਪਾਲ ਕੌਰ

**ਭੀਖੀ (ਧਰਮਵੀਰ ਸ਼ਰਮਾ)**
ਸਥਾਨਕ ਡੇਰਾ ਬਾਬਾ ਰੱਬ ਲੋਕ ਵਿਖੇ ਸ਼੍ਰੀ ਸ਼੍ਰੀ 108 ਸੰਤ ਬਾਬਾ ਉਮ ਪ੍ਰਕਾਸ਼ ਦਾਸ ਜੀ ਦੀ ਯਾਦ ਵਿੱਚ ਡੇਰਾ ਮੁਖੀ ਬਾਬਾ ਸੁਖਰਾਜ ਦਾਸ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੇ ਗੁਰਦੀਪ ਸਿੰਘ ਖੀਵਾ ਅਤੇ ਅੰਮ੍ਰਿਤਪਾਲ ਦਾਸ ਵੱਲੋਂ ਪਹਿਲਾ ਖੂਨਦਾਨ ਕੈਂਪ ਡੇਰਾ ਬਾਬਾ ਰੱਬ ਲੋਕ ਵਿਖੇ ਲਗਾਇਆ ਗਿਆ।ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਮਾਤਾ ਹਰਪਾਲ ਕੌਰ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਅਤੇ ਐਸਐਸਪੀ ਮਾਨਸਾ ਡਾ. ਨਾਨਕ ਸਿੰਘ ਨੇ ਵਿਸੇਸ਼ ਮਹਿਮਾਨ ਵੱਜੋਂ ਸ਼ਿਰਕਤ ਕੀਤੀ।ਪ੍ਰਧਾਨਗੀ ਮੰਡਲ ਵਿੱਚ ਮਾਰਕਿਟ ਕਮੇਟੀ ਮਾਨਸਾ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਕੁਲਦੀਪ ਸਿੰਘ ਸਿੱਧੂ ਚੀਮਾਂ, ਡੀਐਸਪੀ ਸਬ ਡਵੀਜਨ ਮੁਰਾਦ ਜਸਵੀਰ ਸਿੰਘ ਗਿੱਲ, ਐਸਐਚਓ ਕੇਵਲ ਸਿੰਘ, ਭਾਜਪਾ ਦੇ ਜਿਲਾ ਪ੍ਰਧਾਨ ਰਾਕੇਸ਼ ਜੈਨ, ਉਪ ਪ੍ਰਧਾਨ ਰਾਜਿੰਦਰ ਰਾਜੀ, ਵਿਧਾਇਕ ਡਾ. ਵਿਜੇ ਸਿੰਗਲਾ, ਕਾਂਗਰਸੀ ਆਗੂ ਚੁਸਪਿੰਦਰਵੀਰ ਚਹਿਲ, ਆਪ ਦੇ ਫਾਉਂਡਰ ਮੈਂਬਰ ਮਾ. ਵਰਿੰਦਰ ਸੌਨੀ, ਬਲਾਕ ਪ੍ਰਧਾਨ ਸਿਕੰਦਰ ਸਿੰਘ, ਡਾ. ਅਜੇ ਸਿੰਗਲਾ ਐਮਡੀ ਮਾਨਸਾ ਨੇ ਸ਼ਿਰਕਤ ਕੀਤੀ।ਇਸ ਮੌਕੇ ਮਾਤਾ ਹਰਪਾਲ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨਾਗਰਿਕਾਂ ਦੇ ਜੀਵਨ ਨੂੰ ਤੰਦਰੁਸਤ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਸਾਨੂੰ ਸਾਰਿਆਂ ਨੂੰ ਆਮ ਅਤੇ ਐਮਰਜੈਂਸੀ ਦੋਵਾਂ ਸਥਿਤੀਆਂ ਵਿੱਚ ਸੁਰੱਖਿਅਤ ਅਤੇ ਮਿਆਰੀ ਖੂਨ ਅਤੇ ਖੂਨ ਦੇ ਪਦਾਰਥਾਂ ਦੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਖੂਨ ਦਾਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿੱਚ ਖੂਨ ਦੀ ਦੀ ਮੰਗ ਨੂੰ ਪੂਰਾ ਕਰਨ ਦੇ ਮੰਤਵ ਨਾਲ ਅਜਿਹੇ ਲਗਾਏ ਜਾ ਰਹੇ ਕੈਂਪ ਸਲਾਘਾਯੋਗ ਹਨ ਤਾਂ ਜੋ ਜ਼ਖ਼ਮੀ ਜਾਂ ਲੋੜਵੰਦ ਵਿਅਕਤੀ ਦੀ ਕੀਮਤੀ ਜਾਨ ਬਚਾਈ ਜਾ ਸਕੇ।ਐਸਐਸਪੀ ਮਾਨਸਾ ਡਾ. ਨਾਨਕ ਸਿੰਘ ਨੇ ਕਿਹਾ ਕਿ ਖੂਨਦਾਨ ਕਰਨਾ ਸਭ ਤੋਂ ਪਵਿੱਤਰ ਸਮਾਜਿਕ ਫਰਜ਼ ਹੈ ਅਤੇ ਹਰ ਵਿਅਕਤੀ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲਹੂ ਮਨੁੱਖੀ ਸਰੀਰ ਦਾ ਇਕ ਜ਼ਰੂਰੀ ਤੱਤ ਹੈ, ਇਸ ਤੋਂ ਬਿਨਾਂ ਮਨੁੱਖੀ ਜੀਵਨ ਸੰਭਵ ਨਹੀਂ ਹੋ ਸਕਦਾ ਅਤੇ ਖੂਨ ਦਾ ਕੋਈ ਬਦਲ ਨਹੀਂ ਹੋ ਸਕਦਾ।

ਉਨ੍ਹਾਂ ਕਿਹਾ ਕਿ ਬਾਬਾ ਸੁਖਰਾਜ ਦਾਸ ਵੱਲੋਂ ਕੀਤੀ ਅਜਿਹੀ ਨੇਕ ਪਹਿਲ ਕਦਮੀ ਨੌਜਵਾਨਾਂ ਨੂੰ ਲੋੜਵੰਦਾਂ ਲਈ ਖੂਨਦਾਨ ਕਰਨ ਵਾਸਤੇ ਵੀ ਪ੍ਰੇਰਿਤ ਕਰੇਗੀ। ਇਸ ਕੈਂਪ ਵਿੱਚ ਸਿਵਲ ਹਸਪਤਾਲ ਮਾਨਸਾ ਦੀ ਬਲੱਡ ਟੀਮ ਵੱਲੋਂ 65 ਯੂਨਿਟਾਂ ਤੋਂ ਵੱਧ ਖੂਨ ਇਕੱਤਰ ਕੀਤਾ ਗਿਆ।ਇਸ ਮੌਕੇ ਆਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਬ੍ਰਹਮ ਕੁਮਾਰੀ ਆਸ਼ਰਮ ਦੇ ਦੀਦੀ ਸਪਨਾ, ਵਰਿੰਦਰ ਸ਼ੇਰਪੁਰੀਆ, ਸੰਦੀਪ ਮਿਤਲ ਦੀਪੂ ਇੰਸਪੈਕਟਰ ਪਨਸਪ, ਸੁਖਦੀਪ ਸਿੰਘ, ਬਲਵਿੰਦਰ ਸ਼ਰਮਾ, ਮੱਖਣ ਹਾਜੀ, ਰਜਨੀਸ਼ ਕਾਲਾ, ਬਲਰਾਜ ਬਾਂਸਲ, ਕੁਲਦੀਪ ਖਤਰਾ, ਵਿਵੇਕ ਜੈਨ ਬੱਬੂ, ਮੁਰਲੀ ਮਨੋਹਰ ਲੌਂਗੋਵਾਲ, ਅਮਿਤ ਸ਼ਰਮਾ, ਡਾ. ਮਨਪ੍ਰੀਤ ਸਿੱਧੂ, ਪੰਡਿਤ ਸਤੀਸ਼ ਸ਼ਾਸਤਰੀ, ਵੀਰਮ ਬਾਵਾ ਹਰਜੀਤ ਸਿੰਘ ਦੰਦੀਵਾਲ, ਪ੍ਰਗਟ ਸਿੰਘ ਕਾਲਾ ਕੋਟੜਾ ਡਿੰਪਲ ਫਰਮਾਹੀ, ਹਰਬੰਸ ਬਾਂਸਲ, ਰਜਿੰਦਰ ਮਿੱਠੂ ਠੇਕੇਦਾਰ, ਪ੍ਰਿੰਸ ਬਾਂਸਲ ਅਤੇ ਅਸ਼ੋਕ ਮਿੱਤਲ ਵੀ ਹਾਜਰ ਸਨ।

## ਖ਼ੂਨਦਾਨ ਕਰਨਾ ਸਭ ਤੋਂ ਪਵਿੱਤਰ ਸਮਾਜਿਕ ਫਰਜ਼ : ਐੱਸ ਐੱਸ ਪੀ





# ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸਪਤਾਹ ਮਨਾਇਆ




**ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)**-ਇਮਾਨਦਾਰੀ ਤੇ ਬੇਈਮਾਨੀ ਦੇ ਫ਼ਰਕ ਨੂੰ ਸਮਝ ਕੇ ਹੀ ਭ੍ਰਿਸ਼ਟਾਚਾਰ ਰੂਪੀ ਕੋੜ੍ਹ ਨੂੰ ਨੱਥ ਪਾਈ ਜਾ ਸਕਦੀ ਹੈ ਤੇ ਕਿਸੇ ਵੀ ਸੱਚੇ-ਸੁੱਚੇ ਇਨਸਾਨ ਨੂੰ ਕਦੇ ਕਿਸੇ ਦੀ ਨਜਾਇਜ਼ ਹਮਾਇਤ ਦੀ ਲੋੜ ਨਹੀਂ ਹੁੰਦੀ।

ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਵਿਜੀਲੈਂਸ ਵਿਭਾਗ ਵਲੋਂ ਮਨਾਏ ਜਾ ਰਹੇ ਸਲਾਨਾ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸਪਤਾਹ ਦੌਰਾਨ ਸਥਾਨਕ ਸਰਕਾਰੀ ਰਾਜਿੰਦਰਾ ਕਾਲਜ ਵਿਖੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਨ ਉਪਰੰਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਆਪਣੀ ਜਨਮ ਭੂਮੀ ਕਸ਼ਮੀਰ ਦੀ ਪੜ੍ਹਾਈ ਦੀਆਂ ਯਾਦਾਂ ਤੇ ਪੰਜਾਬ ਵਿਚਲੀ ਆਪਣੀ ਹੁਣ ਤੱਕ ਦੀ ਸਰਵਿਸ ਦੇ ਵਿਦਿਆਰਥੀਆਂ ਨਾਲ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਇਮਾਨਦਾਰੀ ਦੇ ਗੁਣਾਂ ਤੇ ਬੇਈਮਾਨੀ ਦੇ ਐਬਾਂ ਨੂੰ ਸਮਝਣਾ ਚਾਹੀਦਾ ਹੈ ਤਾਂ ਹੀ ਅਸੀਂ ਜ਼ਿੰਦਗੀ ਵਿੱਚ ਅੱਗੇ ਵਧ ਸਕਦੇ ਹਾਂ ਦੇਸ਼ ਤਰੱਕੀ ਕਰ ਸਕਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਅੰਤਰ ਆਤਮਾ ਦੀ ਆਵਾਜ਼ ਸੁਣਨ ਤੇ ਪਹਿਚਾਨਣ ਦਾ ਵੀ ਸੱਦਾ ਦਿੱਤਾ। ਇਸ ਤੋਂ ਪਹਿਲਾਂ ਵਿਜੀਲੈਂਸ ਬਠਿੰਡਾ ਰੇਂਜ ਦੇ ਐਸ.ਐਸ.ਪੀ ਹਰਪਾਲ ਸਿੰਘ ਨੇ ਮਨਾਏ ਜਾ ਰਹੇ ਭ੍ਰਿਸ਼ਟਾਚਾਰ ਵਿਰੋਧੀ ਸਪਤਾਹ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਟਾਲਰੈਂਸ ਤਹਿਤ ਅਪਣਾਈ ਜਾ ਰਹੀ ਨੀਤੀ ਅਧੀਨ ਵਿਜੀਲੈਂਸ ਵਿਭਾਗ ਵਲੋਂ ਭ੍ਰਿਸ਼ਟਾਚਾਰ ਖਿਲਾਫ਼ ਵਿਸ਼ੇਸ਼ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਜੀਲੈਂਸ ਵਲੋਂ ਕਦੇ ਵੀ ਕੋਈ ਵਿਅਕਤੀ, ਰੁਤਬਾ ਅਤੇ ਰਾਜਨੀਤਿਕ ਪਾਰਟੀ ਨੂੰ ਨਹੀਂ ਦੇਖਿਆ ਜਾਂਦਾ ਸਗੋਂ ਭ੍ਰਿਸ਼ਟਾਚਾਰ ਨੂੰ ਦੇਖਿਆ ਜਾਂਦਾ ਹੈ ਉਹ ਭਾਵੇਂ 1 ਕਰੋੜ ਦਾ ਹੋਵੇ ਚਾਹੇ 1 ਰੁਪਏ ਦਾ।

ਉਨ੍ਹਾਂ ਕਾਲਜ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਭ੍ਰਿਸ਼ਟਾਚਾਰ ਦੇ ਖਿਲਾਫ਼ ਚਲਾਈ ਮੁਹਿੰਮ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਕੇ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਸਹਾਈ ਸਿੱਧ ਹੋਣ। ਇਸ ਤੋਂ ਪਹਿਲਾਂ ਡੀ ਐਸ ਪੀ ਵਿਜੀਲੈਂਸ ਕੁਲਵੰਤ ਸਿੰਘ ਅਤੇ ਸੇਵਾ ਮੁਕਤ ਇਸਪੈਕਟਰ ਸ਼ਮਸ਼ੇਰ ਸਿੰਘ ਵਲੋਂ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਆਪਣੇ ਪ੍ਰਭਾਵਸ਼ਾਲੀ ਸ਼ਬਦਾਂ ਰਾਹੀਂ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ। ਸੈਮੀਨਾਰ ਦੇ ਅਖੀਰ ਵਿੱਚ ਸਰਕਾਰੀ ਰਜਿੰਦਰਾ ਕਾਲਜ ਦੀ ਪ੍ਰਿੰਸੀਪਲ ਡਾ. ਜਯੋਤਸਨਾ ਵਲੋਂ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸਮਾਜ ਬਣਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਏ ਆਈ ਜੀ ਸੀ ਆਈ ਡੀ ਸੁਰਿੰਦਰ ਪਾਲ ਸਿੰਘ, ਡੀ ਐਸ ਪੀ ਵਿਜੀਲੈਂਸ ਸੰਦੀਪ ਸਿੰਘ, ਸੇਵਾ ਮੁਕਤ ਡੀ ਐਸ ਪੀ ਰਣਜੀਤ ਸਿੰਘ ਤੋਂ ਇਲਾਵਾ ਕਾਲਜ ਦਾ ਸਟਾਫ਼ ਤੇ ਵਿਦਿਆਰਥੀ ਆਦਿ ਹਾਜ਼ਰ ਸਨ।

# ਡੀ ਸੀ ਵੱਲੋਂ ਪਰਾਲੀ ਸਾੜਨ ਤੋਂ ਰੋਕਣ ਲਈ ਅਧਿਕਾਰੀਆਂ ਨੂੰ ਹਦਾਇਤਾਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਝੋਨੇ ਅਤੇ ਬਾਸਮਤੀ ਦੀ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਮੀਟਿੰਗ ਦਫਤਰ ਡਿਪਟੀ ਕਮਿਸ਼ਨਰ ਵਿਖੇ ਹੋਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਪਰਾਲੀ ਨੂੰ ਅੱਗ ਲਗਾਉਣ 'ਤੇ ਰੋਕ ਹੈ। ਉਨ੍ਹਾਂ ਨੋਡਲ ਅਤੇ ਕਲਸਟਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕੋਈ ਕਿਸਾਨ ਝੋਨੇ ਅਤੇ ਬਾਸਮਤੀ ਦੀ ਪਰਾਲੀ ਜਾਂ ਪਰਾਲੀ ਦੀ ਰਹਿੰਦ-ਖੂੰਹਦ ਜਾਂ ਪਰਾਲੀ ਦੀਆਂ ਬਣਾਈਆਂ ਹੋਈਆਂ ਗੰਢਾਂ ਨੂੰ ਖੇਤਾਂ ਵਿੱਚ ਸਾੜਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਸਰਕਾਰੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਰਬਤ ਦੇ ਭਲੇ ਲਈ ਪਰਾਲੀ ਨੂੰ ਅੱਗ ਨਹੀਂ ਲਗਾਉਣੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਅਸੀਂ ਵਾਤਾਵਰਨ ਦਾ ਨੁਕਸਾਨ ਤਾਂ ਕਰਦੇ ਹੀ ਹਾਂ ਨਾਲ ਹੀ ਅਸੀਂ ਆਪਣੀ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਘੱਟ ਕਰਕੇ ਉਸ ਨੂੰ ਬੰਜਰ ਕਰਨ ਦੇ ਦੋਸ਼ੀ ਵੀ ਬਣਦੇ ਹਾਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਪਰਾਲੀ ਨੂੰ ਖੇਤ ਵਿਚ ਹੀ ਮਿਲਾ ਦਿੱਤਾ ਜਾਵੇ ਤਾਂ ਪਰਾਲੀ ਜ਼ਮੀਨ ਵਿਚ ਜੈਵਿਕ ਮਾਦੇ ਦੇ ਵਾਧੇ ਦਾ ਕੰਮ ਕਰਦੀ ਹੈ ਅਤੇ ਜ਼ਮੀਨ ਦੀ ਤਾਕਤ ਵਧਦੀ ਹੈ ਅਤੇ ਚੰਗੀ ਉਪਜ ਮਿਲਦੀ ਹੈ। ਡਿਪਟੀ ਕਮਿਸਨਰ ਨੇ ਕਿਹਾ ਕਿ ਇਸ ਲਈ ਪਿੰਡਾਂ ਵਿਚ ਮਸ਼ੀਨਾਂ ਉਪਲਬੱਧ ਹਨ। ਕਿਸਾਨ ਕਿਰਾਏ 'ਤੇ ਮਸ਼ੀਨਾਂ ਵੀ ਲੈ ਸਕਦੇ ਹਨ। ਇਸ ਲਈ ਖੇਤੀਬਾੜੀ ਵਿਭਾਗ ਦੀ ਸਲਾਹ ਲਈ ਜਾ ਸਕਦੀ ਹੈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੰਵਰਜੀਤ ਸਿੰਘ ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ, ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ, ਜ਼ਿਲ੍ਹੇ ਦੇ ਬਲਾਕ ਤੇ ਪੰਚਾਇਤ ਅਫਸਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਤਾਇਨਾਤ ਕੀਤੇ ਨੋਡਲ ਅਤੇ ਕਲਸਟਰ ਅਧਿਕਾਰੀ ਮੌਜੂਦ ਸਨ।

AXIS BANK LTD.

ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ, ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001-ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਤੀਜੀ ਮੰਜ਼ਲ, ਐੱਸ ਸੀ ਓ 367-368, ਆਕਾਸ਼ ਇੰਸਟੀਚਿਊਟ, ਸੈਕਟਰ 34 ਏ, ਚੰਡੀਗੜ੍ਹ-160022-ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ: | ਕਰਜ਼ਦਾਰਾਂ ਦੇ ਕਾਨੂੰਨੀ ਵਾਰਸਾਂ ਦਾ ਨਾਂਅ/ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਪਤਾ | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ | ਐੱਨ ਪੀ ਏ ਮਿਤੀ / ਡਿਮਾਂਡ ਨੋਟਿਸ ਦੀ ਮਿਤੀ / ਬਕਾਇਆ ਖੜ੍ਹੀ ਰਕਮ / ਕਰਜ਼ਾ ਰਕਮ |
|---|---|---|---|---|
| 1. | ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਸ੍ਰੀ ਚੰਚਲ ਸਿੰਘ ਬਸਤੀ ਸੁਰਜੀਤ ਪੁਰੇ ਦਿਆਲਪੁਰਾ ਭਾਈ ਕਾ ਰਾਮਪੁਰਾ ਫੂਲ, ਬਠਿੰਡਾ, ਪੰਜਾਬ-151108 | ਸ੍ਰੀਮਤੀ ਸੁਰਜੀਤ ਕੌਰ ਪਤਨੀ ਸ੍ਰੀ ਚੰਚਲ ਸਿੰਘ ਬਸਤੀ ਸੁਰਜੀਤ ਪੁਰੇ ਦਿਆਲਪੁਰਾ ਭਾਈ ਕਾ ਰਾਮਪੁਰਾ ਫੂਲ, ਬਠਿੰਡਾ, ਪੰਜਾਬ-151108 | ਟਰੈਕਟਰ ਕਰਜ਼ਾ ਸਹੂਲਤ, ਕਰਜ਼ਾ ਖਾਤਾ ਨੰ: ਐੱਲ ਐੱਨ ਆਰ 024205444-369, ਉਤਪਾਦਕ ਸੋਨਾਲੀਕਾ-ਇੰਜਣ ਨੰ: 4100 ਈ ਐੱਲ 04 ਐੱਚ 955411 ਐੱਫ 1, ਚੈਸਿਸ ਨੰ: ਜੇ ਜ਼ੈੱਡ ਜ਼ੈੱਡ ਡੀ ਐੱਚ 960453 ਐੱਸ ਰਜਿਸਟਰੇਸ਼ਨ ਨੰ: ਪੀ ਬੀ 03 ਬੀ ਈ 9223 ਸਹੂਲਤ ਪ੍ਰਾਪਤ ਕਰਤਾ ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਸ੍ਰੀ ਚੰਚਲ ਸਿੰਘ ਬਸਤੀ ਸੁਰਜੀਤ ਪੁਰੇ ਦਿਆਲਪੁਰਾ ਭਾਈ ਕਾ ਰਾਮਪੁਰਾ ਫੂਲ, ਬਠਿੰਡਾ, ਪੰਜਾਬ-151108 | 05 ਜੂਨ 2022 / 19 ਸਤੰਬਰ 2023 / ਰੁ: 894.618/- (ਅੱਠ ਲੱਖ ਚਰਾਨਵੇਂ ਹਜ਼ਾਰ ਛੇ ਸੌ ਅਠਾਰਾਂ ਰੁਪਏ ਕੇਵਲ) / ਰੁ: 579,203/- (ਪੰਜ ਲੱਖ ਉਨਾਸੀ ਹਜ਼ਾਰ ਦੋ ਸੌ ਤਿੰਨ ਰੁਪਏ ਕੇਵਲ) |
| 2. | ਸ੍ਰੀ ਰਾਜ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ ਵਾਸੀ ਪਿੰਡ ਧੂਲਕੋਟ, ਫਰੀਦਕੋਟ, ਪੰਜਾਬ-151203 ਭਾਰਤ। | ਸ੍ਰੀ ਦਰਸ਼ਨ ਸਿੰਘ ਪੁੱਤਰ ਸ੍ਰੀ ਲਸ਼ਮਣ ਸਿੰਘ ਵਾਸੀ ਪਿੰਡ ਧੂਲਕੋਟ, ਫਰੀਦਕੋਟ, ਪੰਜਾਬ-151203 ਭਾਰਤ। | ਟਰੈਕਟਰ ਕਰਜ਼ਾ ਸਹੂਲਤ, ਕਰਜ਼ਾ ਖਾਤਾ ਨੰ: ਐੱਲ ਐੱਨ ਆਰ 0242047 85275 ਉਤਪਾਦਕ ਪੀ ਟੀ ਐੱਲ (ਸਵਰਾਜ) ਇੰਜਣ ਨੰ: 475-11 ਐੱਸ ਏ ਐੱਲ 20040 ਚੈਸਿਸ ਨੰ: ਐੱਮ ਬੀ ਐਨ ਬੀ ਜੀ 55 ਏ ਏ ਕੇ ਸੀ ਐੱਲ 83915, ਰਜਿਸਟਰੇਸ਼ਨ ਨੰ: ਪੀ ਬੀ 04 ਏ ਈ 1891, ਸਹੂਲਤ ਪ੍ਰਾਪਤ ਕਰਤਾ ਰਾਜ ਸਿੰਘ ਪਿੰਡ ਧੂਲਕੋਟ, ਫਰੀਦਕੋਟ, ਪੰਜਾਬ-151203 | 05 ਜੂਨ 2022 / 19 ਸਤੰਬਰ 2023 / ਰੁ: 1,055,271/- (10 ਲੱਖ ਪਚਵੰਜਾ ਹਜ਼ਾਰ ਦੋ ਸੌ ਇਕੱਤਰ ਰੁਪਏ ਕੇਵਲ) / ਰੁ: 705,103/- (ਸੱਤ ਲੱਖ ਪੰਜ ਹਜ਼ਾਰ ਇੱਕ ਸੌ ਤਿੰਨ ਰੁਪਏ ਕੇਵਲ) |
| 3. | ਸ੍ਰੀ ਸਤਪਾਲ ਸਿੰਘ ਪੁੱਤਰ ਸ੍ਰੀ ਹਰਮੇਸ਼ ਸਿੰਘ ਪਿੰਡ ਝੋਟੀਵਾਲਾ, ਜ਼ਿਲ੍ਹਾ ਫਰੀਦਕੋਟ, ਪੰਜਾਬ-151212 | ਸ੍ਰੀ ਜੀਤ ਸਿੰਘ ਪੁੱਤਰ ਸ੍ਰੀ ਹਾਕਮ ਸਿੰਘ ਪਿੰਡ ਝੋਟੀਵਾਲਾ, ਜ਼ਿਲ੍ਹਾ ਫਰੀਦਕੋਟ, ਪੰਜਾਬ-151212 | ਟਰੈਕਟਰ ਕਰਜ਼ਾ ਸਹੂਲਤ, ਕਰਜ਼ਾ ਖਾਤਾ ਨੰ: ਐੱਲ ਐੱਨ ਆਰ 024203179677 ਉਤਪਾਦਕ ਸੋਨਾਲੀਕਾ, ਇੰਜਣ ਨੰ: 05 ਈ ਐੱਲ 83 ਡੀ 722126 ਐੱਫ 8, ਚੈਸਿਸ ਨੰ: ਜੀ ਜ਼ੈੱਡ ਜੀ ਡੀ ਜੀ 730592 ਐੱਸ 3, ਰਜਿਸਟਰੇਸ਼ਨ ਨੰ: ਪੀ ਬੀ 04 ਏ ਏ 3534, ਸਹੂਲਤ ਪ੍ਰਾਪਤ ਕਰਤਾ ਸ੍ਰੀ ਸਤਪਾਲ ਸਿੰਘ ਪਿੰਡ ਝੋਟੀਵਾਲਾ ਜ਼ਿਲ੍ਹਾ ਫਰੀਦਕੋਟ, ਪੰਜਾਬ-151212 | 06 ਨਵੰਬਰ 2021 / 28 ਸਤੰਬਰ 2023 / ਰੁ: 821,403/- (ਅੱਠ ਲੱਖ ਇੱਕੀ ਹਜ਼ਾਰ ਚਾਰ ਸੌ ਤਿੰਨ ਰੁਪਏ ਕੇਵਲ) / ਰੁ: 609, 748/- (ਛੇ ਲੱਖ ਨੌ ਹਜ਼ਾਰ ਸੱਤ ਸੌ ਅਠਤਾਲੀ ਰੁਪਏ ਕੇਵਲ) |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। (ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।)

ਮਿਤੀ : 02-11-2023, ਸਥਾਨ : ਪੰਜਾਬ — **ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ**

2-NOV-PAGE-7.qxd 11/1/2023 8:52 PM Page 1



# ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੀਆਂ ਵਿਦਿਆਰਥਣਾਂ ਨੂੰ ਬੱਸ ਸਹੂਲਤ



**ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)**-ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੀ ਸਿੱਖਿਆ ਤੇ ਸਿਹਤ ਦੇ ਖੇਤਰ ਨੂੰ ਪ੍ਰਫੁੱਲਿਤ ਕਰਨਾ ਮੁੱਖ ਤਰਜੀਹ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ ਨੇ ਸੂਬਾ ਸਰਕਾਰ ਵਲੋਂ ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੀਆਂ ਵਿਦਿਆਰਥਣਾਂ ਨੂੰ ਘਰ ਤੋਂ ਸਕੂਲ ਤੇ ਸਕੂਲ ਤੋਂ ਘਰ ਤੱਕ ਆਉਣ-ਜਾਣ ਲਈ ਸ਼ੁਰੂ ਕੀਤੀ ਜਾ ਰਹੀ ਬੱਸ ਸਹੂਲਤ ਦੇ ਮੱਦੇਨਜ਼ਰ ਸਥਾਨਕ ਸਥਾਨਕ ਮਾਲ ਰੋਡ 'ਤੇ ਸਥਿਤ ਸ਼ਹੀਦ ਰਵੀ ਇੰਦਰ ਸਿੰਘ ਸੰਧੂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤੋਂ ਸਕੂਲੀ ਬੱਸਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅੰਮ੍ਰਿਤ ਲਾਲ ਅਗਰਵਾਲ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਵਿਧਾਇਕ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਿੱਖਿਆ ਦੇ ਖੇਤਰ ਵਿੱਚ ਜਿੱਥੇ ਕ੍ਰਾਂਤੀਕਾਰੀ ਤਬਦੀਲੀਆਂ ਲਿਆਉਂਦਿਆਂ ਸਕੂਲ ਆਫ਼ ਐਮੀਨੈਂਸ ਖੋਲ੍ਹੇ ਜਾ ਰਹੇ ਹਨ ਉੱਥੇ ਹੀ ਸਿਹਤ ਸਹੂਲਤਾਂ ਨੂੰ ਹੋਰ ਬੇਤਹਰ ਬਣਾਉਣ ਲਈ ਆਮ ਆਦਮੀ ਕਲੀਨਿਕ ਵੀ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਜੋ ਵੀ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ, ਉਹ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵਲੋਂ ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਟਾਲਰੈਂਸ ਦੀ ਅਪਣਾਈ ਜਾ ਰਹੀ ਨੀਤੀ ਤਹਿਤ ਵਿਜੀਲੈਂਸ ਵਿਭਾਗ ਵਲੋਂ ਭ੍ਰਿਸ਼ਟਾਚਾਰ ਖਿਲਾਫ਼ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਦੌਰਾਨ ਵਿਧਾਇਕ ਗਿੱਲ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ 3 ਕਿਲੋਮੀਟਰ ਤੋਂ ਵਧੇਰੇ ਦੂਰੀ ਤੋਂ ਪੜ੍ਹਨ ਆਉਣ ਵਾਲੀਆਂ ਵਿਦਿਆਰਥਣਾਂ ਲਈ ਬੱਸ ਸਰਵਿਸ ਸ਼ੁਰੂ ਕੀਤੀ ਗਈ ਹੈ, ਇਸ ਨਾਲ ਜਿੱਥੇ ਉਨ੍ਹਾਂ ਦੀ ਸੁਰੱਖਿਆ ਹੋਵੇਗੀ ਉੱਥੇ ਹੀ ਉਨ੍ਹਾਂ ਦੇ ਮਾਂ-ਬਾਪ ਦੀ ਚਿੰਤਾ ਵੀ ਘਟੇਗੀ ਤੇ ਉਨ੍ਹਾਂ ਦੇ ਸਮੇਂ ਦੀ ਵੀ ਬੱਚਤ ਹੋਵੇਗੀ। ਇਸ ਮੌਕੇ ਗਿੱਲ ਨੇ ਬਠਿੰਡਾ ਅੰਦਰ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਉਦਯੋਗਿਕ ਕ੍ਰਾਂਤੀ ਦੇ ਮੱਦੇਨਜਰ 9 ਕਰੋੜ ਦੀ ਲਾਗਤ ਨਾਲ ਰੋਜ਼ ਗਾਰਡਨ ਨੇੜੇ ਮਕੈਨੀਕਲ ਪਾਰਕ ਬਣਾਇਆ ਜਾ ਰਿਹਾ ਹੈ ਜੋ ਕਿ ਨੌਜਵਾਨਾਂ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਸਹਾਈ ਸਿੱਧ ਹੋਵੇਗਾ। ਸ਼ਹਿਰ ਵਾਸੀਆਂ ਦੀ ਪਾਣੀ ਦੀ ਸਮੱਸਿਆ ਦੇ ਨਿਪਟਾਰੇ ਲਈ 37.5 ਕਰੋੜ ਦੀ ਲਾਗਤ ਨਾਲ ਝੀਲ ਨੰਬਰ 1 ਨੂੰ ਵਾਟਰ ਟੈਂਕ ਵਿੱਚ ਤਬਦੀਲ ਕਰਨ ਲਈ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਸ਼ਹਿਰ ਵਾਸੀਆਂ ਨੂੰ ਆਵਾਰਾ ਪਸ਼ੂਆਂ ਦੀ ਸਮੱਸਿਆ ਤੋਂ ਵੀ ਜਲਦ ਛੁਟਕਾਰਾ ਮਿਲੇਗਾ। ਗਿੱਲ ਨੇ ਕਿਹਾ ਕਿ ਸਰਕਾਰ ਵਲੋਂ ਸਰਕਾਰੀ ਨੌਕਰੀਆਂ ਸਿਰਫ਼ ਤੇ ਸਿਰਫ਼ ਯੋਗਤਾ ਤੇ ਮੈਰਿਟ ਦੇ ਆਧਾਰ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਜਿਸ ਕਾਰਨ ਹੁਣ ਆਮ ਘਰਾਂ ਦੇ ਬੱਚੇ ਵੀ ਪੀ ਸੀ ਐਸ ਅਤੇ ਜੁਡੀਸ਼ਰੀ 'ਚ ਵੀ ਭਰਤੀ ਹੋ ਰਹੇ ਹਨ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ਼ਿਵਪਾਲ ਗੋਇਲ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਇਕਬਾਲ ਸਿੰਘ, ਐਮ ਸੀ ਸੁਖਦੀਪ ਸਿੰਘ, ਜਗਦੀਸ਼ ਸਿੰਘ, ਬੱਲੀ ਬਲਜੀਤ ਸਿੰਘ, ਸ਼ਹੀਦ ਰਵੀ ਇੰਦਰ ਸਿੰਘ ਸੰਧੂ ਦੇ ਮਾਤਾ ਪਰਮਿੰਦਰ ਕੌਰ, ਪਿਤਾ ਜਸਵੀਰ ਸਿੰਘ ਤੇ ਸ਼ਹੀਦ ਰਵੀ ਇੰਦਰ ਸਿੰਘ ਸੰਧੂ ਦਾ ਬੇਟਾ ਰਣਅਜੈ ਸਿੰਘ ਤੋਂ ਇਲਾਵਾ ਸਮੂਹ ਸਟਾਫ਼ ਤੇ ਵਿਦਿਆਰਥਣਾਂ ਹਾਜ਼ਰ ਸਨ।

# ਮੰਗਾਂ ਨਾ ਮੰਨੇ ਜਾਣ 'ਤੇ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸਰਕਾਰ ਨੂੰ ਘੇਰਨ ਦਾ ਐਲਾਨ : ਜ਼ਿਲ੍ਹਾ ਪ੍ਰਧਾਨ



**ਭੀਖੀ (ਧਰਮਵੀਰ ਸ਼ਰਮਾ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਜ਼ਿਲਾ ਮਾਨਸਾ ਦੀ ਮੀਟਿੰਗ ਜ਼ਿਲਾ ਪ੍ਰਧਾਨ ਹਰਦੀਪ ਸਿੰਘ ਬਰ੍ਹੇ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਅਗਨੀਵੀਰ ਸ਼ਹੀਦ ਅੰਮ੍ਰਿਤਪਾਲ ਸਿੰਘ ਕੋਟਲੀ ਕਲਾਂ ਦੇ ਸ਼ਹੀਦ ਹੋਣ ਤੇ ਦੋ ਮਿੰਟ ਦਾ ਮੌਨ ਧਾਰਨ ਰੱਖਿਆ ਗਿਆ। ਇਸ ਤੋਂ ਇਲਾਵਾ ਮਾਨਸਾ ਦੇ ਡਾ. ਸੁਨੀਲ ਬਾਂਸਲ ਐੱਮਡੀ ਮੈਡੀਸਨ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਆਪਣੇ ਹਸਪਤਾਲ ਬਾਰੇ ਜਾਣਕਾਰੀ ਦਿੱਤੀ। ਤੇ ਦੀਵਾਲੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ। ਜ਼ਿਲਾ ਪ੍ਰਧਾਨ ਡਾ. ਹਰਦੀਪ ਸਿੰਘ ਬਰ੍ਹੇ ਨੇ ਕਿਹਾ ਕਿ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਇਸ ਲਈ ਸੂਬੇ ਵਲੋਂ ਫੈਸਲਾ ਲਿਆ ਗਿਆ ਹੈ ਕਿ ਆਉਣ ਵਾਲੇ ਸਮੇਂ ਭਗਵੰਤ ਮਾਨ ਦੀ ਕੋਠੀ ਦਾ ਘਿਰਾਉ ਕੀਤਾ ਜਾਵੇਗਾ। ਇਸ ਮੌਕੇ ਬਲਜੀਤ ਸਿੰਘ ਪਰੋਚਾ ਨੇ ਕਿਹਾ ਕਿ ਅਸੀਂ ਜਥੇਬੰਦੀ ਨੂੰ ਮਜ਼ਬੂਤ ਹਮੇਸ਼ਾ ਡਟ ਕੇ ਖੜ੍ਹੇ ਰਹਾਂਗੇ। ਇਸ ਮੌਕੇ ਪਾਲ ਦਾਸ ਗੁੜੱਦੀ ਵੱਲੋਂ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਕਿਹਾ ਗਿਆ। ਭਰੂਣ ਹੱਤਿਆ ਤੇ ਨਸ਼ਿਆ ਤੋਂ ਦੂਰ ਰਹਿਣ ਲਈ ਕਿਹਾ ਗਿਆ। ਡਾ. ਹਰਜਿੰਦਰ ਸਿੰਘ ਜ਼ਿਲ੍ਹਾ ਕੈਸ਼ੀਅਰ ਨੇ ਅਪਣੇ ਵਿਚਾਰ ਕੀਤੇ। ਮਾਨਸਾ ਬਲਾਕ ਦੇ ਪ੍ਰਧਾਨ ਡਾ. ਸਤਨਾਮ ਸਿੰਘ ਤਾਮਕੋਟ ਨੇ ਮੀਟਿੰਗ ਵਿੱਚ ਆਏ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੱਖਣ ਸਿੰਘ ਕੋਟਲੀ ਤੇ ਰਾਜਵਿੰਦਰ ਸਿੰਘ ਰਾਜੂ ਨੰਗਲ ਨੂੰ ਬਲਾਕ ਮਾਨਸਾ ਅਗਜ਼ੈਕਟਿਵ ਮੈਂਬਰ ਲਾਇਆ। ਇਸ ਮੌਕੇ ਡਾ. ਗੁਰਦੀਪ ਸਿੰਘ ਮੰਢਾਲੀ, ਡਾ. ਜਗਰਾਜ ਖਾਨ ਭੀਖੀ, ਡਾ. ਗੁਰਤੇਜ ਕੋਟੜਾ ਬਲਾਕ ਪ੍ਰਧਾਨ ਭੀਖੀ, ਡਾ. ਅਮਰੀਕ ਖਾਨ, ਗੁਰਵਿੰਦਰ ਸਿੰਘ ਭੈਣੀ ਬਾਘਾ, ਡਾ. ਜਗਸੀਰ ਸਿੰਘ ਗੋਰਾ, ਡਾ. ਅਮਨਦੀਪ ਸਿੰਘ ਪਿੱਪਲੀਆ, ਡਾ. ਕੁਲਦੀਪ ਸਿੰਘ ਮੰਦਰਾਂ, ਡਾ. ਗੁਰਤੇਜ ਸ਼ਰਮਾ, ਡਾ. ਹਰਦੀਪ ਸਿੰਘ ਸਮਾਉਂ, ਡਾ. ਮਹਾਂਵੀਰ ਕੁਮਾਰ, ਡਾ. ਗੁਰਪ੍ਰੀਤ ਸਿੰਘ, ਡਾ. ਜੰਟੀ ਸਿੰਘ, ਡਾ. ਗੁਰਵਿੰਦਰ ਸਿੰਘ, ਡਾ. ਤੇਜਾ ਸਿੰਘ, ਡਾ. ਸੁਖਜਿੰਦਰ ਖਾਨ, ਡਾ. ਅਮਰੀਕ ਖਾਨ ਆਦਿ ਹਾਜ਼ਰ ਸਨ।

## ਕਿੰਡਰ ਗਾਰਟਨ ਸਕੂਲ ਕੁਇਜ਼ ਪ੍ਰਤੀਯੋਗਤਾ 'ਚ ਅੱਵਲ ਰਿਹਾ



**ਸਮਰਾਲਾ (ਸੁਰਜੀਤ ਸਿੰਘ)**-ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਸਮਰਾਲਾ ਵੱਲੋਂ ਸਕੂਲੀ ਲੜਕੀਆਂ ਲਈ ਕੁਇਜ਼ ਪ੍ਰਤੀਯੋਗਤਾ ਕਰਵਾਈ ਗਈ। ਟਰੱਸਟ ਦੇ ਚੇਅਰਮੈਨ ਡਾ: ਜੀਤ ਰਾਵਲ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ ਵਿਚ 3 ਸਕੂਲਾਂ ਦੀਆਂ 12 ਲੜਕੀਆਂ ਨੇ ਭਾਗ ਲਿਆ। ਕਿੰਡਰ ਗਾਰਟਨ ਸਕੂਲ ਦੀਆਂ ਲੜਕੀਆਂ ਪਹਿਲੇ ਸਥਾਨ ਤੇ ਰਹੀਆਂ। ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀਆਂ ਲੜਕੀਆਂ ਦੂਜੇ ਸਥਾਨ ਅਤੇ ਨਨਕਾਣਾ ਸਾਹਿਬ ਪਬਲਿਕ ਸਕੂਲ ਦੀਆਂ ਲੜਕੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੀਆਂ ਅਧਿਆਪਕਾਂ ਬਬਨਦੀਪ ਕੌਰ, ਸੀਮਾ ਗਰੋਵਰ, ਸੁਖਵਿੰਦਰ ਕੌਰ ਅਤੇ ਟਰੱਸਟੀ ਧਰਮ ਸਿੰਘ, ਸ਼ਾਮ ਲਾਲ ਭਾਰਦਵਾਜ, ਸੂਰਿਆਕਾਂਤ ਵਰਮਾ ਆਦਿ ਸ਼ਾਮਲ ਸਨ।

## ਸਰੀਰਦਾਨੀ ਕੇਦਾਰ ਨਾਥ ਹਮੀਦੀ ਦੀ ਯਾਦ 'ਚ ਹੋਣਹਾਰ ਵਿਦਿਆਰਥੀ ਸਨਮਾਨਿਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ ਵਿਖੇ ਕਰਵਾਏ ਸਮਾਗਮ ਮੌਕੇ ਸਰੀਰਦਾਨੀ ਪੰਡਿਤ ਕੇਦਾਰ ਨਾਥ ਦੀ ਯਾਦ 'ਚ ਚੰਗੀਆਂ ਪ੍ਰਾਪਤੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਜਾਣਕਾਰੀ ਅਨੁਸਾਰ ਬਾਰ੍ਹਵੀਂ ਤੋਂ ਲੈ ਕੇ ਪੰਜਵੀਂ ਸ਼੍ਰੇਣੀ ਤੱਕ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਅਤੇ ਖੇਡਾਂ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਦ ਰਾਸ਼ੀ ਅਤੇ ਸ਼ਿਵ ਵਰਮਾ ਦੀ ਅਹਿਮ ਰਚਨਾ 'ਅਜਿਹਾ ਸੀ ਸਾਡਾ ਭਗਤ ਸਿੰਘ' ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਕਿਯੂ ਡਕੌਂਦਾ ਦੇ ਜਗਰਾਜ ਸਿੰਘ, ਸ਼ਕੁੰਤਲਾ ਦੇਵੀ, ਪਲਵਿੰਦਰ ਸਿੰਘ ਨੇ ਕਿਹਾ ਕਿ ਸਰਕਾਰੀ ਸਕੂਲ ਦੇ ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਿਦਿਆਰਥੀਆਂ ਨੂੰ ਹਰ ਸਾਲ ਸਨਮਾਨ ਕਰਨ ਦਾ ਫੈਸਲਾ ਲੈ ਕੇ ਪਰਿਵਾਰ ਨੇ ਸ਼ਲਾਘਾਯੋਗ ਉਪਰਾਲਾ ਕੀਤਾ ਹੈ, ਵਿਦਿਆਰਥੀਆਂ ਨੂੰ ਇਸ ਤਰ੍ਹਾਂ ਸਨਮਾਨਿਤ ਕਰਕੇ ਉਨ੍ਹਾਂ ਅੰਦਰ ਮੁਕਾਬਲੇ ਅਤੇ ਸਾਹਿਤ ਪੜ੍ਹਨ ਦੀ ਰੁਚੀ ਪੈਦਾ ਹੋਵੇਗੀ।

# ਬੀ ਬੀ ਐੱਸ ਬੀ ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਕਹਾਣੀ ਸੁਣਾਉਣ ਮੁਕਾਬਲਾ ਕਰਵਾਇਆ



**ਜਗਰਾਉਂ (ਨਛੱਤਰ ਸੰਧੂ)**

ਬੇਟ ਇਲਾਕੇ ਦੀ ਨਾਮਵਰ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ, ਸਿੱਧਵਾਂ ਬੇਟ ਵਿਖੇ ਕਹਾਣੀ ਸੁਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਪੁਰਾਣੇ ਸਮੇਂ ਵਿੱਚ ਬੱਚੇ ਦਾਦਾ ਦਾਦੀ ਤੋਂ ਕਹਾਣੀਆਂ ਸੁਣਦੇ ਸਨ ਪਰ ਅੱਜ ਕੱਲ੍ਹ ਆਧੁਨਿਕ ਟੈਕਨੋਲੋਜੀ ਕਾਰਨ ਬੱਚਿਆਂ ਦਾ ਰੁਝਾਨ ਸਿੱਖਿਆਦਾਇਕ ਕਹਾਣੀਆਂ ਤੋਂ ਕਾਫੀ ਘਟ ਗਿਆ ਹੈ। ਪਰ ਸਾਡੇ ਸਕੂਲ ਵਿੱਚ ਲਾਇਬਰੇਰੀ ਵਿੱਚ 8000 ਦੇ ਕਰੀਬ ਕਿਤਾਬਾਂ ਹਨ। ਸਕੂਲ ਵਿੱਚ ਲਾਇਬਰੇਰੀ ਦਾ ਪੀਰੀਅਡ ਲਾਜ਼ਮੀ ਕੀਤਾ ਗਿਆ ਹੈ ਜਿਸ ਨਾਲ ਬੱਚੇ ਚੰਗੀਆਂ ਕਿਤਾਬਾਂ ਨਾਲ ਜੁੜੇ ਰਹਿੰਦੇ ਹਨ। ਸਕੂਲ ਦੇ ਯੂ. ਕੇ. ਜੀ. ਜਮਾਤ ਦੇ ਬੱਚਿਆਂ ਨੇ ਕਹਾਣੀ ਸੁਣਾਉਣ ਦੇ ਮੁਕਾਬਲੇ ਵਿੱਚ ਹਿੱਸਾ ਲਿਆ। ਬੱਚਿਆਂ ਨੇ ਵੱਖ ਵੱਖ ਕਹਾਣੀਆਂ ਨੂੰ ਬੜੇ ਆਤਮ ਵਿਸ਼ਵਾਸ ਨਾਲ ਆਪਣੇ ਸਾਥੀਆਂ ਅੱਗੇ ਬਿਨਾਂ ਝਿਜਕ ਤੋਂ ਪੇਸ਼ ਕੀਤਾ। ਅਧਿਆਪਕਾ ਮੈਡਮ ਮੋਨੀਕਾ ਕਪੂਰ ਕੌਰ ਅਤੇ ਨਿਸ਼ਾ ਨੇ ਵੀ ਇਸ ਮੁਕਾਬਲੇ ਦੀ ਤਿਆਰੀ ਵਿੱਚ ਖੂਬ ਸਹਿਯੋਗ ਦਿੱਤਾ। ਇਸ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਮੈਡਮ ਕਰਮਜੀਤ ਕੌਰ ਨੇ ਨਿਭਾਈ। ਸਮਾਗਮ ਦੇ ਆਖਿਰ ਵਿੱਚ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਨੇ ਬੱਚਿਆਂ ਦੇ ਆਤਮ ਵਿਸ਼ਵਾਸ ਦੀ ਤਾਰੀਫ ਕੀਤੀ ਅਤੇ ਇਨਾਮ ਵੰਡੇ। ਸਮੂਹ ਪ੍ਰਬੰਧਕੀ ਕਮੇਟੀ ਜਿਸ ਵਿੱਚ ਸਮੂਹ ਮੈਨੇਜਮੈਂਟ ਮੈਂਬਰ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਅਤੇ ਮੈਨੇਜਰ ਗਗਨਦੀਪ ਬਾਵਾ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਇਸ ਕਾਰਜ ਦੀ ਸ਼ਲਾਘਾ ਵੀ ਕੀਤੀ।

# ਗੁਲਾਬੇਵਾਲਾ 'ਚ 1 ਕਰੋੜ 30 ਲੱਖ ਦੇ ਹੋਏ ਵਿਕਾਸ ਕਾਰਜ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਨਜ਼ਦੀਕੀ ਪਿੰਡ ਗੁਲਾਬੇਵਾਲਾ ਵਿਖੇ 6 ਕੱਚੀ ਗਲੀਆਂ ਨੂੰ ਇੰਟਰਲਾਕ ਟਾਈਲਾਂ ਨਾਲ ਪੱਕਾ ਬਣਾਏ ਜਾਣ 'ਤੇ ਅੱਜ ਸੂਬੇ ਦੇ ਵਾਈਸ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਆਪਣੇ ਕਰ ਕਮਲਾਂ ਨਾਲ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਲੋਕ ਪੱਖੀ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਆਖਿਆ ਕਿ ਜਦੋਂ ਚੋਣਾਂ ਦਾ ਸਮਾਂ ਸੀ ਤਾਂ ਉਨ੍ਹਾਂ ਨੇ ਪਿੰਡ ਦੀ ਹਰ ਇੱਕ ਗਲੀ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਕਿਉਂਕਿ ਉਸ ਸਮੇਂ ਗਲੀਆਂ ਦੀ ਹਾਲਤ ਬਹੁਤ ਹੀ ਤਰਸਯੋਗ ਬਣੀ ਹੋਈ ਸੀ। ਜਿਸ ਨੂੰ ਪਹਿਲ ਦੇ ਅਧਾਰ 'ਤੇ ਲੈਂਦਿਆਂ ਪਿੰਡ ਦੀਆਂ ਕੱਚੀ ਗਲੀਆਂ ਨੂੰ ਪੱਕਾ ਕਰਵਾਇਆ ਜਾ ਰਿਹਾ ਹੈ। ਕਾਕਾ ਬਰਾੜ ਅਨੁਸਾਰ ਪਿੰਡ ਗੁਲਾਬੇਵਾਲਾ ਵਿਖੇ ਜਦੋਂ ਦੀ ਸਰਕਾਰ ਬਣੀ ਹੈ ਉਦੋਂ ਤੋਂ ਲੈ ਕੇ ਹੁਣ ਤੱਕ ਕਰੀਬ 1 ਕਰੋੜ 30 ਲੱਖ ਰੁਪਏ ਦਾ ਵਿਕਾਸ ਕਾਰਜਾਂ 'ਤੇ ਖਰਚ ਹੋ ਚੁੱਕਿਆ ਹੈ। ਇਨ੍ਹਾਂ ਪੈਸਿਆਂ 'ਚ ਚਾਹੇ ਪਿੰਡ ਦੀਆਂ ਗਲੀਆਂ ਹੋਣ, ਚਾਹੇ ਪਾਣੀ ਵਾਲੇ ਖਾਲ ਹੋਣ ਜਾਂ ਸਕੂਲ ਦੀ ਚਾਰਦਿਵਾਰੀ ਅਤੇ ਬਾਸਕਟਬਾਲ ਗਰਾਊਂਡ ਨੂੰ ਮੁਕੰਮਲ ਸਿਰੇ ਲਗਾ ਦਿੱਤਾ ਗਿਆ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦੁਆਇਆ ਕਿ ਜਲਦ ਹੀ ਰਹਿੰਦੇ ਕੰਮ ਵੀ ਮੁਕੰਮਲ ਕਰਵਾਏ ਜਾਣਗੇ।

ਇਸ ਮੌਕੇ ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਬੱਬਲੂ ਬਰਾੜ, ਐਡਵੋਕੇਟ ਅਰਵਿੰਦਰ ਸਿੰਘ, ਗੁਰਮੀਤ ਸਿੰਘ ਸੈਕਟਰੀ, ਹਰਪ੍ਰੀਤ ਸਿੰਘ, ਤੇਜਿੰਦਰਪਾਲ ਸਿੰਘ ਬਰਾੜ, ਗੁਰਪ੍ਰੀਤ ਸਿੰਘ ਬਰਾੜ, ਬਲਜਿੰਦਰ ਸਿੰਘ ਸਰਪੰਚ, ਜਗਮੀਤ ਸਿੰਘ ਨੰਬਰਦਾਰ, ਜਗਮੀਤ ਸਿੰਘ ਮੈਂਬਰ ਪੰਚਾਇਤ, ਪੰਚਾਇਤ ਸੈਕਟਰੀ ਧਰਮ ਗੋਨਿਆਣਾ, ਸੇਵਕ ਸਿੰਘ, ਨਿਸ਼ਾਨ ਸਿੰਘ, ਗੁਰਵਿੰਦਰ ਸਿੰਘ, ਗੁਰਦੀਪ ਸਿੰਘ, ਹਰਦਵਿੰਦਰ ਸਿੰਘ, ਰਾਜਵਿੰਦਰ ਸਿੰਘ ਨੰਬਰਦਾਰ, ਗਗਨ ਗਿੱਲ, ਜਗਦੀਪ ਗਿੱਲ, ਗੁਰਜੰਟ ਸਿੰਘ, ਹਰਭਗਵਾਨ ਸਿੰਘ ਫੌਜੀ, ਕਾਕੂ ਸਿੰਘ, ਕਰਨੈਲ ਸਿੰਘ ਮੈਂਬਰ, ਸੁਖਮਨ ਸਿੰਘ ਬਰਾੜ, ਗੁਰਤੇਜ ਸਿੰਘ ਸੇਖੋਂ, ਕਾਕਾ ਸੇਖੋਂ, ਸੁਖਜਿੰਦਰ ਗਿੱਲ, ਨਿਰਮਲ ਸੈਕਟਰੀ, ਹਰਚਰਨ ਸਿੰਘ ਮੈਂਬਰ ਆਦਿ ਹਾਜ਼ਰ ਸਨ।

## ਤੰਬਾਕੂ ਦੀ ਵਰਤੋਂ ਦੇ ਖਿਲਾਫ ਚੁੱਕੀ ਸਹੁੰ



**ਧੂਰੀ (ਸੁਖਦੇਵ ਧੂਰੀ)**-ਮਾਣਯੋਗ ਸਿਵਲ ਸਰਜਨ ਡਾ. ਅੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲਾ ਤੰਬਾਕੂ ਕੰਟਰੋਲ ਸੈੱਲ ਦੇ ਨੋਡਲ ਅਫਸਰ ਕਮ-ਸਹਾਇਕ ਸਿਵਲ ਸਰਜਨ ਡਾ. ਸੰਜੇ ਮਾਥੁਰ ਅਤੇ ਮਾਣਯੋਗ ਐੱਸਐੱਮਓ ਡਾ. ਮੁਹੰਮਦ ਅਖਤਰ ਅਤੇ ਆਮ ਆਦਮੀ ਕਲੀਨਿਕ ਦੇ ਇੰਚਾਰਜ ਡਾ. ਨਿਖਲ ਗਰਗ ਦੀ ਅਗਵਾਈ ਵਿਚ ਪੰਜਾਬ ਸਟੇਟ ਨੋ ਤੰਬਾਕੂ ਦਿਵਸ ਮਨਾਇਆ ਗਿਆ ਅਤੇ ਤੰਬਾਕੂ ਦੀ ਵਰਤੋਂ ਨਾ ਕਰਨ ਸਬੰਧੀ ਪ੍ਰਣ ਲਿਆ ਗਿਆ । ਆਮ ਆਦਮੀ ਕਲੀਨਿਕ ਵਿਚ ਆਏ ਮਰੀਜ਼ਾਂ ਨੂੰ ਤੰਬਾਕੂ ਦੀ ਵਰਤੋਂ ਨਾਲ ਸਿਹਤ ਨੂੰ ਹੋਣ ਵਾਲੇ ਨੁਕਸਾਨ ਸੰਬੰਧੀ ਜਾਣਕਾਰੀ ਦਿਤੀ ਗਈ। ਤੰਬਾਕੂ ਦੀ ਵਰਤੋ ਕਰਨ ਵਾਲਿਆਂ ਨੂੰ ਤੰਬਾਕੂ ਤੋਂ ਛੁਟਕਾਰਾ ਪਾਉਣ ਲਈ ਪੰਜਾਬ ਸਰਕਾਰ ਦੇ ਚੱਲ ਰਹੇ ਪ੍ਰੋਗਰਾਮ ਸੰਬੰਧੀ ਵੀ ਦੱਸਿਆ ਗਿਆ ਤਾਂ ਜੋ ਤੰਬਾਕੂ ਨੂੰ ਛੱਡਣ ਵਾਲੇ ਮਰੀਜ਼ ਸਿਵਲ ਹਸਪਤਾਲ ਸੰਗਰੂਰ ਜਾ ਕੇ ਤੰਬਾਕੂ ਨੂੰ ਛੱਡਣ ਵਿਚ ਮਦਦ ਕਰਨ ਵਾਲੀ ਦਵਾਈ ਨਿਕੋਟੀਨ ਦੀਆਂ ਗੋਲੀਆਂ ਮੁਫਤ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਨੀਰਜ ਸ਼ਰਮਾ ਮਲਟੀਪਰਪਜ਼ ਹੈਲਥ ਵਰਕਰ ਮੇਲ ਅਤੇ ਕਈ ਸਿਹਤ ਕਰਮਚਾਰੀ ਮੌਜੂਦ ਸਨ।

## ਬਾਬਾ ਖੇਤਰਪਾਲ ਦੀ ਚੌਂਕੀ ਅਤੇ ਭੰਡਾਰਾ ਧੂਮਧਾਮ ਨਾਲ ਕਰਵਾਇਆ



**ਬਾਘਾ ਪੁਰਾਣਾ (ਮਨੀ ਸਿਗਲਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਖੇਤਰਪਾਲ ਦੀ ਸਾਲਾਨਾ ਚੌਂਕੀ ਅਤੇ ਭੰਡਾਰਾ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਕੁਮਾਰ ਗਰਗ, ਰਾਕੇਸ਼ ਤੋਤਾ, ਨਵੀਨ ਗੋਇਲ, ਜਗਪ੍ਰਤੀ ਪ੍ਰਸ਼ਾਦ ਗੋਇਲ, ਪ੍ਰਸਿੰਨ ਜਿੰਦਲ, ਪ੍ਰਦੀਪ ਕੁਮਾਰ ਗਰਗ, ਰਜਿੰਦਰ ਗੋਇਲ, ਨਵੀਨ ਮਿੱਤਲ ਦੀ ਅਗਵਾਈ ਵਿਚ ਧੂਮ-ਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਰੰਗ ਬਿਰੰਗੀਆਂ ਲਾਈਟਾਂ ਅਤੇ ਗੁਬਾਰਿਆਂ ਨਾਲ ਖੂਬ ਡੈਕੋਰੇਸ਼ਨ ਕੀਤੀ ਗਈ ਸੀ ਅਤੇ ਸੁੰਦਰ ਭਵਨ ਸਜਾਇਆ ਹੋਇਆ ਸੀ ਅਤੇ ਲੱਕੀ ਸ਼ੇਖਾਵਤ ਜਲਾਲਾਬਾਦੀ ਵਾਲਿਆਂ ਨੇ ਇਕ ਤੋਂ ਵੱਧ ਭਜਨ ਗਾਇਨ ਕੀਤੇ ਅਤੇ ਸਰਧਾਲੂਆਂ ਨੇ ਖੂਬ ਨੱਚ ਕੇ ਖੁਸ਼ੀ ਮਨਾਈ। ਇਸ ਮੌਕੇ ਸ਼ਰਧਾਲੂਆਂ ਨੇ ਰਾਵਤਸਰ ਤੋਂ ਆਈ ਬਾਬਾ ਜੀ ਦੀ ਪਵਿੱਤਰ ਜੋਤ ਦੇ ਦਰਸ਼ਨ ਕੀਤੇ ਅਤੇ ਸਾਰਾ ਦਿਨ ਬਾਬਾ ਜੀ ਦੀ ਭੰਡਾਰਾ ਚੱਲਦਾ ਰਿਹਾ ਹੈ ਅਤੇ ਸਵੇਰੇ ਹਵਨ ਕੀਤਾ ਗਿਆ ਅਤੇ ਸ਼ਾਮ ਨੂੰ ਪੂਜਨ ਕੀਤਾ। ਇਸ ਮੌਕੇ ਰਮਨ ਕੁਮਾਰ ਮਿੱਤਲ ਰੈਂਪੀ ਪ੍ਰਧਾਨ ਪੰਜਾਬ ਟਰੇਡ ਵਿੰਗ ਆਮ ਆਦਮੀ ਪਾਰਟੀ, ਸ਼੍ਰੀ ਦੁਰਗਾ ਮੰਦਿਰ ਕਮੇਟੀ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਬਾਂਸਲ, ਸ਼੍ਰੀ ਸ਼ਿਵ ਮੰਦਿਰ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਪ੍ਰਧਾਨ ਪਵਨ ਗੋਇਲ, ਕਾਲਾ ਗਰਗ, ਸ਼੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਪ੍ਰਧਾਨ ਦੀਪਕ ਗਰਗ ਬੌਬੀ, ਰੋਸ਼ਨ ਲਾਲ ਰੋਸ਼ੀ, ਅਸ਼ਵਨੀ ਸ਼ਰਮਾ, ਵਿਜੇ ਸ਼ਰਮਾ, ਸੋਨੂੰ ਸਿੰਗਲਾ, ਮਨਦੀਪ ਕੱਕੜ, ਦਵਿੰਦਰ ਚੀਕਾ, ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਦੀਪਕ ਤਲਵਾੜ, ਨਵਦੀਪ ਤਲਵਾੜ, ਗਗਨਦੀਪ ਲੂੰਬਾ, ਸੋਮਨਾਥ ਸੋਮੀ, ਮੁਕੇਸ਼ ਅਰੋੜਾ, ਦੀਪੂ ਗੋਇਲ, ਟੋਨੀ ਗੋਇਲ, ਸੰਨੀ ਜਿੰਦਲ, ਪੰਕਜ, ਰਜਿੰਦਰ ਬਾਂਸਲ, ਦਵਿੰਦਰ ਬੱਲੂ ਲਾਈਫ ਲਾਈਨ ਵੈੱਲਫੇਅਰ ਕਲੱਬ, ਰੋਹਿਤ ਗਰਗ ਕਾਕਾ, ਮਨੋਜ ਗੋਇਲ, ਰਮਨ ਅਰੋੜਾ, ਵਿਨੋਦ ਕੁਮਾਰ, ਰਾਮ ਬਾਂਸਲ, ਅਜੇ ਪੁਰੀ ਅਤੇ ਹੋਰ ਸ਼ਾਮਲ ਸਨ।

# ਤੰਬਾਕੂ ਦੀ ਆਦਤ, ਕੈਂਸਰ ਨੂੰ ਦਾਅਵਤ : ਡਾ. ਰਾਜੇਸ਼ ਕੁਮਾਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਦਫਤਰ ਵਿਖੇ ਜ਼ਿਲਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਦੀ ਅਗਵਾਈ ਹੇਠ "ਪੰਜਾਬ ਰਾਜ ਤੰਬਾਕੂ ਰਹਿਤ ਦਿਵਸ' ਮਨਾਇਆ ਗਿਆ। ਇਸ ਮੌਕੇ ਜ਼ਿਲਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਵੱਲੋਂ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਇਕੱਤਰ ਹੋਏ ਆਮ ਲੋਕਾਂ ਨੂੰ ਜ਼ਿੰਦਗੀ ਭਰ ਤੰਬਾਕੂ ਦਾ ਸੇਵਨ ਨਾ ਕਰਨ ਤੇ ਜੇਕਰ ਕੋਈ ਪਰਿਵਾਰਕ ਮੈਂਬਰ ਰਿਸ਼ਤੇਦਾਰ ਜਾਂ ਮਿੱਤਰ ਕਿਸੇ ਵੀ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰਦਾ ਹੈ ਤਾਂ ਉਸਨੂੰ ਤੰਬਾਕੂ ਸੇਵਨ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕਰਨ ਅਤੇ ਉਸਦੀ ਇਸ ਆਦਤ ਨੂੰ ਛਡਾਉਣ ਵਿੱਚ ਮਦਦ ਕਰਨ ਲਈ ਸਹੁੰ ਚੁਕਾਈ ਗਈ। ਜ਼ਿਲਾ ਸਿਹਤ ਅਫਸਰ-ਕਮ ਤੰਬਾਕੂ ਕੰਟਰੋਲ ਨੋਡਲ ਅਫਸਰ ਡਾ. ਨਵਜੋਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 01 ਤੋਂ 07 ਨਵੰਬਰ ਤੱਕ ਜ਼ਿਲੇ ਭਰ ਵਿੱਚ ਤੰਬਾਕੂ ਵਿਰੋਧੀ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ ਅਤੇ ਕੋਟਪਾ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਦੇ ਚਲਾਨ ਵੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਤੰਬਾਕੂ ਸੇਵਨ ਨਾਲ ਵਿਅਕਤੀ ਨੂੰ ਕੈਂਸਰ ਹੋਣ ਦਾ ਖਤਰਾ ਵਧ ਜਾਂਦਾ ਹੈ ਤੇ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਵਿੱਚੋਂ 40 ਫੀਸਦੀ ਮੌਤਾਂ ਤੰਬਾਕੂ ਦੇ ਸੇਵਨ ਕਰਨ ਕਰਕੇ ਹੁੰਦੀਆਂ ਹਨ। ਇਸ ਲਈ ਤੰਬਾਕੂ ਦੀ ਕਿਸੇ ਵੀ ਰੂਪ ਵਿੱਚ ਵਰਤੋਂ ਕਰਨਾ ਮਨੁੱਖੀ ਸਿਹਤ ਲਈ ਹਾਨੀਕਾਰਕ ਹੁੰਦਾ ਹੈ। ਇਸ ਮੌਕੇ ਜ਼ਿਲ੍ਹਾ ਸਕੂਲ ਹੈਲਥ ਮੈਡੀਕਲ ਅਫਸਰ ਡਾ. ਨਵਨੀਤ ਕੌਰ, ਦੰਦਾਂ ਦੇ ਮਾਹਰ ਡਾ. ਤਰਨਦੀਪ ਕੌਰ, ਜ਼ਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ, ਸੁਪਰਡੈਂਟ ਵਿਜੇ ਭੂਸ਼ਨ, ਦਵਿੰਦਰ ਸਿੰਘ, ਸਟੈਨੋ ਬਲਜੀਤ ਕੌਰ, ਇੰਦਰਜੀਤ ਸਿੰਘ, ਸੁਖਜਿੰਦਰ ਸਿੰਘ, ਸੁਨੀਲ ਕੁਮਾਰ ਜਸਵੀਰ ਸਿੰਘ, ਮਨੀਸ਼ ਕੁਮਾਰ, ਮਹਿੰਦਰ ਕੌਰ, ਚਰਨਜੀਤ ਕੌਰ, ਸ਼ਿਵ ਕੁਮਾਰ ਸੋਹਣ ਸਿੰਘ, ਅਮਰੀਕ ਸਿੰਘ ਆਦਿ ਹਾਜ਼ਰ ਸਨ।

# ਓਰੀਐਂਟ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦਾ ਹੋਕਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਰੋਪੜ ਰੋਡ 'ਤੇ ਸਥਿਤ ਪਿੰਡ ਗੜ੍ਹੀ ਬੇਟ ਵਿਖੇ ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਵਿਖੇ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਸਾੜਨ ਦੀ ਰੋਕਥਾਮ ਸਬੰਧੀ ਵਿਦਿਆਰਥੀਆਂ ਦੀ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਪੇਂਟਿੰਗ, ਲੇਖ ਲਿਖਣ ਅਤੇ ਕਵਿਤਾ ਉਚਾਰਨ ਦੇ ਮੁਕਾਬਲੇ ਕਰਵਾਏ ਗਏ ਜਿਨ੍ਹਾਂ 'ਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੇ ਜੱਜ ਵਜੋਂ ਖੇਤੀਬਾੜੀ ਵਿਕਾਸ ਅਫ਼ਸਰ ਗਗਨਦੀਪ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਪ੍ਰਿੰਸੀਪਲ ਰਜਤ ਸ਼ਰਮਾ ਨੇ ਵਾਤਾਵਰਨ ਅਤੇ ਇਸ ਦੇ ਸਰੋਤਾਂ ਦੀ ਸੰਭਾਲ ਪ੍ਰਤੀ ਨੌਜਵਾਨਾਂ ਵਿਚ ਜਾਗਰੂਕਤਾ ਪੈਦਾ ਕਰਨ ਲਈ ਖੇਤੀਬਾੜੀ ਵਿਭਾਗ ਅਤੇ ਇਸਦੇ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। 9ਵੀਂ ਜਮਾਤ ਦੀ ਪ੍ਰਨੀਤ ਕੌਰ ਨੇ ਲੇਖ ਲਿਖਣ ਮੁਕਾਬਲੇ ਵਿਚ ਪਹਿਲਾ ਇਨਾਮ ਜਿੱਤਿਆ ਜਦਕਿ 10ਵੀਂ ਦੀਆਂ ਅਮਨਜੋਤ ਕੌਰ ਅਤੇ ਗੁਰਲੀਨ ਕੌਰ ਨਿਬੰਧ ਲੇਖਣ ਮੁਕਾਬਲੇ ਵਿਚ ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ। ਪੇਂਟਿੰਗ ਮੁਕਾਬਲੇ ਵਿਚ 10ਵੀਂ ਦੀ ਗੁਰਕਰਨਪ੍ਰੀਤ ਕੌਰ ਨੇ ਪਹਿਲਾ, 12ਵੀਂ ਦੀ ਗੁਰਲੀਨ ਕੌਰ ਨੇ ਦੂਜਾ ਅਤੇ 9ਵੀਂ ਜਮਾਤ ਦੀ ਹੁਸਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਕਵਿਤਾ ਅਤੇ ਭਾਸ਼ਣ ਮੁਕਾਬਲੇ ਵਿਚ 11ਵੀਂ ਜਮਾਤ ਦੀਆਂ ਵਿਦਿਆਰਥਣਾਂ ਕੋਮਲਪ੍ਰੀਤ ਕੌਰ ਅਤੇ ਲਵਲੀਨ ਕੌਰ ਨੇ ਪਹਿਲਾ, 9ਵੀਂ ਜਮਾਤ ਦੀ ਜਸ਼ਨਪ੍ਰੀਤ ਕੌਰ ਨੇ ਦੂਜਾ ਅਤੇ 10ਵੀਂ ਜਮਾਤ ਦੀ ਨਿਧੀ ਸ਼ਰਮਾ ਨੇ ਤੀਜਾ ਸਥਾਨ ਹਾਸਲ ਕੀਤਾ।

ਮੁਕਾਬਲਿਆਂ ਦੇ ਜੇਤੂਆਂ ਨੂੰ ਖੇਤੀਬਾੜੀ ਵਿਭਾਗ ਵੱਲੋਂ 5000 ਰੁਪਏ ਦੇ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਵਜੋਤ ਕੌਰ ਵਾਈਸ ਪ੍ਰਿੰਸੀਪਲ, ਹਰਪ੍ਰੀਤ ਕੌਰ, ਗੀਤੂ, ਅਨੁਪਮਾ ਜੈਨ, ਦਮਨਪ੍ਰੀਤ ਕੌਰ, ਮੇਨਕਾ ਰਾਣੀ, ਮਨਪ੍ਰੀਤ ਕੌਰ, ਅਨੀਤਾ ਰਾਵਤ ਹਾਜ਼ਰ ਸਨ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਸਰਦਾਰ ਵੱਲਭ ਭਾਈ ਪਟੇਲ ਦੀ ਜਯੰਤੀ ਮਨਾਈ



**ਚੀਮਾਂ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵਿਖੇ ਕਾਲਜ ਦੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਅਤੇ ਸੰਸਥਾ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਦੀ ਅਗਵਾਈ ਹੇਠ ਸਰਦਾਰ ਵੱਲਭ ਭਾਈ ਪਟੇਲ ਦੀ ਜੰਯਤੀ ਮੌਕੇ ਕਾਲਜ ਵਿੱਚ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਪਟੇਲ ਦੀ ਜੀਵਨੀ ਬਾਰੇ ਵਿਸਥਾਰ ਨਾਲ ਸਮਝਾਇਆ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਦੇਸ਼ ਦੇ ਇੱਕ ਮਹੱਤਵਪੂਰਨ ਸਮਾਜਿਕ ਅਤੇ ਰਾਜਨੀਤਕ ਨੇਤਾਵਾਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦਾ ਜਨਮ 31 ਅਕਤੂਬਰ 1875 ਨੂੰ ਗੁਜਰਾਤ ਦੇ ਨਦੀਆਦ ਵਿੱਚ ਹੋਇਆ ਸੀ। ਉਨ੍ਹਾਂ ਦੇ ਦੇਸ਼ ਲਈ ਕੀਤੇ ਕਮਾਂ ਕਰਕੇ ਉਨ੍ਹਾਂ ਨੂੰ ਸਰਦਾਰ ਪਟੇਲ ਦੇ ਨਾਮ ਨਾਲ ਬੁਲਾਇਆ ਜਾਂਦਾ ਹੈ। ਇਸ ਮੌਕੇ ਚੇਅਰਮੈਨ ਰਵਿੰਦਰ ਬਾਂਸਲ ਨੇ ਅਪਣੇ ਸੰਬੋਧਨ ਦੌਰਾਨ ਦੱਸਿਆ ਕਿ ਸਰਦਾਰ ਪਟੇਲ ਅਨੁਭਵੀ ਪ੍ਰਸ਼ਾਸਕ ਸਨ। ਸਨ 1920 ਦੇ ਦਹਾਕੇ ਵਿੱਚ ਜਦੋਂ ਉਨ੍ਹਾਂ ਨੇ ਅਹਿਮਦਾਬਾਦ ਨਗਰ ਪਾਲਿਕਾ ਦੀ ਸੇਵਾ ਕੀਤੀ ਤਾਂ ਉਨ੍ਹਾਂ ਦਾ ਅਨੁਭਵ ਆਜ਼ਾਦ ਭਾਰਤ ਦੇ ਪ੍ਰਸ਼ਾਸਨਿਕ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਬਹੁਤ ਕੰਮ ਆਇਆ। ਇਸ ਮੌਕੇ ਡਾ. ਨਵਜੋਤ ਕੌਰ ਨੇ ਅਪਣੇ ਵਿਚਾਰਾਂ ਦੌਰਾਨ ਕਿਹਾ ਕਿ ਜਦੋਂ ਅੰਗਰੇਜ਼ ਭਾਰਤ ਛੱਡ ਕੇ ਗਏ ਸਨ ਉਸ ਸਮੇਂ ਭਾਰਤ ਬੁਰੀ ਤਰਾਂ ਵਿੱਖਰਿਆ ਹੋਇਆ ਸੀ। ਸਰਦਾਰ ਪਟੇਲ ਨੇ ਹੀ ਦੇਸ਼ ਦੇ ਨਾਗਰਿਕਾਂ ਨੂੰ ਏਕਤਾ ਦਾ ਮਹੱਤਵ ਸਮਝਾਇਆ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵਿੱਚ ਰੰਗੋਲੀ ਪ੍ਰਤੀਯੋਗਤਾ ਵੀ ਕਰਵਾਈ ਗਈ।

# ਡੇਂਗੂ ਤੋਂ ਬਚਾਅ ਲਈ ਕਰਵਾਈ ਫੋਗਿੰਗ

**ਨਾਭਾ (ਵਰਿੰਦਰ ਵਰਮਾ)**-ਡੇਂਗੂ ਬੁਖ਼ਾਰ ਦੇ ਵਧਦੇ ਪ੍ਰਸਾਰ 'ਤੇ ਰੋਕਥਾਮ ਲਾਉਣ ਲਈ ਹਲਕਾ ਨਾਭਾ ਵਿਖੇ ਸਿਹਤ ਅਤੇ ਕੌਂਸਲ ਪ੍ਰਸ਼ਾਸਨ ਚੌਕਸ ਹੋ ਗਿਆ ਹੈ। ਜਿਥੇ ਸਿਹਤ ਪ੍ਰਸ਼ਾਸਨ ਵੱਲੋਂ ਸਿਹਤ ਸਹੂਲਤਾਂ ਦੇਣ ਨਾਲ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਆਖਿਰਕਾਰ ਨਾਭਾ ਕੌਂਸਲ ਵੱਲੋਂ ਵੀ ਡੇਂਗੂ ਦੀ ਰੋਕਥਾਮ ਲਈ ਉਪਰਾਲੇ ਅਮਲ 'ਚ ਲਿਆਉਣੇ ਸ਼ੁਰੂ ਹੋ ਗਏ ਹਨ। ਨਾਭਾ ਕੌਂਸਲ ਵੱਲੋਂ ਹਲਕੇ ਦੇ ਚੋਣਵੇਂ ਵਾਰਡਾਂ 'ਚ ਤੇਜ਼ੀ ਨਾਲ ਫੋਗਿੰਗ ਜਾਰੀ ਹੈ। ਸਲੱਮ ਖੇਤਰਾਂ 'ਚ ਨਾਭਾ ਕੌਂਸਲ ਵੱਲੋਂ ਡੇਂਗੂ ਦੇ ਮੱਛਰਾਂ ਨੂੰ ਕਾਬੂ ਕਰਨ ਲਈ ਕਰੀਮ ਅਤੇ ਅਗਰਬੱਤੀਆ ਵੰਡੀਆਂ ਜਾਂਦੀਆਂ ਹਨ ਜੋ ਕਿ ਮੌਜੂਦਾ ਸਮੇਂ ਕਿਤੇ ਵੰਡਦੀਆਂ ਨਜ਼ਰ ਨਹੀਂ ਆ ਰਹੀਆਂ। ਉਪਰੋਕਤ ਪ੍ਰਸ਼ਾਸਨਿਕ ਉਪਰਾਲਿਆਂ ਤੋਂ ਅਣਜਾਣ ਅਤੇ ਵਰਤੀ ਜਾਂਦੀ ਲਾਪਰਵਾਹੀ ਕਾਰਨ ਹਲਕਾ ਨਾਭਾ ਵਿਖੇ ਡੇਂਗੂ ਬੁਖਾਰ ਨਾਲ ਪੀੜਤ ਹੋ ਕੇ ਕਈ ਮੌਤਾਂ ਹੋ ਚੁੱਕੀਆਂ ਹਨ ਜਦਕਿ ਰਜਿੰਦਰਾ ਹਸਪਤਾਲ ਪਟਿਆਲਾ ਸਮੇਤ ਵੱਡੇ ਨਿੱਜੀ ਹਸਪਤਾਲਾਂ ਵਿਖੇ ਹਲਕਾ ਨਾਭਾ ਤੋਂ ਡੇਂਗੂ ਪੀੜਤ ਮਰੀਜ਼ਾਂ ਦੀ ਗਿਣਤੀ ਕਾਫੀ ਵਧ ਰਹੀ ਹੈ ਜਿਨਾਂ ਲਈ ਪਲੇਟਲੈਟਸ ਸੈਲਾਂ ਦੀ ਮੰਗ ਵੀ ਕਾਫੀ ਵਧ ਰਹੀ ਹੈ। ਸਿਵਲ ਹਸਪਤਾਲ ਨਾਭਾ ਦੇ ਐਸ.ਐਮ.ਓ. ਡਾ. ਸੰਜੇ ਸਿੰਗਲਾ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਹੈਲਪਰਾਂ ਦੀਆਂ ਵੱਖਰੀਆਂ ਟੀਮਾਂ ਵੱਲੋਂ ਸ਼ਹਿਰ ਅਤੇ ਆਸ ਪਾਸ ਦੇ ਖੇਤਰਾਂ 'ਚ ਲਗਾਤਾਰ ਡੇਂਗੂ ਦੇ ਲੱਛਣਾਂ ਦੀ ਭਾਲ ਕੀਤੀ ਜਾਂਦੀ ਹੈ ਅਤੇ ਡੇਂਗੂ ਦੇ ਲੱਛਣ ਪਾਏ ਜਾਣ 'ਤੇ ਛਿੜਕਾਅ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਹਸਪਤਾਲ ਵਿੱਚ ਡੇਂਗੂ ਦੇ ਮਰੀਜ਼ ਆਉਂਦੇ ਜ਼ਰੂਰ ਹਨ ਜਿਨ੍ਹਾਂ 'ਚੋ ਗੰਭੀਰਤਾ ਵਾਲੇ ਮਰੀਜ਼ਾਂ ਨੂੰ ਦਾਖਲ ਕਰਕੇ ਇਲਾਜ ਕੀਤਾ ਜਾਂਦਾ ਹੈ ਜਦਕਿ ਜ਼ਿਆਦਾਤਰ ਮਰੀਜ਼ ਆਪਣੇ ਘਰ ਰਹਿ ਕੇ ਇਲਾਜ ਕਰਾਉਣ ਨੂੰ ਤਰਜੀਹ ਦਿੰਦੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਹਸਪਤਾਲ ਵਿਖੇ ਡੇਂਗੂ ਮਰੀਜ਼ਾਂ ਦਾ ਇਲਾਜ ਪੂਰੀ ਤਰ੍ਹਾਂ ਮੁਫਤ ਹੁੰਦਾ ਹੈ ਅਤੇ ਡੇਂਗੂ ਦੇ ਪੀੜਤ ਲਗਭਗ ਸਾਰੇ ਮਰੀਜ਼ ਸਿਹਤਮੰਦ ਅਤੇ ਤੰਦਰੁਸਤ ਹੋ ਕੇ ਆਪਣੇ ਘਰਾਂ ਨੂੰ ਪਰਤ ਰਹੇ ਹਨ। ਵਾਰਡ ਨੰ. 23 ਤੋਂ ਕੌਂਸਲਰ ਰੋਜ਼ੀ ਨਾਗਪਾਲ ਦੇ ਪਤੀ ਅਤੇ ਉਘੇ ਸਮਾਜ ਸੇਵਕ ਦੀਪਕ ਨਾਗਪਾਲ ਨੇ ਦੱਸਿਆ ਕਿ ਡੇਂਗੂ ਤੋਂ ਬਚਾਉ ਲਈ ਵਾਰਡਾਂ 'ਚ ਨਾਭਾ ਕੌਂਸਲ ਵੱਲੋਂ ਫੋਗਿੰਗ ਕਰਵਾਈ ਜਾ ਰਹੀ ਹੈ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸੰਬੰਧੀ ਡੀ ਸੀ ਦੀ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਬੈਠਕ



**ਬਰਨਾਲਾ (ਰਾਜਿੰਦਰ ਬਰਾੜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਨਵੇਂ ਬੋਰਡ ਦੇ ਗਠਨ ਲਈ ਵੋਟਰ ਸੂਚੀ ਦੀ ਤਿਆਰੀ ਸਬੰਧੀ ਪੂਨਮ ਦੀਪ ਕੌਰ, ਜ਼ਿਲ੍ਹਾ ਚੋਣ ਅਫ਼ਸਰ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਦੇ ਸਮੂਹ ਰਾਜਸੀ ਪਾਰਟੀਆਂ ਦੇ ਪ੍ਰਧਾਨ/ਨੁਮਾਇੰਦਿਆਂ ਨਾਲ ਬੈਠਕ ਕੀਤੀ। ਉਨ੍ਹਾ ਦੱਸਿਆ ਕਿ ਚੀਫ਼ ਕਮਿਸ਼ਨਰ, ਗੁਰਦੁਆਰਾ ਚੋਣਾਂ, ਪੰਜਾਬ ਵੱਲੋਂ ਪ੍ਰਾਪਤ ਹੋਏ ਸ਼ਡਿਊਲ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਵਿੱਚ ਪੈਂਦੇ ਤਿੰਨ ਚੋਣ ਬੋਰਡ ਹਲਕਿਆਂ 44-ਬਰਨਾਲਾ, 45-ਭਦੌੜ ਅਤੇ 46-ਚੰਨਣਵਾਲ ਦੀਆਂ ਵੋਟਰ ਸੂਚੀਆਂ ਤਿਆਰ ਕੀਤੀ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਰੇਕ ਹਲਕੇ ਲਈ ਨਿਰਧਾਰਤ ਤਰੀਕ ਨਾਲ ਵੋਟਰ ਸੂਚੀ ਤਿਆਰ ਕੀਤੀ ਜਾਵੇਗੀ, ਜਿਸ ਤੋਂ ਉਸ ਹਲਕੇ ਦੇ ਵੋਟਰ ਵਜੋਂ ਰਜਿਸਟਰ ਹੋਣ ਦੇ ਹੱਕਦਾਰ ਸਾਰੇ ਵਿਅਕਤੀਆਂ ਦੇ ਨਾਂਅ ਦਰਜ ਕੀਤੇ ਜਾਣਗੇ । ਵੋਟਰ 15 ਨਵੰਬਰ ਤੱਕ ਆਪਣੀ ਵੋਟ ਬਣਵਾ ਸਕਦੇ ਹਨ ਅਤੇ ਫਾਰਮ ਨੰ. 1 ਜ਼ਿਲ੍ਹਾ ਪ੍ਰਸ਼ਾਸਨ ਦੀ ਵੈਬ-ਸਾਈਟ barnala.gov.in ਉੱਤੇ ਉਪਲੱਬਧ ਹੈ। ਉਨ੍ਹਾਂ ਕਿਹਾ ਕਿ ਵੋਟਰ ਆਪਣੇ ਫਾਰਮ ਸਬੰਧਤ ਪਟਵਾਰੀ ਜਾਂ ਬੂਥ ਲੈਵਲ ਅਫ਼ਸਰ ਕੋਲ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਫਾਰਮ ਥੋਕ ਵਿੱਚ ਨਾ ਜਮ੍ਹਾਂ ਕਰਵਾਏ ਜਾਣ। ਫਾਰਮ ਨੰ. 1 ਵਿੱਚ ਦਰਜ ਹਦਾਇਤਾਂ ਅਨੁਸਾਰ ਹੀ ਵੋਟਰ ਆਪਣੀ ਵੋਟ ਦਰਜ ਕਰਵਾ ਸਕਦੇ ਹਨ, ਜਿਸ ਅਨੁਸਾਰ ਫਾਰਮ ਉਪਰ ਪਾਸਪੋਰਟ ਸਾਈਜ਼ ਰੰਗਦਾਰ ਫੋਟੋ ਹੀ ਲਗਾਉਣੀ ਲਾਜ਼ਮੀ ਹੋਵੇਗੀ । ਉਨ੍ਹਾਂ ਦੱਸਿਆ ਕਿ ਆਮ ਜਨਤਾ ਦੀ ਸਹੂਲਤ ਲਈ ਸਬੰਧਤ ਰਿਵਾਇਜ਼ਿੰਗ ਅਥਾਰਟੀਆਂ ਦੇ ਦਫ਼ਤਰ ਵਿੱਚ ਸਬੰਧਤ ਪਟਵਾਰੀ, ਨਗਰ ਕੌਂਸਲ ਦੇ ਦਫ਼ਤਰ ਜ਼ਿਲ੍ਹੇ ਦੇ ਨੋਟੀਫਾਈਡ ਗੁਰਦੁਆਰਿਆਂ ਅਤੇ ਜ਼ਿਲ੍ਹਾ ਚੋਣ ਦਫ਼ਤਰ ਵਿੱਚ ਉਪਲੱਬਧ ਹੈ । ਵੋਟਰ ਇਹ ਫਾਰਮ ਅਤੇ ਐਪਲੀਕੇਸ਼ਨ 15 ਨਵੰਬਰ ਤੱਕ ਆਪਣੇ ਸਬੰਧਤ ਰਿਟਰਨਿੰਗ ਅਫ਼ਸਰ ਜਾਂ ਪੇਂਡੂ ਖੇਤਰਾਂ ਵਿੱਚ ਸਬੰਧਤ ਪਟਵਾਰ ਹਲਕੇ ਦੇ ਪਟਵਾਰੀਆਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲਾਂ ਜਾਂ ਲੋਕਲ ਅਥਾਰਟੀਜ਼ ਦੇ ਕਰਮਚਾਰੀਆਂ ਪਾਸ ਜਮ੍ਹਾਂ ਕਰਵਾ ਸਕਦੇ ਹਨ।

## ਜ਼ਿਲ੍ਹੇ ਭਰ 'ਚ ਝੋਨੇ ਦੀ ਖਰੀਦ ਤੇ ਲਿਫ਼ਟਿੰਗ 'ਚ ਤੇਜ਼ੀ : ਡੀ ਸੀ

**ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)**-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਝੋਨੇ ਦੀ ਆਮਦ ਵਿੱਚ ਜਿੱਥੇ ਤੇਜ਼ੀ ਆਈ ਹੈ ਉੱਥੇ ਹੀ ਖਰੀਦ ਤੇ ਲਿਫ਼ਟਿੰਗ ਵੀ ਨਾਲੋ-ਨਾਲ ਕੀਤੀ ਜਾ ਰਹੀ ਹੈ। ਜ਼ਿਲ੍ਹੇ ਅੰਦਰ ਹੁਣ ਤੱਕ 400130 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਸ ਵਿੱਚੋਂ 360713 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ 'ਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਖ੍ਰੀਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਗੋਂ ਇਸ ਨੂੰ ਜ਼ਮੀਨ 'ਚ ਹੀ ਮਿਲਾ ਕੇ ਖਾਦ ਦੇ ਤੌਰ 'ਤੇ ਵਰਤਣ ਜਾਂ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਦਿਆਂ ਇਸ ਦੀ ਸਾਂਭ-ਸੰਭਾਲ ਕੀਤੀ ਜਾਵੇ। ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਵਿਜੈ ਸਿੰਗਲਾ ਨੇ ਹੁਣ ਤੱਕ ਕੀਤੀ ਖਰੀਦ ਬਾਰੇ ਦੱਸਿਆ ਕਿ ਪਨਗ੍ਰੇਨ ਵੱਲੋਂ 140383 ਐਮ.ਟੀ, ਮਾਰਕਫੈਡ 91220 ਐਮ.ਟੀ, ਪਨਸਪ 78739 ਐਮ.ਟੀ, ਵੇਅਰਹਾਊਸ 49371 ਐਮ.ਟੀ ਅਤੇ ਵਪਾਰੀਆਂ ਵੱਲੋਂ 1000 ਐਮ ਟੀ ਝੋਨੇ ਦੀ ਖਰੀਦ ਕੀਤੀ ਗਈ ਹੈ।

# ਵਿਧਾਇਕ ਗੋਲਡੀ ਵੱਲੋਂ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਬਣੇ ਨਵੇਂ ਕਮਰਿਆਂ ਦਾ ਉਦਘਾਟਨ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਨਬਾਰਡ ਸਕੀਮ ਤਹਿਤ ਬਲਾਕ ਜਲਾਲਾਬਾਦ-1 ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਨਵੇ ਬਣੇ ਕਮਰਿਆਂ ਦਾ ਉਦਘਾਟਨ ਅੱਜ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਦੂਰ ਅੰਦੇਸ਼ੀ ਸੋਚ ਸਦਕਾ ਹਲਕੇ ਜਲਾਲਾਬਾਦ ਵਿੱਚ ਸਿੱਖਿਆ ਦੇ ਪੱਧਰ ਨੂੰ ਪ੍ਰਭਾਵਸ਼ਾਲੀ ਤੇ ਕੁਸ਼ਲ ਬਣਾਉਣ ਦੇ ਉਦੇਸ਼ਾਂ ਤਹਿਤ ਕਲਾਸ ਰੂਮ ਦਿੱਤੇ ਗਏ, ਜਿਨ੍ਹਾਂ ਦੀ ਰਾਸ਼ੀ 8 ਕਰੋੜ ਦੀ ਰਾਸ਼ੀ ਨਵੇਂ ਕਮਰਿਆਂ ਦੀ ਉਸਾਰੀ ਲਈ ਦਿੱਤੀ ਗਈ ਸੀ, ਇਹ ਕਮਰੇ ਤਿਆਰ ਹੋਣ ਉਪਰੰਤ ਅੱਜ ਇਨ੍ਹਾਂ ਕਮਰਿਆਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉਪਰ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਸਰਕਾਰੀ ਸਕੂਲਾਂ 'ਚ ਪੜ੍ਹਦੇ ਬੱਚਿਆਂ ਨੂੰ ਵੀ ਪ੍ਰਾਈਵੇਟ ਸਕੂਲਾਂ ਤੋਂ ਵੀ ਵਧੀਆ ਸਿੱਖਿਆ ਮਿਲੇ ਅਤੇ ਵਧੀਆ ਪੜ੍ਹ-ਲਿਖ ਕੇ ਆਪਣਾ ਨਾਂਅ ਰੋਸ਼ਨ ਕਰ ਸਕਣ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਸਪਾਲ ਸਿੰਘ ਨੇ ਦੱਸਿਆ ਕਿ ਸਰਕਾਰੀ ਮਿਡਲ ਸਕੂਲ ਬਸਤੀ ਟਿਵਾਣਾ, ਸਰਕਾਰੀ ਪ੍ਰਾਇਮਰੀ ਸਕੂਲ ਸੋਹਣਾ ਸਾਦੜ, ਸਰਕਾਰੀ ਪ੍ਰਾਇਮਰੀ ਸਕੂਲ ਮੋਹਰ ਸਿੰਘ ਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਲਮੋਚੜ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ ਮੌਜੇ ਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਕਰੀ ਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਟਾਹਲੀ ਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਗਹਿਲੇ ਵਾਲਾ 'ਚ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਗ੍ਰਾਂਟ ਦੇ ਨਾਲ ਨਵੇ ਕਮਰਿਆਂ ਦੀ ਉਸਾਰੀ ਕੀਤੀ ਗਈ ਸੀ ਅਤੇ ਇਹ ਉਸਾਰੀ ਮੁਕੰਮਲ ਹੋਣ ਉਪਰੰਤ ਅੱਜ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਉਦਘਾਟਨ ਕੀਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਨੂੰ ਕੰਬੋਜ, ਸੁਖਵਿੰਦਰ ਕੰਬੋਜ, ਲਾਡੀ, ਰੋਜਰ ਕੰਬੋਜ ਆਦਿ ਮੌਜੂਦ ਸਨ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬੁਢਲਾਡਾ ਲਈ 9 ਲੱਖ 25 ਹਜ਼ਾਰ ਰੁਪਏ ਮਨਜ਼ੂਰ



**ਬੁਢਲਾਡਾ (ਅਸ਼ੋਕ ਲਾਕੜਾ)**-ਸਿੱਖਿਆ ਦੇ ਪ੍ਰਸਾਰ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤਰਜੀਹੀ ਆਧਾਰ 'ਤੇ ਕੰਮ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬੁਢਲਾਡਾ ਦੀ ਚਾਰਦੀਵਾਰੀ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਕਰਾਉਣ ਵੇਲੇ ਕੀਤਾ। ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਇਸ ਸਕੂਲ ਦੀ 145 ਮੀਟਰ ਨਵੀਂ ਚਾਰਦੀਵਾਰੀ ਅਤੇ 100 ਮੀਟਰ ਦੀ ਮੁਰੰਮਤ ਲਈ 9,25,000 ਰੁਪਏ ਮਨਜ਼ੂਰ ਕਰਵਾਏ ਹਨ। ਇਸ ਸਕੂਲ ਨੂੰ ਹੋਰ ਫੰਡ ਵੀ ਮੁਹੱਈਆ ਕਰਵਾਇਆ ਜਾਵੇਗਾ ਤਾਂ ਜੋ ਵਿਦਿਆਰਥੀਆਂ ਨੂੰ ਹਰ ਤਰ੍ਹਾ ਦੀ ਸਹੂਲਤ ਮਿਲ ਸਕੇ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੁਖੀ ਹਰਭਜਨ ਸਿੰਘ, ਪ੍ਰਿੰਸੀਪਲ ਰਾਜੇਸ਼ ਕੁਮਾਰ ਅਰੋੜਾ, ਲੈਕਚਰਾਰ ਪਰਵੀਨ ਕੁਮਾਰ, ਮਾਸਟਰ ਰਿਸ਼ੀਪਾਲ , ਨੀਰਜ ਕੁਮਾਰ, ਭੂਸ਼ਨ ਕੁਮਾਰ, ਰਵੀ ਕੁਮਾਰ, ਹਰਪ੍ਰੀਤ ਕੁਮਾਰ, ਮੈਡਮ ਸੰਗੀਤਾ, ਪਰਵੀਨ ਕੁਮਾਰੀ, ਕੰਚਨ ਰਾਣੀ ਤੋਂ ਇਲਾਵਾ ਗੁਰਦਰਸ਼ਨ ਸਿੰਘ ਪਟਵਾਰੀ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ 'ਪੰਜਾਬ ਅਗੇਂਸਟ ਡਰੱਗ ਐਡਿਕਸ਼ਨ' ਮੁਹਿੰਮ ਸਫ਼ਲਤਾਪੂਰਵਕ ਸੰਪੰਨ



**ਮੋਗਾ (ਅਮਰਜੀਤ ਬੱਬਰੀ)**-ਮਾਣਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਜੱਜ, ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮਨਜਿੰਦਰ ਸਿੰਘ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਹੀਨਾ ਅਕਤੂਬਰ ਦੌਰਾਨ ਪੂਰੇ ਪੰਜਾਬ ਵਿੱਚ ਪੰਜਾਬ ਅਗੇਂਸਟ ਡਰੱਗ ਐਡੀਕਸ਼ਨ ਮੁਹਿੰਮ ਚਲਾਈ ਗਈ। ਅਤੁਲ ਕਸਾਨਾ ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਅਮਰੀਸ਼ ਕੁਮਾਰ ਸੀ ਜੇ ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ 31 ਅਕਤੂਬਰ ਨੂੰ ਦੇਸ਼ ਭਗਤ ਫਾਊਂਡੇਸ਼ਨ ਗਰੁੱਪ ਆਫ ਇਂਸਟੀਟਿਊਸ਼ਨਜ਼ ਮੋਗਾ ਵਿਖੇ ਪੰਜਾਬ ਅਗੇਂਸਟ ਡਰੱਗ ਐਡਿਕਸ਼ਨ ਅਧੀਨ ਸੈਮੀਨਾਰ ਦਾ ਆਯੋਜਨ ਕਰਕੇ ਮੁਹਿੰਮ ਨੂੰ ਸਫ਼ਲਤਾਪੂਰਵਕ ਸੰਪੰਨ ਕੀਤਾ ਗਿਆ। ਅਮਰੀਸ਼ ਕੁਮਾਰ ਸੀ ਜੇ ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅਪੀਲ ਕੀਤੀ ਕਿ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ ਕਿਉਂਕਿ ਨਸ਼ੇ ਕਰਨ ਨਾਲ ਸਿਰਫ਼ ਇਕ ਵਿਅਕਤੀ ਦੀ ਜ਼ਿੰਦਗੀ ਹੀ ਬਰਬਾਦ ਨਹੀਂ ਹੁੰਦੀ ਬਲਕਿ ਸਾਰਾ ਪਰਵਾਰ ਹੀ ਉਜੜ ਜਾਂਦਾ ਹੈ ਅਤੇ ਸਮਾਜ 'ਤੇ ਵੀ ਇਸ ਦਾ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਅੱਗੇ ਅਪੀਲ ਕੀਤੀ ਕਿ ਸਾਨੂੰ ਨਸ਼ਾ ਕਰਨ ਤੋਂ ਬਚਣਾ ਚਾਹੀਦਾ ਹੈ ਅਤੇ ਜੇਕਰ ਕੋਈ ਨਸ਼ਾ ਕਰ ਰਿਹਾ ਹੈ ਤਾਂ ਉਸ ਨੂੰ ਡੀ ਐਡਿਕਸ਼ਨ ਸੈਂਟਰ ਬਾਰੇ ਦੱਸਿਆ ਜਾਵੇ ਅਤੇ ਨਸ਼ਾ ਵੇਚਣ ਵਾਲਿਆਂ ਖਿਲਾਫ ਪੁਲਿਸ ਨੂੰ ਜਾਰੀ ਕੀਤੇ ਹੋਏ ਟੋਲ ਫ੍ਰੀ ਨੰਬਰ 75270-00165 ਉਪਰ ਜਾਣਕਾਰੀ ਦਿੱਤੀ ਜਾਵੇ, ਸ਼ਿਕਾਇਤ ਕਰਨ ਵਾਲੇ ਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ। ਇਸ ਤੋਂ ਇਲਾਵਾ ਏ ਐੱਸ ਆਈ ਕੇਵਲ ਸਿੰਘ ਨੇ ਵਿਚਾਰ ਪੇਸ਼ ਕੀਤੇ। ਪੂਜਾ ਰਿਸ਼ੀ ਕਾਊਂਸਲਰ ਨੇ ਦੱਸਿਆ ਕਿ ਜੇਕਰ ਕੋਈ ਨਸ਼ੇ ਦਾ ਆਦੀ ਹੋ ਚੁੱਕਿਆ ਹੈ ਉਸ ਦਾ ਨਸ਼ਾ ਛੁਡਾਉਣ ਲਈ ਜ਼ਿਲ੍ਹਾ ਮੋਗਾ ਵਿਖੇ 18 ਨਸ਼ਾ ਛੁਡਾਊ ਕੇਂਦਰ (ਓਟ ਸੈਂਟਰ) ਖੋਲ੍ਹੇ ਗਏ ਹਨ ਜਿਥੇ ਮੁਫ਼ਤ ਦਵਾਈ ਮੁਹੱਈਆ ਕਰਵਾਈ ਜਾਂਦੀ ਹੈ। ਇਸ ਮੌਕੇ ਦੇਸ਼ ਭਗਤ ਫਾਊਂਡੇਸ਼ਨ ਗਰੁੱਪ ਆਫ ਇਂਸਟੀਟਿਊਸ਼ਨਜ਼ ਮੋਗਾ ਦੇ ਪ੍ਰੈਜ਼ੀਡੈਂਟ ਅਸ਼ੋਕ ਗੁਪਤਾ, ਡਾਇਰੈਕਟਰ ਗੌਰਵ ਗੁਪਤਾ, ਦਵਿੰਦਰਪਾਲ ਸਿੰਘ ਰਿਪੀ ਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ। ਇਹ ਮੁਹਿੰਮ 1 ਅਕਤੂਬਰ ਤੋਂ ਲੈ ਕੇ 31 ਅਕਤੂਬਰ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ/ਸ਼ਹਿਰਾਂ ਵਿੱਚ ਚਲਾਈ ਗਈ। ਇਸ ਦੌਰਾਨ ਸਿਹਤ ਸਿੱਖਿਆ ਅਤੇ ਪੁਲਸ ਵਿਭਾਗ ਦੇ ਸਹਿਯੋਗ ਨਾਲ ਰੈਲੀਆਂ, ਵਰਕਸ਼ਾਪ ਅਤੇ ਸੈਮੀਨਾਰਾਂ ਦਾ ਆਯੋਜਨ ਕੀਤਾ ਗਿਆ। ਸਕੂਲਾਂ ਅਤੇ ਕਾਲਜਾਂ ਵਿੱਚ ਡੈਕਲਾਮੇਸ਼ਨ, ਪੋਸਟਰ ਮੇਕਿੰਗ, ਚਾਰਟ ਮੇਕਿੰਗ ਕੁਇਜ਼ ਤੇ ਡਿਬੇਟ ਪ੍ਰੋਗਰਾਮ ਆਦਿ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਨੁੱਕੜ ਨਾਟਕਾਂ ਦਾ ਵੀ ਆਯੋਜਨ ਕੀਤਾ ਗਿਆ।

# ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਭਾਰਤ ਦੀ ਏਕਤਾ ਦੇ ਸੂਤਰਧਾਰ : ਮਨੋਹਰ ਲਾਲ



ਪੰਚਕੂਲਾ,(ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਲੋਹ ਪੁਰਸ਼ ਸਰਦਾਰ ਵਲੱਭ ਭਾਈ ਪਟੇਲ ਭਾਰਤ ਦੀ ਏਕਤਾ ਦੇ ਸੂਤਰਧਾਰ ਸਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਸਟੈਚੂ ਆਫ ਯੂਨਿਟੀ ਦਾ ਨਿਰਮਾਣ ਕਰਵਾ ਕੇ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦਿੱਤੀ ਹੈ। ਮਨੋਹਰ ਲਾਲ ਸਰਦਾਰ ਵਲੱਭ ਭਾਈ ਪਟੇਲ ਦੀ ਜੈਯੰਤੀ ਮੌਕੇ 'ਤੇ ਟ੍ਰਾਂਈਡੇਂਟ ਹਿਲਸ ਪਿੰਜੌਰ ਵਿਚ ਪ੍ਰਬੰਧਿਤ ਰਨ ਫਾਰ ਯੂਨਿਟੀ ਨੂੰ ਝੰਡੀ ਦਿਖਾਉਣ ਬਾਅਦ ਭਾਰੀ ਗਿਣਤੀ ਵਿਚ ਮੌਜੂਦ ਬੱਚਿਆਂ ਅਤੇ ਨੌਜੁਆਨਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਹਰਿਆਣਾ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ ਅਤੇ ਨਗਰ ਨਿਗਮ ਦੇ ਮੇਅਰ ਕੁਲਭੂਸ਼ਣ ਗੋਇਲ ਵੀ ਮੌਜੂਦ ਸਨ। ਮੁੱਖ ਮੰਤਰੀ ਨੇ ਲੋਹ ਪੁਰਸ਼ ਵਲੱਭ ਭਾਈ ਪਟੇਲ ਦੀ ਜੈਯੰਤੀ ਮੌਕੇ 'ਤੇ ਉਨ੍ਹਾਂ ਨੂੰ ਨਮਨ ਕਰਦੇ ਹੋਏ ਕਿਹਾ ਕਿ ਪ੍ਰਤੀ ਸਾਲ 31 ਅਕਤੂਬਰ ਨੂੰ ਰਨ ਫਾਰ ਯੂਨਿਟੀ ਦਾ ਪ੍ਰਬੰਧ ਪੂਰੇ ਦੇਸ਼ ਵਿਚ ਕੀਤਾ ਜਾਂਦਾ ਹੈ ਜਿਸ ਵਿਚ ਲੱਖਾਂ ਕਰੋੜਾਂ ਦੀ ਗਿਣਤੀ ਵਿਚ ਬੱਚੇ, ਮਹਿਲਾ, ਪੁਰਸ਼, ਨੌਜੁਆਨ, ਬਜੁਰਗ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਦਾ ਸੰਦੇਸ਼ ਦਿੰਦੇ ਹਨ। ਮਨੋਹਰ ਲਾਲ ਨੇ ਕਿਹਾ ਕਿ ਭਾਰਤ ਦੇ ਇਤਿਹਾਸ ਵਿਚ ਸਰਦਾਰ ਵਲੱਭ ਭਾਈ ਪਟੇਲ ਦੇ ਯੋਗਦਾਨ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਨੇ ਕਿਹਾ ਕਿ ਰਨ ਫਾਰ ਯੂਨਿਟੀ ਸਿਰਫ ਇਕ ਦੌੜ ਨਹੀਂ ਹੈ, ਸਗੋ ਇਹ ਦੇਸ਼ ਦੇ ਨਾਗਰਿਕ ਵਿਚ ਏਕਤਾ ਤੇ ਅਖੰਡਤਾ ਦੀ ਭਾਵਨਾ ਨਾਲ ਓਤਪਰੋਤ ਕਰਦੀ ਹੈ ਅਤੇ ਦੇਸ਼ ਲਈ ਮਰ ਮਿਟਣ ਦਾ ਜਜਬਾ ਪੈਦਾ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਕਈ ਵਿਦੇਸ਼ੀ ਤਾਕਤਾਂ ਭਾਰਤ ਨੂੰ ਕਮਜੋਰ ਕਰਨ ਦਾ ਯਤਨ ਕਰ ਰਹੀ ਹੈ, ਤੁਰੰਤ ਅਸੀਂ ਸੰਕਲਪ ਲਿਆ ਹੈ ਕਿ ਆਪਣੇ ਦੇਸ਼ 'ਤੇ ਕਿਸੇ ਨੂੰ ਵੀ ਨਜਰ ਚੁੱਕ ਕੇ ਦੇਖਣ ਨਹੀਂ ਦੇਵਾਂਗੇ। ਮੁੱਖ ਮੰਤਰੀ ਨੇ ਕਿਹਾ ਕਿ ਲੋਹ ਪੁਰਸ਼ ਸਰਦਾਰ ਵਲੱਭਭਾਈ ਪਟੇਲ ਨੂੰ ਸੱਚੀ ਸ਼ਰਧਾਂਜਲੀ ਦਿੰਦੇ ਹੋਏ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਜਰਾਤ ਦੇ ਕੇਵੜਿਆਂ ਵਿਚ ਸਰਦਾਰ ਵਲੱਭ ਭਾਈ ਪਟੇਲ ਦੀ ਵਿਸ਼ਵ ਦੀ ਸੱਭ ਤੋਂ ਉੱਚੀ ਪ੍ਰਤਿਮਾ ਸਥਾਪਿਤ ਕਰਨ ਦਾ ਕੰਮ ਕੀਤਾ। ਇਸ ਪ੍ਰਤਿਮਾ ਨਾਲ ਦੇਸ਼ ਦਾ ਮਾਨ ਵਿਸ਼ਵ ਭਰ ਵਿਚ ਵਧਿਆ ਹੈ।

ਇਸ ਮੌਕੇ 'ਤੇ ਉਨ੍ਹਾਂ ਨੇ ਮੌਜੂਦ ਜਨਸਮੂਹ ਨੂੰ ਰਾਸ਼ਟਰ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਨੂੰ ਬਣਾਏ ਰੱਖਣ ਦੀ ਸਹੁੰ ਦਿਵਾਈ। ਹਜਾਰਾਂ ਦੀ ਗਿਣਤੀ ਵਿਚ ਪ੍ਰਤਿਭਾਗੀਆਂ ਨੇ ਜੋਸ਼ ਅਤੇ ਜਨੂਨ ਦੇ ਨਾਲ ਦੌੜ ਲਗਾਈ ਅਤੇ ਲਗਭਗ 3 ਕਿਲੋਮੀਟਰ ਦਾ ਸਫਰ ਤੈਅ ਕਰਦੇ ਹੋਏ ਅਮਰਾਵਤੀ ਸਕੂਲ ਪਹੁੰਚ, ਜਿੱਥੇ ਦੇਸ਼ਭਗਤੀ ਦੇ ਗੀਤਾਂ ਨਾਲ ਉਨ੍ਹਾਂ ਦਾ ਜੋਰਦਾਰ ਸਵਾਗਤ ਕੀਤਾ ਗਿਆ।

# ਬੇਲਾ ਕਾਲਜ ਵਿਖੇ ਪਰਾਲੀ ਬਚਾਉਣ ਵਿਸ਼ੇ 'ਤੇ ਪ੍ਰੋਗਰਾਮ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਖੇ ਹਿਊਮੈਨਟੀਜ਼ ਵਿਭਾਗ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਰੋਪੜ ਦੇ ਸਹਿਯੋਗ ਸਦਕਾ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਡਾ. ਸਤਬੀਰ ਸਿੰਘ, ਡਿਪਟੀ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ, ਰੋਪੜ ਅਤੇ ਡਾ.ਪ੍ਰਿੰਸੀ, ਸਹਾਇਕ ਪ੍ਰੋਫੈਸਰ ਹੋਮ ਸਾਇੰਸ, ਕ੍ਰਿਸ਼ੀ ਵਿਗਿਆਨ ਕੇਂਦਰ ਨੇ ਵਿਸ਼ੇਸ਼ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ। ਇਹ ਜਾਗਰੂਕਤਾ ਕੈਂਪ ਸਹਾਇਕ ਪ੍ਰੋਫੈਸਰ ਸੁਨੀਤਾ ਰਾਣੀ ਮੁਖੀ ਹਿਊਮੈਨਟੀਜ਼ ਵਿਭਾਗ ਵੱਲੋਂ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਦੇ ਵੱਖੋ-ਵੱਖਰੇ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਵਿਦਿਆਰਥੀਆਂ ਦੇ ਰੂ-ਬ-ਰੂ ਹੁੰਦਿਆਂ ਡਾ. ਸਤਬੀਰ ਸਿੰਘ ਨੇ ਕਿਹਾ ਕਿ ਕੁਦਰਤ ਨੇ ਮਨੁੱਖੀ ਜੀਵਨ ਦੀ ਉਤਪੱਤੀ ਅਤੇ ਵਿਕਾਸ ਲਈ ਹਵਾ, ਧਰਤ ਅਤੇ ਪਾਣੀ ਵਰਗੀਆਂ ਨਿਆਮਤਾਂ ਮਨੁੱਖ ਦੀ ਝੋਲੀ ਪਾਈਆਂ। ਪ੍ਰੰਤੂ ਮਨੁੱਖ ਨੇ ਆਪਣੀਆਂ ਗਲਤੀਆਂ ਕਾਰਨ ਸਭ ਕੁਝ ਪ੍ਰਦੂਸ਼ਿਤ ਕਰ ਲਿਆ ਹੈ। ਇਸ ਜਾਗਰੂਕਤਾ ਕੈਂਪ ਵਿੱਚ ਉਹਨਾਂ ਨੇ ਮੌਜੂਦਾ ਸਮੇਂ ਵਿੱਚ ਵਕਤ ਦੀ ਨਬਜ਼ ਪਛਾਣਦਿਆਂ ਪਰਾਲੀ ਨਾ ਸਾੜਨ ਦਾ ਸੁਝਾਅ ਦਿੱਤਾ। ਉਹਨਾਂ ਨੇ ਵਿਦਿਆਰਥੀਆਂ ਨਾਲ ਪਰਾਲੀ ਧਰਤ ਵਿੱਚ ਵਾਹੁਣ ਅਤੇ ਇਸ ਨਾਲ ਧਰਤੀ ਦਾ ਉਪਜਾਊਪਣ ਵਧਾਉਣ ਤੇ ਚਾਨਣਾ ਪਾਇਆ। ਉਹਨਾਂ ਨੇ ਪਾਣੀ ਦੇ ਘਟਦੇ ਪੱਧਰ ਅਤੇ ਹਵਾ ਵਿੱਚ ਫੈਲ ਰਹੇ ਪ੍ਰਦੂਸ਼ਣ ਸੰਬੰਧੀ ਚਿੰਤਾ ਜ਼ਾਹਿਰ ਕਰਦਿਆਂ ਵਿਦਿਆਰਥੀਆਂ ਨੂੰ ਇਕਜੁੱਟ ਹੋ ਕੇ ਇਸ ਸੰਬੰਧੀ ਆਪਣੇ ਆਸੇ-ਪਾਸੇ ਚੇਤਨਾ ਫੈਲਾਉਣ ਦਾ ਸੁਨੇਹਾ ਦਿੱਤਾ। ਇਸ ਉਪਰੰਤ ਡਾ. ਪ੍ਰਿੰਸੀ ਨੇ ਵਿਦਿਆਰਥੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਚਲ ਰਹੇ ਛੋਟੇ ਕੋਰਸਾਂ ਅਤੇ ਹੋਰ ਖੋਜਾਂ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਕਾਲਜ ਵਿੱਚ ਪੋਸਟਰ ਬਣਾਉਣ, ਸਲੋਗਨ ਲੇਖਣ ਅਤੇ ਲੇਖ ਲੇਖਣ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਸਲੋਗਨ ਲੇਖਣ ਵਿੱਚ ਬੀ.ਕਾਮ ਦੀਆਂ ਵਿਦਿਆਰਥਣਾਂ ਅੰਕਿਤਾ ਸੈਣੀ, ਇੰਦਰਪਾਲ ਕੌਰ ਅਤੇ ਕਿਰਨਜੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ, ਅਤੇ ਤੀਜਾ ਸਥਾਨ ਹਾਸਿਲ ਕੀਤਾ। ਪੋਸਟਰ



ਬਣਾਉਣ ਦੇ ਮੁਕਾਬਲਿਆਂ ਵਿੱਚ ਬੀ.ਏ. ਭਾਗ ਦੂਜਾ ਦੇ ਵਿਦਿਆਰਥੀ ਲਵਪ੍ਰੀਤ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸ ਦੇ ਨਾਲ ਹੀ ਕਾਮਿਨੀ ਸ਼ਰਮਾ ਅਤੇ ਅਰਸ਼ਪ੍ਰੀਤ ਕੌਰ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਲੇਖ ਲੇਖਣ ਮੁਕਾਬਲਿਆਂ ਵਿੱਚ ਅਰਸ਼ਪ੍ਰੀਤ ਕੌਰ (ਬੀ.ਏ. ਭਾਗ ਤੀਜਾ) ਜਸਪ੍ਰੀਤ ਕੌਰ ਅਤੇ ਨੰਦਿਨੀ ਸ਼ਰਮਾ (ਬੀ.ਏ. ਭਾਗ ਪਹਿਲਾ) ਦੀਆਂ ਵਿਦਿਆਰਥਣਾਂ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਮੁੱਖ ਬੁਲਾਰੇ ਡਾ. ਸਤਬੀਰ ਸਿੰਘ, ਡਾ. ਪ੍ਰਿੰਸੀ ਅਤੇ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਵੱਲੋਂ ਸਨਮਾਨਿਤ ਕੀਤਾ ਗਿਆ ਉਹਨਾਂ ਨੇ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੂੰ ਸਹਿਯੋਗ ਅਤੇ ਅਪਣੱਤ ਲਈ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਸਨਮਾਨ ਚਿੰਨ੍ਹ ਭੇਂਟ ਕੀਤਾ। ਜਾਗਰੂਕਤਾ ਕੈਂਪ ਦੇ ਅੰਤਲੇ ਪੜਾਅ ਵਿੱਚ ਵਿਦਿਆਰਥੀਆਂ ਵੱਲੋਂ ਸਵੱਛਤਾ ਮੁਹਿੰਮ ਤਹਿਤ ਪਰਾਲੀ ਬਚਾਉਣ ਦੇ ਅਹਿਦ ਨਾਲ ਰੈਲੀ ਕੱਢੀ ਗਈ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਜਗਵਿੰਦਰ ਸਿੰਘ ਪੰਮੀ, ਮੈਨੇਜਰ ਸ. ਸੁਖਵਿੰਦਰ ਸਿੰਘ ਵਿਸਕੀ,ਅਤੇ ਚੇਅਰਮੈਨ ਫਾਰਮੇਸੀ ਕਾਲਜ ਪ੍ਰਬੰਧਕ ਕਮੇਟੀ ਕੈਪਟਨ ਐੱਮ.ਪੀ.ਸਿੰਘ ਨੇ ਵਿਸ਼ੇਸ਼ ਤੌਰ ਤੇ ਡਾ. ਸਤਬੀਰ ਸਿੰਘ ਦਾ ਵਿਦਿਆਰਥੀਆਂ ਨਾਲ ਰਾਬਤਾ ਕਾਇਮ ਕਰਨ ਲਈ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਭੂਮਿਕਾ ਡਾ. ਸੰਦੀਪ ਕੌਰ ਵੱਲੋਂ ਨਿਭਾਈ ਗਈ। ਇਸ ਮੌਕੇ ਡਾ. ਮਮਤਾ ਅਰੋੜਾ, ਸਹਾਇਕ ਪ੍ਰੋਫੈਸਰ ਗਗਨਦੀਪ ਕੌਰ, ਸਹਾਇਕ ਪ੍ਰੋਫੈਸਰ ਹਰਪ੍ਰੀਤ ਸਿੰਘ ਭਿਓਰਾ, ਸਹਾਇਕ ਪ੍ਰੋਫੈਸਰ ਲੈਫ਼ਟੀਨੈਂਟ ਪ੍ਰਿਤਪਾਲ ਸਿੰਘ ਅਤੇ ਸਹਾਇਕ ਪ੍ਰੋਫੈਸਰ ਅਮਰਜੀਤ ਸਿੰਘ ਮੌਜੂਦ ਸਨ।

# ਨਵਜੋਤ ਸਾਹਿਤ ਸੰਸਥਾ ਔੜ ਦਾ 'ਸਥਾਪਨਾ ਦਿਵਸ' 5 ਨੂੰ

ਬਹਿਰਾਮ (ਅਵਤਾਰ ਕਲੇਰ) ਪੰਜ ਦਹਾਕਿਆਂ ਤੋਂ ਪੇਂਡੂ ਖਿੱਤੇ ਵਿੱਚ ਸਾਹਿਤਕ ਸਰਗਰਮੀਆਂ ਕਰਨ ਵਾਲੀ ਨਵਜੋਤ ਸਾਹਿਤ ਸੰਸਥਾ (ਰਜਿ.) ਔੜ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਦਾ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ 5 ਨਵੰਬਰ, ਦਿਨ ਐਤਵਾਰ ਨੂੰ ਸਵੇਰੇ 10 ਵਜੇ ਖਾਲਸਾ ਸਕੂਲ ਔੜ ਦੇ ਵਿਹੜੇ 'ਚ ਕਰਵਾਏ ਜਾ ਰਹੇ ਸਮਾਗਮ ਦੀਆਂ ਤਿਆਰੀਆਂ ਜੋਸ਼ੋ ਖਰੋਸ਼ ਨਾਲ ਚੱਲ ਰਹੀਆਂ ਹਨ। ਸਮਾਗਮ ਦੌਰਾਨ ਵੱਖ ਵੱਖ ਖੇਤਰਾਂ ਦੀਆਂ ਪੰਜ ਮਹਿਲਾਂ ਹਸਤਾਖ਼ਰਾਂ ਨੂੰ 'ਨਵਜੋਤ, ਪੁਰਸਕਾਰ-2023' ਪ੍ਰਦਾਨ ਕੀਤੇ ਜਾਣਗੇ। ਇਸ ਵਾਰ ਸਨਮਾਨ ਲਈ ਪੂਨਮ ਸਿੰਘ ਨੂੰ ਵਾਰਤਕ ਖੇਤਰ, ਤਜਿੰਦਰ ਕੌਰ ਬਿੰਦ ਨੂੰ ਪੱਤਰਕਾਰੀ ਖੇਤਰ, ਸੁਨੀਲਮ ਮੰਡ ਨੂੰ ਕਾਵਿ ਖੇਤਰ, ਸ਼ਸ਼ੀ ਰਾਣਾ ਨੂੰ ਸਮਾਜਿਕ ਖੇਤਰ, ਮਨਜੀਤ ਕੌਰ ਬੋਲਾ ਨੂੰ ਅਧਿਆਪਨ ਖੇਤਰ ਲਈ ਚੁਣਿਆ ਗਿਆ ਹੈ। ਇਹਨਾਂ ਪੁਰਸਕਾਰਾਂ ਵਿੱਚ ਯਾਦਗਾਰੀ ਚਿੰਨ੍ਹ, ਸਨਮਾਨ ਪੱਤਰ, ਸ਼ਾਲ ਅਤੇ ਨਗਦੀ ਆਦਿ ਸ਼ਾਮਲ ਹੋਣਗੇ। ਦੱਸਣਯੋਗ ਹੈ ਕਿ ਸੰਸਥਾ ਵਲੋਂ ਇਹ ਵਰ੍ਹਾ 'ਮਹਿਲਾ ਸ਼ਕਤੀਕਰਨ' ਤੌਰ 'ਤੇ ਸਮਰਪਿਤ ਕੀਤਾ ਗਿਆ ਸੀ। ਇਸ ਵਾਰ ਸੰਸਥਾ ਦੀ ਅਗਵਾਈ ਪ੍ਰਧਾਨ ਰਜਨੀ ਸ਼ਰਮਾ, ਸਕੱਤਰ ਅਮਰ ਜਿੰਦ, ਖਜ਼ਾਨਚੀ ਨੀਰੂ ਜੱਸਲ, ਕਾਰਜਕਾਰੀ ਮੈਂਬਰ ਹਰਬੰਸ ਕੌਰ ਨੇ ਕੀਤੀ। ਇਸ ਸਥਾਪਨਾ ਦਿਵਸ ਸਮਾਗਮ ਦੇ ਮੁੱਖ ਮਹਿਮਾਨ ਔੜ ਵਾਸੀ ਬੀਬੀ ਕਮਲਾ ਰਾਣੀ ਔੜ ਹੋਣਗੇ। ਸੰਸਥਾ ਵੱਲੋਂ ਉਕਤ ਮਿਸ਼ਨ ਤਹਿਤ 'ਲੋਹੜੀ ਧੀਆਂ ਦੀ', 'ਸਾਹਿਤਕ ਯਾਤਰਾ', 'ਕਵਿੱਤਰੀ ਦਰਬਾਰ', 'ਤੀਆਂ ਤੀਜ ਦੀਆਂ', 'ਸਾਹਿਤਕ ਰੂ-ਬ-ਰੂ', 'ਲਿਖਤੀ ਪ੍ਰਤੀਯੋਗਤਾ', 'ਵਿਚਾਰ ਚਰਚਾ', 'ਮਹਿਲਾ ਦਿਵਸ', 'ਸਾਹਿਤ ਉਚਾਰਨ ਮੁਕਾਬਲਾ', 'ਔਰਤਾਂ ਦੀ ਪ੍ਰਤੀਯੋਗਤਾ', 'ਅਧਿਆਪਕ ਦਿਵਸ,' ਸ਼ਾਮਲ ਰਹੇ।

ਨਵਜੋਤ ਸਾਹਿਤ ਸੰਸਥਾ ਔੜ ਦੇ ਇਸ ਸਥਾਪਨਾ ਦਿਵਸ ਮੌਕੇ ਵੱਡੀ ਗਿਣਤੀ 'ਚ ਪੁੱਜਣ ਲਈ ਇਸ ਦੇ ਸੰਸਥਾਪਕ ਗੁਰਦਿਆਲ ਰੋਸ਼ਨ, ਪ੍ਰੋ. ਸੰਧੂ ਵਰਿਆਣਵੀ, ਸਾਬਕਾ ਪ੍ਰਧਾਨ ਸਤਪਾਲ ਸਾਹਲੋਂ, ਯੋਜਨਾਕਾਰ ਸੁਰਜੀਤ ਮਜਾਰੀ ਵਲੋਂ ਪੁਰਜ਼ੋਰ ਅਪੀਲ ਕੀਤੀ ਗਈ ਹੈ।



# ਲਾਇਨਜ਼ ਕਲੱਬ ਪ੍ਰਧਾਨ ਸੋਮਿਨਾ ਸੰਧੂ ਨੇ ਸਕੂਲ ਦੀਆਂ ਨੀਹਾਂ 'ਚ ਪੈ ਰਹੇ ਪਾਣੀ ਦਾ ਜਾਇਜ਼ਾ ਲਿਆ

**ਨੂਰਮਹਿਲ (ਬਾਲ ਕ੍ਰਿਸਨ ਬਾਲੀ)** ਸਮਾਜ ਸੇਵੀ ਸੰਸਥਾਵਾਂ ਵੀ ਨੂਰਮਹਿਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕਿਆਂ) ਨੂੰ ਉਸਾਰਣ ਲਈ ਆਪਣਾ ਜ਼ੋਰ ਲਗਾ ਰਹੇ ਹਨ, ਪਰ ਜੋ ਹਲਕੇ ਦੀ ਅਗਵਾਈ ਕਰ ਰਹੇ ਹਨ ਉਹ ਸਕੂਲ ਨੂੰ ਡੁਬਾਉਣ ਲਈ ਆਪਣਾ ਜੋਸ਼ ਦਿਖਾ ਰਹੇ ਹਨ। ਸਰਕਾਰੀ ਸਕੂਲ ਬਚਾਓ ਮੋਰਚਾ ਵੱਲੋਂ ਧਰਨਾ ਪ੍ਰਦਰਸ਼ਨ 52ਵੇਂ ਦਿਨ ਸ਼ਾਮਲ ਹੋ ਚੁੱਕਾ ਹੈ। ਮੋਰਚੇ ਵੱਲੋਂ ਅਤੇ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਵੱਲੋਂ 9 ਅਕਤੂਬਰ ਨੂੰ ਲਿਖਤੀ ਤੌਰ 'ਤੇ ਪ੍ਰਸ਼ਾਸਨ ਵੱਲੋਂ ਮੰਗ ਕੀਤੀ ਹੈ ਕਿ ਨਿਰਮਾਣ ਅਧੀਨ ਸਕੂਲ ਦੀ ਇਮਾਰਤ ਦੀਆਂ ਨੀਹਾਂ 'ਚ ਪੈ ਰਿਹਾ ਸ਼ਹਿਰ ਦਾ ਪਾਣੀ ਤੁਰੰਤ ਪ੍ਰਭਾਵ ਨਾਲ ਰੋਕਿਆ ਜਾਵੇ। ਇਸ ਮੌਕੇ ਲਾਇਨਜ਼ ਕਲੱਬ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਅਤੇ ਸੈਕੰਡ ਮੀਤ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ ਨੇ ਜਿੱਥੇ ਸਕੂਲ ਦੀਆਂ ਨੀਹਾਂ ਵਿੱਚ ਪੈ ਰਹੇ ਨਗਰ ਕੌਂਸਲ ਦੇ ਪਾਣੀ ਦਾ ਮੁਆਇਨਾ ਕੀਤਾ ਉੱਥੇ ਉਹਨਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਮੰਗ ਵੀ ਕੀਤੀ ਕਿ ਉਹ ਸਰਕਾਰੀ ਸਕੂਲ ਦਾ ਅਧੂਰਾ ਪਿਆ ਨਿਰਮਾਣ ਤੁਰੰਤ ਪ੍ਰਭਾਵ ਨਾਲ ਮੁਕੰਮਲ ਕਰਵਾਉਣ। ਉਹਨਾਂ ਦੋਸ਼ ਲਾਇਆ ਕਿ ਹਲਕਾ ਨਕੋਦਰ ਦੀ ਵਿਧਾਇਕ ਇੰਦਰਜੀਤ ਕੌਰ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਸਿੱਖਿਆ ਪ੍ਰਸਾਰ ਦੇ ਏਜੰਡੇ ਨੂੰ ਸਫਲ ਬਣਾਉਣਾ ਨਹੀਂ ਚਾਹੁੰਦੀ।



ਕਲੱਬ ਦੇ ਅਫਸਰਾਂ ਜਿਨ੍ਹਾਂ 'ਚ ਕਲੱਬ ਦੀ ਸੈਕੰਡ ਮੀਤ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ, ਚਾਰਟਰ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ, ਚਾਰਟਰ ਮੈਂਬਰ ਲਾਇਨ ਬਬਿਤਾ ਸੰਧੂ, ਲਾਇਨ ਰੋਹਿਤ ਸੰਧੂ, ਲਾਇਨ ਜਸਪ੍ਰੀਤ ਕੌਰ ਸੰਧੂ ਅਤੇ ਸਮਾਜ ਸੇਵੀ ਸੀਤਾ ਰਾਮ ਸੋਖਲ ਨੇ ਧਰਨੇ 'ਤੇ ਲਗਾਤਾਰ ਬੈਠੇ ਪੱਤਰਕਾਰ ਬਾਲ ਕ੍ਰਿਸਨ ਬਾਲੀ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਇਸ ਮੌਕੇ ਮੋਰਚੇ ਦੇ ਸਿਪਾਸਿਲਾਰ ਬਾਲ ਕ੍ਰਿਸਨ ਬਾਲੀ ਅਤੇ ਨੰਬਰਦਾਰ ਅਸ਼ੋਕ ਸੰਧੂ ਨੇ ਕਿਹਾ ਕਿ ਜੇਕਰ ਨਗਰ ਕੌਂਸਲ ਦੇ ਈ ਓ ਕਰਮਿੰਦਰ ਪਾਲ ਸਿੰਘ ਵੱਲੋਂ ਸ਼ਹਿਰ ਦਾ ਪਾਣੀ ਨਾ ਰੋਕਿਆ ਗਿਆ ਤਾਂ 3 ਨਵੰਬਰ ਨੂੰ ਈ ਓ ਅਤੇ ਹਲਕਾ ਵਿਧਾਇਕ ਖਿਲਾਫ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।

# ਸਰਪੰਚ ਸਰਬਜੀਤ ਸਿੰਘ ਲਾਟਵਾਲਾ ਨੂੰ ਸਦਮਾ, ਪਿਤਾ ਦਾ ਦਿਹਾਂਤ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਪਿੰਡ ਲਾਟ ਵਾਲਾ ਦੇ ਸਾਬਕਾ ਸਰਪੰਚ ਸਰਬਜੀਤ ਸਿੰਘ ਸੰਧੂ ਅਤੇ ਉੱਘੇ ਸਮਾਜ ਸੇਵੀ ਸੁਖਜੀਤ ਸਿੰਘ ਸੰਧੂ ਯੂ ਐਸ ਏ ਦੇ ਪਿਤਾ ਸੂਬੇਦਾਰ ਬੇਅੰਤ ਸਿੰਘ ਸੰਧੂ ਦਾ ਦਿਹਾਂਤ ਹੋ ਗਿਆ ਹੈ। ਜਿਸ ਨਾਲ ਸਰਪੰਚ ਸਰਬਜੀਤ ਸਿੰਘ ਸੰਧੂ ਅਤੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ ਗਹਿਰਾ ਸਦਮਾ ਲੱਗਾ ਹੈ। ਉਹਨਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ ਅਤੇ ਅੰਤਿਮ ਅਰਦਾਸ 4 ਨਵੰਬਰ ਦਿਨ ਸ਼ਨੀਵਾਰ ਨੂੰ ਹੋਵੇਗੀ। ਜਿੱਥੇ ਉਹਨਾਂ ਪਿੰਡ ਲਾਟਵਾਲਾ ਵਿਖੇ ਆਪਣੇ ਕਾਰੋਬਾਰ ਰਾਹੀਂ ਅਤੇ ਸੂਬੇਦਾਰ ਬਣਕੇ ਦੇਸ ਦੀਆਂ ਵਧੀਆ ਸੇਵਾਵਾਂ ਨਿਭਾਈਆਂ, ਉਥੇ ਹੀ ਉਹਨਾਂ ਆਪਣੇ ਪਿੰਡ ਅਤੇ ਆਪਣੇ ਪਰਵਾਰ ਦਾ ਨਾਂਅ ਵੀ ਰੌਸ਼ਨ ਕੀਤਾ। ਅਜਿਹੀ ਸ਼ਖ਼ਸੀਅਤ ਦਾ ਸੰਸਾਰ ਤੋਂ ਚਲੇ ਜਾਣ ਕਾਰਨ ਸਮਾਜ ਅਤੇ ਇਲਾਕੇ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ 'ਚ ਸ਼ਹੀਦ ਉਧਮ ਸਿੰਘ ਮੈਮੋਰੀਅਲ ਚੈਰੀਟੇਬਲ ਟਰੱਸਟ ਸੁਲਤਾਨਪੁਰਲੋਧੀ, ਕੁਲ ਹਿੰਦ ਕਿਸਾਨ ਸਭਾ, ਗੁਰੂ ਨਾਨਕ ਦੇਵ ਜੀ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ, ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ, ਵੱਖ ਵੱਖ ਕਿਸਾਨ ਯੂਨੀਅਨ, ਕਾਂਗਰਸ ਪਾਰਟੀ, ਅਕਾਲੀ ਦਲ, ਸਾਹਿਤ ਸਭਾ ਸੁਲਤਾਨਪੁਰ ਲੋਧੀ, ਪਵਿੱਤਰ ਕਾਲੀ ਵੇਈਂ ਨਦੀ ਕਿਸਾਨ ਸੇਵਾ ਸੁਸਾਇਟੀ ਅਤੇ ਹੋਰ ਵੱਖ ਵੱਖ ਰਾਜਨੀਤਕ ਪਾਰਟੀਆਂ, ਵੱਖ ਵੱਖ ਸੰਸਥਾ ਤੋਂ ਇਲਾਵਾ ਪਦਮਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਸਾਬਕਾ ਮੰਤਰੀ ਗੁਰਜੀਤ ਸਿੰਘ ਰਾਣਾ, ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ, ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ, ਸਾਬਕਾ ਚੇਅਰਮੈਨ ਅਤੇ ਹਲਕਾ ਇੰਚਾਰਜ ਕੈਪਟਨ ਹਰਮਿੰਦਰ ਸਿੰਘ, ਸੱਜਣ ਸਿੰਘ ਚੀਮਾ ਹਲਕਾ ਇੰਚਾਰਜ, ਨਗਰ ਕੌਂਸਲ ਦੇ ਪ੍ਰਧਾਨ ਦੀਪਕ ਧੀਰ ਰਾਜੂ, ਐਡਵੋਕੇਟ ਜਸਪਾਲ ਸਿੰਘ ਧੰਜੂ ਸਾਬਕਾ ਚੇਅਰਮੈਨ ਕੰਬੋਜ ਵੇਲਫੈਆਰ ਬੋਰਡ ਪੰਜਾਬ , ਚੇਅਰਮੈਨ ਸੰਤੋਖ ਸਿੰਘ ਭਾਗੋਆਰਈਆ, ਨਰਿੰਦਰ ਸਿੰਘ ਸੋਨੀਆ, ਸਰਪੰਚ ਜਸਪਾਲ ਸਿੰਘ ਫੱਤੋਵਾਲ, ਸਰਪੰਚ ਲਾਭ ਸਿੰਘ ਨਬੀਪੁਰ, ਗੁਰਦੇਵ ਸਿੰਘ ਸਰਪੰਚ, ਬਲਦੇਵ ਸਿੰਘ ਸਾਬਕਾ ਚੇਅਰਮੈਨ, ਬੋਬੀ ਪੰਡੋਰੀ, ਸੋਨੂੰ ਝੰਡੇਵਾਲ ਆੜ੍ਹਤੀਆਂ, ਡਾਕਟਰ ਸਵਰਨ ਸਿੰਘ ਪ੍ਰਧਾਨ ਸਾਹਿਤ ਸਭਾ, ਮੁਖਤਿਆਰ ਸਿੰਘ ਚੰਦੀ, ਬਲਵਿੰਦਰ ਸਿੰਘ ਧਾਲੀਵਾਲ ਜਰਨਲ ਸਕੱਤਰ ਪ੍ਰੈੱਸ ਕਲੱਬ, ਸੁੱਚਾ ਸਿੰਘ ਮਿਰਜਾ ਪੁਰ ਅਤੇ ਇਲਾਕਾ ਵਾਸੀਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਟਰੈਕਟਰਾਂ 'ਤੇ ਵੱਜਦੇ ਡੀ ਜੇ ਟਰੈਫਿਕ ਨਿਯਮਾਂ ਦੀਆਂ ਉਡਾ ਰਹੇ ਨੇ ਧੱਜੀਆਂ

**ਅਲਾਵਲਪੁਰ (ਮਦਨ ਬੰਗੜ )**- ਬੇਸ਼ੱਕ ਸ਼ੋਰ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਸਰਕਾਰ ਵੱਲੋਂ ਵੱਖਰਾ ਸ਼ੋਰ ਪ੍ਰਦੂਸ਼ਣ ਕੰਟਰੋਲ ਬੋਰਡ ਵੀ ਬਣਾਇਆ ਗਿਆ ਹੈ, ਕਾਨੂੰਨ ਵੀ ਪਾਸ ਕੀਤੇ ਹੋਏ ਹਨ, ਬਾਵਜੂਦ ਇਸ ਦੇ ਸਰੇਆਮ ਬੱਸਾਂ ਵਿੱਚ ਲੱਚਰ ਗੀਤ ਉੱਚੀ ਆਵਾਜ ਵਿੱਚ ਆਮ ਵੱਜਦੇ ਸੁਣੇ ਜਾ ਸਕਦੇ ਹਨ ਜੋ ਟ੍ਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਨਜਰ ਆ ਰਹੇ ਹਨ। ਇਨ੍ਹਾਂ ਨੂੰ ਬੰਦ ਕਰਨ ਲਈ ਪ੍ਰਸ਼ਾਸਨ ਹੁਣ ਤੱਕ ਫੇਲ੍ਹ ਹੋਇਆ ਹੈ। ਕਸਬਾ ਅਲਾਵਲਪੁਰ ਅਤੇ ਆਸ ਪਾਸ ਮੋਟਰਸਾਈਕਲਾਂ ਦੇ ਮੋਡੀਫਾਈ ਕੀਤੇ ਗਏ ਸਾਈਲੈਂਸਰਾਂ ਦੇ ਪਟਾਕਿਆਂ ਦੀ ਆਵਾਜ਼ ਕੰਨਾਂ ਨੂੰ ਬਹਿਰਾ ਕਰਨ ਵਾਲੀ ਹੁੰਦੀ ਹੈ। ਇੱਕ ਰਿਪੋਰਟ ਦੇ ਅਨੁਸਾਰ, ਭਾਰਤ ਵਿੱਚ ਹਰ ਚੌਥਾ ਵਿਅਕਤੀ ਮਾਨਸਿਕ ਸਿਹਤ ਸਮੱਸਿਆਵਾਂ ਜਿਵੇਂ ਚਿੰਤਾ, ਤਣਾਅ, ਡਿਪਰੈਸ਼ਨ ਆਦਿ ਤੋਂ ਪੀੜਤ ਹੈ। ਧਾਰਮਿਕ ਅਸਥਾਨਾਂ 'ਤੇ ਉੱਚੀ ਅਵਾਜ 'ਚ ਵੱਜਣ ਵਾਲੇ ਲਾਊਡ ਸਪੀਕਰ ਵੀ ਸਰੇਆਮ ਹਾਈਕੋਰਟ ਦੇ ਹੁਕਮਾਂ ਦੀਆਂ ਧੱਜੀਆਂ ਉਡਾਉਂਦੇ ਜਾਪਦੇ ਹਨ। ਇਲਾਕੇ ਦੇ ਮੋਹਤਬਰ ਵਿਅਕਤੀਆਂ ਸਮਾਜ ਸੇਵੀ ਸੰਸਥਾਵਾਂ ਦੇ ਅਹੁਦੇਦਾਰਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਪਰੋਕਤ ਸਮੱਸਿਆ ਵੱਲ ਗੰਭੀਰਤਾ ਨਾਲ ਧਿਆਨ ਦਿੱਤਾ ਜਾਵੇ ।

## ਪਤਨੀ ਦਾ ਕਤਲ ਕਰਕੇ ਫਰਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ )**-ਕਪੂਰਥਲਾ ਦੇ ਪਿੰਡ ਸੰਧੂ ਚੱਠਾ ਵਿਖੇ ਘਰ 'ਚ ਇਕੱਲੀ ਰਹਿੰਦੀ 42 ਸਾਲਾ ਔਰਤ ਦਾ ਉਸਦੇ ਪਤੀ ਵੱਲੋਂ ਹੀ ਕਤਲ ਕਰਨ ਦੀ ਘਟਨਾ ਸਾਹਮਣੇ ਆਈ ਹੈ। ਇਹ ਸਾਰੀ ਘਟਨਾ ਸੀਸੀਟੀਵੀ ਵਿੱਚ ਵੀ ਕੈਦ ਹੋ ਗਈ। ਹਰਪ੍ਰੀਤ ਕੌਰ ਘਰ ਵਿੱਚ ਇਕੱਲੀ ਰਹਿੰਦੀ ਸੀ ਜਦਕਿ ਉਸਦਾ ਪਤੀ ਸੁਖਦੇਵ ਸਿੰਘ ਉਰਫ ਮੱਖਣ ਇਟਲੀ ਰਹਿੰਦਾ ਹੈ। ਇਹ ਹਰਪ੍ਰੀਤ ਕੌਰ ਅਤੇ ਸੁਖਦੇਵ ਸਿੰਘ ਦਾ ਦੂਜਾ ਵਿਆਹ ਸੀ ਅਤੇ ਉਨ੍ਹਾਂ ਦੇ ਵਿਆਹ ਨੂੰ 17 ਸਾਲ ਹੋ ਚੁੱਕੇ ਸਨ ਅਤੇ ਉਨ੍ਹਾਂ ਦੇ ਇਸ ਵਿਆਹ ਤੋਂ ਕੋਈ ਔਲਾਦ ਨਹੀਂ ਹੈ ,ਪਰ ਸੁਖਦੇਵ ਸਿੰਘ ਦੇ ਪਹਿਲੇ ਵਿਆਹ ਤੋਂ ਇੱਕ ਪੁੱਤਰ ਹੈ ਜੋ ਵੱਖਰਾ ਰਹਿੰਦਾ ਹੈ। ਸੁਖਦੇਵ ਜੋ ਕਿ ਬੀਤੇ ਦਿਨੀਂ ਇਟਲੀ ਤੋਂ ਆਇਆ ਸੀ, ਆਪਣੇ ਬੇਟੇ ਨੂੰ ਮਿਲਣ ਤੋਂ ਬਾਅਦ ਸਵੇਰੇ ਆਪਣੀ ਪਤਨੀ ਹਰਪ੍ਰੀਤ ਕੌਰ ਨੂੰ ਮਿਲਣ ਆਇਆ ਤਾਂ ਉਨ੍ਹਾਂ ਦੀ ਕਿਸੇ ਗੱਲ ਨੂੰ ਲੈਕੇ ਲੜਾਈ ਹੋ ਗਈ। ਹਰਪ੍ਰੀਤ ਕੌਰ ਆਪਣੀ ਕਿਸੇ ਸਾਥਣ ਨਾਲ ਜਦੋਂ ਸਵੇਰ ਦੀ ਸੈਰ ਕਰਕੇ ਵਾਪਸ ਆਈ ਤਾਂ ਸੁਖਦੇਵ ਸਿੰਘ ਉਸਨੂੰ ਧੱਕੇ ਨਾਲ ਖਿੱਚ ਕੇ ਅੰਦਰ ਲੈ ਗਿਆ ਉਸ ਨੇ ਆਪਣੀ ਪਤਨੀ ਦੇ ਉੱਤੇ ਲਏ ਹੋਏ ਕੱਪੜੇ ਨੂੰ ਉਸਦੇ ਗਲੇ 'ਚ ਪਾ ਕੇ ਉਸ ਨੂੰ ਕਮਰੇ ਅੰਦਰ ਲੈ ਗਿਆ ਅਤੇ ਫਿਰ ਉਸੇ ਕੱਪੜੇ ਨਾਲ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਅਤੇ ਫਿਰ ਉਥੋਂ ਭੱਜ ਗਿਆ। ਮ੍ਰਿਤਕਾ ਦੇ ਪਰਵਾਰ ਵਾਲਿਆਂ ਨੇ ਦੱਸਿਆ ਕਿ ਹਰਪ੍ਰੀਤ ਵੀ ਕੁਝ ਸਮਾਂ ਪਹਿਲਾਂ ਇਟਲੀ ਤੋਂ ਵਾਪਸ ਆਈ ਸੀ ਪਰ ਉਸ ਦੇ ਪਤੀ ਦਾ ਉਸ ਨਾਲ ਰਵੱਈਆ ਚੰਗਾ ਨਹੀਂ ਸੀ ਜਿਸ ਕਾਰਨ ਉਸ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## 36 ਬੋਤਲਾਂ ਦੇਸੀ ਸ਼ਰਾਬ ਸਮੇਤ ਇੱਕ ਕਾਬੂ

**ਫਿਲੌਰ (ਨਿਰਮਲ)** ਡੀ ਐਸ ਪੀ ਫਿਲੌਰ ਸਿਮਰਨਜੀਤ ਸਿੰਘ ਲੰਗ ਨੇ ਦੱਸਿਆ ਕਿ ਮੁੱਖ ਅਫਸਰ ਥਾਣਾ ਫਿਲੌਰ ਸੁਰਿੰਦਰ ਕੁਮਾਰ ਦੀ ਟੀਮ ਨੇ ਇੱਕ ਸ਼ਰਾਬ ਤਸਕਰ ਨੂੰ ਗ੍ਰਿਫਤਾਰ ਕਰਕੇ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੱਸਿਆ ਜਖੀਰਾ ਫਿਲੌਰ ਵਿਖੇ ਸਪੈਸ਼ਲ ਸਰਚ ਆਪ੍ਰੇਸ਼ਨ ਕਰਨ ਤੇ ਥਾਣਾ ਫਿਲੌਰ ਦੇ ਏ ਐਸ ਆਈ ਵਿਜੈ ਕੁਮਾਰ ਥਾਣਾ ਫਿਲੌਰ ਨੇ ਸਤਨਾਮ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਮੁਹੱਲਾ ਡਾਕਟਰ ਅੰਬੇਦਕਰ ਨਗਰ ਗੜ੍ਹਾ ਰੋਡ ਫਿਲੌਰ ਨੂੰ ਗ੍ਰਿਫਤਾਰ ਕਰਕੇ ਇਸ ਦੇ ਕਬਜੇ 'ਚੋਂ 36 ਬੋਤਲਾ (ਕੁੱਲ 27,000 ਮਿਲੀ:) ਸ਼ਰਾਬ ਦੇਸੀ ਠੇਕਾ ਮਾਰਕਾ ਪੰਜਾਬ ਕਿੰਗ ਬਰਾਮਦ ਕਰਕੇ ਇਸ 'ਤੇ ਆਬਕਾਰੀ ਐਕਟ ਥਾਣਾ ਫਿਲੌਰ ਦਰਜ ਰਜਿਸਟਰ ਕੀਤਾ ਗਿਆ। ਜੋ ਮੁਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਕਾਫੀ ਸਮੇਂ ਤੋਂ ਸ਼ਰਾਬ ਵੇਚਣ ਦਾ ਧੰਦਾ ਕਰਦਾ ਆ ਰਿਹਾ ਹੈ। ਸ਼ਰਾਬ ਤਸਕਰ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

# 'ਸਮਿਆਂ ਦੇ ਸਨਮੁੱਖ' ਦਾ ਲੋਕ ਅਰਪਣ ਸਮਾਗਮ 5 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਉੱਘੇ ਸਮਾਜਵਾਦੀ ਆਗੂ ਅਤੇ ਮਾਲਟਾ ਜਾਂਚ ਮਿਸ਼ਨ ਦੇ ਚੇਅਰਮੈਨ ਬਲਵੰਤ ਸਿੰਘ ਖੇੜਾ ਦੀ ਨਵੀਂ ਪੁਸਤਕ 'ਸਮਿਆਂ ਦੇ ਸਨਮੁੱਖ' ਦਾ ਲੋਕ ਅਰਪਣ ਸਮਾਗਮ 5 ਨਵੰਬਰ ਦਿਨ ਐਤਵਾਰ ਨੂੰ ਬਾਅਦ ਦੁਪਿਹਰ 3 ਵਜੇ ਲਾਲਾ ਲਾਜਪਤ ਰਾਏ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਵਿਖੇ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਤਿਆਰੀਆਂ ਦਾ ਜਾਇਜਾ ਲੈਣ ਲਈ ਇੱਕ ਮੀਟਿੰਗ ਓਮ ਸਿੰਘ ਸਟਿਆਣਾ ਪੰਜਾਬ ਪ੍ਰਧਾਨ ਸ਼ੋਸ਼ਲਿਸ਼ਟ ਪਾਰਟੀ ਇੰਡੀਆ ਦੀ ਅਗਵਾਈ 'ਚ ਹੋਈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਲਮਜੀਤ ਸਿੰਘ ਮੰਨਣ ਕਾਰਜਕਾਰੀ ਪ੍ਰਧਾਨ ਨੇ ਦੱਸਿਆ ਕਿ ਇਸ ਸਮਾਗਮ 'ਚ ਮੁੱਖ ਬੁਲਾਰਿਆਂ ਵਜੋਂ ਪ੍ਰਸਿੱਧ ਸਾਹਿਤਕਾਰ ਮਦਨ ਵੀਰਾ, ਮੈਗਸਾਸੇ ਐਵਾਰਡੀ ਅਤੇ ਸਮਾਜਵਾਦੀ ਚਿੰਤਕ ਪ੍ਰੋਫੈਸਰ ਸੰਦੀਪ ਪਾਂਡੇ, ਪ੍ਰਸਿੱਧ ਕਾਲਮ ਨਵੀਸ ਡਾਕਟਰ ਐਸ ਐਸ ਛੀਨਾ, ਮਾਸ ਮੀਡੀਆ ਅਫਸਰ ਤ੍ਰਿਪਤਾ ਕੇ ਸਿੰਘ ਤੇ ਜਿਲ੍ਹਾ ਭਾਸ਼ਾ ਅਫਸਰ ਡਾਕਟਰ ਜਸਵੰਤ ਰਾਏ ਪਹੁੰਚ ਰਹੇ ਹਨ। ਇਸ ਮੌਕੇ ਜਗਦੀਸ਼ ਸ਼ਰਮਾ ਹਰਿਆਣਵੀ, ਮਲਕੀਤ ਸਿੰਘ, ਕੇਵਲ ਸਿੰਘ, ਕਮਲਜੀਤ ਸਿੰਘ ਮੰਨਣ, ਸੁਖਚੈਨ ਸਿੰਘ ਭੱਟੀ, ਮਹਿੰਦਰ ਸਿੰਘ ਹੀਰ, ਸਵਰਨ ਸਿੰਘ ਲੈਕਚਰਾਰ ਆਦਿ ਵੀ ਮੌਜੂਦ ਸਨ।



# ਵਿਦਿਆਰਥੀਆਂ ਨੂੰ 'ਆਰਟੀਫਿਸ਼ਲ ਇੰਟੈਲੀਜੈਂਸ' ਤੋਂ ਜਾਣੂ ਕਰਵਾਇਆ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**: ਸ਼੍ਰੀ ਗੁਰੂ ਤੇਗ ਬਹਾਦਰ ਇੰਸਟੀਚਿਊਟ ਆਫ ਮੈਨੇਜਮੈਂਟ ਆਈ ਟੀ ਵਿਖੇ ਡਾ. ਸ਼ਬਨਮ ਕੌਰ ਪ੍ਰਿੰਸੀਪਲ ਆਫ ਕੇ ਐਮ ਐਸ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਵੱਖ ਵੱਖ ਪਹਿਲੂਆਂ 'ਤੇ ਭਾਸ਼ਣ ਦਿੱਤਾ ਗਿਆ, ਜਿਸ ਦੀ ਸ਼ੁਰੂਆਤ ਉਹਨਾਂ ਨੇ ਵਿਦਿਆਰਥੀਆਂ ਦੇ ਜੀਵਨ ਵਿੱਚ ਅਧਿਆਪਕ ਦੇ ਯੋਗਦਾਨ ਬਾਰੇ ਦੱਸਦਿਆਂ ਕੀਤੀ।

ਉਹਨਾਂ ਨੇ ਵਿਦਿਆਰਥੀਆਂ ਨੂੰ 'ਆਰਟੀਫਿਸ਼ਲ ਇੰਟੈਲੀਜੈਂਸ' ਬਾਰੇ ਅਤੇ ਸਾਡੇ ਜੀਵਨ 'ਤੇ ਇਸ ਦਾ ਕਿੰਨਾ ਪ੍ਰਭਾਵ ਹੈ ਦੱਸਿਆ। ਜਿੱਥੇ ਇਸ ਨੇ ਸਾਡੇ ਜੀਵਨ ਨੂੰ ਬਹੁਤ ਸੁਖਾਲਾ ਕੀਤਾ ਹੈ ਉੱਥੇ ਹੀ ਇਸ ਨਾਲ ਬਹੁਤ ਸਾਰੇ ਫਰੌਡ ਵੀ ਹੋ ਰਹੇ ਹਨ। ਉਹਨਾਂ ਤੋਂ ਬਚਣ ਲਈ ਜਾਗਰੂਕ ਕੀਤਾ। ਇਸ ਤੋਂ ਇਲਾਵਾ ਉਹਨਾਂ ਵੱਲੋਂ ਅਧਿਆਪਕ ਅਤੇ ਵਿਦਿਆਰਥੀਆਂ ਨੂੰ ਆਈ ਟੀ ਸੈਕਟਰ 'ਚ ਨੌਕਰੀ ਕਰਨ ਲਈ ਹੋਣ ਵਾਲੇ ਪੇਪਰਾਂ ਬਾਰੇ ਅਤੇ ਤਿਆਰੀ ਬਾਰੇ ਵਿਸਥਾਰ ਨਾਲ ਦੱਸਿਆ। ਅੰਤ ਵਿੱਚ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਉਹਨਾਂ ਦਾ ਧੰਨਵਾਦ ਕੀਤਾ ਗਿਆ।

# ਕੰਪਿਊਟਰ ਅਧਿਆਪਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕੀ

**ਜਲੰਧਰ (ਰਾਜੇਸ਼ ਥਾਪਾ)** ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ 29 ਅਕਤੂਬਰ ਨੂੰ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨ ਤਾਰਨ ਦੀ ਅਗਵਾਈ ਹੇਠ ਆਪਣੀਆਂ ਹੱਕੀ ਅਤੇ ਜਾਇਜ ਮੰਗਾਂ ਲਈ ਕੁੰਭਕਰਨੀ ਨੀਂਦ ਸੁੱਤੀ ਹੋਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਜਗਾਉਣ ਲਈ ਕੰਪਿਊਟਰ ਅਧਿਆਪਕ ਇੱਕਤਰ ਹੋਏ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ ਕਿ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸ਼ਨ ਵਲੋਂ ਉਨ੍ਹਾਂ 'ਤੇ ਲਾਠੀਚਾਰਜ ਕੀਤਾ ਗਿਆ। ਅਧਿਆਪਕਾਵਾਂ ਨਾਲ ਦੁਰ-ਵਿਵਹਾਰ ਕੀਤਾ ਗਿਆ। ਸਰਕਾਰ ਦੇ ਇਸ ਗੈਰ ਮਾਨਵੀ ਅਤੇ ਨਾਦਰਸ਼ਾਹੀ ਕਾਰਵਾਈ ਦੀ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਨਿਖੇਧੀ ਕਰਦੀ ਹੈ । ਸਰਕਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਦਮਨ ਨਾਲ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀ ਕੀਤੀ ਜਾਵੇਗਾ। ਰਮਨ ਕੁਮਾਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਜਲੰਧਰ ਵਿਖੇ ਜ਼ਿਲ੍ਹਾ ਹੈੱਡ ਕੁਆਰਟਰ ਦੇ ਬਾਹਰ ਕੰਪਿਊਟਰ ਅਧਿਆਪਕਾਂ ਨੇ ਨਾਅਰੇਬਾਜੀ ਕਰਦੇ ਹੋਏ ਸਰਕਾਰ ਦੀ ਅਰਥੀ ਫੂਕੀ ਅਤੇ ਨਾਲ ਹੀ ਚੇਤਾਵਨੀ ਦਿੱਤੀ ਗਈ ਕਿ ਜੇਕਰ 6ਵਾਂ ਪੇਅ ਕਮਿਸ਼ਨ ਅਤੇ ਪੰਜਾਬ ਸਿਵਲ ਸਰਵਿਸ ਨਿਯਮ ਪੂਰਨ ਰੂਪ ਵਿੱਚ ਲਾਗੂ ਨਹੀਂ ਕੀਤਾ ਜਾਂਦਾ ਤਾਂ 11 ਨਵੰਬਰ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਮੌਕੇ ਅਜੀਤਪਾਲ ਸਿੰਘ, ਨਿਤਨ ਕੁਮਾਰ , ਰੋਹਿਤ , ਜਗਪ੍ਰੀਤ ਸਿੰਘ, ਅਮਨਦੀਪ , ਆਰ.ਸੀ ਪਾਲ, ਹੁਸਨ ਲਾਲ, ਹਰਜਿੰਦਰ ਪਾਲ, ਸੰਨਪ੍ਰੀਤ ਸਿੰਘ , ਦਿਸ਼ਕਰਨ ਕੌਰ, ਮਨਜੀਤ , ਮੈਡਮ ਮੀਨਾ, ਪੂਨਮ, ਜਸਲੀਨ ਕੌਰ ਆਦਿ ਹੋਰ ਹਾਜਰ ਹੋਏ।

# 'ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ' ਸੰਬੰਧੀ ਬੋਰਡ ਵੱਲੋਂ ਸੰਸਥਾਵਾਂ ਦੇ ਮੁਖੀਆਂ ਨਾਲ ਮੀਟਿੰਗ

**ਐੱਸ.ਏ.ਐੱਸ.ਨਗਰ (ਗੁਰਜੀਤ ਬਿੱਲਾ)**: ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਮਿਤੀ 09 ਅਤੇ 10 ਦਸੰਬਰ ਨੂੰ ਦੇਸ਼-ਵਿਦੇਸ਼ ਦੇ ਵਿਦਿਆਰਥੀਆਂ ਲਈ ਕਰਵਾਏ ਜਾ ਰਹੇ ' ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ' ਸੰਬੰਧੀ ਬੋਰਡ ਨਾਲ ਐਫੀਲੀਏਟਿਡ ਸਕੂਲਾਂ ਨੂੰ ਜਾਣੂੰ ਕਰਵਾਉਣ ਲਈ ਸੰਸਥਾਵਾਂ ਦੇ ਮੁੱਖੀਆਂ ਅਤੇ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਬੋਰਡ ਦੇ ਆਡੀਟੋਰੀਅਮ ਵਿਖੇ ਮਿਤੀ 31 ਅਕਤੂਬਰ ਨੂੰ ਡਾ: ਸਤਬੀਰ ਬੇਦੀ, ਆਈ ਏ ਐਸ (ਰਿਟਾ.), ਚੇਅਰਪਰਸਨ, ਪੰਜਾਬ ਸਕੂਲ ਸਿੱਖਿਆ ਬੋਰਡ ਦੀ ਪ੍ਰਧਾਨਗੀ ਹੇਠ ਇਕੱਤਰਤਾ ਹੋਈ। ਅਵਿਕੇਸ਼ ਗੁਪਤਾ, ਪੀ.ਸੀ.ਐਸ, ਸਕੱਤਰ ਬੋਰਡ ਵਲੋਂ ਪੰਜਾਬੀ ਓਲੰਪਿਆਡ ਨਾਲ ਜੁੜੇ ਸਮੂਹ ਪਹਿਲੂਆਂ ਤੋਂ ਮੌਕੇ 'ਤੇ ਹਾਜਰ ਸੰਸਥਾਵਾਂ ਦੇ ਮੁੱਖੀਆਂ ਅਤੇ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਵਿਸਥਾਰ ਸਹਿਤ ਜਾਣੂੰ ਕਰਵਾਇਆ ਗਿਆ। ਉਨ੍ਹਾਂ ਵਲੋਂ ਦੱਸਿਆ ਗਿਆ ਕਿ ਇਹ ਓਲੰਪਿਆਡ ਆਨਲਾਈਨ ਵਿਧੀ ਰਾਹੀਂ ਕੰਡਕਟ ਕੀਤਾ ਜਾ ਰਿਹਾ ਹੈ। ਇਸ ਵਿੱਚ 13 ਸਾਲ ਤੋਂ 17 ਸਾਲ ਤੱਕ ਦੀ ਉਮਰ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਇਸ ਸਬੰਧ ਵਿੱਚ ਰਜਿਸਟ੍ਰੇਸ਼ਨ ਦਾ ਕਾਰਜ ਮਿਤੀ 25 ਅਕਤੂਬਰ ਤੋਂ ਆਰੰਭ ਹੋ ਚੁੱਕਾ ਹੈ, ਜੋ ਕਿ ਮਿਤੀ 20 ਨਵੰਬਰ ਤੱਕ ਜਾਰੀ ਰਹੇਗਾ। ਭਾਗ ਲੈਣ ਵਾਲੇ ਪ੍ਰਤੀਯੋਗੀਆਂ ਲਈ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਮੁਕੰਮਲ ਕਰਨ ਤੇ ਓਲੰਪਿਆਡ ਸਬੰਧੀ ਪਾਠ-ਸਮੱਗਰੀ ਆਨਲਾਈਨ ਹੀ ਉਪਲੱਬਧ ਹੋਵੇਗੀ। ਚੇਅਰਪਰਸਨ ਵਲੋਂ ਸੰਸਥਾਵਾਂ ਦੇ ਮੁੱਖੀਆਂ ਨੂੰ ਉਨ੍ਹਾਂ ਦੇ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਇਸ ਪੰਜਾਬੀ ਓਲੰਪਿਆਡ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲੈਣ ਲਈ ਰਜਿਸਟ੍ਰੇਸ਼ਨ ਕਰਵਾਉਣ ਲਈ ਅਪੀਲ ਕੀਤੀ ਗਈ, ਤਾਂ ਜੋ ਵਿਦਿਆਰਥੀ ਇਸ ਓਲੰਪਿਆਡ ਦਾ ਹਿੱਸਾ ਬਣ ਕੇ ਮਾਂ ਬੋਲੀ ਪੰਜਾਬੀ ਨਾਲ ਜੁੜ ਸਕਣ। ਵੱਖ-ਵੱਖ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਵਲੋਂ ਬੋਰਡ ਦੁਆਰਾ ਕੀਤੇ ਜਾ ਰਹੇ ਇਸ ਨਿਵੇਕਲੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਇਸ ਕਾਰਜ ਵਿੱਚ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਗਿਆ। ਇਸ ਇਕੱਤਰਤਾ ਵਿੱਚ ਚੇਅਰਪਰਸਨ, ਸਕੱਤਰ ਬੋਰਡ ਤੋਂ ਇਲਾਵਾ ਮਨਿੰਦਰ ਸਿੰਘ ਸਰਕਾਰੀਆ, ਕੰਟਰੋਲਰ ਪ੍ਰੀਖਿਆਵਾਂ,ੀ ਗੁਰਤੇਜ ਸਿੰਘ, ਉਪ ਸਕੱਤਰ ਅਤੇ ਬੋਰਡ ਦੇ ਹੋਰ ਅਧਿਕਾਰੀ ਹਾਜ਼ਰ ਸਨ।

# ਵਿਧਾਇਕ ਧਾਲੀਵਾਲ ਨਾਲ ਨਿਗਮ ਚੋਣਾਂ ਸੰਬੰਧੀ ਵਿਚਾਰਾਂ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੀ ਮੀਟਿੰਗ ਬਲਾਕ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਫਗਵਾੜਾ ਦੇ ਚੁਣੇ ਹੋਏ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਆਉਣ ਵਾਲੇ ਮਹੀਨਿਆਂ ਵਿੱਚ ਸੰਭਾਵਿਤ ਫਗਵਾੜਾ ਨਗਰ ਨਿਗਮ ਚੋਣਾਂ ਦੀਆਂ ਤਿਆਰੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਵਿਧਾਇਕ ਧਾਲੀਵਾਲ ਨੇ ਹਾਜ਼ਰ ਸਮੂਹ ਵਰਕਰਾਂ ਨਾਲ ਵਾਰਡਾਂ ਵਿੱਚ ਕਾਂਗਰਸ ਪਾਰਟੀ ਦੀ ਸਥਿਤੀ ਅਤੇ ਜਨਤਾ ਨਾਲ ਜੁੜੇ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਸੁਝਾਅ ਲਏ। ਉਨ੍ਹਾਂ ਸਮੂਹ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਸਾਰੇ ਵੋਟਰਾਂ ਨਾਲ ਘਰ-ਘਰ ਸੰਪਰਕ ਕਰਨ ਅਤੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦੀਆਂ ਧਰਮ ਨਿਰਪੱਖ ਨੀਤੀਆਂ ਤੋਂ ਇਲਾਵਾ ਪੰਜਾਬ ਅਤੇ ਕੇਂਦਰ ਸਰਕਾਰਾਂ ਦੀਆਂ ਨਾਕਾਮੀਆਂ ਤੋਂ ਜਾਣੂ ਕਰਵਾਉਣ। ਵਾਰਡ ਪੱਧਰ 'ਤੇ ਅਧੂਰੇ ਪਏ ਸਾਰੇ ਵਿਕਾਸ ਕਾਰਜਾਂ ਦੀ ਸੂਚੀ ਬਣਾਈ ਜਾਵੇ ਤਾਂ ਜੋ ਨਿਗਮ ਚੋਣਾਂ 'ਚ ਜ਼ਮੀਨੀ ਮੁੱਦਿਆਂ 'ਤੇ ਲੋਕਾਂ ਨੂੰ ਨਾਲ ਲੈ ਕੇ ਕਾਂਗਰਸ ਪਾਰਟੀ ਫਗਵਾੜਾ ਨਗਰ ਨਿਗਮ 'ਤੇ ਭਾਰੀ ਜਿੱਤ ਦਾ ਝੰਡਾ ਲਹਿਰਾ ਸਕੇ। ਸ਼ਹਿਰੀ ਪ੍ਰਧਾਨ ਬੰਟੀ ਵਾਲੀਆ ਨੇ ਵੀ ਵਰਕਰਾਂ ਨੂੰ ਨਿਗਮ ਚੋਣਾਂ ਦੀ ਤਿਆਰੀ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਕਿਸਮ ਦੀ ਕੋਈ ਸਮੱਸਿਆ ਹੋਵੇ ਤਾਂ ਸੂਚਿਤ ਕੀਤਾ ਜਾਵੇ ਤਾਂ ਜੋ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੇ ਸਹਿਯੋਗ ਨਾਲ ਹਰ ਰੁਕਾਵਟ ਨੂੰ ਦੂਰ ਕਰਕੇ ਕਾਂਗਰਸ ਪਾਰਟੀ ਨੂੰ ਫਗਵਾੜਾ ਵਿੱਚ ਚਟਾਨ ਵਾਂਗੂ ਮਜਬੂਤ ਕੀਤਾ ਜਾ ਸਕੇ। ਇਸ ਮੌਕੇ ਸਾਬਕਾ ਕੌਂਸਲਰ ਦਰਸ਼ਨ ਲਾਲ ਧਰਮਸੋਤ, ਸੁਨੀਲ ਪਾਂਡੇ, ਪ੍ਰਮੋਦ ਜੋਸ਼ੀ, ਸੰਜੀਵ ਕੁਮਾਰ ਟੀਟੂ, ਰਣਜੀਤ ਕੌਰ ਰਾਣੀ, ਤੁਲਸੀ ਰਾਮ ਖੋਸਲਾ, ਡਾ: ਜੋਗਿੰਦਰਪਾਲ ਬੱਤਰਾ, ਸੰਜੀਵ ਸ਼ਰਮਾ, ਸਤਵਿੰਦਰ ਸਿੰਘ ਸੱਤੀ, ਮੈਡਮ ਪਿੰਕੀ, ਧੀਰਜ ਘਈ, ਬੱਬੀ ਨਾਹਰ, ਜੋਗੇਸ਼ ਕੌਲ, ਕੁੰਦਨ ਰਾਜਪੂਤ, ਤਲਵਿੰਦਰ ਬਿੱਟੂ ਬਸਰਾ, ਸੰਜੀਵ ਪਸਰੀਚਾ, ਡਾ: ਰਮਨ ਸ਼ਰਮਾ, ਸੌਰਵ ਜੋਸ਼ੀ, ਤੁਸ਼ਾਰ ਉੱਪਲ ਆਦਿ ਹਾਜ਼ਰ ਸਨ।



# ਮੁੱਖ ਮੰਤਰੀ ਦੇ ਦਖਲ ਤੋਂ ਬਾਅਦ 'ਰਾਖਵਾਂਕਰਨ ਚੋਰ ਫੜੋ-ਪੱਕਾ ਮੋਰਚਾ' ਨੇ ਧਰਨਾ ਚੁੱਕਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)** 'ਰਾਖਵਾਂਕਰਨ ਚੋਰ ਫੜੋ-ਪੱਕਾ ਮੋਰਚਾ' ਦੇ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦੂਤ ਵਜੋਂ ਉਨ੍ਹਾਂ ਨੂੰ ਮਿਲਣ ਆਏ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਦੀ ਹਾਜਰੀ ਵਿੱਚ ਆਪਣਾ ਮੋਹਾਲੀ ਧਰਨਾ ਖਤਮ ਕਰਨ ਦਾ ਐਲਾਨ ਕੀਤਾ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਦੇ ਡਾਇਰੈਕਟੋਰੇਟ (ਪੁਰਾਣੇ ਡੀ.ਸੀ. ਦਫਤਰ, ਫੇਜ 1, ਮੋਹਾਲੀ) ਦੇ ਬਾਹਰ 195 ਦਿਨਾਂ ਤੋਂ ਚੱਲੇ ਆ ਰਹੇ ਧਰਨੇ ਦੇ ਆਗੂਆਂ ਨੇ ਮੰਤਰੀ ਬਲਕਾਰ ਸਿੰਘ ਨੂੰ ਇਸ ਮੁੱਦੇ 'ਤੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਨਾਲ ਉੱਚ ਪੱਧਰੀ ਮੀਟਿੰਗ ਤੈਅ ਕਰਨ ਲਈ ਮੰਗ ਪੱਤਰ ਸੌਂਪਿਆ। ਬਲਕਾਰ ਸਿੰਘ ਨੇ ਪ੍ਰਧਾਨ ਪ੍ਰੋਫੈਸਰ ਹਰਨੇਕ ਸਿੰਘ ਸਮੇਤ ਮੋਰਚੇ ਦੇ ਆਗੂਆਂ ਨੂੰ ਉਨ੍ਹਾਂ ਦੇ ਮੰਗ ਪੱਤਰ 'ਤੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਆਗੂਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਮਾਮਲਿਆਂ 'ਚ ਮੈਰਿਟ ਦੇ ਆਧਾਰ 'ਤੇ ਇਨਸਾਫ ਦੇਣ ਦਾ ਭਰੋਸਾ ਦੇਣ ਲਈ ਕਿਹਾ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਇਹ ਮੰਗ ਪੱਤਰ 12 ਮੰਗਾਂ 'ਤੇ ਆਧਾਰਿਤ ਹੈ, ਜਿਸ 'ਤੇ ਜਲਦ ਹੀ ਪੱਕਾ ਮੋਰਚੇ ਦੇ ਆਗੂਆਂ ਨੂੰ ਬੁਲਾ ਕੇ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਕਾਨੂੰਨ ਅਨੁਸਾਰ ਕਾਰਵਾਈ ਕਰਨ ਲਈ ਦ੍ਰਿੜ ਹੈ ਅਤੇ ਦੋਸ਼ੀ ਪਾਏ ਜਾਣ 'ਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਮੋਰਚੇ ਦੇ ਆਗੂਆਂ ਨੂੰ ਰਾਖਵਾਂਕਰਨ ਦੀ ਦੁਰਵਰਤੋਂ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਦੇ ਨਾਲ ਨਾਲ ਭਵਿੱਖ ਵਿੱਚ ਅਜਿਹੀ ਮੁਸ਼ਕਲ ਨਾ ਬਣੇ, ਇਸ ਲਈ ਵੀ ਸਥਾਈ ਹੱਲ ਲੱਭਣ ਦਾ ਭਰੋਸਾ ਦਿੱਤਾ।

## ਪੰਚਾਲ ਵੱਲੋਂ ਸ਼ਹਿਰ ਦੇ ਵੱਖ-ਵੱਖ ਸੈਕੰਡਰੀ ਡੰਪ ਦਾ ਦੌਰਾ



**ਫਗਵਾੜਾ (ਕਮਲ ਰਾਏ)** ਨਗਰ ਨਿਗਮ ਫਗਵਾੜਾ ਦੇ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਆਈ ਏ ਐੱਸ ਵੱਲੋਂ ਸ਼ਹਿਰ ਦੇ ਵੱਖ ਵੱਖ ਸੈਕੰਡਰੀ ਡੰਪ ਸਾਈਟਾਂ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਵੱਲੋਂ ਸੈਕੰਡਰੀ ਡੰਪਾਂ ਅਤੇ ਐੱਮ ਆਰ ਐੱਫ ਪਲਾਂਟ ਦਾ ਨਿਰੀਖਣ ਕਰਦੇ ਹੋਏ ਸਫਾਈ ਵਿਵਸਥਾ ਦੇ ਪ੍ਰਬੰਧਾਂ ਦਾ ਜਾਇਜਾ ਲਿਆ। ਇਸ ਦੌਰਾਨ ਉਨ੍ਹਾਂ ਵੱਲੋਂ ਹੈਲਥ ਸ਼ਾਖਾ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾਨਿਰਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸ਼ਨ ਵੱਲੋਂ ਸਫਾਈ ਵਿਵਸਥਾ ਨੂੰ ਹੋਰ ਬੇਹਤਰ ਬਣਾਉਣ ਲਈ ਲਗਾਤਾਰ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਸ਼ਹਿਰਵਾਸੀ ਵੀ ਆਪਣੇ ਆਲੇਦੁਆਲੇ ਨੂੰ ਸਾਫ ਰੱਖਣ ਵਿੱਚ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ। ਤਿਓਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਪੰਚਾਲ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਨਾਲ ਰਜਿੰਦਰ ਚੌਪੜਾ, ਐੱਸ ਈ, ਕ੍ਰਿਸ਼ਨ ਗੋਪਾਲ ਬੱਬਰ, ਐਕਸੀਅਨ, ਅਜੈ ਕੁਮਾਰ, ਚੀਫ ਸੈਨੇਟਰੀ ਇੰਸਪੈਕਟਰ, ਸ਼੍ਰੀ ਵਿਕਾਸ ਵਾਸਦੇਵ, ਸੈਨੇਟਰੀ ਇੰਸਪੈਕਟਰ, ਸ਼੍ਰੀ ਹਿਤੇਸ਼ ਸ਼ਰਮਾ, ਸੈਨੇਟਰੀ ਇੰਸਪੈਕਟਰ ਮੌਜੂਦ ਸਨ।

# ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਵਿਖੇ ਲਗਾਇਆ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ




**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)** - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਸਥਾਪਿਤ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐੱਨ. ਐੱਸ. ਐੱਸ. ਵਿਭਾਗ ਅਧੀਨ ਸੱਤ ਰੋਜ਼ਾ ਐੱਨ. ਐੱਸ. ਐੱਸ. ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਜਥੇਦਾਰ ਅਵਤਾਰ ਸਿੰਘ ਰਿਆ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਨੇ ਵਲੰਟੀਅਰਾਂ ਨੂੰ ਸੰਬੋਧਨ ਕਰਦੇ ਹੋਏ ਇਸ ਕਾਰਜ ਲਈ ਕਾਲਜ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਸੰਸਥਾਵਾਂ ਉਚੇਰੀ ਸਿੱਖਿਆ ਦੇ ਖੇਤਰ ਵਿੱਚ ਬੇਹਤਰੀਨ ਪ੍ਰਦਰਸ਼ਨ ਕਰ ਰਹੀਆਂ ਹਨ।

ਇਸਦੇ ਨਾਲ ਹੀ ਉਨ੍ਹਾਂ ਕਾਲਜ ਵੱਲੋਂ ਕਰਵਾਈਆਂ ਜਾ ਰਹੀਆਂ ਸਹਿ-ਵਿੱਦਿਅਕ ਗਤੀਵਿਧੀਆਂ ਦਾ ਉਚੇਚਾ ਜ਼ਿਕਰ ਕਰਦਿਆਂ ਨੌਜਵਾਨਾਂ ਨੂੰ ਆਪਣੇ ਧਰਮ, ਵਿਰਸੇ ਅਤੇ ਸੰਸਕ੍ਰਿਤੀ ਨਾਲ ਜੁੜਕੇ ਸਮਾਜ ਸੇਵਾ ਤੇ ਭਾਈਚਾਰਕ ਸਾਂਝ ਵਿਕਸਿਤ ਕਰਨ ਲਈ ਅੱਗੇ ਵੱਧ ਕੇ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਵਿੱਚ ਉਚੇਚੇ ਤੌਰ ਤੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਉੱਘੇ ਰੰਗਕਰਮੀ ਅਤੇ ਨੌਜਵਾਨ ਫਿਲਮੀ ਅਦਾਕਾਰ ਹਰਵਿੰਦਰ ਸਿੰਘ ਔਜਲਾ ਨੇ ਹਾਜ਼ਰੀਨ ਦੇ ਰੂ-ਬ-ਰੂ ਹੁੰਦਿਆਂ ਜਿੱਥੇ ਆਪਣੇ ਫ਼ਿਲਮੀ ਸਫ਼ਰ ਦੇ ਤਜ਼ਰਬੇ ਸਾਂਝੇ ਕੀਤੇ ਉੱਥੇ ਹੀ ਸਰੋਤਿਆਂ ਦੁਆਰਾ ਪੁੱਛੇ ਗਏ ਵੱਖੋ-ਵੱਖਰੇ ਸਵਾਲਾਂ ਦੇ ਜਵਾਬ ਦਿੰਦਿਆਂ ਆਪਣੇ ਸੰਘਰਸ਼ਸ਼ੀਲ ਪਲਾਂ ਨੂੰ ਯਾਦ ਕੀਤਾ। ਉਨ੍ਹਾਂ ਕੈਂਪ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਕਰਵਾਈਆਂ ਜਾ ਰਹੀਆਂ ਸਹਿ-ਵਿੱਦਿਅਕ ਗਤੀਵਿਧੀਆਂ ਨੌਜਵਾਨਾਂ ਦੀ ਸਖ਼ਸ਼ੀਅਤ ਉਸਾਰਨ ਵਿੱਚ ਉਸਾਰੂ ਭੂਮਿਕਾ ਨਿਭਾਉਂਦੀਆਂ ਹਨ। ਕਾਲਜ ਪ੍ਰਿੰਸੀਪਲ ਪ੍ਰੋ. ਜਗਰੂਪ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਨੌਜਵਾਨ ਵਰਗ ਦੇਸ਼ ਦਾ ਸਭ ਤੋਂ ਕੀਮਤੀ ਸਰਮਾਇਆ ਹੈ। ਇਸ ਸਰਮਾਏ ਦੀ ਸੁਚੱਜੀ ਅਗਵਾਈ ਵਿੱਦਿਅਕ ਸੰਸਥਾਵਾਂ ਹੀ ਕਰ ਸਕਦੀਆਂ ਹਨ। ਸਮਾਰੋਹ ਦੀ ਆਰੰਭਤਾ ਕਾਲਜ ਸ਼ਬਦ ਨਾਲ ਕੀਤੀ ਗਈ। ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਪ੍ਰੋ. ਸੁਖਵੀਰ ਕੌਰ ਨੇ ਐਨ.ਐੱਸ. ਐੱਸ. ਦੀ ਰਿਪੋਰਟ ਸਾਂਝੀ ਕਰਦਿਆਂ ਕੈਂਪ ਦੌਰਾਨ ਹਾਸਿਲ ਕੀਤੇ ਅਨੁਭਵ ਹਾਜ਼ਰੀਨ ਨਾਲ ਸਾਂਝੇ ਕੀਤੇ ਤੇ ਐੱਨ.ਐੱਸ.ਐੱਸ. ਵਲੰਟੀਅਰ ਦਲਜੀਤ ਸਿੰਘ ਤੇ ਪ੍ਰਭਜੋਤ ਕੌਰ ਨੇ ਵੀ ਆਪਣੇ ਅਨੁਭਵ ਸਾਂਝੇ ਕੀਤੇ। ਇਸ ਦੌਰਾਨ ਵਲੰਟੀਅਰਾਂ ਵੱਲੋਂ ਅਜੋਕੇ ਦੌਰ ਵਿੱਚ ਹੋ ਰਹੇ ਮੋਬਾਇਲ ਦੀ ਦੁਰਵਰਤੋਂ ਬਾਰੇ ਵਿਅੰਗਾਤਮਿਕ ਸਕਿੱਟ ਪੇਸ਼ ਕੀਤੀ ਅਤੇ ਪ੍ਰੋ. ਰਮਨਦੀਪ ਕੌਰ ਦੀ ਨਿਰਦੇਸ਼ਨਾ ਅਧੀਨ ਤਿਆਰ ਕੀਤੀ ਪੰਜਾਬੀ ਸੱਭਿਆਚਾਰ ਦੀ ਪੇਸ਼ਕਾਰੀ ਕਰਦੀ ਕੋਰੀਓਗ੍ਰਾਫੀ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਪ੍ਰੋ. ਸੁਖਵਿੰਦਰ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਜਥੇਦਾਰ ਅਵਤਾਰ ਸਿੰਘ ਰਿਆ, ਹਰਵਿੰਦਰ ਸਿੰਘ ਜੀ ਔਜਲਾ, ਹਰਜੀਤ ਸਿੰਘ, ਪਰਵਿੰਦਰ ਸਿੰਘ, ਪ੍ਰੋ. ਗੁਰਜਾਪ ਸਿੰਘ, ਪ੍ਰੋ. ਗੁਰਪ੍ਰੀਤ ਕੌਰ ਤੇ ਐੱਨ.ਐੱਸ.ਐੱਸ. ਦੀ ਸਮੁੱਚੀ ਟੀਮ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਬੈਸਟ ਮੀਡੀਆ ਕਵਰੇਜ (ਲੜਕੀਆਂ) ਗੁਰਸਿਮਰਨ ਕੌਰ, (ਲੜਕੇ) ਪ੍ਰਕਾਸ਼ ਕੁਮਾਰ, ਬੈਸਟ ਸਰਵਿਸ ਮਨਪ੍ਰੀਤ ਕੌਰ, ਰਨਰ ਅਪ (ਲੜਕਾ) ਅਰਸ਼ਦੀਪ ਸਿੰਘ, (ਲੜਕੀ) ਅਨਨਜੀਤ ਕੌਰ, ਬੈਸਟ ਗਰੁੱਪ ਲੀਡਰ (ਲੜਕਾ) ਦਵਿੰਦਰ ਸਿੰਘ, (ਲੜਕੀ) ਰਾਜਵੀਰ ਕੌਰ, ਬੈਸਟ ਵਲੰਟੀਅਰ (ਲੜਕਾ) ਸੈਫ਼ ਅਲੀ, (ਲੜਕੀ) ਸੰਜਨਾ ਦੇਵੀ, ਬੈਸਟ ਕੋਆਰਡੀਨੇਟਰ ਦਲਜੀਤ ਸਿੰਘ, ਬੈਸਟ ਕੈਂਪਰ ਪ੍ਰਕਾਸ਼ ਕੁਮਾਰ, ਬੈਸਟ ਗਰੁੱਪ 'ਗਰੁੱਪ ਦੂਜਾ' ਤੇ ਸਲਾਦ ਮੁਕਾਬਲੇ ਵਿੱਚ ਜੇਤੂ ਗਰੁੱਪਾਂ ਨੂੰ ਸਨਮਾਨਿਤ ਕੀਤਾ ਗਿਆ।

# ਸਿੱਖ ਵੋਟਰਾਂ ਤੋਂ ਸਵੈ ਐਲਾਨ ਪ੍ਰਾਪਤ ਕਰਨ ਲਈ ਆਖਰੀ ਮਿਤੀ ਨੂੰ ਮੁੜ ਵਧਾਇਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਗੁਰੂਦੁਆਰਾ ਚੋਣ ਕਮਿਸ਼ਨਰ ਦਫਤਰ ਨੇ ਸਿੱਖ ਵੋਟਰਾਂ ਨੂੰ ਸਵੈ ਐਲਾਨ ਪ੍ਰਾਪਤ ਕਰਨ ਲਈ ਆਖੀਰੀ ਮਿਤੀ ਨੂੰ 31 ਅਕਤੂਬਰ ਤੋਂ ਵਧਾ ਕੇ 15 ਨਵੰਬਰ, 2023 ਕਰਨ ਦਾ ਐਲਾਨ ਕੀਤਾ ਹੈ।

ਇਸ ਬਾਰੇ ਵਿਚ ਜਾਣਕਾਰੀ ਦਿੰਦੇ ਹੋਏ ਹਰਿਆਣਾ ਗੁਰੂਦੁਆਰਾ ਚੋਣ ਕਮਿਸ਼ਨਰ ਦਫਤਰ ਦੇ ਸਕੱਤਰ ਸੰਦੀਪ ਕੁਮਾਰ, ਐਚਸੀਐਸ ਨੇ ਦੱਸਿਆ ਕਿ ਹਰਿਆਣਾ ਗੁਰੂਦੁਆਰਾ ਚੋਣ ਦੇ ਲਈ ਵੋਟ ਬਨਣ ਤਹਿਤ ਪਹਿਲਾਂ ਰਜਿਸਟ੍ਰੇਸ਼ਨ ਲਈ ਬਿਨੈ ਮੰਗੇ ਗਏ ਸਨ, ਇਸ ਦੇ ਬਾਅਦ ਕਮਿਸ਼ਨਰ ਦਫਤਰ ਨੇ ਹਰੇਕ ਬਿਨੈਕਾਰ ਤੋਂ ਸਵੈ ਐਲਾਨ ਪ੍ਰਾਪਤ ਕਰਨ ਲਈ ਇਸ ਦਫਤਰ ਵੱਲੋਂ ਪੱਤਰ ਗਿਣਤੀ ਸੀ ਜੀ ਈ ਐੱਚ/102023268 ਮਿਤੀ 19 ਅਕਤੂਬਰ, 2023 ਰਾਹੀਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸੀ ਦੇ ਮੱਦੇਨਜਰ ਵੋਟਰ ਸੂਚੀ ਤਿਆਰ ਕਰਨ ਲਈ ਉਨ੍ਹਾਂ ਦਾ ਨਾਂਅ ਵੋਟਰ ਵਜੋਂ ਰਜਿਸਟਰਡ ਕਰਨ ਦੇ ਸਮੇਂ ਜੋ 31 ਅਕਤੂਬਰ, 2023 ਨੂੰ ਖਤਮ ਹੋਣ ਵਾਲੀ ਹੈ ਨੂੰ 15 ਨਵੰਬਰ, 2023 ਤਕ ਵਧਾ ਦਿੱਤੀ ਗਈ ਹੈ। ਸੰਦੀਪ ਕੁਮਾਰ ਨੇ ਇਹ ਵੀ ਦਸਿਆ ਕਿ ਉਨ੍ਹਾਂ ਬਿਨੈਕਾਰਾਂ ਨੂੰ ਸਿਰਫ ਸਵੈ ਐਲਾਨ ਪੱਤਰ ਜਮ੍ਹਾ ਕਰਨਾ ਹੋਵੇਗਾ, ਜਿਨ੍ਹਾਂ ਨੇ ਪਹਿਲਾਂ ਹੀ ਹਰਿਆਣਾ ਸਿੱਖ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੀ ਵੋਟਰ ਸੂਚੀ ਵਿਚ ਆਪਣਾ ਨਾਂਅ ਦਰਜ ਕਰਾਉਣ ਲਈ ਬਿਨੈ ਕਰ ਦਿੱਤਾ ਹੈ। ਉਨ੍ਹਾਂ ਨੇ ਉਨ੍ਹਾਂ ਨੂੰ 15 ਨਵੰਬਰ, 2023 ਤਕ ਆਪਣਾ ਸਵੈ ਐਲਾਨ ਪੱਤਰ ਜਮ੍ਹਾ ਕਰਨ ਦੀ ਸਲਾਹ ਦਿੱਤੀ ਹੈ।

ਹਰਿਆਣਾ ਗੁਰੂਦੁਆਰਾ ਚੋਣ ਕਮਿਸ਼ਨਰ ਦਫਤਰ ਦੇ ਸਕੱਤਰ ਸੰਦੀਪ ਕੁਮਾਰ, ਐਚਸੀਐਸ ਨੇ ਅੱਗੇ ਕਿਹਾ ਹੈ ਕਿ ਕੋਈ ਵੀ ਸਿੱਖ ਜੋ ਹਰਿਆਣਾ ਗੁਰੂਦੁਆਰਾ ਚੋਣ ਤਹਿਤ ਵੋਟਰ ਬਨਣ ਦੀ ਯੋਗਤਾ ਪੂਰੀ ਕਰਦਾ ਹੈ ਅਤੇ ਹੁਣ ਤਕ ਰਜਿਸਟਰਡ ਨਹੀਂ ਹੋਇਆ ਹੈ, ਉਸ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਗ੍ਰਾਮੀਣ ਖੇਤਰ ਵਿਚ ਪਟਵਾਰੀ ਅਤੇ ਸ਼ਹਿਰੀ ਖੇਤਰ ਵਿਚ ਨਗਰ ਪਾਲਿਕਾ ਦੇ ਸਕੱਤਰ ਰਾਹੀਂ ਤੁਰੰਤ ਆਪਣਾ ਨਾਂਅ ਰਜਿਸਟਰਡ ਕਰਾ ਲਵੇ। ਬਿਨੈ ਪੱਤਰ ਅਤੇ ਸਵੈ ਐਲਾਨ ਪੱਤਰ ਪਟਵਾਰੀ ਅਤੇ ਨਗਰ ਪਾਲਿਕਾ ਸਕੱਤਰ ਦੇ ਕੋਲ ਉਪਲਬਧ ਹੈ ਜਾਂ ਉਨ੍ਹਾਂ ਨੂੰ ਇਸ ਦਫਤਰ ਦੀ ਅਧਿਕਾਰਕ ਵੈਬਸਾਇਟ ਤੋਂ ਫਰੀ ਡਾਊਨਲੋਡ ਵੀ ਕੀਤਾ ਜਾ ਸਕਦਾ ਹੈ।

2-Nov-PAGE-9.qxd 11/1/2023 8:57 PM Page 1



# ਐੱਸ ਵਾਈ ਐੱਲ ਮੁੱਦੇ ਨੂੰ ਸਰਕਾਰ ਸਮੇਤ ਸਾਰੀਆਂ ਪਾਰਟੀਆਂ ਗੰਭੀਰਤਾ ਨਾਲ ਲੈਣ : ਧਨੋਆ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਐੱਸ ਵਾਈ ਐੱਲ ਦਾ ਮੁੱਦਾ ਪੰਜਾਬ ਦਾ ਦਹਾਕਿਆਂ ਪੁਰਾਣਾ ਮਸਲਾ ਹੈ। ਇਸ ਮਸਲੇ ਦੇ ਹੱਲ ਲਈ ਅੱਡ ਅੱਡ ਸਰਕਾਰਾਂ ਨੇ ਆਪਣੇ ਆਪਣੇ ਢੰਗ ਨਾਲ ਕੰਮ ਕੀਤਾ। ਜਿਸ ਵਿੱਚ ਕਈ ਵਾਰ ਪੰਜਾਬ ਦਾ ਮਹੌਲ ਵੀ ਖਰਾਬ ਹੋਇਆ। ਅੱਜ ਪੰਜਾਬ ਵਿੱਚ ਪਾਣੀ ਦੀ ਹਾਲਤ ਕਾਫੀ ਖਸਤਾ ਹੈ। ਇਹ ਵਿਚਾਰ ਉੱਘੇ ਸਮਾਜ ਸੇਵੀ ਸਤਵੀਰ ਸਿੰਘ ਧਨੋਆ, ਪ੍ਰਧਾਨ ਪੰਜਾਬੀ ਵਿਰਸਾ ਸੱਭਿਆਚਾਰਕ ਅਤੇ ਵੈੱਲਫੇਅਰ ਸੁਸਾਇਟੀ ਵੱਲੋਂ ਐੱਸ ਵਾਈ ਐੱਲ ਦੇ ਮੁੱਦੇ ਤੇ ਬੋਲਦਿਆਂ ਪ੍ਰਗਟ ਕੀਤੇ ਗਏ। ਉਨ੍ਹਾਂ ਅੱਗੇ ਕਿਹਾ ਕਿ ਲਗਭਗ 40 ਸਾਲਾਂ ਵਿੱਚ ਪੰਜਾਬ ਵਿੱਚ ਬਹੁਤ ਕੁਝ ਬਦਲ ਗਿਆ ਹੈ। ਪੰਜਾਬ ਵਿੱਚ ਪਾਣੀ ਦੀ ਆਮਦ ਘੱਟ ਗਈ ਹੈ ਤੇ ਡਿਮਾਂਡ ਬਹੁਤ ਵੱਧ ਗਈ ਹੈ। ਧਰਤੀ ਹੇਠਲਾ ਪਾਣੀ ਜਿਵੇਂ ਸਭ ਨੂੰ ਪਤਾ ਹੈ ਕਿ ਬੜੇ ਨੀਵੇਂ ਪੱਧਰ 'ਤੇ ਪਹੁੰਚ ਚੁੱਕਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਸਥਿਤੀ ਹੋਰ ਵੀ ਨਿੱਘਰ ਜਾਵੇਗੀ। ਵਰਨਣਯੋਗ ਹੈ ਕਿ ਯਮਨਾ ਦਾ ਪਾਣੀ ਪਹਿਲਾਂ ਹੀ ਹਰਿਆਣੇ ਨੂੰ ਮਿਲ ਰਿਹਾ ਹੈ। ਹਰਿਆਣੇ ਦਾ ਰਕਬਾ ਵੀ ਪੰਜਾਬ ਤੋਂ ਘੱਟ ਹੈ। ਅਸਲ ਵਿੱਚ ਹਰਿਆਣੇ ਨੂੰ ਪਾਣੀ ਦੀ ਲੋੜ ਹੀ ਨਹੀਂ ਸਿਰਫ ਵੋਟਾਂ ਦਾ ਮਸਲਾ ਹੀ ਬਣਿਆ ਹੋਇਆ ਹੈ। ਅਸਲੀਅਤ ਇਹ ਹੈ ਕਿ ਪੰਜਾਬ ਕੋਲ ਇੰਨਾ ਪਾਣੀ ਹੈ ਹੀ ਨਹੀਂ ਕਿ ਉਹ ਆਪਣਾ ਪਾਣੀ ਕਿਸੇ ਨਾਲ ਵੰਡ ਸਕੇ। ਕਰਨਲ ਦਵਿੰਦਰ ਪਾਲ ਸਿੰਘ ਨੇ ਇਸ ਮੌਕੇ ਤੇ ਕਿਹਾ ਕਿ ਸਾਲ 1966 ਵਿੱਚ ਜਦੋਂ ਪੰਜਾਬ ਦੀ ਵੰਡ ਕਰਕੇ ਹਰਿਆਣਾ ਆਦਿ ਵੱਖ ਕੀਤੇ ਗਏ ਤਾਂ ਉਦੋਂ ਰੀਆਰਗੇਨਾਈਜੇਸ਼ਨ ਐਕਟ ਧਾਰਾ 78 ਬਣਾਇਆ ਗਿਆ। ਇਹ ਹੋਰ ਕਿਸੇ



ਰਾਜ ਦੀ ਵੰਡ ਵੇਲ਼ੇ ਨਹੀਂ ਕੀਤਾ ਗਿਆ ਅਤੇ ਪੰਜਾਬ ਦੀ ਵੰਡ ਵੇਲੇ ਇਹ ਦਰਿਆ ਹਰਿਆਣਾ ਦੇ ਵਿਚੋਂ ਨਹੀਂ ਲੰਘਦੇ ਅਤੇ ਇਸ ਉਪਰ ਇੰਟਰਸਟੇਟ ਰਿਵਰ ਦਾ ਕੋਈ ਹੱਕ ਨਹੀਂ ਬਣਦਾ। ਇਹ ਧਾਰਾ ਕੈਂਸਲ ਹੋ ਜਾਣੀ ਚਾਹੀਦੀ ਹੈ। ਪੰਜਾਬ ਨੂੰ ਜਨਤਕ ਤੌਰ ਤੇ ਇਕੱਠੇ ਹੋ ਕੇ ਕੇਂਦਰ ਸਰਕਾਰ ਨੂੰ ਅਪੀਲ ਕਰਨੀ ਚਾਹੀਦੀ ਹੈ ਕੇ ਧਾਰਾ 78, 79, 80 ਜੋ ਕੇ ਜਾਇਜ ਨਹੀਂ ਨੂੰ ਰੱਦ ਕੀਤਾ ਜਾਵੇ। ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਸਮੇਤ ਸਰਕਾਰ ਕੇਂਦਰ ਕੋਲ ਜਾ ਕੇ 1966 ਵਾਲਾ ਰੀਆਰਗੇਨਾਈਜੇਸ਼ਨ ਐਕਟ ਦਬਾਓ ਪਾ ਕੇ ਰੱਦ ਕਰਾਇਆ ਜਾਵੇ। ਅਰਵਿੰਦਰ ਸਿੰਘ ਲਾਬਾਂ ਨੇ ਕਿਹਾ ਕਿ ਜੇਕਰ ਹਥਨੀਕੁੰਡ ਬੈਰਾਜ ਨੂੰ ਜੇਕਰ ਹਰਿਆਣਾ ਸਰਕਾਰ ਸਹੀ ਤਰ੍ਹਾਂ ਡਿਵੈਲਪ ਕਰ ਲਵੇ ਤਾਂ ਉਥੋਂ ਪਾਣੀ ਹੋਰ ਵੀ ਵੱਧ ਜਾਵੇਗਾ। ਇਸ ਦੇ ਨਾਲ ਨਾਲ ਉਸ ਏਰੀਏ ਵਿੱਚ ਆਉਣ ਵਾਲੇ ਹੜ੍ਹਾਂ ਤੇ ਵੀ ਕਾਬੂ ਪਾਇਆ ਜਾ ਸਕਦਾ ਹੈ। ਇਸ ਮੌਕੇ 'ਤੇ ਅਮਰਜੀਤ ਸਿੰਘ ਧਨੋਆ, ਹਮਰਾਜ ਸਿੰਘ, ਇੰਦਰਪਾਲ ਸਿੰਘ, ਜਗਵਿੰਦਰ ਸਿੰਘ, ਅਮਰਜੀਤ ਸਿੰਘ ਤੋਂ ਇਲਾਵਾ ਹੋਰ ਹਾਜਰ ਸਨ।

# ਵਧੀਕ ਡਿਪਟੀ ਕਮਿਸ਼ਨਰ ਨੇ ਸੈਂਪਲ ਫੇਲ੍ਹ ਹੋਣ 'ਤੇ 2 ਦੁਕਾਨਦਾਰਾਂ ਨੂੰ ਕੀਤਾ 55 ਹਜ਼ਾਰ ਦਾ ਜੁਰਮਾਨਾ

**ਨਵਾਂਸ਼ਹਿਰ, (ਮਨੋਜ ਲਾਡੀ)**- ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਫੂਡ ਸੇਫਟੀ ਅਤੇ ਸਟੈਂਡਰਡ ਐਕਟ-2006 ਅਤੇ ਰੂਲਜ਼ 2011 ਦੇ ਤਹਿਤ ਖਾਣ ਪੀਣ ਦੀਆਂ ਵਸਤਾਂ ਦੇ ਸੈਂਪਲ ਫੇਲ ਹੋਣ'ਤੇ 2 ਦੁਕਾਨਦਾਰਾਂ ਨੂੰ 55 ਹਜ਼ਾਰ ਰੁਪਏ ਦੇ ਜ਼ੁਰਮਾਨੇ ਕੀਤੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੈਕਿੰਗ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਮਹੀਨੇ ਵੱਖ-ਵੱਖ ਖਾਣ ਪੀਣ ਦੀਆਂ ਦੁਕਾਨਾਂ ਤੋਂ 25 ਸੈਂਪਲ ਲਏ ਗਏ ਸਨ। ਇਨ੍ਹਾਂ ਵਿਚੋਂ 2 ਸੈਂਪਲ ਫੇਲ ਪਾਏ ਗਏ ਹਨ। ਇਸ 'ਤੇ ਕਾਰਵਾਈ ਕਰਦੇ ਹੋਏ 2 ਦੁਕਾਨਦਾਰਾਂ ਨੂੰ 55 ਹਜ਼ਾਰ ਰੁਪਏ ਜ਼ੁਰਮਾਨਾ ਕੀਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਕਿਸੇ ਤਰ੍ਹਾਂ ਦਾ ਮਿਲਾਵਟੀ ਖਾਣ ਪੀਣ ਦਾ ਸਮਾਨ ਨਾ ਵੇਚਿਆ ਜਾਵੇ। ਇਸਦੇ ਲਈ ਸਮੇਂ ਸਮੇਂ 'ਤੇ ਖਾਣ ਪੀਣ ਦੀਆਂ ਦੁਕਾਨਾਂ ਤੋਂ ਸੈਂਪਲ ਭਰੇ ਜਾਣ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਆਮ ਜਨਤਾ ਦੀ ਸਿਹਤ ਨਾਲ ਖਿਲਵਾੜ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਨੇ ਦੁਕਾਨਦਾਰਾਂ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਸਾਫ ਸੁਥਰਾ ਅਤੇ ਵਧੀਆ ਕੁਆਲਿਟੀ ਦਾ ਸਮਾਨ ਹੀ ਦੁਕਾਨਾਂ 'ਤੇ ਵੇਚਿਆ ਜਾਵੇ। ਜੇਕਰ ਕਿਸੇ ਦੁਕਾਨ ਦੇ ਖਾਣ ਪੀਣ ਦੇ ਸੈਂਪਲ ਫੇਲ ਪਾਏ ਜਾਂਦੇ ਹਨ ਤਾਂ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ 'ਤੇ ਫੂਡ ਸੇਫਟੀ ਅਫ਼ਸਰ ਵਿਕਰਮ ਜੀਤ ਸਿੰਘ ਅਤੇ ਸੰਗੀਤਾ ਸਹਿਦੇਵ ਵੀ ਮੌਜੂਦ ਸਨ।

# ਪਿਪਸ ਸਕੂਲ ਦੀ ਵਾਲੀਬਾਲ ਟੀਮ ਵੱਲੋਂ ਪਹਿਲਾ ਸਥਾਨ ਹਾਸਲ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਦੀ ਵਾਲੀਬਾਲ ਅੰਡਰ 19 ਲੜਕਿਆਂ ਦੀ ਟੀਮ ਨੇ ਸੀਬੀਐਸਈ ਕਲਸਟਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਿਲ ਕੀਤਾ । ਸਕੂਲ ਦੀ ਪ੍ਰਿੰਸੀਪਲ ਅਨੁਰਾਧਾ ਧੀਮਾਨ ਨੇ ਦੱਸਿਆ ਕਿ ਸੀਬੀਐਸਈ ਵੱਲੋ ਕਲਸਟਰ ਟੂਰਨਾਮੈਂਟ ਅਲਾਇੰਸ ਇੰਟਰਨੈਸ਼ਨਲ ਸਕੂਲ ਬਨੂੜ ਵਿਖੇ ਬੀਤੇ ਦਿਨੀਂ ਕਰਵਾਇਆ ਗਿਆ ਸੀ, ਜਿਸ ਵਿੱਚ ਪੰਜਾਬ ਦੇ ਜ਼ਿਲ੍ਹਿਆਂ ਰੂਪਨਗਰ , ਮੁਹਾਲੀ , ਪਟਿਆਲਾ ,ਬਰਨਾਲਾ , ਸੰਗਰੂਰ , ਮਲੇਰਕੋਟਲਾ , ਮਾਨਸਾ, ਮੁਕਤਸਰ ਸਾਹਿਬ , ਬਠਿੰਡਾ ਅਤੇ ਚੰਡੀਗੜ੍ਹ ਦੇ ਕੁੱਲ 37 ਸਕੂਲਾਂ ਨੇ ਭਾਗ ਲਿਆ । ਇਸ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ' ਪਿਪਸ' ਦੀ ਟੀਮ ਨੇ ਫਾਈਨਲ ਵਿੱਚ ਐਸ. ਡੀ ਮਾਡਲ ਸਕੂਲ ਰਾਜਪੁਰਾ ਦੀ ਟੀਮ ਨੂੰ 25-23, 25-21,25-17 ਨਾਲ ਹਰਾ ਕੇ ਖ਼ਿਤਾਬ ਆਪਣੇ ਨਾਂਅ ਕੀਤਾ । ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਦਾ ਬੈਸਟ ਅਟੈਕਰ ਦਾ ਐਵਾਰਡ ਸੁਖਮਨਪ੍ਰੀਤ ਸਿੰਘ ਨੂੰ ਅਤੇ ਬੈਸਟ ਸੈਂਟਰ ਦਾ ਐਵਾਰਡ ਅਰਮਾਨਦੀਪ ਸਿੰਘ ਨੂੰ ਮਿਲਿਆ । ਹੁਣ ਇਹ ਟੀਮ 16 ਨਵੰਬਰ ਤੋਂ 19 ਨਵੰਬਰ ਤੱਕ ਯੂ.ਪੀ ਦੇ ਜ਼ਿਲ੍ਹਾ ਚੰਦੋਲੀ ਵਿਖੇ ਹੋਣ ਵਾਲੇ ਸੀਬੀਐਸਈ ਨੈਸ਼ਨਲ ਵਾਲੀਬਾਲ ਟੂਰਨਾਮੈਂਟ ਵਿੱਚ ਭਾਗ ਲਵੇਗੀ । ਉਕਤ ਜੇਤੂ ਵਿਦਿਆਰਥੀਆਂ ਸਮੇਤ ਕੋਚ ਹਰਪ੍ਰੀਤ ਸਿੰਘ ਰੱਕੜ ਦਾ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ । ਸਕੂਲ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ ਅਤੇ ਡਾਇਰੈਕਟਰ ਸ਼ਿੰਦਰਪਾਲ ਕੌਰ ਅਟਵਾਲ ਵੱਲੋ ਜੇਤੂ ਖਿਡਾਰੀਆਂ ਅਤੇ ਕੋਚ ਨੂੰ ਵਧਾਈ ਸੰਦੇਸ਼ ਭੇਜਦਿਆਂ ਹੋਇਆ ਨੈਸ਼ਨਲ ਖੇਡਾਂ ਵਿੱਚ ਵਧੀਆ ਕਾਰਗੁਜਾਰੀ ਕਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ । ਇਸ ਮੌਕੇ ਮੈਨੇਜਰ ਪ੍ਰੀਤਪਾਲ ਕੌਰ ਅਟਵਾਲ , ਵਾਈਸ ਪ੍ਰਿੰਸੀਪਲ ਮਨਦੀਪ ਕੌਰ ਮਾਹਲ , ਟੀਮ ਦੇ ਮੈਨੇਜਰ ਸਮਰਥਪ੍ਰੀਤ ਸਿੰਘ, ਸਤਨਾਮ ਸਿੰਘ, ਨਿਰਮਲ ਸਿੰਘ ਅਤੇ ਸੁਨੀਤਾ ਸ਼ਰਮਾ ਆਦਿ ਹਾਜਰ ਸਨ ।

# ਅਵਾਰਾ ਸਾਨ੍ਹ ਵੱਲੋਂ ਮਾਰੇ ਗਏ ਨਿਤਿਨ ਵਰਮਾ ਦੇ ਮਾਪਿਆਂ ਨੇ ਕੀਤੀ ਸਹਾਇਤਾ ਦੀ ਮੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਾਬਕਾ ਕੈਬਨਿਟ ਮੰਤਰੀ ਤੀਕਸ਼ਨ ਸੂਦ, ਜ਼ਿਲ੍ਹਾ ਮਹਾਂਮੰਤਰੀ ਭਾਜਪਾ ਅਤੇ ਸਾਬਕਾ ਕੌਂਸਲਰ ਸੁਰੇਸ਼ ਭਾਟੀਆ ਬਿੱਟੂ, ਜ਼ਿਲ੍ਹਾ ਸਕੱਤਰ ਭਾਜਪਾ



ਅਸ਼ਵਨੀ ਗੈਂਦ, ਯਸ਼ਪਾਲ ਸ਼ਰਮਾ ਅਤੇ ਕਮਲਜੀਤ ਸੇਤੀਆ ਦੇ ਨਾਲ ਪਿਛਲੇ ਦਿਨੀਂ ਅਵਾਰਾ ਸਾਨ੍ਹ ਵੱਲੋਂ ਰਾਮਗੜੀਆ ਚੌਂਕ ਦੇ ਨਜ਼ਦੀਕ ਮਾਰੇ ਗਏ 19 ਸਾਲਾਂ ਦੇ ਨੌਜਵਾਨ ਨਿਤਿਨ ਵਰਮਾ ਦੀ ਮਾਂ ਸ੍ਰੀਮਤੀ ਮੀਨੂੰ ਵਰਮਾ ਅਤੇ ਪਿਤਾ ਹੀਰਾ ਲਾਲ ਨਾਲ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਅਤੇ ਡੀ.ਸੀ ਸ਼੍ਰੀਮਤੀ ਕੋਮਲ ਮਿੱਤਲ ਨੂੰ ਮਿਲੇ ਅਤੇ ਦਰਦਨਾਕ ਕਹਾਣੀ ਸੁਣਾਉਂਦੇ ਹੋਏ ਕਿਹਾ ਕਿ ਨਿਤਿਨ ਵਰਮਾ ਬਹੁਤ ਹੀ ਹੋਣਹਾਰ ਬੱਚਾ ਸੀ। ਉਹ ਪੜ੍ਹਾਈ ਦੇ ਨਾਲ-ਨਾਲ ਡੋਮੀਨੋਜ਼ ਪਿਜ਼ਾ ਦੀ ਡਿਲੀਵਰੀ ਕਰਕੇ ਆਪਣਾ ਅਤੇ ਆਪਣੇ ਪਰਵਾਰ ਦਾ ਖਰਚਾ ਚੱਕ ਰਿਹਾ ਸੀ, ਕਿਉਂਕਿ ਉਸ ਦੀ ਮਾਂ ਘਰੇਲੂ ਔਰਤ ਹੈ ਅਤੇ ਪਿਤਾ ਸਿਹਤ ਖਰਾਬ ਹੋਣ ਕਾਰਨ ਕੋਈ ਕੰਮ ਨਹੀਂ ਕਰਦੇ। ਪਰਵਾਰ ਉਸ ਬੱਚੇ ਦੇ ਸਹਾਰੇ ਹੀ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਨਾ ਤਾਂ ਡੋਮੀਨੋਜ਼ ਪਿਜ਼ਾ ਵਾਲਿਆਂ ਨੇ ਉਨ੍ਹਾਂ ਨੂੰ ਮੁਆਵਜ਼ਾ ਦਿਲਵਾਇਆ ਅਤੇ ਨਾ ਹੀ ਉਨ੍ਹਾਂ ਨੂੰ ਕਿਸੇ ਹੋਰ ਤਰੀਕੇ ਨਾਲ ਰਾਹਤ ਮਿਲੀ ਹੈ। ਸਾਨ੍ਹ ਦੁਆਰਾ ਮਾਰੇ ਜਾਣ ਤੋਂ ਬਾਅਦ ਜਲੰਧਰ ਪ੍ਰਾਈਵੇਟ ਹਸਪਤਾਲ ਵਿਖੇ ਉਸ ਦੇ ਇਲਾਜ ਤੇ ਵੀ ਕਾਫੀ ਖਰਚ ਹੋ ਗਿਆ ਇੱਥੋਂ ਤਕ ਕਿ ਰਿਸ਼ਤੇਦਾਰਾਂ ਤੋਂ ਵੀ ਪੈਸੇ ਉਧਾਰ ਲੈ ਕੇ ਵੀ ਲਗਾਏ ਪਰ ਬੇਟਾ ਫਿਰ ਵੀ ਬਚ ਨਹੀ ਸਕਿਆ। ਅੱਜ ਉਨਾਂ ਦੇ ਘਰ ਦੀ ਹਾਲਤ ਇੰਨੀ ਖਰਾਬ ਹੋ ਚੁੱਕੀ ਹੈ ਕਿ ਰਸੋਈ ਦਾ ਖਰਚਾ ਚਲਾਉਣ ਦੇ ਲਈ ਵੀ ਕੋਈ ਸਾਧਨ ਨਹੀ ਹੈ ਅਤੇ ਇਸ ਸਮੇਂ ਸ਼ਾਲੀਮਾਰ ਨਗਰ ਵਿਖੇ ਕਿਰਾਏ ਦੇ ਮਕਾਨ ਵਿੱਚ ਰਹਿ ਰਹੇ ਹਨ। ਤੀਕਸ਼ਨ ਸੂਦ ਨੇ ਸੋਮ ਪ੍ਰਕਾਸ਼ ਨੂੰ ਕਹਿ ਕੇ ਉਨ੍ਹਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਮੰਗ ਰੱਖੀ। ਸੋਮ ਪ੍ਰਕਾਸ਼ ਅਤੇ ਡੀ.ਸੀ. ਸ਼੍ਰੀਮਤੀ ਕੋਮਲ ਮਿੱਤਲ ਨੇ ਕਿਹਾ ਕਿ ਪੀੜਤ ਪਰਵਾਰ ਨੂੰ ਉਚਿਤ ਮੁਆਵਜ਼ਾ ਦਿਵਾਉਣ ਲਈ ਛੇਤੀ ਹੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ ਅਤੇ ਡੋਮੀਨੋਜ਼ ਪਿਜ਼ਾ ਕੰਪਨੀ ਤੋਂ ਵੀ ਪੁੱਛਗਿੱਛ ਕੀਤੀ ਜਾਵੇਗੀ। ਇਸ ਮੌਕੇ ਮੁਕੇਰੀਆਂ ਦੇ ਵਿਧਾਇਕ ਜੰਗੀ ਲਾਲ ਮਹਾਜਨ, ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਰਜੇਸ਼ ਸ਼ਰਮਾ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸੈਸ਼ਨ ਜੱਜ ਦੀ ਅਗਵਾਈ ਹੇਠ ਨਸ਼ਿਆਂ ਖਿਲਾਫ਼ ਕੱਢੀ ਜਾਗਰੂਕਤਾ ਰੈਲੀ

**ਹੁਸ਼ਿਆਰਪੁਰ, (ਓ ਪੀ ਰਾਣਾ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ 'ਪੰਜਾਬ ਅਗੇਂਸਟ



ਡਰੱਗ ਅਡਿਕਸ਼ਨ' ਮੁਹਿੰਮ ਤਹਿਤ ਇਕ ਵਿਸ਼ਾਲ ਰੈਲੀ (ਵਾਕਾਥਾਨ) ਕੱਢੀ ਗਈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਐਸ. ਐਸ. ਪੀ ਸਰਤਾਜ ਸਿੰਘ ਚਾਹਲ, ਸੀ. ਜੇ. ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਸਮੇਤ ਜ਼ਿਲ੍ਹੇ ਦੇ ਨਿਆਇਕ, ਸਿਵਲ ਅਤੇ ਪੁਲਿਸ ਅਫ਼ਸਰਾਂ ਨੇ ਇਸ ਰੈਲੀ ਵਿਚ ਸ਼ਿਰਕਤ ਕੀਤੀ। ਜ਼ਿਲ੍ਹਾ ਤੇ ਸੈਸ਼ਨ ਜੱਜ ਦਿਲਬਾਗ ਸਿੰਘ ਜੌਹਲ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਸਾਹਮਣੇ ਲੋਅਰ ਕੋਰਟ ਕੰਪਲੈਕਸ ਤੋਂ ਇਸ ਰੈਲੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਉਹ ਖ਼ੁਦ ਵੀ ਹੋਰਨਾਂ ਅਧਿਕਾਰੀਆਂ ਸਮੇਤ ਇਸ ਰੈਲੀ ਦਾ ਹਿੱਸਾ ਬਣੇ। ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੰਦੀ ਹੋਈ ਇਹ ਰੈਲੀ ਡੀ. ਏ. ਵੀ ਕਾਲਜ ਵਿਖੇ ਜਾ ਕੇ ਸਮਾਪਤ ਹੋਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੂਰਾ ਅਕਤੂਬਰ ਮਹੀਨਾ ਨਸ਼ਿਆਂ ਖਿਲਾਫ਼ 'ਪੰਜਾਬ ਅਗੇਂਸਟ ਡਰੱਗ ਅਡਿਕਸ਼ਨ' ਮੁਹਿੰਮ ਚਲਾਈ ਗਈ, ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਅੱਜ ਇਸ ਮੁਹਿੰਮ ਦੀ ਸਮਾਪਤੀ 'ਤੇ ਸਵਾਮੀ ਸਰਵਾਨੰਦ ਗਿਰੀ ਰਿਜਨਲ ਸੈਂਟਰ, ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਇਹ 'ਵਾਕਾਥਾਨ' ਆਯੋਜਿਤ ਕੀਤੀ ਗਈ। ਉਨ੍ਹਾਂ ਕਿਹਾ ਕਿ ਅਥਾਰਟੀ ਵੱਲੋਂ ਅਜਿਹੇ ਪ੍ਰੋਗਰਾਮ ਲਗਾਤਾਰ ਜਾਰੀ ਰੱਖੇ ਜਾਣਗੇ, ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਇਕ ਵਧੀਆ ਅਤੇ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਐਸ. ਪੀ ਮੇਜਰ ਸਿੰਘ, ਐਸ. ਪੀ ਮਨਜੀਤ ਕੌਰ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਡਮਾਣਾ, ਡਿਪਟੀ ਮੈਡੀਕਲ ਸੁਪਰਡੈਂਟ ਡਾ. ਹਰਬੰਸ ਕੌਰ, ਡੀ. ਐਸ. ਪੀ ਪਲਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਵਕੀਲ, ਲਾਅ ਦੇ ਵਿਦਿਆਰਥੀ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

# ਸ੍ਰੀ ਕਾਲੀ ਮਾਤਾ ਮੰਦਰ ਕਾਲਕਾ 'ਚ ਪਾਰਕਿੰਗ ਲਈ ਕੀਤਾ ਜਾਵੇਗਾ ਨਿਰਮਾਣ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸ੍ਰੀ ਮਾਤਾ ਮਨਸਾ ਦੇਵੀ ਮੰਦਿਰ ਦੇ ਨਾਲ-ਨਾਲ ਸ੍ਰੀ ਕਾਲੀ ਮਾਤਾ ਮੰਦਿਰ ਕਾਲਕਾ ਨੂੰ ਵੀ ਇਕ ਸ਼ਾਨਦਾਰ ਮੰਦਿਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਕਾਲੀ ਮਾਤਾ ਮੰਦਿਰ ਕਾਲਕਾ ਦੇ ਨਾਲ ਲਗਦੀ ਭੂਮੀ 'ਤੇ ਪਾਰਕਿੰਗ ਸਥਾਨ ਦਾ ਨਿਰਮਾਣ ਕੀਤਾ ਜਾਵੇਗਾ। ਮੁੱਖ ਮੰਤਰੀ ਟ੍ਰਾਂਈਡੈਂਟ ਹਿੱਲ, ਪਿੰਜੌਰ ਵਿਚ ਪ੍ਰਬੰਧਿਤ ਰਨ ਫਾਰ ਯੂਨਿਟੀ ਵਿਚ ਮੁੱਖ ਮਹਿਮਾਨ ਵਜੋ ਸ਼ਿਰਕਤ ਕਰਨ ਬਾਅਦ ਕਾਲਕਾ ਵਿਚ ਚੱਲ ਰਹੇ ਵੱਖ-ਵੱਖ ਵਿਕਾਸ ਕੰਮਾਂ ਦੀ ਪ੍ਰਗਤੀ ਦੀ ਸਮੀਖਿਆ ਕਰ ਰਹੇ ਸਨ। ਮਨੋਹਰ ਲਾਲ ਨੇ ਕਿਹਾ ਕਿ ਸ੍ਰੀ ਕਾਲੀ ਮਾਤਾ ਮੰਦਿਰ ਕਾਲਕਾ ਸ਼ਰਧਾਲੂਆਂ ਦੀ ਆਸਥਾ ਦਾ ਪ੍ਰਤੀਕ ਹੈ ਅਤੇ ਇੱਥੇ ਸ਼ਰਧਾਲੂ ਮਾਤਾ ਦੇ ਦਰਸ਼ਨ ਲਈ ਆਉਂਦੇ ਹਨ। ਓਲਡ ਪਿੰਜੌਰ ਪਰਵਾਣੂ ਰੋਡ 'ਤੇ ਵਾਹਨਾਂ ਦੀ ਵੱਧ ਆਵਾਜਾਈ ਨੂੰ ਦੇਖਦੇ ਹੋਏ ਮੰਦਿਰ ਵਿਚ ਆਉਣ ਵਾਲੇ ਸ਼ਰਧਾਲੂਆਂ ਨੂੰ ਵਾਹਨਾਂ ਦੀ ਪਾਰਕਿੰਗ ਵਿਚ ਕਿਸੇ ਤਰ੍ਹਾਂ ਦੀ ਅਸਹੂਲਤ ਨਾ ਹੋਵੇ, ਇਸ ਦੇ ਲਈ ਜਲਦੀ ਹੀ ਪਾਰਕਿੰਗ ਦੀ ਵਿਵਸਥਾ ਕੀਤੀ ਜਾਵੇਗੀ। ਉਨ੍ਹਾਂ ਨੇ ਸਬੰਧਿਤ ਅਧਿਕਾਰੀਆਂ ਨੂੰ ਪਾਰਕਿੰਗ ਨਿਰਮਾਣ ਦੀ ਪ੍ਰਕ੍ਰਿਆ ਨੂੰ ਜਲਦੀ ਤੋਂ ਜਲਦੀ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਪਹਿਲਾਂ ਉਨ੍ਹਾਂ ਦੇ ਪਿੰਜੌਰ ਸਥਿਤ ਅਮਰਾਵਤੀ ਪੁੱਲ ਦਾ ਨਿਰੀਖਣ ਕਰ ਬਰਸਾਤ ਦੇ ਕਾਰਨ ਹੋਏ ਨੁਕਸਾਨ ਦਾ ਜਾਇਜਾ ਲਿਆ। ਮੁੱਖ ਮੰਤਰੀ ਨੇ ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਸਬੰਧ ਵਿਚ ਜਲਦੀ ਹੀ ਇਕ ਵਿਸਥਾਰ ਕੰਮ ਯੋਜਨਾ ਤਿਆਰ ਕੀਤੀ ਜਾਵੇ ਤਾਂ ਜੋ ਭਵਿੱਖ ਵਿਚ ਇਸ ਤਰ੍ਹਾ ਦੀ ਘਟਨਾਵਾਂ ਦੀ ਮੁੜ ਨੁਕਸਾਨ ਨਾ ਹੋਵੇ। ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਸੁਸ਼ੀਲ ਸਾਂਗਵਾਨ, ਨਗਰ ਨਿਗਮ ਕਮਿਸ਼ਨਰ ਸਚਿਨ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਵਰਸ਼ਾ ਖੰਗਵਾਲ, ਸਾਬਕਾ ਵਿਧਾਇਕਾ ਲਤਿਕਾ ਸ਼ਰਮਾ, ਕਾਲੀ ਮਾਤਾ ਮੰਦਿਰ ਕਾਲਕਾ ਦੇ ਸੀਈਓ ਅਸ਼ੋਕ ਬੰਸਲ ਸਮੇਤ ਹੋ ਵਿਭਾਗਾਂ ਦੇ ਸਬੰਧਿਤ ਅਧਿਕਾਰੀ ਮੌਜੂਦ ਸਨ।

# ਸਰਕਾਰੀ ਕਾਲਜ ਡੇਰਾਬੱਸੀ ਵਿਖੇ ਕਾਲਜ 'ਚ 'ਮਹਿੰਦੀ ਲਗਾਉਣ' ਤੇ ਪੋਸਟਰ ਮੇਕਿੰਗ ਮੁਕਾਬਲੇ

**ਮੋਹਾਲੀ, (ਗੁਰਜੀਤ ਬਿੱਲਾ)**

ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਪ੍ਰਿੰਸੀਪਲ ਡਾ. ਸੁਜਾਤਾ ਕੌਸ਼ਲ ਦੀ ਸਰਪ੍ਰਸਤੀ ਹੇਠ ਕਾਲਜ ਦੇ ਹੋਮ ਸਾਇੰਸ ਵਿਭਾਗ ਵੱਲੋਂ 'ਮਹਿੰਦੀ ਲਗਾਉਣ' ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿਚ ਕੁੱਲ 18



ਵਿਦਿਆਰਥਣਾਂ ਨੇ ਭਾਗ ਲਿਆ ਤੇ ਕਈ ਤਰ੍ਹਾਂ ਦੇ ਨਮੂਨਿਆਂ ਦੀ ਮਹਿੰਦੀ ਲਗਾਈ। ਇਸ ਮੁਕਾਬਲੇ ਦੀ ਜੱਜਮੈਂਟ ਡਾ. ਨਵਦੀਪ ਕਹੋਲ, ਪ੍ਰੋ. ਨਵਜੋਤ ਕੌਰ ਅਤੇ ਪ੍ਰੋ. ਕਿਰਪ੍ਰੀਤ ਕੌਰ ਨੇ ਕੀਤੀ। ਮੁਕਾਬਲੇ ਵਿਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਵਿਚੋਂ ਬੀਕਾਮ ਸਮੈਸਟਰ ਪੰਜਵਾਂ ਦੀ ਵਿਦਿਆਰਥਣ ਨੰਦਨੀ ਨੇ ਪਹਿਲਾ ਬੀਏ ਸਮੈਸਟਰ ਤੀਜਾ ਦੀ ਵਿਦਿਆਰਥਣ ਸਤਵਿੰਦਰ ਕੌਰ ਨੇ ਦੂਜਾ ਅਤੇ ਬੀਕਾਮ ਸਮੈਸਟਰ ਪੰਜਵਾਂ ਦੀ ਵਿਦਿਆਰਥਣ ਰਵੀਨਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਮੁਕਾਬਲੇ ਵਿਚ ਭਾਗ ਲੈਣ ਵਾਲੇ ਵਿਦਿਆਰਥਣਾਂ ਦੀ ਕਲਾ ਅਤੇ ਹੁਨਰ ਦੀ ਪ੍ਰਸੰਸਾ ਕਰਦਿਆਂ ਪ੍ਰਿੰਸੀਪਲ ਡਾ. ਸੁਜਾਤਾ ਕੌਸ਼ਲ ਨੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸਦੇ ਨਾਲ ਹੀ ਬੀਕਾਮ ਸਮੈਸਟਰ ਪਹਿਲਾ ਦੀ ਵਿਦਿਆਰਥਣ ਨੀਲੂ ਨੂੰ ਉਤਸ਼ਾਹਿਤ ਕਰਨ ਹਿਤ ਵਿਸ਼ੇਸ਼ ਇਨਾਮ ਦਿੱਤਾ ਗਿਆ। ਜੇਤੂ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਡਾ. ਸੁਜਾਤਾ ਕੌਸ਼ਲ ਵੱਲੋਂ ਇਨਾਮ ਵੀ ਦਿੱਤੇ ਗਏ। ਇਸ ਮੁਕਾਬਲੇ ਦਾ ਆਯੋਜਨ ਹੋਮ ਸਾਇੰਸ ਵਿਭਾਗ ਦੇ ਮੁਖੀ ਪ੍ਰੋ. ਆਮੀ ਭੱਲਾ ਅਤੇ ਪ੍ਰੋ. ਸੁਮਿਤਾ ਕਟੋਚ ਦੇ ਯਤਨਾਂ ਨਾਲ ਕਰਵਾਇਆ ਗਿਆ। ਇਸੇ ਦੌਰਾਨ ਸਵੀਪ ਮੁਹਿੰਮ ਤਹਿਤ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਦਾ ਅਯੋਜਨ ਕਰਵਾਇਆ ਗਿਆ। ਇਹਨਾਂ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਵੋਟ ਬਣਾਉਣ ਅਤੇ ਮਤਦਾਤਾ ਜਾਗਰੂਕਤਾ ਵਿਸ਼ਿਆਂ ਅਧਾਰਿਤ ਪੋਸਟਰ ਅਤੇ ਸਲੋਗਨਾ ਬਣਾ ਲੋਕਤੰਤਰ ਦਾ ਅਹਿਮ ਭਾਗ ਚੋਣਾਂ ਵਿੱਚ ਸ਼ਮੂਲੀਅਤ ਕਰਨ ਦਾ ਸੰਦੇਸ਼ ਦਿੱਤਾ ।

# ਪਿੰਡਾਂ ਤੇ ਸ਼ਹਿਰਾਂ 'ਚ ਪੋਲ ਖੋਲ੍ਹ ਮੋਟਰਸਾਇਕਲ ਰੋਸ ਮਾਰਚ 19 ਨੂੰ

**ਫਿਲੌਰ (ਨਿਰਮਲ)**- ਜਨਤਕ ਸਿਹਤ ਸਹੂਲਤਾਂ ਨੂੰ ਬਚਾਉਣ ਲਈ ਅੰਦੋਲਨ ਕਰ ਰਹੀ ਸਿਵਲ ਹਸਪਤਾਲ ਬਚਾਓ ਸੰਘਰਸ਼ ਕਮੇਟੀ ਤਹਿਸੀਲ ਫਿਲੌਰ ਵੱਲੋਂ ਸੰਘਰਸ਼ ਦੇ ਅਗਲੇ ਪੜਾਅ ਦੀ ਸ਼ੁਰੂਆਤ ਤਹਿਤ 16 ਅਕਤੂਬਰ ਤੋਂ ਸ਼ੁਰੂ ਧਰਨਾ 31 ਅਕਤੂਬਰ ਨੂੰ ਭਾਰੀ ਜਨਤਕ ਇਕੱਠ ਤੋਂ ਬਾਅਦ ਸਮਾਪਤ ਕਰ ਦਿੱਤਾ ਗਿਆ। ਇਸ ਸਮੇਂ ਸਿਵਲ ਹਸਪਤਾਲ ਬਚਾਓ ਸੰਘਰਸ਼ ਕਮੇਟੀ ਤਹਿਸੀਲ ਫਿਲੌਰ ਵੱਲੋਂ ਕੋਰ ਕਮੇਟੀ ਤੇ ਤਹਿਸੀਲ ਕਮੇਟੀ ਦੀ ਤਰੁੰਤ ਮੀਟਿੰਗ ਕਰਕੇ ਸੰਘਰਸ਼ ਦੀ ਅਗਲੀ ਕੜੀ ਵਜੋਂ 19 ਨਵੰਬਰ ਨੂੰ ਪਿੰਡਾਂ ਤੇ ਸ਼ਹਿਰਾਂ 'ਚ ਪੋਲ ਖੋਲ੍ਹ ਮੋਟਰਸਾਇਕਲ ਮਾਰਚ ਕਰਨ ਦਾ ਐਲਾਨ ਸਰਬਸੰਮਤੀ ਨਾਲ ਕੀਤਾ ਗਿਆ। ਧਰਨੇ ਦੇ ਅਖੀਰਲੇ ਦਿਨ ਦੇ ਪ੍ਰਦਰਸ਼ਨ ਦੀ ਪ੍ਰਧਾਨਗੀ ਸੰਦੀਪ ਕੁਮਾਰ ਨੇ ਕੀਤੀ। ਇਸ ਸਮੇਂ ਧਰਨੇ ਨੂੰ ਸੰਬੋਧਨ ਕਰਦਿਆਂ ਸਿਵਲ ਹਸਪਤਾਲ ਬਚਾਓ ਸੰਘਰਸ਼ ਕਮੇਟੀ ਤਹਿਸੀਲ ਫਿਲੌਰ ਦੇ ਕੋਰ ਕਮੇਟੀ ਦੇ ਆਗੂਆਂ ਜਰਨੈਲ ਫਿਲੌਰ, ਮਾ. ਹੰਸ ਰਾਜ, ਪ੍ਰਸ਼ੋਤਮ ਫਿਲੌਰ, ਕੁਲਦੀਪ ਸਿੰਘ ਫਿਲੌਰ, ਕੁਲਦੀਪ ਕੌੜਾ, ਅਮਰਜੀਤ ਲਾਡੀ, ਜਸਵੰਤ ਅੱਟੀ, ਬਲਜੀਤ ਦਾਰਾਪੁਰ ਆਦਿ ਨੇ ਕਿਹਾ ਕਿ ਪੰਜਾਬ ਦੀ ਸਰਕਾਰ ਗਰੀਬ ਲੋਕਾਂ ਲਈ ਸਿਹਤ ਸਹੂਲਤਾਂ ਦੇਣ ਵਿੱਚ ਨਾਕਾਮ ਰਹੀ ਹੈ ਤੇ ਹਸਪਤਾਲਾਂ 'ਚ ਡਾਕਟਰਾਂ ਦੀ ਘਾਟ ਤੇ ਪੇਂਡੂ ਡਿਸਪੈਂਸਰੀਆਂ ਬੰਦ ਕਰਕੇ ਸਰਕਾਰ ਗਰੀਬਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੀ ਹੈ। ਇਸ ਸਮੇਂ ਦਿਹਾਤੀ ਮਜਦੂਰ ਸਭਾ ਦੇ ਤਹਿਸੀਲ ਫਿਲੌਰ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਕਿਹਾ ਕਿ 19 ਨਵੰਬਰ ਦੇ ਮੋਟਰਸਾਇਕਲ ਮਾਰਚ ਨੂੰ ਸਫਲ ਬਣਾਉਣ ਲਈ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਤੇਜ ਕੀਤਾ ਜਾਵੇਗਾ। ਚਰਨ ਗੜ੍ਹਾ, ਤਰਸੇਮ ਸਿੰਘ, ਅਸ਼ੋਕ ਕੁਮਾਰ, ਚੰਦਰ ਸ਼ੇਖਰ, ਪਰਦੀਪ ਕੁਮਾਰ, ਅਜੈ ਕੁਮਾਰ ਦਾਰਾਪੁਰ, ਹਰਦੀਪ ਚੌਹਾਨ ਮਹਿਸਮਪੁਰ, ਰਜਿੰਦਰ ਰਾਜੂ ਪੰਚ, ਬਲਵੀਰ ਕੁਮਾਰ, ਕੁਲਦੀਪ ਸਿੰਘ, ਗੌਪਾਲ ਰਾਵਤ, ਗਨੇਸ਼ ਕੁਮਾਰ, ਜੋਗਾ ਸਿੰਘ ਅਸ਼ਾਹੂਰ, ਸੁਖਜੀਤ ਅਸ਼ਾਹੂਰ, ਕੁਲਵੰਤ ਔਜਲਾ,ਨਿਰਮਲ ਸਿੰਘ ਤਹਿੰਗ,ਸਾਬੀ ਕੁਮਾਰ, ਗੁਰਬਚਨਾ ਰਾਮ, ਲਾਡੀ ਜਗਤਪੁਰ, ਅਮਰਜੀਤ, ਅਰਸ਼ ਗੁਰੁ,ਰਾਹੁਲ ਕੋਰੀ, ਰਾਮ ਗੋਬਿੰਦ ਰਾਮ, ਕਿਸ਼ਨ ਤਹਿੰਗ, ਸੁਨੀਤਾ ਫਿਲੌਰ, ਕਮਲਜੀਤ ਕੌਰ ਬੰਗੜ, ਕਮਲਾ ਦੇਵੀ,ਹੰਸ ਕੌਰ, ਕਮਲਜੀਤ ਕੌਰ, ਦਰਸ਼ਨ ਕੌਰ, ਸੰਦੀਪ ਕੌਰ, ਆਸ਼ਾ ਰਾਣੀ, ਦੇਬੋ ਆਦਿ ਹਾਜਰ ਸਨ।

# ਸਕੂਨ ਦਾ ਸੰਦੇਸ਼ ਦਿੰਦਾ 76ਵਾਂ ਨਿਰੰਕਾਰੀ ਸੰਤ ਸਮਾਗਮ ਸਫਲਤਾਪੂਰਵਕ ਸੰਪੰਨ





**ਚੰਡੀਗੜ੍ਹ, ਸਮਾਣਾ (ਕ੍ਰਿਸ਼ਨ ਗਰਗ, ਇਕਬਾਲ ਸਮਾਣਾ, ਗੁਰਇਕਬਾਲ ਸਿੰਘ)**

ਟ੍ਰਾਈਸਿਟੀ ਤੋਂ 76ਵੇਂ ਨਿਰੰਕਾਰੀ ਸੰਤ ਸਮਾਗਮ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਅਤੇ ਸਤਿਗੁਰੂ ਮਾਤਾ ਸੁਦੀਕਸ਼ਾ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦਾ ਅਸ਼ੀਰਵਾਦ ਪ੍ਰਾਪਤ ਕੀਤਾ । ਪਰਮਾਤਮਾ ਦੇ ਸਰੂਪ ਨੂੰ ਹਰ ਕਿਸੇ ਵਿੱਚ ਦੇਖ ਕੇ ਅਤੇ ਸਭ ਨਾਲ ਪ੍ਰੇਮ ਦਾ ਭਾਵ ਅਪਨਾਉਣ ਨਾਲ ਹੀ ਕੁੱਲ ਸੰਸਾਰ ਸਕੂਨਮਈ ਹੋਵੇਗਾ ਹੋ ਸਕਦਾ ਹੈ। ਇਹ ਪ੍ਰਵਚਨ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸਾ 76ਵੇਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਦੇ ਸਮਾਪਤੀ ਸਮਾਰੋਹ ਦੌਰਾਨ ਹਾਜਰ ਵਿਸ਼ਾਲ ਮਾਨਵ ਪਰਵਾਰ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਹ ਰੂਹਾਨੀ ਸੰਤ ਸਮਾਗਮ ਨਿਰੰਕਾਰੀ ਅਧਿਆਤਮਿਕ ਸਥੱਲ ਸਮਾਲਖਾ (ਹਰਿਆਣਾ) ਵਿਖੇ ਪਿਛਲੇ ਤਿੰਨ ਦਿਨਾਂ ਤੋਂ ਆਨੰਦਮਈ ਵਾਤਾਵਰਨ ਨਾਲ ਭਰਭੂਰ ਸਫਲਤਾਪੂਰਵਕ ਸਮਾਪਤ ਹੋਇਆ । ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਯ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਾਂ ਸਮੂਹ ਨਿਰੰਕਾਰੀ ਸ਼ਰਧਾਲੂਆਂ ਨੂੰ ਸਮਾਗਮ ਦੀ ਮੁਬਾਰਕਬਾਦ ਦਿੱਤੀ ਅਤੇ ਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ। ਸਤਿਗੁਰੂ ਮਾਤਾ ਨੇ ਅੱਗੇ ਫਰਮਾਇਆ ਕਿ ਸੰਸਾਰ ਵਿੱਚ ਦੇਖਣ ਵਾਲੀ ਬਹੁਪੱਖੀ ਕੁਦਰਤੀ ਅਤੇ ਸੱਭਿਆਚਾਰਕ ਵਿਭਿੰਨਤਾ ਇਸ ਦੀ ਸੁੰਦਰਤਾ ਦਾ ਪ੍ਰਤੀਕ ਹੈ। ਇਸ ਸਾਰੀ ਸ੍ਰਿਸ਼ਟੀ ਦਾ ਰਚਨਹਾਰ ਕੇਵਲ ਇੱਕ ਨਿਰੰਕਾਰ ਪ੍ਰਮਾਤਮਾ ਹੈ ਅਤੇ ਉਸਦਾ ਪ੍ਰਤੀਬਿੰਬ ਤੇ ਉਸਦਾ ਪ੍ਰਕਾਸ਼ ਸਭ ਦੇ ਅੰਦਰ ਮੌਜੂਦ ਹੈ। ਸੰਤ ਸਮਾਗਮ ਦੇ ਤੀਸਰੇ ਦਿਨ ਕਮੇਟੀ ਦੇ ਕੋਆਰਡੀਨੇਟਰ ਜੋਗਿੰਦਰ ਸੁਖੀਜਾ ਨੇ ਸਤਿਗੁਰੂ ਮਾਤਾ ਸੁਦੀਕਸ਼ਾ ਅਤੇ ਨਿਰੰਕਾਰੀ ਰਾਜਪਿਤਾ ਜੀ ਦਾ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਤਹਿ ਦਿਲੋਂ ਧੰਨਵਾਦ ਕੀਤਾ, ਕਿਉਂਕਿ ਉਨ੍ਹਾ ਦੇ ਅਸ਼ੀਰਵਾਦ ਸਦਕਾ ਹੀ ਇਹ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ ਹੈ ਅਤੇ ਇਸ ਦੇ ਨਾਲ ਹੀ ਉਨ੍ਹਾਂ ਨੇ ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਦਿੱਤੇ ਵੱਡਮੁੱਲੇ ਸਹਿਯੋਗ ਲਈ ਵੀ ਧੰਨਵਾਦ ਕੀਤਾ।

# ਰਿਆਤ-ਬਾਹਰਾ ਪੈਰਾ ਮੈਡੀਕਲ ਸਾਇੰਸਜ਼ ਵਿਭਾਗ ਵੱਲੋਂ ਛਾਤੀ ਦੇ ਕੈਂਸਰ ਸੰਬੰਧੀ ਜਾਗਰੂਕਤਾ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਪੈਰਾਮੈਡੀਕਲ ਸਾਇੰਸਜ ਵਿਭਾਗ ਵੱਲੋਂ ਛਾਤੀ ਦੇ ਕੈਂਸਰ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਬੀਐਸਸੀ ਓਟੀਟੀ ਅਤੇ ਬੀਐਸਸੀ ਐਮਐਲਐਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥਣ ਪੱਲਵੀ ਕਸ਼ਯਪ ਨੇ ਮਾਹਿਰ ਡਾਕਟਰ ਦਾ ਸਵਾਗਤ ਕੀਤਾ ਅਤੇ ਬ੍ਰੈਸਟ ਕੈਂਸਰ ਜਾਗਰੂਕਤਾ ਮਹੀਨੇ ਸਬੰਧੀ ਹਾਜਰ ਵਿਦਿਆਰਥੀਆਂ ਅਤੇ ਸਟਾਫ ਨੂੰ ਢੁੱਕਵੀਂ ਜਾਣਕਾਰੀ ਦਿੱਤੀ। ਮਾਹਿਰ ਡਾ. ਰਾਹੁਲ ਲਾਲ ਚੌਧਰੀ (ਰੇਡੀਏਸ਼ਨ ਓਨਕੋਲੋਜਿਸਟ) ਨੇ ਦੱਸਿਆ ਕਿ ਛਾਤੀ ਦਾ ਕੈਂਸਰ ਵਿਸ਼ਵ ਭਰ ਵਿੱਚ ਔਰਤਾਂ ਦੀ ਮੌਤ ਦਾ ਇੱਕ ਵੱਡਾ ਕਾਰਨ ਹੈ। ਇਸ ਗੰਭੀਰ ਬਿਮਾਰੀ ਪ੍ਰਤੀ ਜਾਗਰੂਕਤਾ ਦੀ ਘਾਟ ਕਾਰਨ ਇਸ ਦੇ ਕੇਸ ਤੇਜੀ ਨਾਲ ਵੱਧ ਰਹੇ ਹਨ। ਅਜਿਹੀ ਸਥਿਤੀ ਵਿੱਚ, ਇਸ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ ਨਾਲ, ਅਕਤੂਬਰ ਦੇ ਮਹੀਨੇ ਨੂੰ ਹਰ ਸਾਲ ਛਾਤੀ ਦੇ ਕੈਂਸਰ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾਂਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਛਾਤੀ ਦਾ ਕੈਂਸਰ ਕੀ ਹੁੰਦਾ ਹੈ, ਇਹ ਕਿਵੇਂ ਹੁੰਦਾ ਹੈ, ਇਸ ਦੇ ਖਤਰੇ, ਕਾਰਨ, ਲੱਛਣ, ਨਿਦਾਨ, ਇਲਾਜ ਅਤੇ ਰੋਕਥਾਮ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਛਾਤੀ ਦੇ ਕੈਂਸਰ ਦੇ ਮੁੱਖ ਲੱਛਣ ਸ਼ੁਰੂਆਤੀ ਦੌਰ ਵਿੱਚ ਦੇਖੇ ਜਾ ਸਕਦੇ ਹਨ, ਜਿਸ ਵਿੱਚ ਛਾਤੀ ਦੇ ਇੱਕ ਜਾਂ ਇੱਕ ਤੋਂ ਵੱਧ ਹਿੱਸਿਆਂ ਵਿੱਚ ਗੰਢ,



ਜ਼ਿਆਦਾ ਸੋਜ, ਦਰਦ, ਖੁਜਲੀ, ਚਮੜੀ ਦਾ ਝੁਲਸਣਾ, ਨਿੱਪਲ ਦੇ ਆਸ -ਪਾਸ ਚਮੜੀ ਦੇ ਰੰਗ ਵਿੱਚ ਤਬਦੀਲੀ । ਜੇਕਰ ਕਿਸੇ ਨੂੰ ਅਜਿਹੇ ਲੱਛਣ ਦਿਖਾਈ ਦਿੰਦੇ ਹਨ, ਤਾਂ ਉਸ ਨੂੰ ਡਾਕਟਰੀ ਮਾਹਿਰ ਦੀ ਸਲਾਹ ਲੈਣੀ ਚਾਹੀਦੀ ਹੈ। ਇਸ ਮੌਕੇ ਵਿਭਾਗ ਦੇ ਇੰਚਾਰਜ ਡਾ.ਸੁਖਮੀਤ ਬੇਦੀ ਨੇ ਦੱਸਿਆ ਕਿ ਇਹ ਸੈਮੀਨਾਰ ਵਿਦਿਆਰਥਣਾਂ ਅਤੇ ਮਹਿਲਾ ਕਰਮਚਾਰੀਆਂ/ਅਧਿਕਾਰੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖ ਕੇ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਪੈਰਾ ਮੈਡੀਕਲ ਸਾਇੰਸਜ ਵਿਭਾਗ ਵੱਲੋਂ ਅਜਿਹੇ ਸਮਾਗਮ ਕਰਵਾਏ ਜਾਣਗੇ। ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਸੈਮੀਨਾਰ, ਪ੍ਰੋਗਰਾਮ ਹੁੰਦੇ ਰਹਿਣਗੇ। ਇਸ ਮੌਕੇ ਵਿਦਿਆਰਥਣ ਅੰਜਲੀ ਸ਼ਰਮਾ ਨੇ ਵਿਭਾਗ ਵਲੋਂ ਡਾ: ਰਾਹੁਲ ਲਾਲ ਚੌਧਰੀ ਦਾ ਧੰਨਵਾਦ ਕੀਤਾ। ਇਸ ਸੈਮੀਨਾਰ ਦਾ ਕੋ -ਓਡੀਨੇਟ ਪ੍ਰੋ ਪੂਜਾ ਨੇ ਕੀਤਾ।

# ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਪੁਲਸ ਵਿਭਾਗ ਨੂੰ ਹਰ ਸੰਭਵ ਸਹਿਯੋਗ ਕਰਾਂਗੇ : ਕੰਗ

**ਫਗਵਾੜਾ (ਜਸਵਿੰਦਰ ਢੱਡਾ)**

ਵਿਜੀਲੈਂਸ ਵਿਭਾਗ ਪੰਜਾਬ ਵੱਲੋਂ ਮਨਾਏ ਜਾ ਰਹੇ ਵਿਜੀਲੈਂਸ ਹਫਤੇ ਦੇ ਸਬੰਧ 'ਚ ਫਗਵਾੜਾ ਪੁੱਜੇ ਜਸਵਿੰਦਰ ਪਾਲ ਸਿੰਘ ਡੀ.ਐਸ.ਪੀ (ਵਿਜੀਲੇਂਸ) ਦਾ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ ਇੰਡੀਆ ਵੱਲੋਂ ਸਟੇਟ ਡਾਇਰੈਕਟਰ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ ਗਿਆ। ਇਸ ਦੌਰਾਨ ਡੀ.ਐਸ.ਪੀ ਵਿਜੀਲੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਿਜੀਲੈਂਸ ਵਿਭਾਗ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ ਅਤੇ ਵਿਭਾਗ ਦਾ ਮੁੱਖ ਟੀਚਾ ਸਰਕਾਰੀ ਵਿਭਾਗਾਂ ਵਿੱਚ ਫੈਲੀ ਰਿਸ਼ਵਤਖੋਰੀ ਨੂੰ ਖਤਮ ਕਰਨਾ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਸਰਕਾਰੀ ਵਿਭਾਗ ਦਾ ਕੋਈ ਕਰਮਚਾਰੀ ਜਾਂ ਅਧਿਕਾਰੀ ਕੰਮ ਦੇ ਬਦਲੇ ਨਜਾਇਜ਼ ਵਸੂਲੀ ਦੀ ਮੰਗ ਕਰਦਾ ਹੈ ਤਾਂ ਬਿਨਾਂ ਝਿਜਕ ਵਿਜੀਲੈਂਸ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਬੰਧਤ ਭ੍ਰਿਸ਼ਟ ਕਰਮਚਾਰੀ ਵਿਰੁੱਧ ਕਾਰਵਾਈ ਕੀਤੀ ਜਾ ਸਕੇ। ਗੁਰਦੀਪ ਸਿੰਘ ਕੰਗ ਡੀ.ਐਸ.ਪੀ. ਜਸਵਿੰਦਰ ਪਾਲ ਸਿੰਘ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਫਾਊਂਡੇਸ਼ਨ ਵਿਜੀਲੈਂਸ ਵਿਭਾਗ ਨੂੰ



ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦੀ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਵੇਗੀ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਵਿਰੁੱਧ ਆਮ ਜਨਤਾ ਨੂੰ ਜਾਗਰੂਕ ਅਤੇ ਲਾਮਬੰਦ ਕਰਨ ਦੇ ਉਦੇਸ਼ ਨਾਲ ਐਂਟੀ ਕੁਰਪਸ਼ਨ ਫਾਊਂਡੇਸ਼ਨ ਵੱਲੋਂ ਆਪਣੇ ਪੱਧਰ 'ਤੇ ਚਲਾਈ ਜਾ ਰਹੀ ਮੁਹਿੰਮ ਨੂੰ ਵੀ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਫਾਊਂਡੇਸ਼ਨ ਦੇ ਅਹੁਦੇਦਾਰਾਂ 'ਚ ਆਸ਼ੂ ਮਾਰਕੰਡਾ, ਵਿਨੈ ਕੁਮਾਰ ਬਿੱਟੂ, ਰਾਜਕੁਮਾਰ ਬਸਰਾ, ਵਿਪਨ ਸ਼ਰਮਾ ਆਦਿ ਹਾਜ਼ਰ ਸਨ।

# ਟਾਈਮਜ਼ ਹਾਇਰ ਐਜੂਕੇਸ਼ਨ ਵਰਲਡ 'ਵਰਸਿਟੀ ਰੈਂਕਿੰਗਜ਼ 'ਚ ਐੱਲ ਪੀ ਯੂ ਭਾਰਤ ਦੇ ਚੋਟੀ ਦੇ ਸੰਸਥਾਨਾਂ ਤੋਂ ਅੱਗੇ

**ਜਲੰਧਰ (ਸ਼ੈਲੀ ਐਲਬਰਟ)**




ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ ) ਨੇ ਉੱਚ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਮਾਨਤਾ ਪ੍ਰਾਪਤ ਕੀਤੀ ਹੈ ਕਿਉਂਕਿ ਇਸ ਨੇ ਵੱਕਾਰੀ ਟਾਈਮਜ ਹਾਇਰ ਐਜੂਕੇਸ਼ਨ ਵਰਲਡ ਯੂਨੀਵਰਸਿਟੀ ਰੈਂਕਿੰਗਜ (2024) ਵਿੱਚ ਵੱਖ-ਵੱਖ ਵਿਸ਼ਿਆਂ ਵਿੱਚ ਚੋਟੀ ਦੀ ਰੈਂਕਿੰਗ ਹਾਸਲ ਕੀਤੀ ਹੈ। ਭਾਰਤ ਵਿੱਚ, ਐਲਪੀਯੂ ਦੀ ਉੱਤਮਤਾ ਇਸਦੀ ਦਰਜਾਬੰਦੀ ਤੋਂ ਸਪੱਸ਼ਟ ਹੁੰਦੀ ਹੈ ਜਿੱਥੇ ਯੂਨੀਵਰਸਿਟੀ ਨੇ ਵੱਖ-ਵੱਖ ਬੈਂਡਾਂ ਦੇ ਤਹਿਤ ਸੋਸ਼ਲ ਸਾਇੰਸਿਜ਼ ਵਿੱਚ ਪਹਿਲਾ , ਭੌਤਿਕ ਵਿਗਿਆਨ ਅਤੇ ਵਪਾਰ ਅਤੇ ਅਰਥ ਸ਼ਾਸਤਰ ਵਿੱਚ ਦੂਜਾ , ਇੰਜੀਨੀਅਰਿੰਗ ਵਿੱਚ ਤੀਸਰਾ , ਕਲੀਨਿਕਲ ਅਤੇ ਸਿਹਤ ਵਿੱਚ 5ਵਾਂ; ਅਤੇ ਕੰਪਿਊਟਰ ਵਿਗਿਆਨ ਅਤੇ ਜੀਵਨ ਵਿਗਿਆਨ ਦੋਵਾਂ ਵਿੱਚ 9ਵਾਂ ਸਥਾਨ ਦਿੱਤਾ ਗਿਆ ਹੈ। ਇਹਨਾਂ ਰੈਂਕਿੰਗਾਂ ਵਿੱਚ ਐਲਪੀਯੂ ਦੀ ਸ਼ਾਨਦਾਰ ਕਾਰਗੁਜ਼ਾਰੀ ਵਿਸੇਸ ਤੌਰ 'ਤੇ ਧਿਆਨ ਦੇਣ ਯੋਗ ਹੈ ਕਿਉਂਕਿ ਇਹ ਗੁਹਾਟੀ, ਧਨਬਾਦ, ਪਟਨਾ, ਰੋਪੜ, ਗਾਂਧੀਨਗਰ, ਮੰਡੀ ਵਰਗੀਆਂ ਆਈਆਈਟੀਜ਼ ਅਤੇ ਹੈਦਰਾਬਾਦ ਦੀ ਆਈਆਈਆਈਟੀ , ਬਨਾਰਸ ਹਿੰਦੂ, ਜਵਾਹਰ ਲਾਲ ਨਹਿਰੂ, ਦਿੱਲੀ, ਪੰਜਾਬ, ਕਲਕੱਤਾ, ਲਖਨਊ, ਅਲੀਗੜ੍ਹ ਮੁਸਲਿਮ ਆਦਿ ਯੂਨੀਵਰਸਿਟੀਆਂ ਅਤੇ ਹੋਰ ਕਈ ਚੰਗੀਆਂ ਸਥਾਪਿਤ ਸੰਸਥਾਵਾਂ ਤੋਂ ਅੱਗੇ ਹੈ। ਇਸੇ ਤਰ੍ਹਾਂ, ਐਲਪੀਯੂ ਦੇ ਕੰਪਿਊਟਰ ਵਿਗਿਆਨ ਅਤੇ ਜੀਵਨ ਵਿਗਿਆਨ ਸਟ੍ਰੀਮਜ ਨੇ ਵੀ ਗਲੋਬਲ ਸਿੱਖਿਆ ਵਿੱਚ ਮਾਪਦੰਡ ਸਥਾਪਤ ਕੀਤੇ ਹਨ। ਸਾਰੇ ਹਿੱਸੇਦਾਰ; ਵਿਭਾਗ ਮੁਖੀਆਂ, ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ, ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ ਰਾਜ ਸਭਾ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, "ਸਾਰੇ ਵਿਸ਼ਿਆਂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਮੁਕਾਬਲਾ ਵਧ ਰਿਹਾ ਹੈ, ਅਤੇ ਸਿਖਰ 'ਤੇ ਪਹੁੰਚਣ ਲਈ ਵਿਸ਼ੇਸ਼ ਵਰਗ ਨੂੰ ਤੋੜਨਾ ਪੈਂਦਾ ਹੈ, ਜੋ ਕਿ ਅਸਲ ਵਿੱਚ ਚੁਣੌਤੀਪੂਰਨ ਹੈ।'

# ਈ ਐੱਸ ਆਈ ਹਸਪਤਾਲ ਦੀ ਕਾਇਆ-ਕਲਪ ਕੀਤੀ ਜਾਵੇਗੀ : ਆਸ਼ਿਕਾ ਜੈਨ

**ਮੋਹਾਲੀ, (ਗੁਰਜੀਤ ਬਿੱਲਾ)**

ਮੋਹਾਲੀ ਇੰਡਸਟਰੀਅਲ ਐਸੋਸੀਏਸ਼ਨ ਵੱਲੋਂ ਇੱਥੇ ਆਪਣੇ ਦਫਤਰ ਵਿਖੇ ਈ.ਐੱਸ.ਆਈ. ਹਸਪਤਾਲ ਸਬੰਧੀ ਕਰਵਾਏ ਇੰਟਰ-ਐਕਟਿਵ ਸੈਸਨ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਡਿਪਟੀ ਕਮਿਸ਼ਨਰ, ਸ੍ਰੀਮਤੀ ਆਸ਼ਿਕਾ ਜੈਨ ਨੇ ਕਿਹਾ ਕਿ ਮੋਹਾਲੀ ਦੇ ਈ.ਐੱਸ.ਆਈ. ਹਸਪਤਾਲ ਦੀ ਕਾਇਆ ਕਲਪ ਕੀਤੀ ਜਾਵੇਗੀ। ਇਸੇ ਹਫਤੇ ਆਡਿਟ ਕਰਵਾ ਕੇ ਇਸ ਸਬੰਧੀ ਐਸਟੀਮੇਟ ਤਿਆਰ ਕਰਵਾਉਣ ਉਪਰੰਤ ਅਗਲੇਰੀ ਕਾਰਵਾਈ ਆਰੰਭ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡੇਰਾਬਸੀ - ਬਰਵਾਲਾ ਸੜਕ ਦੇ ਨਵੀਨੀਕਰਨ ਸਬੰਧੀ ਟੈਂਡਰ ਪ੍ਰਕਿਰਿਆ ਆਖਰੀ ਪੜਾਅ ਉੱਤੇ ਹੈ ਅਤੇ ਜਲਦ ਹੀ ਲੋਕਾਂ ਨੂੰ ਇਸ ਸੜਕ ਸਬੰਧੀ ਦਿੱਕਤਾਂ ਤੋਂ ਨਿਜਾਤ ਮਿਲ ਜਾਵੇਗੀ। ਸਰਕਾਰ ਸਨਅਤਕਾਰ ਮਿਲਣੀ ਦੇ ਫੈਸਲਿਆਂ ਬਾਰੇ ਉਹਨਾਂ ਕਿਹਾ ਕਿ ਡੇਰਾਬਸੀ ਵਿਖੇ ਬਣਨ ਵਾਲੇ ਈ.ਐੱਸ.ਆਈ ਹਸਪਤਾਲ ਸਬੰਧੀ ਕਮੇਟੀ ਬਣਾ ਦਿੱਤੀ ਗਈ ਸੀ ਤੇ ਥਾਂ ਦੀ ਚੋਣ ਸਬੰਧੀ ਮੀਟਿੰਗਾਂ ਉਪਰੰਤ, ਇਕ ਥਾਂ ਤੈਅ ਕਰ ਲਈ ਗਈ ਹੈ। ਬਹੁਤ ਜਲਦ ਇਹ ਪ੍ਰੋਜੈਕਟ ਸ਼ੁਰੂ ਹੋ ਜਾਵੇਗਾ। ਸ੍ਰੀਮਤੀ ਜੈਨ ਨੇ ਦੱਸਿਆ ਕਿ ਸਰਕਾਰ ਸਨਅਤਕਾਰ ਮਿਲਣੀ ਵੇਲੇ ਹੋਏ ਸਾਰੇ ਐਲਾਨਾਂ ਦਾ ਫਾਲੋ-ਅਪ ਕੀਤਾ ਜਾ ਰਿਹਾ ਹੈ। ਉਹਨਾਂ ਭਰੋਸਾ ਦਿੱਤਾ ਕਿ ਜਿਹੜੇ ਪ੍ਰੋਜੈਕਟ ਜਾਂ ਪ੍ਰਸਤਾਵਿਤ ਪਾਈਪ ਲਾਈਨ ਵਿਚ ਹਨ, ਉਹਨਾਂ ਨੂੰ ਤੇਜ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਜ਼ਿਲ੍ਹੇ ਵਿਚ ਸਨਅਤ ਵੱਡੇ ਪੱਧਰ ਉੱਤੇ ਵਿਕਸਤ ਹੋ ਰਹੀ ਹੈ ਤੇ ਸਰਕਾਰ ਇਸ ਸਬੰਧੀ ਹਰ ਲੋੜੀਂਦੀ ਸਹੂਲਤ ਦੇਣ ਲਈ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਖੇਤਰ ਦੇ ਸੁਧਾਰ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਇਸ ਤਹਿਤ ਵੱਡੇ ਪੱਧਰ ਉੱਤੇ ਆਮ ਆਦਮੀ ਕਲੀਨਿਕ ਬਣਾਏ ਜਾ ਰਹੇ ਹਨ ਤੇ ਜ਼ਿਲ੍ਹੇ ਵਿਚਲੇ




ਹਸਪਤਾਲਾਂ ਉੱਤੇ ਕਰੋੜਾਂ ਰੁਪਏ ਖਰਚ ਕੇ ਉਹਨਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ। ਆਮ ਆਦਮੀ ਕਲੀਨਿਕਾਂ ਵਿਚ ਵੱਡੀ ਗਿਣਤੀ ਟੈਸਟਾਂ ਦੀਆਂ ਸਹੂਲਤਾਂ ਦਿੱਤੀਆਂ ਗਈਆਂ ਹਨ, ਜਿਨ੍ਹਾਂ ਦਾ ਲਾਭ ਸਨਅਤੀ ਕਾਮੇ ਵੱਡੇ ਪੱਧਰ ਉੱਤੇ ਲੈ ਸਕਦੇ ਹਨ। ਸਰਬੱਤ ਸਿਹਤ ਬੀਮਾ ਯੋਜਨਾ ਤਹਿਤ ਵਰਕਰਾਂ ਨੂੰ ਲਾਭ ਦੇਣ ਲਈ ਕਾਰਡ ਬਣਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਯੋਜਨਾ ਤਹਿਤ ਕਾਮੇ ਕਿਸੇ ਵੀ ਇੰਪੈਨਲਡ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਵਿਚ ਮੁਫ਼ਤ ਇਲਾਜ ਦੀ ਸਹੂਲਤ ਹਾਸਲ ਕਰ ਸਕਦੇ ਹਨ। ਸ੍ਰੀਮਤੀ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇੱਕ ਨਵਾਂ ਉਪਰਾਲਾ ਕੀਤਾ ਜਾ ਰਿਹਾ, ਜਿਸ ਤਹਿਤ ਸੈਕਟਰ ਸਪੈਸਿਫਿਕ ਕੌਂਸਲ (ਮਸ਼ਵਰਾ ਕਮੇਟੀਆਂ) ਬਣਾਏ ਜਾ ਰਹੇ ਹਨ, ਇਹਨਾਂ ਵਿਚ ਸਨਅਤਕਾਰ ਅਹਿਮ ਹਿੱਸਾ ਹਨ ਤੇ ਉਹਨਾਂ ਦੇ ਸੁਝਾਵਾਂ ਨਾਲ ਸੁਚੱਜੇ ਢੰਗ ਨਾਲ ਅੱਗੇ ਵਧਿਆ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਵੱਲੋਂ ਮੋਹਾਲੀ ਇੰਡਸਟਰੀਅਲ ਐਸੋਸੀਏਸ਼ਨ ਦੀ ਇਹ ਇੰਟਰ-ਐਕਟਿਵ ਸੈਸਨ ਕਰਵਾਉਣ ਲਈ ਸ਼ਲਾਘਾ ਕੀਤੀ ਗਈ। ਇਸ ਮੌਕੇ ਪੰਕਜ ਵੋਹਰਾ, ਡਿਪਟੀ ਡਾਇਰੈਕਟਰ, ਈ.ਐੱਸ.ਆਈ. ਹਸਪਤਾਲ ਨੇ ਕਿਹਾ ਕਿ ਈ.ਐੱਸ.ਆਈ. ਹਸਪਤਾਲ ਸਬੰਧੀ ਦਿੱਕਤਾਂ ਦੂਰ ਕੀਤੀਆਂ ਜਾਣਗੀਆਂ ਤੇ ਡੇਰਾਬਸੀ ਵਾਲਾ ਹਸਪਤਾਲ ਮਿਸਾਲੀ ਬਣਾਇਆ ਜਾਵੇਗਾ। ਮੋਹਾਲੀ ਇੰਡਸਟਰੀਅਲ ਐਸੋਸੀਏਸ਼ਨ ਦੇ ਪ੍ਰਧਾਨ ਬਲਜੀਤ ਸਿੰਘ ਨੇ ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਜਸਬੀਰ ਸਿੰਘ, ਚੇਅਰਮੈਨ ਲੇਬਰ ਲਾਅ ਕਮੇਟੀ ਨੇ ਈ. ਐੱਸ.ਆਈ. ਹਸਪਤਾਲ ਸਬੰਧੀ ਦਿੱਕਤਾਂ ਬਾਰੇ ਦੱਸਿਆ ਤੇ ਇਹਨਾਂ ਨੂੰ ਦੂਰ ਕਰਨ ਦੀ ਅਪੀਲ ਕੀਤੀ। ਉਹਨਾਂ ਦੱਸਿਆ ਕਿ ਇਹ ਹਸਪਤਾਲ ਦੋ ਵਜੇ ਬੰਦ ਹੋ ਜਾਂਦਾ ਹੈ ਪਰ ਕੁਝ ਡਾਕਟਰ 24 ਘੰਟੇ ਹੋਣੇ ਚਾਹੀਦੇ ਹਨ। ਉਹਨਾਂ ਨੇ ਮੈਡੀਕਲ ਬਿੱਲਜ ਦੀ ਅਦਾਇਗੀ ਵਿਚ ਜ਼ਿਆਦਾ ਸਮਾਂ ਲੱਗਣ ਦਾ ਮਸਲਾ ਵੀ ਚੁੱਕਿਆ। ਇਸ ਮੌਕੇ ਐੱਸ. ਡੀ.ਐਮ. ਮੋਹਾਲੀ ਚੰਦਰ ਜੋਤੀ ਸਿੰਘ, ਜੀ.ਐਮ.ਡੀ.ਆਈ.ਸੀ. ਅਰਸ਼ਜੀਤ ਸਿੰਘ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਸਨਅਤਕਾਰ ਹਾਜ਼ਰ ਸਨ।

# ਇੰਡੀਅਨ ਆਇਲ ਮੁੰਬਈ ਨੇ ਭਾਰਤੀ ਏਅਰ ਫੋਰਸ ਨੂੰ 3-0 ਨਾਲ ਹਰਾਇਆ

**ਜਲੰਧਰ (ਸ਼ੈਲੀ ਐਲਬਰਟ)**

ਇੰਡੀਅਨ ਆਇਲ ਮੁੰਬਈ ਨੇ ਭਾਰਤੀ ਏਅਰ ਫੋਰਸ ਦਿੱਲੀ ਨੂੰ 3-0 ਦੇ ਫਰਕ ਨਾਲ ਹਰਾ ਕੇ ਲੀਗ ਦੌਰ ਵਿੱਚ ਲਗਾਤਾਰ ਦੂਜੀ ਜਿੱਤ ਦਰਜ ਕਰਦੇ ਹੋਏ ਸੈਮੀਫਾਈਨਲ ਵੱਲ ਨੂੰ ਆਪਣੇ ਕਦਮ ਵਧਾ ਲਏ ਹਨ। ਸਥਾਨਕ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਜਾਰੀ 40ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ 6ਵੇਂ ਦਿਨ ਦੇ ਦੂਜੇ ਮੈਚ ਵਿੱਚ ਪਿਛਲੇ ਸਾਲ ਦੀ ਜੇਤੂ ਭਾਰਤੀ ਰੇਲਵੇ ਅਤੇ ਆਰਮੀ ਦੀਆਂ ਟੀਮਾਂ 3-3 ਦੀ ਬਰਾਬਰੀ 'ਤੇ ਰਹੀਆਂ ਅਤੇ ਦੋਵੇਂ ਟੀਮਾਂ ਨੂੰ ਇਕ ਇਕ ਅੰਕ ਹਾਸਲ ਹੋਇਆ। ਪਰਮਪ੍ਰੀਤ ਸਿੰਘ ਨੇ ਰੇਲਵੇ ਲਈ ਤਿੰਨ ਗੋਲ ਕਰਕੇ ਹੈਟ੍ਰਿਕ ਕੀਤੀ। ਪਹਿਲਾ ਮੈਚ ਪੂਲ ਏ ਵਿੱਚ ਇੰਡੀਅਨ ਆਇਲ ਮੁੰਬਈ ਅਤੇ ਭਾਰਤੀ ਏਅਰ ਫੋਰਸ ਦਰਮਿਆਨ ਖੇਡਿਆ ਗਿਆ। ਖੇਡ ਦੇ ਪਹਿਲੇ ਅੱਧ ਵਿੱਚ ਕੋਈ ਵੀ ਟੀਮ ਗੋਲ ਨਹੀਂ ਕਰ ਸਕੀ। ਖੇਡ ਦੇ ਦੂਜੇ ਅੱਧ ਦੇ 38ਵੇਂ ਮਿੰਟ ਵਿੱਚ ਇੰਡੀਅਨ ਆਇਲ ਵਲੋਂ ਅੰਤਰਰਾਸ਼ਟਰੀ ਖਿਡਾਰੀ ਤਲਵਿੰਦਰ ਸਿੰਘ ਨੇ ਮੈਦਾਨੀ ਗੋਲ ਕਰਕੇ ਸਕੋਰ 1-0 ਕੀਤਾ। ਖੇਡ ਦੇ 44ਵੇਂ ਮਿੰਟ ਵਿੱਚ ਇੰਡੀਅਨ ਆਇਲ ਦੇ ਅੰਤਰਰਾਸ਼ਟਰੀ ਖਿਡਾਰੀ ਗੁਰਜਿੰਦਰ ਸਿੰਘ ਨੇ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਸਕੋਰ 2-0 ਕੀਤਾ। ਖੇਡ ਦੇ 50ਵੇਂ ਮਿੰਟ ਵਿੱਚ ਇੰਡੀਅਨ ਆਇਲ ਦੇ ਸੁਮਿਤ ਕੁਮਾਰ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 3-0 ਕੀਤਾ। ਇਸ ਤੋਂ ਪਹਿਲਾਂ ਇੰਡੀਅਨ ਆਇਲ ਨੇ ਆਪਣੇ ਪਹਿਲੇ ਲੀਗ ਮੈਚ ਵਿੱਚ ਕੈਗ ਦਿੱਲੀ ਨੂੰ 7-1 ਦੇ ਫਰਕ ਨਾਲ ਹਰਾਇਆ ਸੀ। ਦੋ ਮੈਚ ਜਿੱਤ ਕੇ ਇੰਡੀਅਨ ਆਇਲ ਨੇ



ਲੀਗ ਦੌਰ ਵਿੱਚ 6 ਅੰਕ ਜੋੜ ਲਏ ਹਨ। ਦੂਜਾ ਮੈਚ ਪੂਲ ਬੀ ਵਿੱਚ ਭਾਰਤੀ ਰੇਲਵੇ ਦਿੱਲੀ ਅਤੇ ਆਰਮੀ ਇਲੈਵਨ ਦਰਮਿਆਨ ਖੇਡਿਆ ਗਿਆ। ਅੱਧੇ ਸਮੇਂ ਤੱਕ ਦੋਵੇਂ ਟੀਮਾਂ ਬਿਨ੍ਹਾਂ ਕਿਸੇ ਗੋਲ ਦੇ ਬਰਾਬਰੀ ਤੇ ਸਨ। ਖੇਡ ਦੇ ਤੀਜੇ ਕਵਾਰਟਰ ਦੇ 35ਵੇਂ ਮਿੰਟ ਵਿੱਚ ਰੇਲਵੇ ਦੇ ਪਰਮਪ੍ਰੀਤ ਸਿੰਘ ਨੇ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਸਕੋਰ 1-0 ਕੀਤਾ। ਖੇਡ ਦੇ 39ਵੇਂ ਮਿੰਟ ਵਿੱਚ ਆਰਮੀ ਦੇ ਰਾਹੁਲ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 1-1 ਕੀਤਾ। ਖੇਡ ਦੇ45ਵੇਂ ਮਿੰਟ ਵਿੱਚ ਆਰਮੀ ਦੇ ਹਰਮਨ ਸਿੰਘ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 2-1 ਕੀਤਾ। 55ਵੇਂ ਮਿੰਟ ਵਿੱਚ ਰੇਲਵੇ ਦੇ ਪਰਮਪ੍ਰੀਤ ਸਿੰਘ ਨੇ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਬਰਾਬਰੀ ਕੀਤੀ। 56ਵੇਂ ਮਿੰਟ ਵਿੱਚ ਆਰਮੀ ਦੇ ਹਰਮਨ ਸਿੰਘ ਨੇ ਮੈਦਾਨੀ ਗੋਲ ਕਰਕੇ ਸਕੋਰ 3-2 ਕੀਤਾ। 57ਵੇਂ ਮਿੰਟ ਵਿੱਚ ਰੇਲਵੇ ਦੇ ਪਰਮਪ੍ਰੀਤ ਸਿੰਘ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 3-3 ਕੀਤਾ ਅਤੇ ਆਪਣੀ ਹੈਟ੍ਰਿਕ ਪੂਰੀ ਕੀਤੀ। ਮੈਚਾਂ ਦੇ ਮੁੱਖ ਮਹਿਮਾਨ ਸੁਖਦੇਵ ਸਿੰਘ ਏਜੀਆਈ ਅਤੇ ਉਲੰਪੀਅਨ ਬਲਵਿੰਦਰ ਸ਼ੰਮੀ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ 'ਤੇ ਨਰਿੰਦਰ ਪਾਲ ਸਿੰਘ ਜੱਜ, ਗੌਰਵ ਅਗਰਵਾਲ, ਰਣਦੀਪ ਗੁਪਤਾ, ਰਣਬੀਰ ਸਿੰਘ ਰਾਣਾ ਟੁੱਟ, ਸੁਰਿੰਦਰ ਸਿੰਘ ਭਾਪਾ, ਰਾਮ ਪ੍ਰਤਾਪ,ਐਲ ਆਰ ਨਈਅਰ, ਟੂਰਨਾਮੈਂਟ ਡਾਇਰੈਕਟਰ ਹਰਿੰਦਰ ਸਿੰਘ ਸੰਘਾ, ਅੰਪਾਇਰ ਮੈਨੇਜਰ ਗੁਰਿੰਦਰ ਸਿੰਘ ਸੰਘਾ, ਪ੍ਰੋਫੈਸਰ ਬਲਵਿੰਦਰ ਸਿੰਘ, ਹਰਕਮਲ ਸਿੰਘ, ਸ਼ੁਸ਼ੀਲ ਕੁਮਾਰ ਕਸਟਮਜ਼, ਜਸਵਿੰਦਰ ਸਿੰਘ, ਸੁਨੀਲ਼ ਚੋਪੜਾ, ਵਰਿੰਦਰ ਮਲਿਕ, ਵਰਿੰਦਰਪ੍ਰੀਤ ਸਿੰਘ, ਝਿਲਮਨ ਸਿੰਘ ਮਾਨ, ਨੱਥਾ ਸਿੰਘ ਗਾਖਲ, ਮਨਜੀਤ ਸਿੰਘ ਢੱਲ, ਪ੍ਰਵੀਨ ਗੁਪਤਾ, ਗੁਰਚਰਨ ਸਿੰਘ ਏਅਰ ਇੰਡੀਆ,ਰਮਣੀਕ ਰੰਧਾਵਾ, ਲਖਵਿੰਦਰ ਪਾਲ ਸਿੰਘ ਖਹਿਰਾ, ਲਖਬੀਰ ਸਿੰਘ ਨਾਰਵੇ, ਰਵਿੰਦਰ ਸਿੰਘ ਪੁਆਰ ਯੂਕੇ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਕੰਪਿਊਟਰ ਅਧਿਆਪਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ 'ਚ ਪੰਜਾਬ ਸਰਕਾਰ ਦੀ ਅਰਥੀ ਫੂਕੀ



**ਸੰਗਰੂਰ (ਪ੍ਰਵੀਨ ਸਿੰਘ)**

ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ 29 ਅਕਤੂਬਰ ਨੂੰ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਕੁੰਭਕਰਨੀ ਨੀਂਦ ਸੁੱਤੀ ਹੋਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਜਗਾਉਣ ਲਈ ਕੰਪਿਊਟਰ ਅਧਿਆਪਕ ਇੱਕਤਰ ਹੋਏ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ, ਜਿਸ 'ਤੇ ਮੌਜੂਦਾ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸਨ ਵਲੋਂ ਕੰਪਿਊਟਰ ਅਧਿਆਪਕਾਂ 'ਤੇ ਲਾਠੀਚਾਰਜ ਕੀਤਾ ਅਤੇ ਕੰਪਿਊਟਰ ਅਧਿਆਪਕਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ। ਜਿਸ ਦੌਰਾਨ ਕਈ ਅਧਿਆਪਕਾਂ ਦੀ ਪੱਗਾਂ ਵੀ ਉਤਾਰੀਆਂ ਗਈਆਂ ਅਤੇ ਮਹਿਲਾ ਅਧਿਆਪਕਾਂ ਨਾਲ ਦੁਰਵਿਵਹਾਰ ਕੀਤਾ ਗਿਆ। ਪੰਜਾਬ ਸਰਕਾਰ ਦੀ ਇਸ ਗੈਰ ਮਾਨਵੀ ਅਤੇ ਨਾਦਰਸ਼ਾਹੀ ਕਾਰਵਾਈ ਦੀ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਨਿਖੇਧੀ ਕਰਦੀ ਹੈ । ਸਰਕਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਦਮਨ ਨਾਲ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਪੰਜਾਬ ਸਰਕਾਰ ਦੇ ਇਸ ਦਮਨ ਦੇ ਵਿਰੋਧ ਵਿੱਚ ਜ਼ਿਲ੍ਹਾ ਪ੍ਰਧਾਨ ਜਗਦੀਸ਼ ਸ਼ਰਮਾ ਅਤੇ ਜ਼ਿਲ੍ਹਾ ਸੰਗਰੂਰ ਹੈਡਕੁਆਰਟਰ 'ਤੇ ਕੰਪਿਊਟਰ ਅਧਿਆਪਕ ਇਕੱਤਰ ਹੋ ਕੇ ਪੰਜਾਬ ਸਰਕਾਰ ਦੀਆਂ ਕੰਪਿਊਟਰ ਅਧਿਆਪਕ ਵਿਰੋਧੀ ਨੀਤੀਆਂ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ, ਨਾਲ ਹੀ ਪੰਜਾਬ ਸਰਕਾਰ ਤੇ ਆਲ੍ਹਾ ਅਧਿਆਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਜੇਕਰ ਪੰਜਾਬ ਸਰਕਾਰ ਕੰਪਿਊਟਰ ਅਧਿਆਪਕਾਂ ਨਾਲ ਕੀਤਾ ਵਾਅਦਾ "6ਵਾਂ ਪੇਅ ਕਮਿਸ਼ਨ ਅਤੇ ਪੰਜਾਬ ਸਿਵਲ ਸਰਵਿਸ ਨਿਯਮ ਪੂਰਨ ਰੂਪ ਵਿੱਚ ਕੰਪਿਊਟਰ ਤੇ ਲਾਗੂ ਕਰਨ" ਆਉਣ ਦਿਨਾਂ ਵਿੱਚ ਪੂਰਾ ਨਹੀਂ ਕੀਤਾ ਜਾਂਦਾ ਤਾਂ 11 ਨਵੰਬਰ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ ਪੰਜਾਬ ਸਰਕਾਰ ਦੇ ਰਾਜਨੀਤਿਕ ਤੇ ਸਰਕਾਰੀ ਫੰਕਸ਼ਨਾਂ ਵਿੱਚ ਘੁਸਪੈਠ ਕਰਕੇ ਕੰਪਿਊਟਰ ਅਧਿਆਪਕਾਂ ਨਾਲ ਕੀਤੇ ਵਿਧਾਇਕਾਂ ਵਾਅਦੇ , ਗਰੰਟੀ ਪੱਤਰ ਅਤੇ ਨਿਯੁਕਤੀ ਪੱਤਰਾਂ ਨੂੰ ਲੋਕਾਂ ਸਾਹਮਣੇ ਉਜਾਗਰ ਕੀਤਾ ਜਾਵੇਗਾ।

# ਐਥਲੈਟਿਕ ਮੁਕਾਬਲਿਆਂ 'ਚ ਆਦਰਸ਼ ਸਕੂਲ ਖੰਭਾ ਦਾ ਨਾਂਅ ਚਮਕਿਆ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਸਿੱਖਿਆ ਤੇ ਖੇਡਾਂ ਦੇ ਖੇਤਰ ਵਿੱਚ ਮੋਹਰੀ ਸੰਸਥਾ ਵਜੋਂ ਜਾਣੇ ਜਾਂਦੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਖੰਭਾ ਦੇ ਵਿਦਿਆਰਥੀਆਂ ਨੇ ਬਿਲਾਸਪੁਰ ਵਿਖੇ ਹੋਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਜਿਸ ਦੌਰਾਨ 1500 ਮੀਟਰ ਦੌੜ ਦੇ ਵਿੱਚ ਅਮਨਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ, 400 ਮੀਟਰ ਦੌੜ ਦੇ ਵਿੱਚ ਪ੍ਰਵੀਨ ਕੌਰ ਨੇ ਦੂਸਰਾ ਸਥਾਨ, ਜੰਪ ਦੇ ਵਿੱਚ ਗੁਰਵੀਰ ਸਿੰਘ ਨੇ ਦੂਜਾ ਸਥਾਨ ਕੀਤਾ ਹੈ। 500 ਮੀਟਰ ਦੌੜ ਦੇ ਵਿੱਚ ਹੀਰਾ ਸਿੰਘ ਨੇ ਤੀਸਰਾ ਤੇ ਕਰਾਸ ਕੰਟਰੀ 'ਚ ਹੀਰਾ ਸਿੰਘ, ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ ਤੇ ਰਮਨ ਕੁਮਾਰ ਨੇ ਸੂਬਾ ਪੱਧਰੀ ਮੁਕਾਬਲਿਆਂ ਲਈ ਆਪਣਾ ਨਾਮ ਦਰਜ ਕਰਾਇਆ। ਇਸ ਤੋਂ ਪਹਿਲਾਂ ਜ਼ੋਨ ਪੱਧਰ ਮੁਕਾਬਲਿਆਂ 'ਚ ਖਿਡਾਰੀਆਂ ਵੱਲੋਂ 25 ਮੈਡਲ ਪ੍ਰਾਪਤ ਕੀਤੇ ਗਏ ਸਨ।

ਪ੍ਰਿੰਸੀਪਲ ਮਨਿੰਦਰ ਕੌਰ ਨੇ ਖਿਡਾਰੀਆਂ ਦਾ ਹੌਸਲਾ ਵਧਾਉਂਦਿਆਂ ਕਿਹਾ ਕਿ ਸਾਨੂੰ ਆਪਣੇ ਸਕੂਲ ਦੇ ਵਿਦਿਆਰਥੀਆਂ ਤੇ ਮਾਣ ਮਹਿਸੂਸ ਹੁੰਦਾ ਹੈ ਜਿਨ੍ਹਾਂ ਨੇ ਖੇਡਾਂ ਦੇ ਖੇਤਰ ਵਿੱਚ ਲਾਮਿਸਾਲ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਆਦਰਸ ਸਕੂਲ ਖੰਭਾ ਦਾ ਇੱਕੋ ਇੱਕ ਟੀਚਾ ਬੱਚਿਆਂ ਨੂੰ ਚੰਗੀ ਸਿੱਖਿਆ ਦੇ ਨਾਲ ਨਾਲ ਖੇਡਾਂ ਦੇ ਵਿੱਚ ਵੀ ਨਿਪੁੰਨ ਕਰਨਾ ਹੈ। ਸਾਨੂੰ ਉਮੀਦ ਹੈ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਰ ਖੇਤਰ ਦੇ ਵਿੱਚ ਉੱਚੀਆਂ ਬੁਲੰਦੀਆਂ ਨੂੰ ਛੂਹਣਗੇ।

# ਰਾਜ ਪੱਧਰੀ ਟੂਰਨਾਮੈਂਟ 'ਚ ਜ਼ਿਲ੍ਹੇ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਬਰਨਾਲਾ (ਰਾਜਿੰਦਰ ਬਰਾੜ)**-ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਜ਼ਿਲ੍ਹਾ ਬਰਨਾਲਾ ਦਾ ਸੂਬਾ ਪੱਧਰੀ ਗੇਮਾਂ 'ਚ ਸ਼ਾਨਦਾਰ ਪ੍ਰਦਰਸ਼ਨ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੂਨਮਦੀਪ ਕੌਰ ਡਿਪਟੀ ਕਮਿਸ਼ਨਰ ਬਰਨਾਲਾ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਰਾਜ ਪੱਧਰੀ ਟੂਰਨਾਮੈਂਟ ਤਹਿਤ ਕਿੱਕ ਬਾਕਸਿੰਗ ਲੜਕੇ/ਲੜਕੀਆਂ ਜੋ ਕਿ 10 ਅਕਤੂਬਰ ਤੋਂ 15 ਅਕਤੂਬਰ ਨੂੰ ਐੱਸ.ਏ.ਐੱਸ. ਨਗਰ ਮੋਹਾਲੀ ਵਿਖੇ ਹੋਏ, ਇਨ੍ਹਾਂ ਖੇਡਾਂ ਵਿੱਚ ਬਰਨਾਲੇ ਜ਼ਿਲ੍ਹੇ ਦੇ ਖਿਡਾਰੀਆਂ ਨੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਵੱਖ-ਵੱਖ ਤਰ੍ਹਾਂ ਦੇ ਮੈਡਲ ਪ੍ਰਾਪਤ ਕੀਤੇ। ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ ਅਤੇ ਕੋਚ ਜਸਪ੍ਰੀਤ ਸਿੰਘ ਢੀਂਡਸਾ (ਜੱਸੀ ਬਾਕਸਰ) ਨੇ ਦੱਸਿਆ ਕਿ ਕਿੱਕ ਲਾਈਟ ਵਿੱਚ ਭਾਰ ਵਰਗ 94 ਕਿੱਲੋ ਅੰਡਰ-21 ਵਿੱਚ ਅਕਾਸ਼ਦੀਪ ਸਿੰਘ ਨੇ ਗੋਲਡ, ਫੁੱਲ ਕਨੈਕਟ ਭਾਰ ਵਰਗ 91 ਕਿੱਲੋ ਅੰਡਰ-21 ਤੋਂ 40 ਵਿੱਚ ਸਨੀ ਕੁਮਾਰ ਨੇ ਗੋਲਡ, ਇਸੇ ਈਵੈਂਟ ਦੇ ਭਾਰ ਵਰਗ 70 ਕਿੱਲੋ ਅੰਡਰ-21 ਵਿੱਚ ਪੂਜਾ ਰਾਣੀ ਨੇ ਸਿਲਵਰ, ਭਾਰ ਵਰਗ 51 ਕਿੱਲੋ ਅੰਡਰ-21 ਤੋਂ 40 ਵਿੱਚ ਗੁਰਪ੍ਰੀਤ ਸਿੰਘ ਨੇ ਬਰਾਊਂਜ਼, ਲਾਈਟ ਕਨੈਕਟ ਵਿੱਚ ਭਾਰ ਵਰਗ 63 ਕਿੱਲੋ ਅੰਡਰ-21 ਵਿੱਚ ਹਰਸ਼ਪ੍ਰੀਤ ਸਿੰਘ ਨੇ ਗੋਲਡ। ਇਸੇ ਈਵੈਂਟ ਦੇ ਭਾਰ ਵਰਗ 89 ਕਿੱਲੋ ਅੰਡਰ-21 ਵਿੱਚ ਇੰਦਰਵੀਰ ਸਿੰਘ ਬਰਾੜ ਨੇ ਗੋਲਡ ਮੈਡਲ ਜਿੱਤੇ। ਇਸੇ ਤਰ੍ਹਾਂ ਭਾਰ ਵਰਗ 63 ਕਿੱਲੋ ਅੰਡਰ-21 ਤੋਂ 40 ਵਿੱਚ ਜਗਜੀਤ ਸਿੰਘ ਨੇ ਗੋਲਡ, ਭਾਰ ਵਰਗ 46 ਕਿੱਲੋ ਅੰਡਰ-17 ਵਿੱਚ ਨਵਨੀਤ ਕੌਰ ਨੇ ਗੋਲਡ, ਭਾਰ ਵਰਗ 50 ਕਿੱਲੋ ਅੰਡਰ-21 ਵਿੱਚ ਪਰਦੀਪ ਕੌਰ ਨੇ ਗੋਲਡ, ਭਾਰ ਵਰਗ 55 ਕਿੱਲੋ ਅੰਡਰ-21 ਵਿੱਚ ਮਹਿਰਪ੍ਰੀਤ ਕੌਰ ਨੇ ਗੋਲਡ, ਭਾਰ ਵਰਗ 32 ਕਿੱਲੋ ਅੰਡਰ-14 ਵਿੱਚ ਏਕਮਵੀਰ ਸਿੰਘ ਨੇ ਗੋਲਡ ਭਾਰ ਵਰਗ 57 ਕਿੱਲੋ ਅੰਡਰ-17 ਵਿੱਚ ਗੁਰਨੂਰ ਬਾਵਾ ਨੇ ਸਿਲਵਰ, ਭਾਰ ਵਰਗ 42 ਕਿੱਲੋ ਅੰਡਰ-17 ਵਿੱਚ ਅਰਸ਼ਪ੍ਰੀਤ ਸ਼ਰਮਾ ਨੇ ਬਰਾਊਂਜ, ਭਾਰ ਵਰਗ 52 ਕਿੱਲੋ ਅੰਡਰ-17 ਵਿੱਚ ਹਰਮਨ ਸਿੰਘ ਨੇ ਸਿਲਵਰ, ਪੁਆਇੰਟ ਫਾਈਟ ਵਿੱਚ ਭਾਰ ਵਰਗ 65 ਕਿੱਲੋ ਅੰਡਰ-17 ਵਿੱਚ ਅਨੁਰੀਤ ਕੌਰ ਨੇ ਗੋਲਡ, ਇਸੇ ਈਵੈਂਟ ਦੇ ਭਾਰ ਵਰਗ 37 ਕਿੱਲੋ ਅੰਡਰ-14 ਵਿੱਚ ਦਲਜੀਤ ਕੌਰ ਨੇ ਸਿਲਵਰ, ਭਾਰ ਵਰਗ 55 ਕਿੱਲੋ ਅੰਡਰ-17 ਵਿੱਚ ਮਨਪ੍ਰੀਤ ਕੌਰ ਨੇ ਬਰਾਊਂਜ਼, ਭਾਰ ਵਰਗ 42 ਕਿੱਲੋ ਅੰਡਰ-14 ਵਿੱਚ ਜਸਨੂਰ ਨੇ ਬਰਾਊਂਜ਼, ਭਾਰ ਵਰਗ 69 ਕਿੱਲੋ ਅੰਡਰ-21 ਤੋਂ 40 ਵਿੱਚ ਜਗਜੀਤ ਸਿੰਘ ਨੇ ਬਰਾਊਂਜ ਮੈਡਲ ਜਿੱਤੇ। ਇਸ ਤੋਂ ਇਲਾਵਾ 14 ਅਕਤੂਬਰ ਤੋਂ 17 ਅਕਤੂਬਰ ਤੱਕ ਜੋ ਬਾਕਸਿੰਗ ਮੁਕਾਬਲੇ ਬਠਿੰਡਾ ਵਿਖੇ ਹੋਏ ਉਨ੍ਹਾਂ ਵਿੱਚ ਭਾਰ ਵਰਗ 75-81 ਕਿੱਲੋ ਅੰਡਰ-19 ਵਿੱਚ ਮਨੀਸ਼ਾ ਗਿਰੀ ਨੇ ਗੋਲਡ ਮੈਡਲ ਜਿੱਤਿਆ।

## ਕਾਤਰਾਂ

### ਸਰਦਾਰ ਵੱਲਭ ਭਾਈ ਪਟੇਲ ਦਾ ਜਨਮ ਦਿਹਾੜਾ ਮਨਾਇਆ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਕੇਂਦਰੀ ਵਿਦਿਆਲਿਆ ਉਭਾਵਾਲ ਵਿਖੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦਾ ਜਨਮ ਦਿਹਾੜਾ ਕੌਮੀ ਏਕਤਾ ਦਿਵਸ ਵਜੋਂ ਮਨਾਇਆ ਗਿਆ। ਇਸ ਮੌਕੇ ਭਾਈਚਾਰਕ ਏਕਤਾ ਲਈ ਦੌੜ ਕਰਵਾਈ ਗਈ ਅਤੇ ਪਿੰਡ ਵਿੱਚ ਸਦਭਾਵਨਾ ਰੈਲੀ ਕੱਢੀ ਗਈ। ਪ੍ਰਿੰਸੀਪਲ ਅੰਜਨਾ ਗੰਗਵਾਰ ਨੇ ਰੈਲੀ ਅਤੇ ਦੌੜ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਸਰਦਾਰ ਵੱਲਭ ਭਾਈ ਪਟੇਲ ਦੀ ਜੀਵਨ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਪਣਾ ਜੀਵਨ ਉਨ੍ਹਾਂ ਦੀਆਂ ਸਿੱਖਿਆਵਾਂ ਅਨੁਸਾਰ ਬਤੀਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵਿਕਾਸ ਗੁਪਤਾ, ਰਿੰਕਲ ਗੁਪਤਾ ਅਤੇ ਹੋਰ ਅਧਿਆਪਕ ਵੀ ਹਾਜ਼ਰ ਸਨ।

### ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਮਾਨਸਾ ਰੋਡ ਤੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਾਨਸਾ ਵੱਲੋਂ ਭੀਖੀ ਵੱਲ ਮੋਟਰਸਾਈਕਲ 'ਤੇ ਆ ਰਹੇ ਇੱਕ ਨੌਜਵਾਨ ਅਵਤਾਰ ਸਿੰਘ ਪੁੱਤਰ ਬਿੱਕਰ ਸਿੰਘ ਪਿੰਡ ਧਲੇਵਾ ਦਾ ਮੋਟਰਸਾਇਕਲ ਸਥਾਨਕ ਗਿਆਨ ਰਿਜੋਰਟ ਨੇੜੇ ਜੀਰੀ ਨਾਲ ਭਰੀ ਖੜੀ ਟਰਾਲੀ ਨਾਲ ਟਕਰਾ ਗਿਆ, ਜਿਸ ਵਿੱਚ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਹੈੱਡ ਕਾਂਸਟੇਬਲ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਬਿੱਕਰ ਸਿੰਘ ਦੇ ਬਿਆਨਾਂ 'ਤੇ 174 ਦੀ ਕਾਰਵਾਈ ਕਰਦਿਆਂ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਹੈ।

### ਮੁਕਤਸਰ ਵਿਕਾਸ ਮਿਸ਼ਨ ਪ੍ਰਿਆ ਨੂੰ ਸਨਮਾਨਿਤ ਕਰੇਗਾ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਬੀ.ਐਂਡ.ਆਰ. ਵਿਭਾਗ ਵਿਚੋਂ ਸੇਵਾ ਮੁਕਤ ਜੇ. ਈ. ਦਿਆਲ ਚੰਦ ਦੀ ਹੋਣਹਾਰ ਸਪੁੱਤਰੀ ਪ੍ਰਿਆ ਰਾਣੀ ਪਿਛਲੇ ਦਿਨੀਂ ਹੋਈ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੀ ਪ੍ਰੀਖਿਆ ਵਿਚ ਬਤੌਰ ਨਾਇਬ ਤਹਿਸੀਲਦਾਰ ਚੁਣੀ ਗਈ ਹੈ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਦੇ ਪ੍ਰਧਾਨ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਸਮੇਤ ਜਗਦੀਸ਼ ਚੰਦਰ ਧਵਾਲ, ਡਾ. ਸੁਰਿੰਦਰ ਗਿਰਧਰ, ਪ੍ਰਦੀਪ ਧੂੜੀਆ, ਡਾ. ਸੰਜੀਵ ਮਿੱਡਾ, ਡਾ. ਜਸਵਿੰਦਰ ਸਿੰਘ, ਗੁਰਪਾਲ ਪਾਲੀ, ਰਾਮ ਸਿੰਘ ਪੱਪੀ ਸਾਬਕਾ ਕੌਂਸਲਰ, ਇੰਦਰਜੀਤ ਕੌਰ ਕੌਂਸਲਰ, ਰਾਜਿੰਦਰ ਖੁਰਾਣਾ ਅਤੇ ਚੌ. ਬਲਬੀਰ ਸਿੰਘ ਸਮੇਤ ਸਮੂਹ ਆਗੂਆਂ ਤੇ ਮੈਂਬਰਾਂ ਨੇ ਨਵ-ਨਿਯੁਕਤ ਨਾਇਬ ਤਹਿਸੀਲਦਾਰ ਪ੍ਰਿਆ ਰਾਣੀ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ ਹੈ। ਮਿਸ਼ਨ ਮੁੱਖੀ ਪ੍ਰਧਾਨ ਢੋਸੀਵਾਲ ਨੇ ਦੱਸਿਆ ਹੈ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਮਿਤੀ 02 ਨਵੰਬਰ ਵੀਰਵਾਰ ਨੂੰ ਬਾਅਦ ਦੁਪਹਿਰ 3:00 ਵਜੇ ਸਥਾਨਕ ਬਠਿੰਡਾ-ਮਲੋਟ ਬਾਈਪਾਸ ਰੋਡ ਸਥਿਤ ਗਰੀਨ ਕਲੋਨੀ ਦੀ ਗਲੀ ਨੰ: ਚਾਰ ਵਿਚਲੇ ਦਿਆਲ ਚੰਦ ਜੇ.ਈ. ਦੇ ਗ੍ਰਹਿ ਵਿਖੇ ਨਵ-ਨਿਯੁਕਤ ਨਾਇਬ ਤਹਿਸੀਲਦਾਰ ਪ੍ਰਿਆ ਰਾਣੀ ਨੂੰ ਮਿਲ ਕੇ ਵਧਾਈ ਦਿੱਤੀ ਜਾਵੇਗੀ।

### ਸ਼ੈਲਰ ਮਾਲਕਾਂ ਵੱਲੋਂ ਮੈਂਬਰ ਪਾਰਲੀਮੈਂਟ ਅਮਰ ਸਿੰਘ ਦਾ ਸਨਮਾਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਦਾਣਾ ਮੰਡੀ ਵਿਖੇ ਸ਼ੈਲਰ ਮਾਲਕਾਂ ਵਲੋਂ ਸੰਸਦ ਮੈਂਬਰ ਡਾ. ਅਮਰ ਸਿੰਘ ਬੋਪਾਰਾਏ ਦਾ ਉਨ੍ਹਾਂ ਦੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਕੇਂਦਰ ਸਰਕਾਰ ਤੱਕ ਪਹੁੰਚਾਉਣ ਲਈ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸ਼ੈਲਰ ਮਾਲਕ ਹੁਸਨ ਲਾਲ ਮੜਕਨ ਦੀ ਅਗਵਾਈ ਹੇਠ ਇਲਾਕੇ ਦੇ ਸਮੂਹ ਮਿਲਰਾਂ ਵਲੋਂ ਡਾ. ਅਮਰ ਸਿੰਘ ਨੂੰ ਗੁਰੂ ਸਾਹਿਬ ਦਾ ਚਿੱਤਰ ਦੇ ਕੇ ਸਨਮਾਨਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ੈਲਰ ਮਾਲਕ ਹੁਸਨ ਲਾਲ ਮੜਕਨ ਨੇ ਕਿਹਾ ਕਿ ਪੰਜਾਬ ਦੇ ਇੱਕੋ-ਇੱਕ ਸੰਸਦ ਮੈਂਬਰ ਡਾ. ਅਮਰ ਸਿੰਘ ਜਿਨ੍ਹਾਂ ਨੇ ਸੂਬੇ ਦੇ ਹਜ਼ਾਰਾਂ ਸ਼ੈਲਰ ਮਾਲਕਾਂ ਦੀ ਮੰਗ ਨੂੰ ਕੇਂਦਰ ਸਰਕਾਰ ਤੱਕ ਪਹੁੰਚਾ ਕੇ ਵੱਡੀ ਰਾਹਤ ਦਿਵਾਉਣ ਦਾ ਉਪਰਾਲਾ ਕੀਤਾ ਜੋ ਕਿ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਝੋਨੇ ਦੀ ਪਿੜਾਈ ਵਿਚ ਫੋਰਟੀਫਾਇਡ ਰਾਈਸ ਸਬੰਧੀ ਜੋ ਘਾਤਕ ਨਿਯਮ ਬਣਾਏ ਹਨ ਉਸ ਨਾਲ ਸ਼ੈਲਰ ਉਦਯੋਗ ਤਬਾਹ ਹੋ ਜਾਵੇਗਾ ਪਰ ਸੰਸਦ ਮੈਂਬਰ ਅਮਰ ਸਿੰਘ ਨੇ ਕੇਂਦਰ ਸਰਕਾਰ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿਚ ਸਾਰਾ ਮਾਮਲਾ ਲਿਆਂਦਾ ਜਿਸ ਨਾਲ ਮਿਲਰਜ਼ ਦੇ ਨਾਲ-ਨਾਲ ਕਿਸਾਨਾਂ ਤੇ ਆੜ੍ਹਤੀਆਂ ਦੀਆਂ ਵੀ ਵੱਡੀ ਸਮੱਸਿਆ ਹੱਲ ਹੋਵੇਗੀ।

# ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ-ਭਾਵਨਾ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਪ੍ਰਬੰਧਕਾਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਗੁਰਬਖ਼ਸ਼ ਸਿੰਘ ਨੇ ਦੱਸਿਆ ਕਿ ਸਵੇਰੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਹਜ਼ੂਰੀ ਰਾਗੀ ਜਥੇ. ਭਾਈ ਭੁਪਿੰਦਰ ਸਿੰਘ, ਰਵਿੰਦਰ ਸਿੰਘ, ਮਨਜੋਤ ਸਿੰਘ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਉਪਰੰਤ ਸੁਖਮਨੀ ਸਾਹਿਬ ਦੀ ਚੱਲ ਰਹੀ ਲੜੀ ਦੇ ਵੀ ਭੋਗ ਪਾਏ ਗਏ। ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਤੌਰ 'ਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਪਹੁੰਚੇ ਪੰਥ ਦੇ ਮਹਾਨ ਕੀਰਤਨੀਏ ਭਾਈ ਰਾਮ ਸਿੰਘ ਦੇ ਜਥੇ ਵਲੋਂ ਬਹੁਤ ਹੀ ਰਸਭਿੰਨਾ ਕੀਰਤਨ ਕੀਤਾ ਗਿਆ। ਉਨ੍ਹਾਂ ਇਸ ਸਮਾਗਮ ਮੌਕੇ ਕੀਰਤਨ ਦੇ ਨਾਲ-ਨਾਲ ਸ੍ਰੀ ਗੁਰੂ ਰਾਮਦਾਸ ਜੀ ਦੀ ਜੀਵਨੀ ਦਾ ਕਥਾ ਪ੍ਰਵਾਹ ਵੀ ਚਲਾਇਆ। ਇਸ ਤੋਂ ਇਲਾਵਾ ਹੋਰ ਵੀ ਕਈ ਰਾਗੀ, ਢਾਡੀ ਜਥਿਆਂ ਵਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਅਖੀਰ ਵਿਚ ਹਜ਼ੂਰੀ ਕਥਾਵਾਚਕ ਭਾਈ ਇਕਨਾਮ ਸਿੰਘ ਵਲੋਂ ਵੀ ਕਥਾ ਦੀ ਹਾਜ਼ਰੀ ਲਗਾਈ ਗਈ। ਮੈਨੇਜਰ ਨੇ ਦੱਸਿਆ ਕਿ ਸੰਗਤਾਂ ਵਲੋਂ ਜਿੱਥੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕੀਤਾ ਗਿਆ ਉੱਥੇ ਇਤਿਹਾਸਕ ਜੰਡ ਸਾਹਿਬ ਤੇ ਖੂਹ ਸਾਹਿਬ ਦੇ ਵੀ ਦਰਸ਼ਨ ਕੀਤੇ ਗਏ। ਪ੍ਰਬੰਧਕਾਂ ਵਲੋਂ ਵਿਸ਼ੇਸ਼ ਤੌਰ 'ਤੇ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਰਣਜੀਤ ਸਿੰਘ ਮੰਗਲੀ, ਹਰਜਤਿੰਦਰ ਸਿੰਘ ਬਾਜਵਾ, ਇੰਸਪੈਕਟਰ ਜਗਤਾਰ ਸਿੰਘ, ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਜਸਵੀਰ ਸਿੰਘ ਢਿੱਲੋਂ, ਹਰਜਿੰਦਰ ਸਿੰਘ ਗਿੱਲ, ਜਸਵੀਰ ਸਿੰਘ ਗਿੱਲ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਬਾਬਾ ਬਲਜੀਤ ਸਿੰਘ ਬੁਰਜ, ਨਿਗਰਾਨ ਪਰਮਿੰਦਰ ਸਿੰਘ ਪੰਮਾ, ਅਕਾਊਂਟੈਂਟ ਸੁਖਦੇਵ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਗੁਲਜ਼ਾਰ ਸਿੰਘ ਸਟੋਰ ਕੀਪਰ, ਰਿਕਾਰਡ ਕੀਪਰ ਭੁਪਿੰਦਰ ਸਿੰਘ, ਗ੍ਰੰਥੀ ਗੁਰਪ੍ਰੀਤ ਸਿੰਘ ਆਦਿ ਵੀ ਮੌਜੂਦ ਸਨ।

# ਸਹਿਜੜਾ ਦੀਆਂ ਸਾਂਝੀਆਂ ਥਾਵਾਂ 'ਤੇ 20 ਬੈਂਚ ਰਖਵਾਏ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਵੱਲੋਂ ਪਿੰਡ ਸਹਿਜੜਾ ਦੇ ਲੋਕਾਂ ਦੀ ਸਹੂਲਤ ਲਈ ਭੇਜੇ 20 ਬੈਂਚ ਪਾਰਟੀ ਆਗੂਆਂ ਤੇ ਪਿੰਡ ਦੇ ਪਤਵੰਤਿਆਂ ਦੀ ਹਾਜ਼ਰੀ ਵਿੱਚ ਪਿੰਡ ਦੀਆਂ ਵੱਖ-ਵੱਖ ਜਨਤਕ ਥਾਵਾਂ 'ਤੇ ਰੱਖਵਾਏ ਗਏ। ਆਗੂਆਂ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਵੱਲੋਂ ਵੱਖ-ਵੱਖ ਜਨਤਕ ਥਾਵਾਂ ਤੇ ਬੈਠਣ ਦੀ ਸਹੂਲਤ ਲਈ ਐੱਮ. ਪੀ. ਮਾਨ ਨੂੰ ਬੈਂਚਾਂ ਦੀ ਮੰਗ ਕੀਤੀ ਗਈ ਸੀ, ਜਿਸ ਨੂੰ ਪੂਰਾ ਕਰਦੇ ਹੋਏ ਉਨ੍ਹਾਂ ਪਿੰਡ ਦੀਆਂ ਵੱਖ-ਵੱਖ ਜਨਤਕ ਥਾਵਾਂ ਲਈ 20 ਬੈਂਚ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਐੱਮ. ਪੀ. ਮਾਨ ਨੂੰ ਆਪਣੇ ਹਲਕੇ ਦੀ ਭਲਾਈ ਲਈ ਆਮ ਨਾਲੋਂ ਕਰੀਬ 2 ਕਰੋੜ 35 ਲੱਖ ਰੁਪਏ ਦੀ ਵਾਧੂ ਗ੍ਰਾਂਟ ਵੀ ਮਿਲੀ ਹੈ, ਜਦੋਂਕਿ ਜ਼ਿਆਦਾਤਰ ਮੈਂਬਰ ਪਾਰਲੀਮੈਂਟ ਆਪਣੇ ਨਿਰਧਾਰਿਤ ਫੰਡ ਵੀ ਵਿਕਾਸ ਕਾਰਜਾਂ ਲਈ ਸਮੇਂ ਰਹਿੰਦੇ ਨਹੀਂ ਵੰਡਦੇ ਅਤੇ ਵਿਕਾਸ ਕਾਰਜਾਂ ਲਈ ਉਨ੍ਹਾਂ ਦੇ ਕੋਟੇ ਵਿੱਚ ਆਉਣ ਵਾਲੀਆਂ ਗ੍ਰਾਂਟਾਂ ਵਾਪਸ ਚਲੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਸ. ਮਾਨ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸਮੁੱਚੇ ਹਲਕੇ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਹਮੇਸ਼ਾ ਯਤਨਸ਼ੀਲ ਹਨ।

# ਨਹਿਰ 'ਚ ਡਿੱਗਣ ਨਾਲ ਪਤਨੀ ਦੀ ਮੌਤ, ਪਤੀ ਬਚਾਇਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਜੋਗੇਵਾਲਾ ਦੇ ਨਜ਼ਦੀਕ ਭਾਖੜਾ ਨਹਿਰ ਦੇ ਪੁਲ ਕੋਲ ਬੇਕਾਬੂ ਹੋ ਕੇ ਇੱਕ ਮੋਟਰਸਾਈਕਲ ਭਾਖੜਾ ਨਹਿਰ ਵਿੱਚ ਡਿੱਗ ਗਿਆ। ਘਟਨਾ ਦੌਰਾਨ ਮੋਟਰਸਾਈਕਲ ਉਤੇ ਸਵਾਰ ਪਤੀ-ਪਤਨੀ ਨਹਿਰ ਦੇ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹ ਗਏ। ਇਸ ਦੌਰਾਨ ਸਰਕਾਰੀ ਐਲੀਮੈਂਟਰੀ ਸਕੂਲ ਸ਼ੁਤਰਾਣਾ ਵਿੱਚ ਛੁੱਟੀ ਕਰਕੇ ਆਪਣੇ ਘਰ ਪਰਤ ਰਹੇ ਅਧਿਆਪਕ ਅਤੇ ਇੱਕ ਹੋਰ ਰਾਹਗੀਰ ਵੱਲੋਂ ਆਪਣੀਆਂ ਜਾਨਾਂ ਦੀ ਪ੍ਰਵਾਹ ਕੀਤੇ ਬਿਨਾਂ ਨਹਿਰ ਵਿੱਚ ਛਾਲ ਮਾਰ ਕੇ ਪਤੀ ਪਤਨੀ ਨੂੰ ਕੱਢ ਲਿਆ ਗਿਆ। ਇਸ ਵਾਪਰੀ ਘਟਨਾ ਵਿੱਚ ਸਰਕਾਰੀ ਸਕੂਲ ਵਿੱਚ ਬਤੌਰ ਕੁੱਕ ਕੰਮ ਕਰਦੀ ਔਰਤ ਮੌਤ ਦੇ ਮੂੰਹ ਵਿੱਚ ਜਾ ਪਈ ਜਦੋਂਕਿ ਉਸਦੇ ਪਤੀ ਨੂੰ ਬਚਾਅ ਲਿਆ ਗਿਆ। ਜਾਣਕਾਰੀ ਅਨੁਸਾਰ ਖਨੌਰੀ ਕਲਾਂ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ ਚੱਲਦੇ ਮਿਡ ਡੇ ਮੀਲ ਵਿੱਚ ਬਤੌਰ ਕੰਮ ਕਰਦੀ ਨਿਰਮਲ ਕੌਰ ਆਪਣੇ ਪਤੀ ਦਵਿੰਦਰ ਸਿੰਘ ਨਾਲ ਮੋਟਰਸਾਈਕਲ ਉਤੇ ਖਨੌਰੀ ਤੋਂ ਪਾਤੜਾਂ ਨੂੰ ਆ ਰਹੇ ਸੀ ਕਿ ਭਾਖੜਾ ਨਹਿਰ ਦੇ ਪੁਲ ਉਤੇ ਬੇਕਾਬੂ ਹੋ ਕੇ ਸਿੱਧਾ ਭਾਖੜਾ ਨਹਿਰ ਵਿੱਚ ਜਾ ਡਿੱਗ ਅਤੇ ਦੋਵੇਂ ਪਤੀ-ਪਤਨੀ ਨਹਿਰ ਦੇ ਤੇਜ਼ ਪਾਣੀ ਵਿੱਚ ਵਹਿ ਗਏ। ਇਸ ਦੌਰਾਨ ਸਰਕਾਰੀ ਐਲੀਮੈਂਟਰੀ ਸਕੂਲ ਸ਼ੁਤਰਾਣਾ ਵਿੱਚ ਪਿਛਲੇ ਕਈ ਸਾਲਾਂ ਤੋਂ ਤਾਇਨਾਤ ਈਟੀਟੀ ਅਧਿਆਪਕ ਸੁਨੀਲ ਕੁਮਾਰ ਸਕੂਲ ਵਿੱਚ ਛੁੱਟੀ ਕਰਕੇ ਆਪਣੇ ਘਰ ਪਰਤ ਰਿਹਾ ਸੀ। ਵਾਪਰੀ ਘਟਨਾ ਦਾ ਪਤਾ ਲੱਗਦਿਆਂ ਹੀ ਉਸਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਪਤੀ-ਪਤਨੀ ਨੂੰ ਬਚਾਉਣ ਲਈ ਨਹਿਰ ਵਿੱਚ ਛਾਲ ਮਾਰ ਦਿੱਤੀ। ਇਸ ਦੌਰਾਨ ਇੱਕ ਹੋਰ ਰਾਹਗੀਰ ਜਸਪਾਲ ਸਿੰਘ ਵਾਸੀ ਸ਼ੁਤਰਾਣਾ ਨੇ ਵੀ ਉਸਦਾ ਸਾਥ ਦਿੰਦਿਆਂ ਨਹਿਰ ਵਿੱਚ ਛਾਲ ਮਾਰ ਕੇ ਮੋਟਰਸਾਈਕਲ ਚਾਲਕ ਨੂੰ ਨਹਿਰ ਵਿੱਚੋਂ ਕੱਢ ਲਿਆ ਪਰ ਘੱਗਰ ਪੁਲ ਉਤੇ ਪਾਣੀ ਦਾ ਵਹਾਅ ਤੇਜ਼ ਹੋਣ ਕਰਕੇ ਉਹ ਔਰਤ ਨੂੰ ਕੱਢਣ ਤੋਂ ਅਸਮਰਥ ਰਹੇ।

ਅਧਿਆਪਕ ਸੁਨੀਲ ਕੁਮਾਰ ਨੇ ਦੱਸਿਆ ਘੱਗਰ ਦਾ ਪੁਲ ਲੰਘ ਜਾਣ ਮਗਰੋਂ ਉਨ੍ਹਾਂ ਨੂੰ ਔਰਤ ਰੁੜ੍ਹੀ ਜਾਂਦੀ ਦਿਖਾਈ ਦਿੱਤੀ ਜਿਸ ਤੇ ਮੌਜੂਦ ਲੋਕਾਂ ਵੱਲੋਂ ਰੱਸਾ ਲਿਆਉਣ ਮਗਰੋਂ ਉਨ੍ਹਾਂ ਦੋਹਾਂ ਨੇ ਮੁੜ ਨਹਿਰ ਵਿੱਚ ਛਾਲਾਂ ਮਾਰ ਕੇ ਔਰਤ ਨੂੰ ਬਾਹਰ ਕੱਢਿਆ। ਨਾਜ਼ੁਕ ਹਾਲਤ 'ਚ ਉਸਨੂੰ ਖਨੌਰੀ ਦੇ ਨਿੱਜੀ ਹਸਪਤਾਲ ਲਿਜਾਇਆ ਗਿਆ ਪਰ ਉਸਨੂੰ ਬਚਾਇਆ ਨਹੀਂ ਜਾ ਸਕਿਆ। ਆਪਣੀਆਂ ਜਾਨਾਂ ਜੋਖਮ ਵਿੱਚ ਪਾ ਕੇ ਦੂਜਿਆਂ ਦੀ ਮਦਦ ਕਰਨ ਵਾਲਿਆਂ ਦੀ ਇਲਾਕੇ ਵਿੱਚ ਚਰਚਾ ਹੈ।

# ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਵੱਲੋਂ ਥਾਣੇ ਅੱਗੇ ਧਰਨਾ ਦੇਣ ਦਾ ਐਲਾਨ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕੀਤੀ ਗਈ ਜੋ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫ਼ੂਵਾਲਾ ਦੀ ਅਗਵਾਈ ਹੇਠ ਹੋਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰੈੱਸ ਸਕੱਤਰ ਜਸਮੇਰ ਸਿੰਘ ਰਾਜੇ ਵਾਲਿਆਂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਧਰਮਕੋਟ ਬਲਾਕ ਅਧੀਨ ਆਉਂਦੇ ਪਿੰਡ ਕਾਦਰ ਵਾਲਾ 'ਚ ਸੁਰਜੀਤ ਔਰ ਪਤਨੀ ਪ੍ਰੀਤਮ ਸਿੰਘ ਦੇ ਸਪੁੱਤਰ ਸਾਬਕਾ ਫੌਜੀ ਜੋਗਾ ਸਿੰਘ ਦੇ ਘਰ ਵਿੱਚ ਅਸਲੇ ਨਾਲ ਲੈਸ ਹੋ ਕੇ 20 ਤੋਂ 25 ਅਣਪਛਾਤੇ ਬੰਦਿਆਂ ਨੂੰ ਨਾਲ ਲੈ ਕੇ ਕਾਦਰ ਵਾਲਾ ਪਿੰਡ ਦੇ ਹੀ ਵਸਨੀਕ ਸਵਰਨ ਸਿੰਘ ਉਰਫ ਸਾਬਾ ਤੇ ਅੰਗਰੇਜ਼ ਸਿੰਘ ਪੁੱਤਰ ਪ੍ਰੀਤਮ ਸਿੰਘ ਅਤੇ ਉਸਦੇ ਲੜਕੇ ਪ੍ਰਭਜੋਤ ਸਿੰਘ ਨੇ ਸੁਰਜੀਤ ਕੌਰ ਦੇ ਪੁੱਤਰ ਜੋਗਾ ਸਿੰਘ ਦੇ ਘਰ 'ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਘਰ ਦੀ ਭੰਨ-ਤੋੜ ਅਤੇ ਘਰ ਦੇ ਸਾਮਾਨ ਦੀ ਵੀ ਬੁਰੀ ਤਰ੍ਹਾਂ ਨਾਲ ਭੰਨ-ਤੋੜ ਕੀਤੀ. ਇਸ ਸਾਰੀ ਘਟਨਾ ਦੀ ਰਿਪੋਰਟ ਥਾਣਾ ਕੋਟ ਈਸੇ ਖਾਂ ਵਿਖੇ ਦਰਜ ਕਰਵਾਈ ਗਈ ਪਰ ਪੁਲਸ ਪ੍ਰਸ਼ਾਸਨ ਨੇ ਇਸ ਸਬੰਧ ਦੇ ਵਿੱਚ ਕੋਈ ਵੀ ਕਾਰਵਾਈ ਨਹੀਂ ਕੀਤੀ ਸਗੋਂ ਅੰਗਰੇਜ਼ ਸਿੰਘ ਦੇ ਪੁੱਤਰ ਦੀ ਕਿਸੇ ਹੋਰ ਨਾਲ ਪਿੰਡ ਵਿੱਚ ਕਿਸੇ ਹੋਰ ਕਾਰਨ ਨੂੰ ਲੈ ਕੇ ਹੋਈ ਲੜਾਈ ਦਾ ਸਾਰਾ ਇਲਜ਼ਾਮ ਫੌਜੀ ਜੋਗਾ ਸਿੰਘ ਅਤੇ ਉਸ ਦੇ ਪੁੱਤਰ 'ਤੇ ਮੜ੍ਹ ਦਿੱਤਾ ਅਤੇ 26 ਦੀ ਧਾਰਾ ਤਹਿਤ ਪਰਚਾ ਦਰਜ ਕਰ ਦਿੱਤਾ ਜਿਸ ਦੇ ਸੰਬੰਧ ਵਿੱਚ ਕਿਰਤੀ ਕਿਸਾਨ ਯੂਨੀਅਨ ਬਲਾਕ ਧਰਮਕੋਟ ਦਾ ਡੈਪੂਟੇਸ਼ਨ ਹੋਈ ਗਲਤ ਕਾਰਵਾਈ ਦੇ ਮਾਮਲੇ 'ਚ ਐੱਸਐੱਸਪੀ ਮੋਗਾ ਨੂੰ ਮਿਲਿਆ ਅਤੇ ਸਾਰਾ ਮਾਮਲਾ ਐੱਸਐੱਸਪੀ ਮੋਗਾ ਦੇ ਧਿਆਨ ਵਿੱਚ ਵੀ ਲਿਆਂਦਾ ਗਿਆ ਪਰ ਅਜੇ ਤੱਕ ਬੇਕਸੂਰ ਫੌਜੀ ਜੋਗਾ ਸਿੰਘ ਨੂੰ ਨਾ ਤਾਂ ਰਿਹਾਅ ਕੀਤਾ ਗਿਆ ਤੇ ਨਾ ਹੀ ਪੀੜਤ ਪਰਿਵਾਰ ਨੂੰ ਇਨਸਾਫ ਮਿਲਿਆ। ਉਨਾਂ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ। ਇਸ ਕਰਕੇ ਅੱਜ ਜ਼ਿਲ੍ਹਾ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਬੇਕਸੂਰ ਫੌਜੀ ਜੋਗਾ ਸਿੰਘ ਨੂੰ ਰਿਹਾਅ ਨਾ ਕੀਤਾ ਗਿਆ ਤਾਂ ਆਉਂਦੀ ਇੱਕ ਨਵੰਬਰ ਨੂੰ ਥਾਣਾ ਕੋਟ ਈਸੇ ਖਾਂ ਵਿਖੇ ਇੱਕ ਰੋਜ਼ਾ ਧਰਨਾ ਲਗਾਇਆ ਜਾਵੇਗਾ। ਇਸ ਦੌਰਾਨ ਜ਼ਿਲਾ ਆਗੂ ਚਮਕੌਰ ਸਿੰਘ ਰੋਡੇ ਖੁਰਦ, ਖਜਾਨਚੀ ਕੁਲਜੀਤ ਸਿੰਘ ਪੰਡੋਰੀ, ਨਿਰਮਲ ਸਿੰਘ, ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜੇਆਣਾ, ਔਰਤ ਵਿੰਗ ਦੇ ਕਨਵੀਨਰ ਸਿੰਦਰਪਾਲ ਕੌਰ ਰੋਡੇ ਖੁਰਦ, ਯੂਥ ਆਗੂ ਬੇਅੰਤ ਸਿੰਘ ਮੱਲੇਆਣਾ, ਬਲਕਰਨ ਸਿੰਘ ਵੈਰੋਕੇ, ਅਜਮੇਰ ਸਿੰਘ ਛੋਟਾਘਰ, ਸਾਰਜ ਸਿੰਘ, ਮੋਹਨ ਸਿੰਘ ਡਾਲਾ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਹਰਗੁਰਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ। ਪ੍ਰੈਸ ਨੂੰ ਇਹ ਸਾਰੀ ਜਾਣਕਾਰੀ ਬਲਾਕ ਪ੍ਰਧਾਨ ਸਾਰਜ ਸਿੰਘ ਨੇ ਦਿੱਤੀ।



# ਹੋਲੀ ਹਾਰਟ 'ਚ ਵਾਲਮੀਕਿ ਜਯੰਤੀ ਦੀ ਮਹੱਤਤਾ ਬਾਰੇ ਜਾਣੂੰ ਕਰਵਾਇਆ



**ਅਜੀਤਵਾਲ (ਨਛੱਤਰ ਸੰਧੂ)**

ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਵਿਖੇ ਮਹਾਂਰਿਸ਼ੀ ਵਾਲਮੀਕਿ ਜਯੰਤੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਮਹਾਂਰਿਸ਼ੀ ਵਾਲਮੀਕਿ ਜਯੰਤੀ ਦੀ ਮਹੱਹਤਾ ਬਾਰੇ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ ਗਿਆ। ਹਰ ਸਾਲ ਹਿੰਦੂ ਕੈਲੰਡਰ ਦੇ ਅਸ਼ਵਨੀ ਮਹੀਨੇ ਦੀ ਪੰਨਿਆ ਨੂੰ ਮਹਾਂਰਿਸ਼ੀ ਵਾਲਮੀਕਿ ਦਾ ਜਨਮ-ਦਿਨ ਮਨਾਇਆ ਜਾਂਦਾ ਹੈ। ਅਧਿਅਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਮਹਾਂਰਿਸ਼ੀ ਵਾਲਮੀਕਿ ਨੂੰ ਸੰਸਕ੍ਰਿਤ ਦਾ ਆਦੀ ਕਵੀ ਕਿਹਾ ਜਾਂਦਾ ਹੈ। ਹਿੰਦੂ ਮਾਨਤਾਵਾਂ ਦੇ ਮੁਤਾਬਕ ਮਹਾਂਰਿਸ਼ੀ ਵਾਲਮੀਕਿ ਨੇ ਰਾਮਾਇਣ ਦੀ ਰਚਨਾ ਕੀਤੀ ਸੀ। ਸੰਸਕ੍ਰਿਤ ਭਾਸ਼ਾ ਵਿੱਚ ਰਚੇ ਗਏ ਇਸ ਮਹਾਂਕਾਵਿ 'ਚ 24000 ਸ਼ਲੋਕ ਹਨ। ਇਸੇ ਲਈ ਇਸ ਮਹਾਂਕਾਵਿ ਨੂੰ ਵਾਲਮੀਕ ਰਾਮਾਇਣ ਵੀ ਕਿਹਾ ਜਾਂਦਾ ਹੈ। ਇਸ ਮੌਕੇ ਸਕੂਲ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਬੱਚਿਆਂ ਨੂੰ ਸਾਰੇ ਧਰਮਾਂ ਦੀ ਜਾਣਕਾਰੀ ਹੋਣੀ ਲਾਜ਼ਮੀ ਹੈ। ਇਸ ਮੌਕੇ ਸਮੂਹ ਸਕੂਲ ਸਟਾਫ ਦੇ ਨਾਲ ਬੱਚੇ ਹਾਜ਼ਰ ਸਨ।

# ਬਲਧੀਰ ਮਾਹਲਾ ਦੇ ਨਵੇਂ ਗਾਣੇ 'ਤੂੰਬੀ ਮਾਹਲੇ ਦੀ' ਦੀ ਘੁੰਡ ਚੁਕਾਈ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਡੀ.ਆਈ.ਜੀ ਬਠਿੰਡਾ ਰੇਂਜ ਅਜੇ ਮਲੂਜਾ ਨੇ ਅੱਜ ਫਰੀਦਕੋਟ ਪਹੁੰਚ ਕੇ ਬਲਧੀਰ ਮਾਹਲਾ ਦੇ ਨਵੇਂ ਗਾਣੇ "ਤੂੰਬੀ ਮਾਹਲੇ ਦੀ" ਘੁੰਡ ਚੁਕਾਈ ਕੀਤੀ। ਉਨ੍ਹਾਂ ਕਿਹਾ ਕਿ ਸੰਗੀਤ ਰੂਹ ਦੀ ਖੁਰਾਕ ਹੈ। ਅੱਜ ਦੇ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਬਲਧੀਰ ਮਾਹਲਾ ਜਿਹੇ ਸੰਜੀਦਾ ਕਲਾਕਾਰਾਂ ਦੀ ਲੋੜ ਜ਼ਿਆਦਾ ਮਹਿਸੂਸ ਹੁੰਦੀ ਹੈ। ਉਨ੍ਹਾਂ ਕਿਹਾ ਕਿ ਬਲਧੀਰ ਮਾਹਲਾ ਵੱਲੋਂ ਲਿਖੇ ਗਏ ਅਤੇ ਗਾਏ ਗਏ ਗਾਣੇ ਅੱਜ ਲੋਕ ਗੀਤ ਬਣ ਗਏ ਹਨ ਅਤੇ ਕਈ ਸਾਲ ਪਹਿਲਾਂ ਲਿਖਿਆ ਤੇ ਗਾਇਆ ਗਿਆ ਗਾਣਾ "ਕੁੱਕੂ ਰਾਣਾ ਰੋਂਦਾ" ਨੂੰ ਚੇਤੇ ਕਰਦੇ ਉਨ੍ਹਾਂ ਕਿਹਾ ਕਿ ਬਲਧੀਰ ਮਾਹਲਾ ਵੱਲੋਂ ਲਿਖੇ ਗਏ ਗਾਣਿਆਂ ਵਿੱਚ ਵਿਲੱਖਣਤਾ ਹੁੰਦੀ ਹੈ ਜਿਸ ਦੇ ਪਿੱਛੇ ਮਿਹਨਤ ਛੁਪੀ ਹੁੰਦੀ ਹੈ। ਉਨ੍ਹਾਂ ਵੱਲੋਂ ਮਾਲਕ ਟਰਾਲਿਆਂ ਦੇ, ਅੱਖੀਆਂ ਰੋਣਗੀਆਂ, ਯਾਦਾਂ ਪਿਆਰ ਦੀਆਂ ਗੀਤ ਲਿਖੇ ਤੇ ਗਾਏ ਗਏ ਹਨ। ਇਸ ਮੌਕੇ ਬਲਧੀਰ ਮਾਹਲਾ ਨੇ "ਤੂੰਬੀ ਮਾਹਲੇ ਦੀ, ਮਾਂ ਦਿਆਂ ਸੁਰਜਣਾ, ਕੁੱਕੂ ਰਾਣਾ ਰੋਂਦਾ" ਰਾਹੀਂ ਸਰੋਤਿਆਂ ਨੂੰ ਮੰਤਰਮੁਗਧ ਕੀਤਾ। ਉਨ੍ਹਾਂ ਦੱਸਿਆ ਕਿ 4 ਨਵੰਬਰ ਨੂੰ ਇਹ ਗਾਣਾ ਯੂ.ਟਿਊਬ 'ਤੇ ਅਪਲੋਡ ਕੀਤਾ ਜਾਵੇਗਾ। ਮੰਚ ਸੰਚਾਲਨ ਦੀ ਭੂਮਿਕਾ ਪ੍ਰਿੰਸੀਪਲ ਕੁਮਾਰ ਜਗਦੇਵ ਸਿੰਘ ਬਰਾੜ ਵਲੋਂ ਨਿਭਾਈ ਗਈ। ਜਨਿੰਦਰ ਜੈਨ, ਜ਼ਿਲ੍ਹਾ ਭਾਸ਼ਾ ਅਫਸਰ ਮਨਜੀਤ ਪੁਰੀ, ਡਾ. ਗੁਰਸੇਵਕ ਸਿੰਘ (ਡਾਇਰੈਕਟਰ ਡੈਂਟਲ ਹਸਪਤਾਲ ਫਰੀਦਕੋਟ), ਡਾ. ਸਰਬਜੀਤ ਕੌਰ ਬਰਾੜ, ਡਾ. ਸੰਜੀਵ ਗੋਇਲ, ਅਵਤਾਰ ਕਮਾਲ, ਕੰਵਲਜੀਤ ਸਿੰਘ ਢਿੱਲੋਂ, ਗੁਰਮੀਤ ਸਿੰਘ ਚਾਨਾ ਲੁਧਿਆਣਾ ਅਤੇ ਧਰਮ ਪਰਵਾਨਾ ਨੇ ਦੱਸਿਆ ਕਿ ਬਲਧੀਰ ਮਾਹਲਾ ਵੱਲੋਂ ਉੱਘੇ ਸ਼ਾਇਰਾਂ ਨੂੰ ਵੀ ਗਾਇਆ ਗਿਆ ਹੈ। ਉਨ੍ਹਾਂ ਬਲਧੀਰ ਮਾਹਲਾ ਵਲੋਂ ਗਾਏ ਗਏ ਨਵੇਂ ਅਤੇ ਪੁਰਾਣੇ ਗੀਤਾਂ ਨੂੰ ਯਾਦ ਕਰਦਿਆਂ ਕਿਹਾ ਕਿ ਅੱਜ ਦੀ ਭੱਜ ਦੌੜ ਦੀ ਜ਼ਿੰਦਗੀ 'ਚ ਅਜਿਹੇ ਠਰੰਮੇ ਅਤੇ ਸਹਿਜਤਾ ਵਾਲੇ ਗੀਤਾਂ ਦੀ ਬਹੁਤ ਲੋੜ ਮਹਿਸੂਸ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਲੋੜ ਦੀ ਘਾਟ ਬਲਧੀਰ ਮਾਹਲਾ ਦੇ ਹੁੰਦੇ ਹੋਏ ਘੱਟ ਮਹਿਸੂਸ ਹੁੰਦੀ ਹੈ।

# ਭਲਕੇ ਦੀ ਮੋਹਾਲੀ ਰੈਲੀ 'ਚ ਪੀ ਪੀ ਯੂ (ਏਟਕ) ਵੱਲੋਂ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇਗੀ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨਰਜ਼ ਯੂਨੀਅਨ (ਰਜਿ:) ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਸੀਨੀਅਰ ਵਾਈਸ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਡਿਪਟੀ ਜਨਰਲ ਸਕੱਤਰ ਸਤਿਆਪਾਲ ਗੁਪਤਾ, ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਚਾਹਲ, ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਦਰਸ਼ਨ ਸਿੰਘ ਥਰੀਕੇ ਨੇ ਪ੍ਰੈਸ ਨੂੰ ਬਿਆਨ ਦਿੰਦੇ ਹੋਏ ਕਿਹਾ ਕਿ ਮੋਹਾਲੀ ਵਿਖੇ ਟਰੇਡ ਯੂਨੀਅਨਾਂ ਵੱਲੋਂ ਕੀਤੀ ਜਾ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਉਕਤ ਆਗੂਆਂ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਮਜ਼ਦੂਰ ਵਿਰੋਧੀ ਨੀਤੀਆਂ 'ਤੇ ਚੱਲ ਕੇ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟਾਂ ਦੇ ਹੱਕ ਵਿਚ ਭੁਗਤ ਰਹੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 8 ਘੰਟੇ ਦੀ ਡਿਊਟੀ 12 ਘੰਟੇ ਕਰਨ ਦਾ ਪੱਤਰ ਜਾਰੀ ਕਰਕੇ, ਮਜ਼ਦੂਰ ਵਰਗ ਵਿਰੋਧੀ ਫੈਸਲਾ ਕੀਤਾ ਹੈ ਜਿਸ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ। ਪੰਜਾਬ ਸਰਕਾਰ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਕੇਂਦਰ ਤੋਂ ਘੱਟ ਡੀ.ਏ. ਦੇ ਰਹੀ ਹੈ।

ਪੇ-ਕਮਿਸ਼ਨ ਦੀ ਰਿਪੋਰਟ ਦਾ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ ਏਰੀਅਰ ਵੀ ਨਹੀਂ ਦਿੱਤਾ ਜਾ ਰਿਹਾ। ਇੱਥੋਂ ਤੱਕ ਮੁੱਖ ਮੰਤਰੀ ਮੀਟਿੰਗ ਦਾ ਸਮਾਂ ਤੈਅ ਕਰਕੇ ਮਿਲਣ ਤੋਂ ਟਾਲਾ ਵੱਟ ਜਾਂਦੇ ਹਨ। ਪੰਜਾਬ ਪੈਨਸ਼ਨਰ ਯੂਨੀਅਨ ਮੰਗ ਕਰਦੀ ਹੈ ਕਿ ਚੋਣਾਂ ਵਿੱਚ ਕੀਤੇ ਵਾਅਦਾ ਯਾਦ ਕਰਕੇ ਇਨਸਾਫ ਕਰੋ, ਲਾਰੇਬਾਜ਼ੀ ਬੰਦ ਕੀਤੀ ਜਾਵੇ। ਜੇਕਰ ਸਰਕਾਰ ਨੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿਚ ਜਥੇਬੰਦੀਆਂ ਵੱਲੋਂ ਸੰਘਰਸ਼ ਤੇਜ਼ ਕੀਤਾ ਜਾਵੇਗਾ।

# ਪੰਜਾਬ ਯੂਨੀਵਰਸਿਟੀ ਇੰਟਰ ਜ਼ੋਨਲ ਯੂਥ ਐਂਡ ਹੈਰੀਟੇਜ ਫੈਸਟੀਵਲ ਕੱਲ੍ਹ ਤੋਂ ਸ਼ੁਰੂ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 64ਵਾਂ ਪੰਜਾਬ ਯੂਨੀਵਰਸਿਟੀ ਇੰਟਰ ਜ਼ੋਨਲ ਯੂਥ ਐਂਡ ਹੈਰੀਟੇਜ ਫੈਸਟੀਵਲ 3 ਨਵੰਬਰ ਨੂੰ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਵਿਖੇ ਸ਼ੁਰੂ ਹੋਣ ਜਾ ਰਿਹਾ ਹੈ।ਇੱਕ ਧਰਤੀ-ਇੱਕ ਪਰਵਾਰ, ਇੱਕ ਭਵਿੱਖ ਦਾ ਸੁਨੇਹਾ ਦਿੰਦਿਆਂ ਇਸ ਮੇਲੇ ਵਿੱਚ 12 ਜ਼ੋਨ ਭਾਗ ਲੈਣਗੇ।ਚਾਰ ਦਿਨ ਚੱਲਣ ਵਾਲੇ ਇਸ ਫੈਸਟੀਵਲ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਹਾਜ਼ਰ ਹੋਣਗੇ।ਕਾਲਜ ਪ੍ਰਿੰਸੀਪਲ ਨੇ ਦੱਸਿਆ ਕਿ ਚਾਰ ਦਿਨ ਚੱਲਣ ਵਾਲੇ ਇਸ ਮੇਲੇ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਜਾਣਗੇ।

ਕਾਲਜ ਵੱਲੋਂ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਵਿਦਿਆਰਥੀਆਂ ਲਈ ਰਿਹਾਇਸ਼ ਦੇ ਵੀ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ 3 ਨਵੰਬਰ ਦਾ ਪਹਿਲਾ ਦਿਨ ਉਦਘਾਟਨ ਸਮਾਰੋਹ, ਡਿਬੇਟ ਐਂਡ ਐਲੋਕੇਸ਼ਨ ਦੀ ਘੋਸ਼ਣਾ, ਸ਼ਬਦ ਗਾਇਣ, ਭਜਨ ਗਾਇਣ, ਕਲਾਸੀਕਲ ਵੋਕਲ, ਗਰੁੱਪ ਡਾਂਸ, ਜਰਨਲ ਕਲਾਸੀਕਲ ਡਾਂਸ, ਗਰੁੱਪ ਫੋਕ ਆਰਕੈਸਟਰਾ, ਗੁੱਡੀਆਂ ਪਟੋਲੇ, ਛਿੱਕੂ, ਪਰਾਂਦੇ, ਟੋਕਰੀਆਂ, ਨਾਲਾ ਮੇਕਿੰਗ, ਮਿੱਟੀ ਦੇ ਖਿਡੌਣੇ, ਖਿੱਦੋ ਮੇਕਿੰਗ, ਪੀੜ੍ਹੀ, ਰੱਸਾ ਵੱਟਣਾ, ਇਨੂ ਮੇਕਿੰਗ ਮੁਕਾਬਲਾ, ਕਵਿਤਾ ਗਾਇਨ, ਮੁਹਾਵਰੇਦਾਰ ਵਾਰਤਾਲਾਪ ਆਦਿ ਹੋਵੇਗਾ।4 ਨਵੰਬਰ ਨੂੰ ਦੂਜੇ ਦਿਨ ਭੰਗੜਾ, ਗਿੱਧਾ, ਗਰੁੱਪ ਗੀਤ, ਗੀਤ ਗ਼ਜ਼ਲ, ਇੰਡੀਅਨ ਆਰਕੈਸਟਰਾ, ਕਵਿਤਾ ਲੇਖਣ, ਕਹਾਣੀ ਲੇਖਣ, ਲੇਖ ਲਿਖਣਾ, ਕੈਲੀਗ੍ਰਾਫੀ ਲੇਖਣ ਆਦਿ ਮੁਕਾਬਲੇ ਹੋਣਗੇ, 5 ਨਵੰਬਰ ਨੂੰ ਡਰਾਮਾ ਹਿਸਟਰੋਨਿਕਸ, ਵਾਰ ਗਾਇਨ, ਕਾਲੀ ਗਾਯਨ, ਕਵੀਸ਼ਰੀ ਇਸਤਰੀ ਪਰੰਪਰਾਗਤ ਗੀਤ, ਕੁਇਜ਼ ਮੁਕਾਬਲਾ, ਆਰਟ ਐਂਡ ਕਰਾਫਟ ਮੁਕਾਬਲਾ, ਬਾਗ ਫੁਲਕਾਰੀ, ਦਸੂਤੀ ਆਦਿ ਮੁਕਾਬਲੇ ਹੋਣਗੇ।6 ਨਵੰਬਰ (ਚੌਥਾ ਦਿਨ) ਗਰੁੱਪ ਫੋਕ ਡਾਂਸ, ਮਾਈਮ, ਸਕਿੱਟ, ਹੈਰੀਟੇਜ ਕੁਇਜ਼, ਆਨ ਦਾ ਸਪਾਟ ਪੇਂਟਿੰਗ, ਫੋਟੋਗ੍ਰਾਫੀ, ਕਲਾਜ਼ ਮੇਕਿੰਗ ਆਦਿ ਮੁਕਾਬਲੇ ਕਰਵਾਏ ਜਾਣਗੇ।

# ਵਿਧਾਇਕ ਗੋਲਡੀ ਨੇ ਜਲ ਸਪਲਾਈ ਸਕੀਮ ਘੱਟਿਆਂਵਾਲੀ ਬੋਦਲਾ ਤੇ ਝੋਟਿਆਂਵਾਲੀ ਆਗੂਮੈਂਟੇਸ਼ਨ ਦਾ ਰੱਖਿਆ ਨੀਂਹ ਪੱਥਰ



**ਜਲਾਲਾਬਾਦ (ਜੀਤ ਕੁਮਾਰ)**

ਪੰਜਾਬ ਸਰਕਾਰ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਅਧੀਨ ਜਲ ਸਪਲਾਈ ਸਕੀਮ ਘੱਟਿਆਂਵਾਲੀ ਬੋਦਲਾ ਅਤੇ ਝੋਟਿਆਂਵਾਲੀ ਆਗੂਮੈਂਟੇਸ਼ਨ (ਨਾਬਾਰਡ) ਦਾ ਨੀਂਹ ਪੱਥਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਅੱਜ ਆਪਣੇ ਕਰ ਕਮਲਾਂ ਨਾਲ ਰੱਖਿਆ। ਇਸ ਮੌਕੇ ਵਿਧਾਇਕ ਗੋਲਡੀ ਨੇ ਕਿਹਾ ਕਿ ਇਸ ਇਲਾਕੇ ਵਿਚ ਲੋਕਾਂ ਦੇ ਲਈ ਪੀਣ ਵਾਲੇ ਸਾਫ-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਵਿਧਾਇਕ ਗੋਲਡੀ ਨੇ ਕਿਹਾ ਕਿ ਉਨ੍ਹਾਂ ਨੇ ਵੀ ਹਲਕਾ ਜਲਾਲਾਬਾਦ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਵਿਧਾਇਕ ਬਣਨ ਉਪਰੰਤ ਜਲਾਲਾਬਾਦ ਇਲਾਕੇ ਦੇ ਪੇਂਡੂ ਖੇਤਰ 'ਚ ਲੋਕਾਂ ਨੂੰ ਸਾਫ ਸੁਥਰਾ ਪਾਣੀ ਹਰ ਪਿੰਡ ਵਿਚ ਪਹੁੰਚਾਉਣ ਦਾ ਪ੍ਰਬੰਧ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ, ਜਿਸ ਤਹਿਤ ਅੱਜ ਸਮੂਹ ਗ੍ਰਾਮ ਪੰਚਾਇਤ ਘੱਟਿਆਂਵਾਲੀ ਬੋਦਲਾ ਅਤੇ ਝੋਟਿਆਂਵਾਲੀ ਵਿਖੇ ਨਵੇਂ ਵਾਟਰ ਸਪਲਾਈ ਸਕੀਮਾਂ ਬਣਾਉਣ ਲਈ ਉਨ੍ਹਾਂ ਵੱਲੋਂ ਨੀਂਹ ਪੱਥਰ ਰੱਖਿਆ ਗਿਆ ਹੈ, ਜੋ ਜਲਦੀ ਹੀ ਤਿਆਰ ਹੋ ਕੇ ਲੋਕਾਂ ਨੂੰ ਪੀਣ ਵਾਲਾ ਪਾਣੀ ਮੁਹੱਈਆ ਹੋਵੇਗਾ। ਵਿਧਾਇਕ ਗੋਲਡੀ ਨੇ ਅੱਗੇ ਦੱਸਿਆ ਕਿ ਝੋਟਿਆਂ ਵਾਲੀ 'ਚ 1 ਕਰੋੜ 86 ਲੱਖ ਰੁਪਏ ਅਤੇ ਘੱਟਿਆਂ ਵਾਲੀ 'ਚ 1 ਕਰੋੜ 67 ਲੱਖ ਦੀ ਲਾਗਤ ਨਾਲ ਵਾਟਰ ਸਪਲਾਈ ਸਕੀਮਾਂ ਤਿਆਰ ਹੋਣਗੀਆਂ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਤੋਂ ਇਲਾਵਾ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵ ਰਾਜ ਸ਼ਰਮਾ, ਕੁਲਦੀਪ ਸਿੰਘ, ਹੈਪੀ ਸੰਧੂ, ਸਾਜਨ ਖੇੜਾ, ਜੰਗਾ ਸਿੰਘ ਢਿੱਲੋਂ, ਭੋਲਾ ਢਿੱਲੋਂ, ਬਲਦੇਵ ਕੰਬੋਜ, ਕਮਲਦੀਪ ਸਿੰਘ ਸਰਪੰਚ ਝੋਟਿਆਂਵਾਲੀ ਅਤੇ ਜਲ ਸਪਲਾਈ ਸਬ ਡਵੀਜ਼ਨ ਜਲਾਲਾਬਾਦ ਦੇ ਐਸ.ਡੀ.ਓ. ਅਰਵਿੰਦ ਬਿਲੋਨਾ, ਜੇ ਈ ਸੁਖਵਿੰਦਰ ਸਿੰਘ ਆਦਿ ਪ੍ਰਸ਼ਾਸਨਕ ਅਧਿਕਾਰੀ ਮੌਜੂਦ ਸਨ।

# ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਵਿਹੜੇ ਕੌਮੀ ਨਾਟਕ ਮੇਲਾ



**ਬਠਿੰਡਾ, ਸੰਗਤ ਮੰਡੀ (ਰਾਜਦੀਪ ਜੋਸ਼ੀ)**-ਬਠਿੰਡਾ ਦੀ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ ਆਰ ਐਸ ਪੀ ਟੀ ਯੂ) ਦੇ ਵਿਹੜੇ ਨਾਟਿਅਮ ਪੰਜਾਬ ਵੱਲੋਂ ਡਰੀਮ ਹਾਈਟਸ ਅਤੇ ਨੌਰਥ ਜ਼ੋਨ ਕਲਚਰਲ ਸੈਂਟਰ ਪਟਿਆਲਾ ਦੇ ਸਾਂਝੇ ਸਹਿਯੋਗ ਨਾਲ ਆਪਣਾ 12ਵਾਂ ਕੌਮੀ ਨਾਟਕ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਸੋਨੀਪਤ, ਹਰਿਆਣਾ ਤੋਂ ਆਈ ਟੀਮ ਸੂਰਯ ਕਵੀ ਲਖਮੀ ਚੰਦ ਸਾਂਘ ਮੰਡਲੀ ਵੱਲੋਂ ਖੇਡੇ ਗਏ ਨਾਟਕ ਸਰਦਾਰ ਚਾਪ ਸਿੰਘ ਦੀ ਪੇਸ਼ਕਾਰੀ ਨਾਲ ਇਹ ਨਾਟਕ ਮੇਲਾ ਆਪਣੇ ਨੌਵੇਂ ਦਿਨ ਵਿੱਚ ਦਾਖਲ ਹੋਇਆ। ਹਰਿਆਣਾ ਦੀ ਲੋਕ-ਨਾਟਕ ਸ਼ੈਲੀ ਦਾ ਨਜ਼ਾਰਾ ਦਿੰਦਾ ਇਹ ਨਾਟਕ ਦਾਦਾ ਲਖਮੀ ਚੰਦ ਵੱਲੋਂ ਕਲਮਬੱਧ ਕੀਤਾ ਗਿਆ ਸੀ, ਜਿਸ ਨੂੰ ਵਿਸ਼ਨੂ ਦੱਤ ਦੀ ਨਿਰਦੇਸ਼ਨਾ ਹੇਠ ਖੇਡਿਆ ਗਿਆ। ਇਸ ਮੌਕੇ ਡਾ ਬੀ ਪੀ ਗਰਗ, ਰਜਿਸਟਰਾਰ, ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ, ਪ੍ਰੋ ਜਸਬੀਰ ਸਿੰਘ ਹੁੰਦਲ, ਐਮ ਆਰ ਐਸ ਪੀ ਟੀ ਯੂ ਨੇ ਸ਼ਾਮ ਦੀ ਰੌਣਕ ਵਧਾਈ ਅਤੇ ਸ਼ਮਾ ਰੌਸ਼ਨ ਕਰ ਕੇ ਪ੍ਰੋਗਰਾਮ ਨੂੰ ਆਗਾਜ਼ ਦਿੱਤਾ। ਹਰਿਆਣਵੀ ਕਲਾਕਾਰਾਂ ਨੇ ਆਪਣੀ ਲੋਕ ਸ਼ੈਲੀ ਦੀ ਪੇਸ਼ਕਾਰੀ ਦਿੰਦਿਆਂ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਪ੍ਰਬੰਧਕਾਂ ਵਿਚੋਂ ਨਿਰਦੇਸ਼ਕ ਕੀਰਤੀ ਕ੍ਰਿਪਾਲ, ਸਰਪ੍ਰਸਤ ਕਸ਼ਿਸ਼ ਗੁਪਤਾ, ਕੋ-ਪੈਟਰਨ ਡਾ. ਪੂਜਾ ਗੁਪਤਾ, ਪ੍ਰਧਾਨ ਸੁਰਿੰਦਰ ਕੌਰ ਅਤੇ ਡਾ. ਵਿਤੁਲ ਗੁਪਤਾ ਹਾਜ਼ਰ ਸਨ।

# 'ਮੇਰੀ ਮਿੱਟੀ ਮੇਰਾ ਦੇਸ਼' ਤਹਿਤ ਕਲਸ਼ ਯਾਤਰਾ ਪ੍ਰੋਗਰਾਮ ਕਰਵਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਪ੍ਰੋ ਅਮਰਜੀਤ ਸਿੰਘ ਦੀ ਅਗਵਾਈ ਹੇਠ 'ਮੇਰੀ ਮਾਟੀ ਮੇਰਾ ਦੇਸ਼' ਤਹਿਤ ਕਾਲਜ ਵਿੱਚ 'ਕਲਸ਼ ਯਾਤਰਾ' ਅਧੀਨ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਪਿਛਲੇ ਦਿਨਾਂ ਤੋਂ ਹੋਈ ਜਿਸ ਤਹਿਤ ਐਨ ਐਸ ਐਸ ਵਲੰਟੀਅਰਾਂ ਨੇ ਗੋਦ ਲਏ ਗਏ ਪਿੰਡ ਵਿੱਚੋਂ ਮਿੱਟੀ ਤੇ ਚੌਲ ਕਲਸ਼ ਵਿਚ ਇਕੱਠੇ ਕਰਕੇ ਲਿਆਂਦੀ ਗਈ ਮਿੱਟੀ ਪ੍ਰੋਗਰਾਮ ਦੌਰਾਨ ਵੱਡੇ ਕਲਸ਼ ਵਿਚ ਪਾ ਕੇ ਅੱਗੇ ਜ਼ਿਲ੍ਹਾ ਪੱਧਰ 'ਤੇ ਜਾਣਗੇ। ਇਸ ਪ੍ਰੋਗਰਾਮ ਦੌਰਾਨ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਪ੍ਰੋਫੈਸਰ ਮਨਿੰਦਰ ਸਿੰਘ ਨੇ ਮੰਚ ਸੰਚਾਲਨ ਕਰਦਿਆਂ ਮੁੱਖ ਮਹਿਮਾਨ ਦੇ ਪਹੁੰਚਣ 'ਤੇ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਵੱਲਭ ਭਾਈ ਪਟੇਲ ਦੀ ਜੈਯੰਤੀ ਮੌਕੇ ਏਕਤਾ ਦਿਵਸ ਤਹਿਤ ਕਲਸ਼ ਯਾਤਰਾ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਸਮਾਪਨ ਕੀਤਾ ਜਾਣਾ ਹੈ। ਇਸ ਲਈ ਇਹ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਕਾਲਜ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਨੇ ਕਿਹਾ ਕਿ ਆਜ਼ਾਦੀ ਅਮ੍ਰਿਤ ਮਹਾਂਉਤਸਵ ਅਧੀਨ ਪਿਛਲੇ ਸਾਲ ਤੋਂ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਜਿਸ ਨਾਲ ਸਮਾਜ ਵਿਚ ਵੱਡਾ ਬਦਲਾਅ ਵੇਖਣ ਨੂੰ ਮਿਲ ਰਿਹਾ ਹੈ ਅਤੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਕਲਸ਼ ਯਾਤਰਾ ਦੌਰਾਨ ਭਾਗ ਲਿਆ। ਇਸ ਮੌਕੇ ਐਨ ਐਸ ਐਸ ਪ੍ਰੋਗਰਾਮ ਅਫਸਰ ਪ੍ਰੋਫੈਸਰ ਰਮਨਜੀਤ ਕੌਰ ਅਤੇ ਪ੍ਰੋ ਬਲਕਾਰ ਸਿੰਘ ਨੇ ਐੱਨ ਐੱਸ ਐੱਸ ਵਲੰਟੀਅਰ ਨਾਲ ਮਿਲ ਕੇ ਕਲਸ਼ ਯਾਤਰਾ ਤਹਿਤ ਇਕੱਠੇ ਕੀਤੀ ਮਿੱਟੀ ਤੇ ਚੌਲਾਂ ਨੂੰ ਇੱਕ ਵੱਡੇ ਕਲਸ਼ ਵਿਚ ਪਾ ਕੇ ਪ੍ਰਿੰਸੀਪਲ ਨੂੰ ਸੌਂਪਿਆ ਜੋ ਕਿ ਇਸ ਨੂੰ ਅਗਲੇਰੀ ਯਾਤਰਾ ਲਈ ਰਵਾਨਾ ਕਰਨਗੇ। ਇਸ ਮੌਕੇ ਕਾਲਜ ਵਾਇਸ ਪ੍ਰਿੰਸੀਪਲ ਡਾ ਅਨੁਰਾਗ, ਡਾ. ਰਮਨਦੀਪ ਕੌਰ, ਪ੍ਰੋ ਨੇਹਾ ਬਾਂਸਲ ਅਤੇ 150 ਵਲੰਟੀਅਰ ਮੌਜੂਦ ਸਨ।

# 6 ਨੂੰ ਦੇਸ਼ ਭਰ 'ਚ ਨਿਊਜ਼ਕਲਿੱਕ ਵਿਰੁੱਧ ਦਰਜ ਐੱਫ ਆਈ ਆਰ ਦੀਆਂ ਕਾਪੀਆਂ ਸਾੜਨ ਦਾ ਐਲਾਨ




ਗੁਰਦਾਸਪੁਰ (ਜਨਕ ਮਹਾਜਨ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਦੀ ਇੱਕ ਭਰਵੀਂ ਮੀਟਿੰਗ ਅਜੀਤ ਸਿੰਘ ਹੁੰਦਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਾਰੀਆਂ ਸਬੰਧਿਤ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚ ਤਰਲੋਕ ਸਿੰਘ ਬਹਿਰਾਮਪੁਰ, ਮੱਖਣ ਸਿੰਘ ਕੁਹਾੜ, ਸੁਖਦੇਵ ਸਿੰਘ ਭਾਗੋਕਾਵਾਂ, ਬਚਨ ਸਿੰਘ ਭੰਬਈ, ਗੁਰਚਰਨ ਸਿੰਘ ਵਾਲੀਆ, ਬਲਬੀਰ ਸਿੰਘ ਬੈਂਸ, ਮੰਗਤ ਸਿੰਘ ਜੀਵਨ ਚੱਕ, ਗੁਰਦਿਆਲ ਸਿੰਘ ਸੋਹਲ, ਕਪੂਰ ਸਿੰਘ ਘੁੰਮਣ, ਮਦਨ ਲਾਲ, ਚੰਨਣ ਸਿੰਘ ਦਰਗਲਾ, ਬਲਬੀਰ ਸਿੰਘ ਉੱਚਾ ਤਕਾਲਾ, ਗੁਰਦੀਪ ਸਿੰਘ ਬਾਠਾਂਵਾਲ, ਸੁਨੀਲ ਦੱਤ ਦੀਨਾਨਗਰ, ਬਲਦੇਵ ਸਿੰਘ ਆਦਿ ਪ੍ਰਮੁੱਖ ਸਨ। ਵਿਚਾਰ ਵਟਾਂਦਰੇ ਉਪਰੰਤ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨੀ ਸੰਘਰਸ਼ ਦੌਰਾਨ ਸਹੀ ਰਿਪੋਰਟਿੰਗ ਕਰਨ, ਸ਼ਹੀਨ ਬਾਗ ਤੇ ਹੋਰ ਲੋਕਾਂ ਦੇ ਹੱਕੀ ਘੋਲਾਂ ਦੀ ਸਹੀ ਕਵਰੇਜ ਆਦਿ ਦੇ ਬੇਹੂਦਾ ਦੋਸ਼ ਲਾ ਕੇ ਨਿਊਜ਼ ਕਲਿੱਕ ਦੇ ਮੁਖੀ ਤੇ ਸੰਪਾਦਕ ਵਿਰੁੱਧ ਝੂਠੀ ਐੱਫਆਈਆਰ ਦਰਜ ਕਰਨ ਵਿਰੁੱਧ ਸਾਰੇ ਦੇਸ਼ ਵਿੱਚ ਜਿਲਾ ਤੇ ਤਹਿਸੀਲ ਪੱਧਰ ਤੇ 6 ਨਵੰਬਰ 2023 ਨੂੰ ਇਕੱਤਰ ਹੋ ਕੇ ਰੈਲੀਆਂ ਕਰਨ ਉਪਰੰਤ ਐਫਆਈਆਰ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ। ਉਨ੍ਹਾਂ ਮੰਗ ਕੀਤੀ ਕਿ ਉਨਾਂ ਉੱਪਰ ਲਾਇਆ ਯੂਏਪੀਏ ਕਾਨੂੰਨ ਰੱਦ ਕੀਤਾ ਜਾਵੇ ਅਤੇ ਗੰਨੇ ਦਾ ਭਾਅ 450 ਰੁਪਏ ਕੁਇੰਟਲ ਐਲਾਨਿਆ ਜਾਵੇ, ਕਿਸਾਨਾਂ ਦੇ ਝੋਨੇ ਦੇ ਖਰਾਬੇ ਦਾ ਮੁਆਵਜ਼ਾ ਦਿੱਤਾ ਜਾਵੇ। ਇੱਕ ਹੋਰ ਫੈਸਲੇ ਰਾਹੀਂ ਚਿੱਪ ਵਾਲੇ ਮੀਟਰਾਂ ਦਾ ਸਖ਼ਤ ਵਿਰੋਧ ਕਰਨ ਦਾ ਫੈਸਲਾ ਲਿਆ ਗਿਆ ਅਤੇ ਐੱਸਈ ਪਾਵਰ ਕਾਮ ਦਫਤਰ ਅੱਗੇ ਵੱਡੇ ਧਰਨੇ ਤੋਂ ਪਹਿਲਾਂ ਉਨਾਂ ਨਾਲ ਮੀਟਿੰਗ ਕੀਤੀ ਜਾਵੇਗੀ। ਸੜਕਾਂ ਦੀ ਮੁਰੰਮਤ ਦੌਰਾਨ ਹਰ ਵਾਰ ਸੜਕਾਂ ਜੋ ਬਹੁਤ ਉਚੀਆਂ ਕਰ ਦਿੱਤੀਆਂ ਜਾਂਦੀਆਂ ਹਨ ਉਨ੍ਹਾਂ ਨਾਲ ਦੁਕਾਨਾਂ, ਗਲੀਆਂ ਅਤੇ ਖੇਤ ਨੀਵੇਂ ਹੋ ਰਹੇ ਹਨ। ਇਸ ਸਬੰਧੀ ਸੋਸ਼ਲ ਵਰਕਰ ਸੁਨੀਲ ਦੱਤ ਵੱਲੋਂ ਦੀਨਾ ਨਗਰ ਮੀਰਥਲ ਸੜਕ ਪੁੱਟ ਕੇ ਪਹਿਲਾ ਲੈਵਲ ਰੱਖਣ ਦੀ ਹਮਾਇਤ ਕੀਤੀ ਗਈ। ਇਸ ਸਬੰਧੀ ਇੱਕ ਡੈਪੂਟੇਸ਼ਨ ਡੀਸੀ ਗੁਰਦਾਸਪੁਰ ਨੂੰ ਮਿਲੇਗਾ। ਇਸ ਮੌਕੇ ਮੰਗ ਕੀਤੀ ਗਈ ਕਿ ਯੂਐਨਏ ਦੇ ਮਤੇ ਮੁਤਾਬਕ ਇਜਰਾਇਲ ਫਲਸਤੀਨ 'ਤੇ ਹਮਲੇ ਫੌਰੀ ਬੰਦ ਕਰੇ। ਬੇਕਸੂਰ ਫਲਸਤੀਨੀਆਂ ਨੂੰ ਹਮਾਸ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ। ਇਸ ਦੇ ਗੰਭੀਰ ਸਿੱਟੇ ਨਿਕਲਣਗੇ।

# ਸਾਡੇ ਬਜ਼ੁਰਗ ਸਾਡਾ ਮਾਣ' ਸਮਾਗਮ ਤਹਿਤ ਜੰਡਿਆਲਾ ਗੁਰੂ ਵਿਖੇ ਕੈਂਪ 5 ਨੂੰ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਨੂੰ ਜ਼ਿਲ੍ਹੇ ਵਿੱਚ ਸਰਗਰਮ ਕਰਨ ਲਈ ਜ਼ਿਲ੍ਹਾ ਸਮਾਜਿਕ ਸੁਰੱਖਿਆ ਤੇ ਬਾਲ ਵਿਕਾਸ ਵਿਭਾਗ ਵੱਲੋਂ ਜਗਦੀਸ਼ ਸਦਨ ਹਾਲ ਡਲੀਆਨਾ ਮੰਦਿਰ ਜੰਡਿਆਲਾ ਗੁਰੂ ਵਿਖੇ 5 ਨਵੰਬਰ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਹ ਕੈਂਪ ਜਗਦੀਸ਼ ਸਦਨ ਹਾਲ ਡਲੀਆਨਾ ਮੰਦਿਰ ਜੰਡਿਆਲਾ ਵਿਖੇ ਸਵੇਰੇ 10:00 ਵਜੇ ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਬਜ਼ੁਰਗਾਂ ਦੀ ਸਿਹਤ ਜਾਂਚ, ਈ.ਐਨ.ਟੀ. ਚੈਕਅੱਪ, ਅੱਖਾਂ ਦਾ ਚੈਕਅੱਪ, ਨਜ਼ਰ ਵਾਲੀਆਂ ਐਨਕਾਂ ਦੀ ਵੰਡ, ਅੱਖਾਂ ਦੀ ਜਾਂਚ, ਬੁਢਾਪਾ ਪੈਨਸਨ ਲਈ ਰਜਿਸਟਰੇਸ਼ਨ, ਸੀਨੀਅਰ ਸਿਟੀਜਨ ਕਾਰਡਾਂ ਦੀ ਵੰਡ ਆਦਿ ਸੇਵਾਵਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕੈਂਪ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰਨ ਲਈ ਸਬੰਧਤ ਵਿਭਾਗਾਂ ਨੂੰ ਹਦਾਇਤ ਵੀ ਕੀਤੀ। ਉਨ੍ਹਾਂ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਇਸ ਕੈਂਪ ਵਿੱਚ ਵੱਧ ਤੋਂ ਵੱਧ ਸ਼ਾਮਿਲ ਹੋ ਕੇ ਲਾਹਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਹਨ ਅਤੇ ਬਜ਼ੁਰਗਾਂ ਦੀ ਦੇਖਭਾਲ, ਸਤਿਕਾਰ ਤੇ ਸੇਵਾ ਕਰਨਾ ਸਾਡਾ ਸਾਰਿਆਂ ਦਾ ਮੁੱਢਲਾ ਫਰਜ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਾਲੇ ਸਥਾਨ ਤੇ ਪੀਣ ਵਾਲੇ ਪਾਣੀ, ਵੀਲ ਚੇਅਰਾਂ, ਪਾਰਕਿੰਗ,ਐਂਬੂਲੈਂਸ ਅਤੇ ਸਾਫ ਸਫਾਈ ਦਾ ਪੂਰਾ ਪ੍ਰਬੰਧ ਰੱਖਿਆ ਜਾਵੇਗਾ ਤਾਂ ਜੋ ਆਉਣ ਵਾਲੇ ਬਜ਼ੁਰਗਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ।

# ਪੰਡੋਰੀ ਵੜੈਚ ਵਿਖੇ ਭਾਈ ਸਾਲ੍ਹੋ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ



ਮਜੀਠਾ (ਸੋਇਮ ਆਨੰਦ)-ਚੌਥੇ ਪਾਤਸ਼ਾਹ ਸ਼੍ਰੀ ਗੁਰੂ ਰਾਮ ਦਾਸ ਜੀ ਦੇ ਅਨਿਲ ਸੇਵਕ ਬਾਬਾ ਭਾਈ ਸਾਲ੍ਹੋ ਜੀ ਦਾ ਸਾਲਾਨਾ ਪਵਿੱਤਰ ਜਨਮ ਦਿਹਾੜਾ ਗੁਰਦੁਆਰਾ ਡੇਰਾ ਬਾਬਾ ਭਾਈ ਸਾਲ੍ਹੋ ਜੀ ਪੰਡੋਰੀ ਵੜੈਚ ਦੇ ਮੱਖ ਸੇਵਾਦਾਰ ਬਾਬਾ ਮੋਹਨ ਸਿੰਘ ਅਗਵਾਈ ਵਿੱਚ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ ਜਿਸ ਮੌਕੇ ਚੱਲ ਰਹੇ ਲੜੀਵਾਰ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਖੁੱਲੇ ਪੰਡਾਲ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਭਾਈ ਸ਼ਰਨਪਾਲ ਸਿੰਘ ਪੰਡੋਰੀ ਕਥਾਵਾਚਕ ਕੀਰਤਨੀ ਜਥਾ, ਭਾਈ ਸਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਗਿਆਨੀ ਨਵਤੇਜ ਸਿੰਘ ਵਿਦਿਆਰਥੀ ਅਕੈਡਮੀ ਦਮਦਮੀ ਟਕਸਾਲ, ਭਾਈ ਦਲਬੀਰ ਸਿੰਘ ਜੋੜ ਸਿੰਘ ਵਾਲਾ, ਸੋਹੀ ਬਰਦਰਜ਼, ਢਾਡੀ ਭਾਈ ਗੁਰਭੇਜ ਸਿੰਘ ਚਵਿੰਡਾ ਦੇਵੀ, ਬਾਬਾ ਮੰਗਤ ਸਿੰਘ ਝਾੜ ਸਾਹਿਬ ਵਾਲਿਆਂ ਦੇ ਜਥਿਆਂ ਵੱਲੋਂ ਗੁਰ ਇਤਿਹਾਸ ਤੇ ਸ਼ਹੀਦੀ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਸਟੇਜ ਸੈਕਟਰੀ ਦੀ ਸੇਵਾ ਭਾਈ ਸ਼ਰਨਪਾਲ ਸਿੰਘ ਪੰਡੋਰੀ ਨੇ ਨਿਭਾਈ। ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਮੋਹਨ ਸਿੰਘ ਨੇ ਦੱਸਿਆ ਕਿ ਬਾਬਾ ਭਾਈ ਸਾਲ੍ਹੋ ਜੀ ਨੇ ਇਸ ਅਸਥਾਨ ਤੇ ਆ ਕੇ ਪਾਥੀਆਂ ਦੀ ਸੇਵਾ ਕੀਤੀ ਤੇ ਸੰਗਤਾਂ ਨੂੰ ਪੁੱਤਰਾਂ ਦੀ ਦਾਤ ਬਖਸ਼ਿਸ਼ ਕੀਤੀ। ਇਸ ਲਈ ਇਸ ਦਿਨ ਬਾਬਾ ਜੀ ਦੇ ਜਨਮ ਦਿਹਾੜੇ ਸਬੰਧੀ ਭਾਰੀ ਮੇਲਾ ਲਗਦਾ ਹੈ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋ ਕੇ ਭਾਈ ਸਾਲ੍ਹੋ ਜੀ ਤੋਂ ਅਸ਼ੀਰਵਾਦ ਲੈਂਦੀਆਂ ਹਨ। ਇਸ ਮੌਕੇ ਬਾਬਾ ਮੋਹਨ ਸਿੰਘ ਵੱਲੋਂ ਆਏ ਰਾਗੀ ਢਾਡੀ ਕਵੀਸ਼ਰੀ ਜਥਿਆਂ ਤੇ ਪਤਵੰਤਿਆਂ ਨੂੰ ਸਨਮਾਨਿਤ ਵੀ ਕੀਤਾ। ਗੁਰੂ ਦੇ ਅਤੁੱਟ ਲੰਗਰ ਚਲਾਏ ਗਏ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਮੋਹਨ ਸਿੰਘ ਨਾਲ ਹਰਦੇਵ ਸਿੰਘ ਚੱਕੀਵਾਲੇ, ਮੇਜਰ ਸਿੰਘ ਸੀਮਿੰਟ ਵਾਲੇ, ਗਰੰਥੀ ਪਰਭਜੋਤ ਸਿੰਘ, ਪੰਜਾਬ ਸਿੰਘ, ਗੁਰਮੀਤ ਸਿੰਘ ਬੰਟੀ, ਬੀਰ ਸਿੰਘ, ਕਸ਼ਮੀਰ ਸਿੰਘ, ਮੇਜਰ ਸਿੰਘ, ਬਲਬੀਰ ਸਿੰਘ ਆਦੀ, ਸੰਦੀਪ ਸਿੰਘ, ਸਤਨਾਮ ਸਿੰਘ, ਦਰਸ਼ਨ ਸਿੰਘ ਆਦੀ, ਚੰਨਪਰੀਤ ਸਿੰਘ, ਨਿਰਵੈਲ ਸਿੰਘ, ਜਗਪਾਲ ਸਿੰਘ, ਬਿਕਰਮਜੀਤ ਸਿੰਘ, ਸੁਲੱਖਣ ਸਿੰਘ, ਕੁਲਦੀਪ ਸਿੰਘ, ਗੁਰਵਿੰਦਰ ਸਿੰਘ ਬੰਬ, ਪਰਧਾਨ ਬਲਦੇਵ ਸਿੰਘ, ਗੁਰਮੀਤ ਸਿੰਘ ਆਦੀ, ਕੁਲਦੀਪ ਸਿੰਘ, ਪਰੀਤਮ ਸਿੰਘ ਤੋਂ ਇਲਾਵਾ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟ ਬਣਾਉਣਾ ਜ਼ਰੂਰੀ: ਛੋਟੇਪੁਰ

## * ਹਲਕਾ ਬਟਾਲਾ ਦੇ ਵਰਕਰਾਂ ਨੂੰ ਵੋਟਾਂ ਬਣਾਉਣ ਦੇ ਫਾਰਮ ਵੰਡੇ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਿੱਖ ਪਾਰਲੀਮੈਂਟ ਵਜੋਂ ਜਾਣੀ ਜਾਂਦੀ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਬੰਧੀ ਵੋਟਾਂ ਬਣਾਉਣ ਲਈ ਰਮਨਦੀਪ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ ਦੀ ਅਗਵਾਈ ਹੇਠ ਅਕਾਲੀ ਵਰਕਰਾਂ ਦਾ ਭਰਵਾਂ ਇਕੱਠ ਕੀਤਾ ਗਿਆ। ਇਸ ਮੌਕੇ ਤੇ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਨਵੀਆਂ ਵੋਟਾਂ ਬਣਾਉਣ ਸਬੰਧੀ ਫਾਰਮ ਵੰਡੇ ਗਏ। ਇਸ ਮੌਕੇ ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਬਟਾਲਾ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਵਲੋਂ ਪਿੰਡਾਂ ਦੇ ਅਕਾਲੀ ਆਗੂ, ਸਰਗਰਮ ਵਰਕਰ ਸਾਹਿਬਾਨ ਤੇ ਪੰਚਾਂ ਸਰਪੰਚਾਂ, ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਿੱਤਣ ਲਈ ਹਰੇਕ ਸਿੱਖ ਵੋਟਾਂ ਬਣਾਉਣ ਨੂੰ ਤਰਜੀਹ ਦੇਵੇ। ਛੋਟੇਪੁਰ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਕੁਰਬਾਨੀਆਂ ਦੇ ਕੇ ਬਣਾਈ ਗਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹੋਂਦ ਨੂੰ ਬਰਕਰਾਰ ਰੱਖਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਿੱਤਣ ਲਈ ਵੋਟਾਂ ਬਣਾਉਣ ਲਈ ਦਿਨ ਰਾਤ ਇੱਕ ਕੀਤਾ ਜਾਵੇ।

ਇਸ ਮੌਕੇ ਤੇ ਛੋਟੇਪੁਰ ਨੇ ਕਿਹਾ ਕਿ ਵੋਟਾਂ ਬਣਾਉਣ ਦੇ ਫਾਰਮ ਤੁਰੰਤ ਭਰ ਕੇ ਜਮਾ ਕਰਵਾਏ ਜਾਣ ਤਾਂ ਜੋ ਸਮੇਂ ਸਿਰ ਵੋਟਾਂ ਬਣਾਈਆਂ ਜਾ ਸਕਣ। ਇਸ ਮੌਕੇ ਤਰਲੋਕ ਸਿੰਘ, ਰਣਧੀਰ ਸਿੰਘ ਢਿੱਲੋਂ, ਤਰਲੋਚਨ ਸਿੰਘ, ਮਨਜੀਤ ਸਿੰਘ, ਮੇਹਰ ਸਿੰਘ, ਸੁਖਵਿੰਦਰ ਸਿੰਘ ਰੰਧਾਵਾ ਨੰਬਰਦਾਰ, ਚਰਨਜੀਤ ਸਿੰਘ ਜੌਹਲ, ਮੇਜਰ ਸਿੰਘ ਮੂਲਿਆਂਵਾਲ, ਬਿਕਰਮਜੀਤ ਸਿੰਘ, ਤਰਸੇਮ ਸਿੰਘ, ਗੁਰਦੇਵ ਸਿੰਘ ਕਲੇਰ ਕਲਾਂ, ਦਲਵਿੰਦਰ ਸਿੰਘ, ਕੁਲਦੀਪ ਸਿੰਘ, ਅਮਨਦੀਪ ਸਿੰਘ ਆਦਿ ਵਰਕਰ ਹਾਜ਼ਰ ਸਨ।

# ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਵਿਖੇ ਕਰਵਾ ਚੌਥ ਦੀਆਂ ਰੌਣਕਾਂ



ਗੁਰਦਾਸਪੁਰ (ਜਨਕ ਮਹਾਜਨ)- ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਵਿਖੇ ਕਰਵਾ ਚੌਥ ਦੇ ਪਵਿੱਤਰ ਤਿਉਹਾਰ ਨੂੰ ਲੈ ਕੇ ਮਹਿੰਦੀ ਅਤੇ ਥਾਲੀ ਸਜਾਵਟ ਸਬੰਧੀ ਮੁਕਾਬਲੇ ਕਰਵਾਏ ਗਏ ਜਿਸ ਦੀ ਪ੍ਰਧਾਨਗੀ ਕਾਲਜ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਕੀਤੀ। ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਕਾਲਜ ਦੇ ਈ.ਟੀ.ਟੀ. ਅਤੇ ਬੀ.ਐਡ ਦੀਆਂ ਵਿਦਿਆਰਥਣਾਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਬੱਚਿਆਂ ਨੇ ਇਕ ਦੂਜੇ ਅਤੇ ਅਧਿਆਪਕਾਵਾਂ ਦੇ ਹੱਥਾਂ ਵਿਚ ਸੁੰਦਰ ਢੰਗ ਦੇ ਡੀਜ਼ਾਇਨਾਂ ਨਾਲ ਮਹਿੰਦੀ ਲਗਾਈ। ਮਹਿੰਦੀ ਡੀਜ਼ਾਇਨ ਮੁਕਾਬਲੇ ਵਿਚ ਕੰਚਨ ਅਤੇ ਮੋਨਿਕਾ ਨੂੰ ਚੁਣਿਆ ਗਿਆ ਜਦਕਿ ਥਾਲੀ ਸਜਾਵਟ ਵਿਚ ਮਾਨਸੀ, ਮਾਨਵੀ ਤੇ ਤਨੂ ਚੁਣੀਆਂ ਗਈਆਂ। ਇਨ੍ਹਾਂ ਮੁਕਾਬਲਿਆਂ ਜੇਤੂ ਬੱਚਿਆਂ ਨੂੰ ਡਾ. ਵਿਨੋਦ ਮਹਾਜਨ, ਪ੍ਰੋਫੈਸਰ ਰਵਿਸ਼ੰਕਰ ਨੇ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਇਨ੍ਹਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ। ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਬੱਚਿਆਂ ਨੂੰ ਕਰਵਾਚੌਥ ਦੇ ਤਿਉਹਾਰ ਸਬੰਧੀ ਜਾਣਕਾਰੀ ਦਿਤੀ।

ਕਾਲਜ ਮੈਨੇਜਮੈਂਟ ਕਮੇਟੀ ਮੈਂਬਰ ਡਾ. ਵਿਨੋਦ ਮਹਾਜਨੇ ਨੇ ਬੱਚਿਆਂ ਨੂੰ ਕਰਵਾਚੌਥ ਦੇ ਤਿਉਹਾਰ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦਿਨ ਸੁਹਾਗਣਾਂ ਆਪਣੇ ਪਤੀ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਵਾਸਤੇ ਵਰਤ ਰੱਖਦੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋਫੈਸਰ ਉਮਾ ਸ਼ਰਮਾ, ਰਜਨੀਸ਼ ਬਾਲਾ, ਅਤੁਲ, ਪੂਜਾ, ਅਨੂ, ਜਯੋਤੀ, ਨਿਧੀ ਆਦਿ ਹਾਜ਼ਰ ਸਨ।

# ਬਾਬਾ ਕੁਲਵਿੰਦਰਜੀਤ ਸਿੰਘ ਦਾ ਸਨਮਾਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਦੇ ਪੁਰਾਣੀ ਮੰਡੀ ਦੇ ਕੋਲ ਪਿੰਡ ਸਰਾਂ ਬਾਈਪਾਸ ਰੋਡ 'ਤੇ ਸਥਿਤ ਬਾਬਾ ਸਿੱਧ ਗੋਰੀਆ ਨਾਥ ਦੇ ਦਰਬਾਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਤੇ ਸਰਬੱਤ ਦਾ ਭਲਾ ਸਾਂਝਾ ਮੰਚ ਦੇ ਤਹਿਸੀਲ ਪ੍ਰਧਾਨ ਬਾਬਾ ਕੁਲਵਿੰਦਰਜੀਤ ਸਿੰਘ ਦੀ ਅਗਵਾਈ 'ਚ ਬਾਬਾ ਸਿੱਧ ਗੋਰੀਆ ਨਾਥ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਰਬੱਤ ਦਾ ਭਲਾ ਸਾਂਝਾ ਮੰਚ ਦੇ ਜ਼ਿਲ੍ਹਾ ਚੇਅਰਮੈਨ ਕੰਵਲਜੀਤ ਸਿੰਘ ਸਰਾਂ, ਜ਼ਿਲ੍ਹਾ ਮੀਤ ਚੇਅਰਮੈਨ ਕਸ਼ਮੀਰ ਸਿੰਘ ਲਾਡੀ, ਜ਼ਿਲ੍ਹਾ ਜਨਰਲ ਸਕੱਤਰ ਮਾਸਟਰ ਹਰਪ੍ਰੀਤ ਸਿੰਘ, ਸਾਬਕਾ ਕੌਂਸਲਰ ਸਰਵਨ ਸਿੰਘ ਗੁਲਾਬ ਨੇ ਵਿਸ਼ੇਸ਼ ਤੌਰ ਤੇ ਵੱਡੀ ਗਿਣਤੀ 'ਚ ਪੁੱਜੀਆਂ ਸੰਗਤਾਂ 'ਚ ਹਾਜ਼ਰੀ ਭਰੀ। ਇਸ ਮੌਕੇ ਉਕਤ ਮੰਚ ਦੇ ਚੇਅਰਮੈਨ ਜ਼ਿਲ੍ਹਾ ਚੇਅਰਮੈਨ ਕੰਵਲਜੀਤ ਸਿੰਘ ਸਰਾਂ ਵੱਲੋਂ ਮੁੱਖ ਸੇਵਾਦਾਰ ਬਾਬਾ ਕੁਲਵਿੰਦਰਜੀਤ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਜਦੋਂਕਿ ਬਾਵਾ ਲਾਲ ਦਿਆਲ ਮੰਦਿਰ ਦੇ ਪੰਡਿਤ ਰਜਿੰਦਰ ਸ਼ਾਸਤਰੀ ਤੇ ਮਾਤਾ ਰਾਣੀ ਮੰਦਿਰ ਦੇ ਪੰਡਿਤ ਜੇ. ਪੀ. ਸ਼ੁਕਲਾ ਸਣੇ ਵੱਖ-ਵੱਖ ਭਜਨ ਮੰਡਲੀਆਂ ਵੱਲੋਂ ਸੰਗਤਾਂ ਨੂੰ ਬਾਬਾ ਸਿੱਧ ਗੋਰੀਆ ਨਾਥ ਦੀ ਮਹਿਮਾ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਸਰਬੱਤ ਦਾ ਭਲਾ ਸਾਂਝਾ ਮੰਚ ਦੇ ਸਰਕਲ ਇੰਚਾਰਜ ਹਰਦੀਪ ਸਿੰਘ ਅੱਬੂਸੈਦ ਜ਼ਿਲ੍ਹਾ ਸੁਰਜੀਤ ਸਿੰਘ ਕੋਟ ਰਜ਼ਾਦਾ, ਬਾਬਾ ਦਲਬੀਰ ਸਿੰਘ ਸਰਾਏ, ਲੋਕ ਗਾਇਕ ਸੁਰਿੰਦਰ ਅਜਨਾਲਾਵੀ, ਰੋਹਿਤ ਕੁਮਾਰ, ਸੋਨੂੰ ਅਰੋੜਾ, ਅਨਿਲ ਸ਼ਰਮਾ ਆਦਿ ਹਾਜ਼ਰ ਸਨ।

# 57 ਸਾਲ ਬਾਅਦ ਵੀ ਪੰਜਾਬ ਪਾਣੀਆਂ ਦੀ ਲੜਾਈ ਲੜ ਰਿਹਾ: ਕਿਸਾਨ ਆਗੂ



ਬਟਾਲਾ (ਤਰਲੋਕ ਬੱਗਾ)-ਮਾਝਾ/ਦੁਆਬਾ ਪੱਧਰੀ ਅਹੁਦੇਦਾਰਾਂ ਦੀ ਵਿਸਥਾਰਿਤ ਮੀਟਿੰਗ ਅਸ਼ਵਨੀ ਕੁਮਾਰ ਲੱਖਣਕਲਾਂ ਗੁਰਦਾਸਪੁਰ, ਦਲਵਿੰਦਰ ਸਿੰਘ ਪੰਨੂ ਤਰਨਤਾਰਨ, ਬਲਬੀਰ ਮੂਧਲ ਅੰਮ੍ਰਿਤਸਰ, ਚਰਨਜੀਤ ਸਿੰਘ ਭਿੰਡਰ ਹੁਸ਼ਿਆਰਪੁਰ ਅਤੇ ਰਾਜ ਸਿੰਘ ਕਪੂਰਥਲਾ ਦੀ ਸਾਂਝੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮੇਂ ਬੋਲਦਿਆਂ ਸੁਖਦੇਵ ਸਿੰਘ ਭਾਗੋਕਾਵਾਂ, ਅਸ਼ੋਕ ਮਹਾਜਨ, ਰਾਜ ਸਿੰਘ, ਬਲਬੀਰ ਸਿੰਘ ਝਾਮਕਾ, ਅਸ਼ਵਨੀ ਕੁਮਾਰ ਲੱਖਣਕਲਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਮੀਟਿੰਗ ਵਿੱਚ ਜਥੇਬੰਦੀ ਦੇ ਵਿਸਥਾਰ ਕਰਨ ਦਾ ਮਤਾ ਪਾਸ ਕੀਤਾ ਗਿਆ। ਅੱਜ ਪੰਜਾਬ ਡੇ ਉਪਰ ਵਿਚਾਰ ਵਟਾਂਦਰਾ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ 57 ਸਾਲ ਪਹਿਲਾਂ 1966 ਵਿੱਚ ਬਣਾਇਆ ਗਿਆ ਪੰਜਾਬੀ ਸੂਬਾ ਅੱਜ ਤੱਕ ਲੰਗੜਾ ਲੂਲਾ ਹੈ, ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਅੱਜ ਤੱਕ ਪੰਜਾਬ ਨੂੰ ਨਹੀਂ ਦਿੱਤੇ ਗਏ, ਦੇਸ਼ ਵਿਚ ਇਕੋ ਇਕ ਪੰਜਾਬ ਸੂਬਾ ਹੈ ਜਿਸ ਦੀ ਆਪਣੀ ਸਥਾਈ ਰਾਜਧਾਨੀ ਨਹੀਂ ਹੈ, ਕੇਵਲ ਇਹ ਸੂਬਾ ਹੈ ਜਿਸ ਬਾਰੇ ਪੰਜਾਬ ਪੁਨਰਗਠਨ ਐਕਟ 1966 ਦੀ ਧਾਰਾ 78, 79, 80 ਤਹਿਤ ਪੰਜਾਬ ਦੇ ਦਰਿਆਈ ਪਾਣੀਆਂ ਅਤੇ ਡੈਮਾਂ ਦਾ ਕੰਟਰੋਲ ਕੇਂਦਰ ਸਰਕਾਰ ਨੇ ਆਪਣੇ ਕੋਲ ਰੱਖਿਆ ਹੋਇਆ ਹੈ ਜਿਸ ਕਾਰਨ ਪੰਜਾਬ ਦੇ ਦਰਿਆਈ ਪਾਣੀਆਂ ਨੂੰ ਕੇਂਦਰ ਨੇ ਆਪਣੀ ਤਾਨਾਸ਼ਾਹੀ ਨਾਲ ਗੁਆਂਢੀ ਰਾਜਾਂ ਨੂੰ ਦੇ ਰਖਿਆ ਹੈ। ਮੀਟਿੰਗ ਨੇ ਮਤਾ ਪਾਸ ਕੀਤਾ ਕਿ ਕੇਂਦਰ ਸਰਕਾਰ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਗਰੰਟੀ ਨਾਲ ਲਾਗੂ ਕਰੇ, ਪੰਜਾਬ ਸਰਕਾਰ ਫਜ਼ੂਲ ਦੀਆਂ ਬਹਿਸਾਂ ਕਰਨ ਦੀ ਬਜਾਏ ਹੜ੍ਹਾਂ ਦੀ ਬਰਬਾਦੀ ਦਾ ਸ਼ਿਕਾਰ ਹੋਏ ਕਿਸਾਨਾਂ ਮਜ਼ਦੂਰਾਂ ਨੂੰ ਮੁਆਵਜ਼ਾ ਦੇਵੇ। ਮੀਟਿੰਗ ਨੇ ਨਿਊਜ਼ਕਲਿੱਕ ਅਦਾਰੇ ਦੇ ਮੁਖੀ ਅਤੇ ਉਸਦੇ ਪੱਤਰਕਾਰਾਂ ਵਿਰੁੱਧ ਸੰਗੀਨ ਧਾਰਾਵਾਂ ਤਹਿਤ ਕੇਸ ਦਰਜ ਕਰਨ ਦੀ ਨਿੰਦਾ ਕਰਦਿਆਂ ਬਣਾਏ ਗਏ ਝੂਠੇ ਕੇਸ ਵਾਪਸ ਲੈਣ ਦੀ ਮੰਗ ਕਰਦਿਆਂ 6 ਨਵੰਬਰ ਨੂੰ ਮੋਦੀ ਸਰਕਾਰ ਦੇ ਪੁਤਲੇ ਸਾੜਨ ਦੇ ਫੈਸਲੇ ਉਪਰ ਮੋਹਰ ਲਗਾਈ। ਇਹ ਵੀ ਫੈਸਲਾ ਲਿਆ ਗਿਆ ਕਿ 26, 27, 28 ਨਵੰਬਰ ਨੂੰ ਰਾਜਧਾਨੀਆਂ ਘੇਰਨ ਦੇ ਐਕਸ਼ਨ ਵਿਚ ਸਰਗਰਮੀ ਨਾਲ ਸ਼ਾਮਲ ਹੋਇਆ ਜਾਵੇਗਾ। ਮੀਟਿੰਗ ਵਿੱਚ ਮੰਗਲ ਸਿੰਘ ਧਰਮਕੋਟ, ਬਲਵਿੰਦਰ ਸਿੰਘ ਵਿਲਾ ਕੋਠੀ, ਬਲਜਿੰਦਰ ਸਿੰਘ ਭਿੰਡਰ, ਕੁਲਦੀਪ ਰਾਜੂ, ਕਰਮਜੀਤ ਸਿੰਘ ਸੰਧੂ , ਸੁਰਜੀਤ ਸਿੰਘ ਬਾਜਵਾ, ਬਲਵਿੰਦਰ ਸਿੰਘਪੁਰਾ, ਕੁਲਵੰਤ ਸਿੰਘ ਰਾਮਦੀਵਾਲੀ, ਮਨਜੀਤ ਸਿੰਘ ਪੱਤਰਕਾਰ ਅਤੇ ਮੰਗਲ ਸਿੰਘ ਅਟਾਰੀ ਸ਼ਾਮਲ ਸਨ।

# ਆਸ਼ਾ ਵਰਕਰਾਂ ਨੇ ਜਗਵਿੰਦਰਪਾਲ ਸਿੰਘ ਜੱਗਾ ਨੂੰ ਦਿੱਤਾ ਮੰਗ ਪੱਤਰ



ਮਜੀਠਾ (ਸੋਇਮ ਆਨੰਦ)-ਆਸ਼ਾ ਤੇ ਫੈਸਿਲੀਟੇਟਰ ਵਰਕਰਜ਼ ਯੂਨੀਅਨ (ਸੀਟੂ) ਦੇ ਵਫਦ ਵਲੋਂ ਜ਼ਿਲਾ ਪ੍ਰਧਾਨ ਰਘਬੀਰ ਕੌਰ ਨਾਗਕਲਾਂ ਦੀ ਅਗਵਾਈ ਵਿੱਚ ਬੀਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਪਿਛਲੇ ਦਿਨੀਂ ਸਰਕਾਰੀ ਹਸਪਤਾਲ ਮਜੀਠਾ ਵਿੱਚ ਜਨਾਨਾ ਰੋਗਾਂ ਦੀ ਮਾਹਿਰ ਡਾ. ਪ੍ਰਭਜੋਤ ਕੌਰ ਦੀ ਬਦਲੀ ਮਜੀਠਾ ਹਸਪਤਾਲ ਤੋਂ ਅੰਮ੍ਰਿਤਸਰ ਸਿਵਲ ਹਸਪਤਾਲ 'ਚ ਕਰ ਦਿੱਤੀ ਗਈ ਸੀ, ਨੂੰ ਵਾਪਿਸ ਮਜੀਠਾ ਲਾਉਣ ਲਈ ਮੰਗ ਕੀਤੀ ਗਈ। ਇਸ ਸਬੰਧੀ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਕਿਹਾ ਕਿ ਮਜੀਠੇ ਹਲਕੇ ਦੇ ਲੋਕਾਂ ਦੀ ਮੰਗ ਨੂੰ ਮੁੱਖ ਰਖਦਿਆਂ ਹੋਇਆਂ ਡਾ. ਪ੍ਰਭਜੋਤ ਕੌਰ ਨੂੰ ਦੁਬਾਰਾ ਮਜੀਠਾ ਸਰਕਾਰੀ ਹਸਪਤਾਲ ਵਿੱਚ ਲਿਆਉਣ ਲਈ ਉਹ ਇਹ ਮਸਲਾ ਸਿਹਤ ਮੰਤਰੀ ਦੇ ਧਿਆਨ ਵਿੱਚ ਲਿਆਉਣਗੇ ਤਾਂ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਵਧੀਆ ਮਿਲ ਸਕਣ। ਜ਼ਿਲਾ ਪ੍ਰਧਾਨ ਆਗੂ ਰਘਬੀਰ ਕੌਰ ਨੇ ਦੱਸਿਆ ਕਿ ਮਜੀਠਾ ਹਸਪਤਾਲ ਵਿੱਚ ਰੋਜ਼ਾਨਾ 50 ਦੇ ਕਰੀਬ ਗਰਭਵਤੀ ਔਰਤਾਂ ਡਾ. ਪ੍ਰਭਜੋਤ ਕੌਰ ਕੋਲ ਜਾਂਚ ਕਰਾ ਕੇ ਦਵਾਈ ਲੈਂਦੀਆਂ ਹਨ ਪਰ ਉਨ੍ਹਾ ਦੇ ਜਾਣ ਨਾਲ ਗਰਭਵਤੀ ਔਰਤਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਉਨ੍ਹਾਂ ਦੀ ਥਾਂ ਅਜੇ ਤੱਕ ਕੋਈ ਹੋਰ ਡਾਕਟਰ ਵੀ ਨਹੀਂ ਲਗਾਇਆ ਗਿਆ। ਉਨ੍ਹਾਂ ਮੰਗ ਕੀਤੀ ਕਿ ਡਾ. ਪ੍ਰਭਜੋਤ ਕੌਰ ਨੂੰ ਹੀ ਮਜੀਠਾ ਹਸਪਤਾਲ 'ਚ ਦੁਬਾਰਾ ਨਿਯੁਕਤ ਕੀਤਾ ਜਾਵੇ। ਇਸ ਮੌਕੇ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ, ਬਚਿੱਤਰ ਸਿੰਘ ਲਾਲੀ ਢਿੰਗਨੰਗਲ ਤੋਂ ਇਲਾਵਾ ਜ਼ਿਲਾ ਪ੍ਰਧਾਨ ਰਘਬੀਰ ਕੌਰ, ਬਲਾਕ ਆਗੂ ਇਕਬਾਲ ਕੌਰ, ਬਲਵਿੰਦਰ ਕੌਰ ਕਲੇਰ ਮਾਂਗਟ, ਬਲਵਿੰਦਰ ਕੌਰ ਨੰਗਲ ਪੰਨਵਾਂ, ਲਖਵਿੰਦਰ ਕੌਰ, ਰਾਣੀ ਡੱਡੀਆਂ, ਨਿਰਮਲਜੀਤ ਕੌਰ ਨਾਗਕਲਾਂ, ਜਗਜੀਤ ਕੌਰ ਭੋਮਾ, ਰਾਣੀ ਵਡਾਲਾ, ਰਜਨੀ ਨਾਗਕਲਾਂ, ਗੀਟਾ ਕਲੇਰ ਮਾਂਗਟ, ਮਨਪ੍ਰੀਤ ਕੌਰ, ਰੇਖਾ, ਮਨਪ੍ਰੀਤ ਕੌਰ ਸਮੇਤ ਹੋਰ ਵੀ ਆਸ਼ਾ ਵਰਕਰਾਂ ਹਾਜ਼ਰ ਸਨ।

# ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਰਾਮਦਾਸ ਸੰਸਥਾਵਾਂ ਪੰਧੇਰ ਵਿਖੇ ਚੌਥੇ ਪਾਤਿਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰੀ ਸ਼ਰਧਾ ਤੇ ਭਾਰੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰਹਿਨੁਮਾਈ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਸਮੂਹ ਕਾਲਜਾਂ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਭਾਗ ਲਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਅਤੇ ਹੋਰਨਾਂ ਧਾਰਮਿਕ ਆਗੂਆਂ ਵੱਲੋਂ ਨਗਰ ਕੀਰਤਨ ਦੀ ਅਰੰਭਤਾ ਕੀਤੀ ਗਈ।

ਪਹਿਲੇ ਪੜਾਅ ਵਿੱਚ ਪ੍ਰਬੰਧਕੀ ਬਲਾਕ, ਨਰਸਿੰਗ ਕਾਲਜ, ਫਾਰਮੇਸੀ ਕਾਲਜ, ਡਿਗਰੀ ਕਾਲਜ, ਬੀ. ਐਡ. ਕਾਲਜ, ਗੁਰੂ ਸਾਗਰ ਪਬਲਿਕ ਸਕੂਲ ਤੋਂ ਹੁੰਦੇ ਹੋਏ ਅੰਤ ਵਿਚ ਸ੍ਰੀ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਹਸਪਤਾਲ ਤੋਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਵਿਖੇ ਪੁੱਜ ਕੇ ਸਮਾਪਤ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਰਾਗੀ ਸਿੰਘਾਂ ਵਲੋਂ ਗੁਰਬਾਣੀ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੀ ਸ਼ਬਦ ਕੀਰਤਨ ਕੀਤਾ। ਇਸ ਮੌਕੇ ਕਾਲਜ ਦੇ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਨੇ ਸ੍ਰੀ ਗੁਰੂ ਰਾਮਦਾਸ ਜੀ ਦੀ ਜੀਵਨੀ 'ਤੇ ਚਾਨਣਾ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ, ਡਾ. ਗੁਲਵਤਨ ਸਿੰਘ ਕੰਗ, ਡਾ ਗੁਰਸਰਨ ਸਿੰਘ ਕਾਹਲੋਂ, ਡਾ. ਆਨੰਦਜੀਤ ਕੌਰ, ਡਾ. ਰਿਪੁਦਮਨ ਕੌਰ, ਰਾਜਵੰਤ ਕੌਰ, ਸੁਖਵਿੰਦਰ ਕੌਰ ਪੱਡਾ, ਕੇਵਲ ਸਿੰਘ, ਐਡਵੋਕੇਟ ਮਨਦੀਪ ਸਿੰਘ ਬੋਪਾਰਾਏ, ਅਨਮੋਲਦੀਪ ਕੌਰ, ਮੀਨੂੰ ਚੌਧਰੀ, ਮਨਦੀਪ ਕੌਰ, ਬਲਰਾਜ ਸਿੰਘ, ਸੁਖਬੀਰ ਸਿੰਘ, ਰਾਜਵਿੰਦਰ ਕੌਰ, ਬਲਬੀਰ ਸਿੰਘ, ਗੁਰਬਚਨ ਸਿੰਘ,ਪਲਵਿੰਦਰ ਸਿੰਘ, ਪਰਦੀਪ ਸਿੰਘ, ਰੋਬਿਨ, ਸਵੇਤਾ, ਜਤਿੰਦਰ ਕੌਰ, ਸ਼ੈਫਾਲੀ, ਰੁਪਾਲੀ, ਸਿਮਰਨ ਕੌਰ, ਰਾਜਵਿੰਦਰ ਸਿੰਘ, ਆਦਿ ਹਾਜ਼ਰ ਸਨ। ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸੇਵਾ ਕਰਨ ਵਾਲੇ ਅਤੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਨੇਜਮੈਂਟ ਵੱਲੋਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮੂਹ ਵਿਦਿਆਰਥੀ ਸਟਾਫ ਅਤੇ ਇਲਾਕੇ ਦੇ ਪੰਚ ਸਰਪੰਚ ਅਤੇ ਪਤਵੰਤੇ ਵਿਅਕਤੀ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸੇਵਾ ਮੁਕੰਮਲ ਹੋਣ ਮਗਰੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਆਰੰਭ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀ ਸੇਵਾ ਮੁਕੰਮਲ ਹੋਣ ਮਗਰੋਂ ਅੱਜ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਕਰਕੇ ਉਦਘਾਟਨ ਕੀਤਾ ਗਿਆ। ਇਹ ਇਤਿਹਾਸਕ ਅਸਥਾਨ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨਾਲ ਸਬੰਧਤ ਹੈ। ਗੁਰੂ ਸਾਹਿਬ ਜੀ ਨੇ ਇਥੇ ਬਾਰਹ ਮਾਹ ਬਾਣੀ ਦਾ ਉਚਾਰਨ ਕੀਤਾ ਸੀ। ਸ਼੍ਰੋਮਣੀ ਕਮੇਟੀ ਵੱਲੋਂ ਇਸ ਦੀ ਸੇਵਾ ਬਾਬਾ ਬਚਨ ਸਿੰਘ ਦਿੱਲੀ ਵਾਲਿਆਂ ਨੂੰ ਸੌਂਪੀ ਗਈ ਸੀ, ਜਿਨ੍ਹਾਂ ਨੇ ਪੁਰਾਤਨ ਅਸਥਾਨ ਨੂੰ ਹੂਬਹੂ ਸੁਰੱਖਿਅਤ ਰੱਖਦਿਆਂ ਇਸ ਦੇ ਦੁਆਲੇ ਪਾਰਦਰਸ਼ੀ ਸ਼ੀਸ਼ਿਆਂ ਵਾਲੀ ਇਮਾਰਤ ਤਿਆਰ ਕੀਤੀ ਹੈ। ਸੇਵਾ ਸੰਪੂਰਨ ਹੋਣ 'ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਮੌਜੂਦ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਅਸਥਾਨ ਸਿੱਖ ਕੌਮ ਲਈ ਬੇਹੱਦ ਅਹਿਮ ਹਨ, ਜਿਨ੍ਹਾਂ ਦੀ ਸੇਵਾ ਸੰਭਾਲ ਲਈ ਸਮੇਂ-ਸਮੇਂ 'ਤੇ ਕਾਰਜ ਕੀਤੇ ਜਾਂਦੇ ਹਨ। ਇਸੇ ਤਹਿਤ ਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਬਾਰਹ ਮਾਹ ਬਾਣੀ ਉਚਾਰਨ ਨਾਲ ਸਬੰਧਤ ਪਾਵਨ ਅਸਥਾਨ ਜੋ ਕਿ ਪਹਿਲਾਂ ਇਕ ਥੜ੍ਹੇ ਦੇ ਰੂਪ ਵਿਚ ਮੌਜੂਦ ਸੀ, ਨੂੰ ਸੁਰੱਖਿਅਤ ਰੱਖਣ ਲਈ ਸੇਵਾ ਕਰਵਾਈ ਗਈ ਹੈ। ਹੁਣ ਇਸ ਅਸਥਾਨ 'ਤੇ ਸੰਗਤ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਨਿਰੰਤਰ ਜਾਰੀ ਰੱਖੀ ਜਾਵੇਗੀ। ਉਨ੍ਹਾਂ ਇਸ ਇਤਿਹਾਸਕ ਅਸਥਾਨ ਦੀ ਸੇਵਾ ਕਰਵਾਉਣ ਲਈ ਕਾਰਸੇਵਾ ਸੰਪ੍ਰਦਾ ਦਿੱਲੀ ਵਾਲੇ ਮਹਾਂਪੁਰਖਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਰਸੇਵਾ ਸੰਪ੍ਰਦਾ ਵੱਲੋਂ ਪੁੱਜੇ ਬਾਬਾ ਕੰਵਲਜੀਤ ਸਿੰਘ, ਬਾਬਾ ਪਰਮਜੀਤ ਸਿੰਘ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਨਾਮ ਸਿੰਘ ਜੱਸਲ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਓਐੱਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਐਕਸੀਅਨ ਜਤਿੰਦਰਪਾਲ ਸਿੰਘ, ਸੁਖਜਿੰਦਰ ਸਿੰਘ, ਐਸਡੀਓ ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ਼ਮਸ਼ੇਰ ਸਿੰਘ ਜੇਈ ਆਦਿ ਮੌਜੂਦ ਸਨ।

# ਪਿੰਡ ਜੋਧੇ ਵਿਖੇ ਕਰਵਾਇਆ 17ਵਾਂ ਜਾਗਰਣ

## * ਸੋਨੇ ਦੇ ਗਹਿਣੇ ਤੇ ਨਕਦ ਰਾਸ਼ੀ ਨਾਲ ਨਿਵਾਜੇ ਕਲਾਕਾਰ

ਬੁਤਾਲਾ (ਨਿਰਮਲ ਸਿੰਘ ਸੰਘਾ)-ਰਾਜਵੀਰ ਸਮਰਾ ਯੂਕੇ ਬਿੱਟੂ ਢੇਸੀ ਯੂਕੇ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੀਤੇ ਦਿਨ ਪਿੰਡ ਜੋਧੇ ਵਿਖੇ ਮਹਾਂ ਮਾਈ ਦਾ 17ਵਾਂ ਜਾਗਰਣ ਕਰਵਾਇਆ ਗਿਆ। ਸ਼੍ਰੀ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਸਲਾਨਾ ਜਾਗਰਣ 'ਚ ਪ੍ਰਸਿੱਧ ਕਲਾਕਾਰ ਰਮਨ ਪੰਨੂੰ,ਮਨਪ੍ਰੀਤ ਸ਼ੇਰਗਿੱਲ,ਲੋਕ ਗਾਇਕ ਗੁਰਮੇਲ ਜੋਧਾ ਨੇ ਮਹਾਂ ਮਾਈ ਦਾ ਗੁਣ-ਗਾਨ ਕੀਤਾ ਅਤੇ ਆਪਣੀ ਸੁਰੀਲੀ ਅਵਾਜ 'ਚ ਮਾਂ ਦੀ ਮਹਿਮਾ ਕੀਤੀ। ਭਗਤ ਰੇਸ਼ਮ ਸਿੰਘ ਤੋਤਾ ਐਂਡ ਪਾਰਟੀ ਨੇ ਜਾਗਰਣ ਕੀਤਾ। ਯੂਕੇ ਤੋਂ ਉਚੇਚੇ ਤੌਰ ਤੇ ਪੁੱਜੇ ਰਾਜਵੀਰ ਸਮਰਾ ਨੇ ਸਿੰਗਰ ਰਮਨ ਪੰਨੂ ਨੂੰ ਸੋਨੇ ਦਾ ਕੜਾ, ਗੁਰਮੇਲ ਜੋਧਾ ਨੂੰ ਸੋਨੇ ਦੀ ਮੁੰਦਰੀ, ਮਨਪ੍ਰੀਤ ਸ਼ੇਰਗਿਲ ਨੂੰ ਸੋਨੇ ਦਾ ਕੜਾ ਅਤੇ ਕਾਮੇਡੀ ਕਿੰਗ ਘੁਲੇ ਸ਼ਾਹ ਅਤੇ ਕਾਂਸੀ ਰਾਮ ਚੰਨ ਨੂੰ ਨਕਦ ਰਾਸੀ ਦੇ ਕੇ ਵਿਸੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਿੰਡ ਜੋਧੇ ਜਾਗਰਣ ਪ੍ਰਬੰਧਕ ਕਮੇਟੀ ਦੇ ਵਲੰਟੀਅਰ ਠੇਕੇਦਾਰ ਜਸਵਿੰਦਰ ਸਿੰਘ, ਸੁਖਚੈਨ ਸਿੰਘ ਲਾਲੋ, ਰਾਣਾ, ਕੈਨੇਡੀ, ਬਾਬਾ ਸੋਨੀ, ਜੀਤਾ ਬਰਾੜ, ਰਾਜੂ, ਲਵਲੀ ਆਦਿ ਨੇ ਜੋਗਿੰਦਰ ਸਿੰਘ ਸਮਰਾ ਯੂਕੇ ਏਕਲਗੱਡਾ, ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ, ਲੰਬੜਦਾਰ ਜੋਗਿੰਦਰ ਸਿੰਘ ਬੱਲ,ਮੰਗਲ ਸਿੰਘ ਪੰਚ ਦਾ ਸਨਮਾਨ ਕੀਤਾ। ਸਟੇਜ ਸੰਚਾਲਕ ਦੀ ਭੂਮਿਕਾ ਕਾਬਲ ਖਡੂਰ

# ਹਾਦਸੇ 'ਚ ਜ਼ਖਮੀ ਵਿਅਕਤੀ ਦੀ ਇਲਾਜ ਦੌਰਾਨ ਮੌਤ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਦਰ ਗੁਰਦਾਸਪੁਰ ਨੂੰ ਦਿੱਤੀ ਸ਼ਿਕਾਇਤ ਵਿਚ ਪ੍ਰੇਮ ਮਸੀਹ ਪੁੱਤਰ ਸਾਦਿਕ ਮਸੀਹ ਵਾਸੀ ਅਮੀਪੁਰ ਨੇ ਦੱਸਿਆ ਕਿ 31.10.23 ਨੂੰ ਮੈਂ ਤੇ ਮੇਰਾ ਭਰਾ ਤਰਸੇਮ ਮਸੀਹ ਸੈਰ ਕਰ ਰਹੇ ਸੀ। ਜਦ ਉਹ ਨਜ਼ਦੀਕ ਸਤਿਕਰਤਾਰ ਪੈਟਰੋਲ ਪੰਪ ਜੋੜਾ ਛੱਤਰਾਂ ਪੁਜੇ ਤਾਂ ਕਲਾਨੌਰ ਸਾਇਡ ਤੋਂ ਪਿਛੋਂ ਕੋਈ ਨਾਮਲੂਮ ਵਹੀਕਲ ਨੇ ਮੇਰੇ ਭਰਾ ਤਰਸੇਮ ਮਸੀਹ ਦੇ ਪਿਛੇ ਟੱਕਰ ਮਾਰੀ ਜਿਸ ਨਾਲ ਮੇਰੇ ਭਰਾ ਦੀ ਮੌਕੇ 'ਤੇ ਹੀ ਮੌਤ ਹੋ ਗਈ।

# ਅੰਮ੍ਰਿਤਸਰ ਤੋਂ ਇਟਲੀ ਦੇ ਵੇਰੋਨਾ ਸ਼ਹਿਰ ਲਈ ਪਹਿਲੀ ਸਿੱਧੀ ਉਡਾਣ ਸ਼ੁਰੂ

ਅੰਮ੍ਰਿਤਸਰ-ਅੰਮ੍ਰਿਤਸਰ ਤੋਂ ਨਿਓਸ ਏਅਰਲਾਈਨ ਵੱਲੋਂ ਇਟਲੀ ਦੇ ਵੇਰੋਨਾ ਸ਼ਹਿਰ ਲਈ ਬੁੱਧਵਾਰ ਤੋਂ ਸਿੱਧੀ ਉਡਾਣ ਸ਼ੁਰੂ ਕਰ ਦਿੱਤੀ ਗਈ ਹੈ। ਸ੍ਰੀ ਗੁਰੂ ਰਾਮਦਾਸ ਅੰਤਰਰਾਸਟਰੀ ਹਵਾਈ ਅੱਡੇ ਤੋਂ ਭਾਰਤ ਭਰ ਵਿੱਚ ਵੇਰੋਨਾ ਸ਼ਹਿਰ ਲਈ ਪਹਿਲੀ ਸਿੱਧੀ ਉਡਾਣ ਸ਼ੁਰੂ ਹੋ ਗਈ ਹੈ। ਇਸ ਤੋਂ ਪਹਿਲਾਂ ਦੇਸ਼ ਵਿੱਚ ਕਿਤੇ ਵੀ ਇਸ ਸਹਿਰ ਲਈ ਸਿੱਧੀਆਂ ਉਡਾਣਾਂ ਨਹੀਂ ਸਨ। ਪਰ ਹੁਣ ਇਸ ਨੂੰ ਨਿਓਸ ਏਅਰਲਾਈਨ ਨੇ ਸ਼ੁਰੂ ਕਰ ਦਿੱਤਾ ਹੈ। ਜੋ ਹਫਤੇ ਵਿੱਚ ਇੱਕ ਵਾਰ ਉੱਡਣਗੇ। ਨਿਓਸ ਕੰਪਨੀ ਦੇ ਭਾਰਤ ਦੇ ਨੁਮਾਇੰਦੇ ਕੁਲਵੰਤ ਰਾਏ ਘਈ, ਡਾਇਰੈਕਟਰ ਰਾਮ ਘਈ, ਸਟੇਸਨ ਮੈਨੇਜਰ ਅਮਿਤ ਸਰਮਾ, ਰਾਜੀਵ ਆਨੰਦ, ਮਾਨ ਸਿੰਘ ਨੇ ਦੱਸਿਆ ਕਿ ਫਿਲਹਾਲ ਇਹ ਉਡਾਣ ਹਫਤੇ ਵਿੱਚ ਇੱਕ ਵਾਰ ਚਲਾਈ ਜਾਣੀ ਹੈ। ਭਵਿੱਖ 'ਚ ਯਾਤਰੀਆਂ ਦੀ ਮੰਗ ਨੂੰ ਦੇਖਦੇ ਹੋਏ ਇਸ ਦੀ ਗਿਣਤੀ ਵਧਾ ਕੇ ਇਕ ਤੋਂ ਜ਼ਿਆਦਾ ਕਰਨ ਦੀ ਯੋਜਨਾ ਹੈ।

# ਸਾਂਝ ਕੇਂਦਰ ਕਾਦੀਆਂ ਵੱਲੋਂ ਸਕੂਲ 'ਚ ਸੈਮੀਨਾਰ ਆਯੋਜਿਤ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਾਂਝ ਕੇਂਦਰ ਕਾਦੀਆਂ ਦੇ ਇੰਚਾਰਜ ਐੱਸਆਈ ਸੰਦੀਪ ਕੌਰ,ਐਸਆਈ ਰੁਪਿੰਦਰਜੀਤ ਸਿੰਘ ਇੰਚਾਰਜ ਸਬ ਡਵੀਜ਼ਨ ਸ੍ਰੀ ਹਰਗੋਬਿੰਦਪੁਰ, ਏਐੱਸਆਈ ਤ੍ਰਿਪਤ ਸਿੰਘ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਦੀ ਅਗਵਾਈ ਹੇਠ ਸੈਮੀਨਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਕੌਸ਼ਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਸਾਂਝ ਕੇਂਦਰ ਇੰਚਾਰਜ ਸੱਬ ਇੰਸਪੈਕਟਰ ਸੰਦੀਪ ਕੌਰ ਵੱਲੋਂ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਜੁਰਮ ਤੋਂ ਦੂਰ ਰਹਿਣ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਖੇਡਾਂ ਦੇ ਮੁਕਾਬਲੇ ਵੀ ਕਰਵਾਏ ਗਏ ਅਤੇ ਅਵੱਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਤਕਸੀਮ ਕੀਤੇ ਗਏ। ਵਿਦਿਆਰਥਣਾਂ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਅਤੇ ਭਰੂਣ ਹੱਤਿਆ ਵਰਗੀਆ ਸਮਾਜਿਕ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਕਵਿਤਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਕ ਦੀ ਭੂਮਿਕਾ ਲੈਕ. ਰਵਿੰਦਰ ਸਿੰਘ ਬਾਜਵਾ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਲੈਕ ਰਾਜਪ੍ਰਿਤ ਕੌਰ, ਗੁਰਟੇਕ ਸਿੰਘ ਆਰਟ ਐਂਡ ਕਰਾਫਟ ਟੀਚਰ ਅਤੇ ਸਮੂਹ ਸਟਾਫ ਹਾਜ਼ਰ ਸੀ।

# ਤਿੰਨ ਰੋਜ਼ਾ ਗੁਰਮਤਿ ਸਮਾਗਮ ਸ਼ੁਰੂ



ਝਬਾਲ (ਹਰਜਿੰਦਰ ਸਿੰਘ ਸੋਨੀ)-ਝਬਾਲ ਤੋਂ ਥੋੜ੍ਹੀ ਦੂਰ ਪਿੰਡ ਪੰਜਵੜ ਕਲਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਅੱਜ ਸੇਵਾਦਾਰ ਬਾਬਾ ਕੁਲਵਿੰਦਰ ਸਿੰਘ ਜੀ ਦੇ ਸਮੂੰਹ ਪਰਵਾਰ ਦੇ ਸਹਿਯੋਗ ਇਲਾਕੇ ਅਤੇ ਨਗਰ ਪੰਜਵੜ ਦੇ ਤੇ ਐਨਆਰਆਈ ਵੀਰਾ ਦੇ ਸਹਿਯੋਗ ਨਾਲ ਆਰੰਭ ਹੋਇਆ। ਸਵੇਰੇ ਸ੍ਰੀ ਸੁਖਮਨੀ ਸਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਅਮਰਿੰਦਰ ਸਿੰਘ ਹਜ਼ੂਰੀ ਰਾਗੀ ਭਗਤ ਜੱਲਣ ਦਾਸ ਜੀ, ਰਾਗੀ ਬਾਬਾ ਕੁਲਵਿੰਦਰ ਸਿੰਘ ਜੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਚੇਚੇ ਤੌਰ ਤੇ ਸ਼੍ਰੋਮਣੀ ਅਕਾਲੀ ਤਰਨਾ ਦਲ ਬੀਰ ਸਿੰਘ, ਧੀਰ ਸਿੰਘ ਜਥੇਦਾਰ ਪੰਜਵਾਂ ਨਿਸ਼ਾਨ ਤੋਂ ਵਰੋਸਾਏ ਮੁੱਖ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਮੀਤ ਜਥੇਦਾਰ ਬਾਬਾ ਅਮਰੀਕ ਸਿੰਘ ਤਰਨਾ ਦਲ, ਬਾਬਾ ਦਲਬੀਰ ਸਿੰਘ ਅਨੰਦਪੁਰ ਸਾਹਿਬ ਵਾਲਿਆਂ ਨੇ ਪਹੁੰਚ ਕੇ ਹਾਜ਼ਰੀ ਭਰੀ। ਬਾਬਾ ਕੁਲਵਿੰਦਰ ਸਿੰਘ ਵੱਲੋਂ ਆਏ ਸੰਤਾ ਮਹਾਂਪੁਰਸ਼ਾ ਨੂੰ ਸਨਮਾਨਿਤ ਕੀਤਾ ਗਿਆ।

ਬਾਬਾ ਕੁਲਵਿੰਦਰ ਵੱਲੋਂ ਦੂਰੋਂ ਨੇੜਿਓਂ ਪਹੁੰਚੀਆਂ ਸੰਗਤਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਤਿੰਨੇ ਦਿਨ ਵਰਤਦੇ ਰਹਿਣਗੇ। ਇਸ ਮੌਕੇ ਬਾਬਾ ਕੁਲਵਿੰਦਰ ਸਿੰਘ ਤੋਂ ਇਲਾਵਾ ਸੇਵਾਦਾਰਨੀ ਰਾਜਬੀਰ ਕੌਰ ਤੇ ਹੋਰ ਸੇਵਾਦਾਰ ਸੰਗਤਾਂ ਹਾਜ਼ਰ ਸਨ।

# 2 ਰੋਜ਼ਾ '8ਵਾਂ ਖ਼ਾਲਸਾ ਕਾਲਜ ਯੂਥ ਫੈਸਟੀਵਲ-2023' ਅਭੁੱਲ ਯਾਦਾਂ ਛੱਡਦਾ ਸੰਪੰਨ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਵਿੱਦਿਅਕ ਅਦਾਰਿਆਂ 'ਚ ਕਲਾ ਮੰਚ ਇਕ ਅਜਿਹਾ ਮਹੱਤਵਪੂਰਨ ਸਥਾਨ ਹੈ, ਜੋ ਬੱਚਿਆਂ 'ਚ ਲੁਕੀ ਹੋਈ ਕਾਬਲੀਅਤ ਨੂੰ ਉਜਾਗਰ ਕਰਦਾ ਹੈ ਅਤੇ ਉਨ੍ਹਾਂ ਦੇ ਹੁਨਰ ਨੂੰ ਚਾਰ ਚੰਦ ਲਗਾਉਂਦਾ ਹੈ। ਇਸ ਲਈ ਸੰਸਥਾਵਾਂ 'ਚ ਸਮੇਂ ਸਮੇਂ 'ਤੇ ਵਿਦਿਆਰਥੀਆਂ ਦੀ ਕਲਾ ਦੀ ਪਰਖ ਲਈ ਅਜਿਹੀਆਂ ਪ੍ਰਤੀਯੋਗਤਾਵਾਂ ਅਤਿ ਲੋੜੀਂਦੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇੱਥੇ ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ 30 ਅਕਤੂਬਰ ਤੋਂ ਸ਼ੁਰੂ ਹੋਏ 2 ਰੋਜ਼ਾ '8ਵਾਂ ਖ਼ਾਲਸਾ ਕਾਲਜਜ਼ ਯੂਥ ਫੈਸਟੀਵਲ-2023' 'ਚ ਉਚੇਚੇ ਤੌਰ 'ਤੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜਾਈ ਕਰਨ ਅਤੇ ਓਵਰ ਆਲ ਟਰਾਫ਼ੀ 'ਤੇ ਕਬਜ਼ਾ ਕਰਨ ਵਾਲੇ ਖ਼ਾਲਸਾ ਕਾਲਜ ਨੂੰ ਟਰਾਫ਼ੀ ਭੇਂਟ ਕਰਨ ਲਈ ਪੁੱਜੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕੀਤਾ ਜਦਕਿ ਖ਼ਾਲਸਾ ਕਾਲਜ ਫ਼ਾਰ ਵੂਮੈਨ ਫ਼ਸਟ ਰਨਰਅੱਪ ਅਤੇ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਸੈਕਿੰਡ ਰਨਰਅੱਪ ਰਿਹਾ। ਖ਼ਾਲਸਾ ਕਾਲਜ ਮੈਨੇਜ਼ਮੈਂਟ ਅਧੀਨ ਚਲ ਰਹੇ 12 ਕਾਲਜਾਂ ਤੋਂ ਸੈਂਕੜੇ ਵਿਦਿਆਰਥੀਆਂ ਨੇ ਫੈਸਟੀਵਲ 'ਚ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸ: ਛੀਨਾ ਨੇ ਕੌਂਸਲ ਦੇ ਜੁਆਇੰਟ ਸਕੱਤਰ ਸ: ਸੰਤੋਖ ਸਿੰਘ ਸੇਠੀ ਨਾਲ ਮਿਲ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਵਿਦਿਆਰਥੀਆਂ ਨੂੰ ਜਿੱਥੇ ਅਜਿਹੇ ਪ੍ਰੋਗਰਾਮਾਂ ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕੀਤਾ, ਉਥੇ ਉਨ੍ਹਾਂ ਨੂੰ ਵਿੱਦਿਅਕ ਖੇਤਰ 'ਚ ਸ਼ਲਾਘਾਯੋਗ ਉਪਲਬੱਧੀਆਂ ਹਾਸਲ ਕਰਨ ਲਈ ਹੱਲ੍ਹਾਸ਼ੇਰੀ ਦਿੱਤੀ। ਉਕਤ ਫੈਸਟੀਵਲ ਜੋ ਅੱਜ ਆਪਣੀਆਂ ਮਿੱਠੀਆਂ ਯਾਦਾਂ ਦੀ ਖ਼ੁਸ਼ਬੂ ਬਿਖੇਰਦਾ ਹੋਇਆ ਸੰਪੰਨ ਹੋ ਗਿਆ, ਦਾ ਕੌਂਸਲ ਦੇ ਮੈਂਬਰ ਸ: ਸਰਬਜੀਤ ਸਿੰਘ ਹੁਸ਼ਿਆਰ ਨਗਰ ਦੁਆਰਾ ਸ਼ਮ੍ਹਾ ਰੌਸ਼ਨ ਕਰਕੇ ਅਗਾਜ਼ ਕੀਤਾ। 2 ਰੋਜ਼ਾ ਫੈਸਟੀਵਲ ਦੌਰਾਨ ਵਿਦਿਆਰਥੀਆਂ ਨੇ ਸ਼ਬਦ ਗਾਇਨ, ਭਜਨ, ਕਵੀਸ਼ਰੀ, ਗੀਤ-ਗਜ਼ਲ, ਫੋਕ ਸੋਗ, ਫੈਂਸੀ ਡਰੈੱਸ (ਪੰਜਾਬੀ ਪਹਿਰਾਵਾ), ਮਮਿਕਰੀ, ਮੋਨੋ ਐਕਟਿੰਗ, ਸਕਿੱਟ, ਰੰਗੋਲੀ, ਮਹਿੰਦੀ, ਫੁਲਕਾਰੀ, ਡਿਬੇਟ, ਕੁਇਜ਼, ਪੇਂਟਿੰਗ, ਪੋਸਟਰ ਮੇਕਿੰਗ, ਕਾਰਟੂਨਿੰਗ, ਕਲਾਜ, ਕਲੇਅ ਮਾਡਲੰਗ ਅਤੇ ਸਕਿੱਟ ਦੀ ਪੇਸ਼ਕਾਰੀ ਦਿੱਤੀ ਅਤੇ ਭੰਗੜਾ, ਗਿੱਧਾ, ਰਿਜ਼ਨਲ ਡਾਂਸ, ਕੁਇੱਜ਼ ਫਾਈਨਲ, ਐਕਸ਼ਨ ਸਾਂਗ ਆਦਿ 'ਚ ਵਿਦਿਆਰਥੀਆਂ ਆਪਣੇ ਕਲਾ ਦਾ ਮੁਜ਼ਾਹਰਾ ਕੀਤਾ। 2 ਰੋਜ਼ਾ ਪ੍ਰੋਗਰਾਮ ਦੌਰਾਨ ਜੱਜ ਸਾਹਿਬਾਨਾਂ ਦੀ ਭੂਮਿਕਾ ਡਾ. ਰਾਜੇਸ਼ ਸ਼ਰਮਾ, ਡਾ. ਰਵਜੋਤ ਕੌਰ, ਡਾ. ਹਰਜੀਤ ਸਿੰਘ, ਰਾਜਬੀਰ ਸਿੰਘ ਮੱਲ੍ਹੀ, ਅਨੂ ਲੇਹਲ, ਡਾ. ਰਿੰਪੀ, ਜੋਬਨਜੀਤ ਕੌਰ, ਕੁਲਦੀਪ ਸਿੰਘ, ਮੋਨਿਕਾ ਸਲਾਰੀਆ, ਬੰਬੀਤਾ ਵੱਲੋਂ ਨਿਭਾਈ ਗਈ। ਇਸ ਮੌਕੇ ਕਲਾ ਮੰਚ ਦੇ ਪ੍ਰੋਗਰਾਮ ਦੌਰਾਨ ਪ੍ਰਸਿੱਧ ਫ਼ਿਲਮ ਅਤੇ ਥੀਏਟਰ ਅਦਾਕਾਰ ਅਮਨ ਬੱਲ, ਸ: ਰਜਿੰਦਰ ਸਿੰਘ ਅਤੇ ਸ: ਅਰਵਿੰਦਰ ਸਿੰਘ ਭੱਟੀ ਨੇ ਸ਼ਿਰਕਤ ਕਰਕੇ ਚਾਰ ਚੰਨ ਲਗਾਇਆ। ਇਸ ਮੌਕੇ ਐਸ. ਆਰ. ਗੌਰਮਿੰਟ ਕਾਲਜ ਫ਼ਾਰ ਵੂਮੈਨ ਅੰਮ੍ਰਿਤਸਰ ਤੋਂ ਅਸਿਸਟੈਂਟ ਪ੍ਰੋਫੈਸਰ ਡਾ. ਰਣਜੀਤ ਸਿੰਘ ਵੱਲੋਂ ਇਕ ਕੁਵਿੱਜ ਮੁਕਾਬਲਾ ਵੀ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਮੁਕਾਬਲੇ ਬਹੁਤ ਹੀ ਦਿਲਚਸਪ ਸਨ ਕਿਉਂਕਿ ਸਮੂਹ ਖ਼ਾਲਸਾ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਆਪਣਾ ਸੰਪੂਰਨ ਹੁਨਰ ਦਾ ਮੁਜ਼ਾਹਰਾ ਕੀਤਾ ਹੈ, ਇਸ ਲਈ ਇਹ ਮੁਕਾਬਲਾ ਇਕ ਤਰ੍ਹਾਂ ਨਾਲ ਚੈਂਪੀਅਨਸ ਦਾ ਮੁਕਾਬਲਾ ਬਣ ਕੇ ਰਹਿ ਗਿਆ ਹੈ। ਉਨ੍ਹਾਂ ਮੈਨੇਜ਼ਮੈਂਟ ਦੁਆਰਾ ਹਰੇਕ ਸਾਲ ਉਲੀਕੇ ਗਏ 'ਯੂਥ ਫੈਸਟੀਵਲ' ਸਬੰਧੀ ਧੰਨਵਾਦ ਕੀਤਾ। ਇਸ ਮੌਕੇ ਜੁਆਇੰਟ ਸਕੱਤਰ ਸ: ਪਰਮਜੀਤ ਸਿੰਘ ਬੱਲ, ਮੈਂਬਰ ਭੁਪਿੰਦਰ ਸਿੰਘ ਹੌਲੈਂਡ, ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰ: ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਆਫ਼ ਲਾਅ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਡਾਇਰੈਕਟਰ ਡਾ. ਮੰਜੂ ਬਾਲਾ, ਪ੍ਰਿੰਸੀਪਲ ਡਾ. ਆਰ. ਕੇ. ਧਵਨ, ਪ੍ਰਿੰਸੀਪਲ ਨਾਨਕ ਸਿੰਘ, ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ, ਪ੍ਰਿੰਸੀਪਲ ਅਮਨਪ੍ਰੀਤ ਕੌਰ ਤੋਂ ਇਲਾਵਾ ਕਾਲਜਾਂ ਦਾ ਸਟਾਫ਼ ਤੇ ਵਿਦਿਆਰਥੀ ਮੌਜੂਦ ਸਨ।

# ਕੰਪਿਊਟਰ ਅਧਿਆਪਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕੀ



**ਫਿਲੌਰ (ਨਿਰਮਲ)** ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ 29 ਅਕਤੂਬਰ ਨੂੰ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨ ਤਾਰਨ ਦੀ ਅਗਵਾਈ ਹੇਠ ਆਪਣੀਆਂ ਹੱਕੀ ਅਤੇ ਜਾਇਜ ਮੰਗਾਂ ਲਈ ਕੁੰਭਕਰਨੀ ਨੀਂਦ ਸੁੱਤੀ ਹੋਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਜਗਾਉਣ ਲਈ ਕੰਪਿਊਟਰ ਅਧਿਆਪਕ ਇੱਕਤਰ ਹੋਏ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ, ਜਿਸ 'ਤੇ ਮੌਜੂਦਾ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸ਼ਨ ਵੱਲੋਂ ਕੰਪਿਊਟਰ ਅਧਿਆਪਕਾਂ 'ਤੇ ਲਾਠੀਚਾਰਜ ਕੀਤਾ ਅਤੇ ਕੰਪਿਊਟਰ ਅਧਿਆਪਕਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ। ਜਿਸ ਦੌਰਾਨ ਕਈ ਅਧਿਆਪਕਾਂ ਦੀ ਪੱਗਾਂ ਵੀ ਉਤਾਰੀਆਂ ਗਈਆਂ ਅਤੇ ਮਹਿਲਾ ਅਧਿਆਪਕਾਂ ਨਾਲ ਦੁਰ ਵਿਵਹਾਰ ਕੀਤਾ ਗਿਆ। ਪੰਜਾਬ ਸਰਕਾਰ ਦੇ ਇਸ ਗੈਰ ਮਾਨਵੀ ਅਤੇ ਨਾਦਰਸ਼ਾਹੀ ਕਾਰਵਾਈ ਦੀ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਨਿਖੇਧੀ ਕਰਦੀ ਹੈ। ਸਰਕਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਦਮਨ ਨਾਲ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀ ਕੀਤੀ ਜਾਵੇਗਾ। ਪੰਜਾਬ ਸਰਕਾਰ ਦੇ ਇਸ ਦਮਨ ਦੇ ਵਿਰੋਧ ਵਿੱਚ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਤੋਂ ਹਰਜਿੰਦਰ ਮਹਿਸਮ ਪੁਰ ਸੂਬਾ ਪ੍ਰੈਸ ਸਕੱਤਰ ਦੀ ਅਗਵਾਈ ਹੇਠ ਫਿਲੌਰ ਕੰਪਿਊਟਰ ਅਧਿਆਪਕ ਇੱਕਤਰ ਹੋ ਕੇ ਪੰਜਾਬ ਸਰਕਾਰ ਦੀਆਂ ਕੰਪਿਊਟਰ ਅਧਿਆਪਕ ਵਿਰੋਧੀ ਨੀਤੀਆ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ, ਨਾਲ ਹੀ ਪੰਜਾਬ ਸਰਕਾਰ ਤੇ ਆਲਾ ਅਧਿਆਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਜੇਕਰ ਪੰਜਾਬ ਸਰਕਾਰ ਕੰਪਿਊਟਰ ਅਧਿਆਪਕਾਂ ਨਾਲ ਕੀਤਾ ਵਾਅਦਾ ਪੂਰਾ ਨਹੀਂ ਕੀਤਾ ਜਾਂਦਾ ਤਾਂ 11 ਨਵੰਬਰ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲ਼ੀ ਕੀਤੀ ਜਾਵੇਗੀ। ਇਸ ਵਿਰੋਧ ਪ੍ਰਦਰਸ਼ਨ ਦੌਰਾਨ ਭਰਾਤਰੀ ਜੱਥਬੰਦੀਆ ਤੋਂ ਡੀ.ਟੀ.ਐਫ (ਦਿਗਵਜੇ) ਤੋਂ ਜਲੰਧਰ ਦੇ ਜਨਰਲ ਸਕੱਤਰ ਅਵਤਾਰ ਲਾਲ, ਗੌਰਮਿੰਟ ਟੀਚਰ ਯੂਨੀਅਨ ਤੋਂ ਕਰਨੈਲ ਫਿਲੌਰ ਸੂਬਾ ਪ੍ਰੈਸ ਸਕੱਤਰ, ਸਰਬਜੀਤ ਸਿੰਘ ਢੇਸੀ 4161 ਯੂਨੀਅਨ ਤੋਂ ਇਕਬਾਲ ਸਿੰਘ, ਪੈਨਸ਼ਨਰ ਆਗੂ ਹਰਮੇਸ਼ ਰਾਹੀ, ਹਰੀਸ਼ ਕੁਮਾਰ ਲੈਕ. ਹਰਭਜਨ ਸਿੰਘ ਨੇ ਆਪਣੇ ਸਾਥੀਆ ਸਮੇਤ ਕੰਪਿਊਟਰ ਅਧਿਆਪਕਾਂ ਦੇ ਸੰਘਰਸ਼ ਦਾ ਪੁਰਜੋਰ ਸਮੱਰਥਨ ਕੀਤਾ।

# ਅਧਿਕਾਰੀਆਂ ਵੱਲੋਂ ਅਨਾਜ ਮੰਡੀਆਂ ਦੇ ਨਿਰੰਤਰ ਦੌਰੇ ਜਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਕਿਸਾਨਾਂ ਦੀ ਸਹੂਲਤ ਲਈ ਅਨਾਜ ਮੰਡੀਆਂ ਵਿੱਚ ਖਰੀਦ ਦੇ ਪ੍ਰਬੰਧਾਂ ਦੀ ਨਿਗਰਾਨੀ ਕਰਨ ਲਈ ਅਧਿਕਾਰੀ ਨਿਰੰਤਰ ਦੌਰੇ ਕਰ ਰਹੇ ਹਨ। ਨਾਇਬ ਤਹਿਸੀਲਦਾਰ ਵਿਕਾਸਦੀਪ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਿਸਾਨਾਂ ਲਈ ਕੀਤੇ ਪ੍ਰਬੰਧਾਂ ਅਤੇ ਚੱਲ ਰਹੀ ਖਰੀਦ, ਲਿਫਟਿੰਗ, ਅਦਾਇਗੀ ਦਾ ਜਾਇਜਾ ਲਿਆ ਗਿਆ। ਉਨ੍ਹਾਂ ਨੇ ਕਿਸਾਨਾਂ ਤੋਂ ਮੁਸ਼ਕਿਲਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਅਨਾਜ ਮੰਡੀਆਂ ਵਿਚ ਮਜਦੂਰਾਂ ਨਾਲ ਵੀ ਗੱਲਬਾਤ ਕੀਤੀ। ਖਰੀਦ ਦੌਰਾਨ ਉਨ੍ਹਾਂ ਨੇ ਤੋਲ ਵੀ ਚੈਕ ਕੀਤਾ ਅਤੇ ਲਿਫਟਿੰਗ ਦਾ ਜਾਇਜਾ ਲਿਆ। ਉਨ੍ਹਾਂ ਦੱਸਿਆ ਕਿ ਕਿਸਾਨ ਮੰਡੀਆਂ ਵਿੱਚ ਕੀਤੇ ਖਰੀਦ ਪ੍ਰਬੰਧਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀ ਵਿਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਕਿਸਾਨਾਂ ਨੂੰ ਹੋਰ ਅਗਾਂਹਵਧੂ ਕਿਸਾਨਾਂ ਤੋਂ ਸੇਧ ਲੈ ਕੇ ਫ਼ਸਲਾਂ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਗਾ ਕੇ ਪਰਾਲੀ ਦੇ ਨਿਪਟਾਰੇ ਲਈ ਯੋਗ ਪ੍ਰਬੰਧ ਕਰਨ ਦੀ ਅਪੀਲ ਵੀ ਕੀਤੀ ਤਾਂ ਕਿ ਵਾਤਾਵਰਣ ਦੀ ਸ਼ੁੱਧਤਾ ਕਾਇਮ ਰਹੇ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਣੀ ਰਹੇ।

# ਪੰਜਾਬੀ ਸੂਬੇ ਦੀ 57ਵੀਂ ਵਰ੍ਹੇਗੰਢ ਮੌਕੇ ਪੰਜਾਬ ਪ੍ਰੈੱਸ ਕਲੱਬ ਵੱਲੋਂ ਵਿਸ਼ੇਸ਼ ਸੈਮੀਨਾਰ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਸਿਰ ਕਰਜ਼ੇ ਦੀ ਪੰਡ ਜਿੱਥੇ ਲਗਾਤਾਰ ਭਾਰੀ ਹੁੰਦੀ ਜਾ ਰਹੀ ਹੈ, ਉੱਥੇ ਖੇਤੀ ਖੇਤਰ 'ਚ ਵੀ ਸੂਬਾ ਪੱਛੜਦਾ ਜਾ ਰਿਹਾ ਹੈ। ਸਨਅਤਾਂ ਹੋਰਨਾਂ ਸੂਬਿਆਂ ਨੂੰ ਪਲਾਇਣ ਕਰ ਰਹੀਆਂ ਹਨ ਤੇ ਨੌਜਵਾਨਾਂ ਅੰਦਰ ਵਿਦੇਸ਼ ਜਾਣ ਦੀ ਲੱਗੀ ਹੋੜ ਨਾਲ 'ਬ੍ਰੇਨ ਡਰੇਨ' ਹੀ ਨਹੀਂ ਹੋ ਰਿਹਾ ਸਗੋਂ ਸੂਬੇ ਦੀ ਆਰਥਿਕਤਾ ਨੂੰ ਵੀ ਵੱਡੀ ਢਾਅ ਲੱਗ ਰਹੀ ਹੈ। ਇਸੇ ਤਰ੍ਹਾਂ ਧਰਤੀ ਹੇਠਲੇ ਪਾਣੀ ਦਾ ਸੰਕਟ ਇਸ ਕਦਰ ਗੰਭੀਰ ਹੋ ਚੁੱਕਾ ਹੈ ਕਿ ਜੇਕਰ ਸਮੇਂ ਸਿਰ ਕੋਈ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਦੋ-ਢਾਈ ਦਹਾਕਿਆਂ ਅੰਦਰ ਹੀ ਪੰਜਾਬ ਪੂਰੀ ਤਰ੍ਹਾਂ ਰੇਗਿਸਤਾਨ ਬਣ ਜਾਵੇਗਾ। ਇਸ ਤੋਂ ਇਲਾਵਾ ਦਰਿਆਵਾਂ ਤੇ ਨਦੀਆਂ-ਨਾਲਿਆਂ 'ਚ ਸੁੱਟੀ ਜਾ ਰਹੀ ਗੰਦਗੀ ਕਾਰਨ ਜਿੱਥੇ ਕੁਦਰਤ ਵਲੋਂ ਬਖਸ਼ੀ ਅਨਮੁੱਲੀ ਪਾਣੀ ਦੀ ਦਾਤ ਨੂੰ ਪਲੀਤ ਕੀਤਾ ਜਾ ਰਿਹਾ ਹੈ, ਉੱਥੇ ਖੇਤੀ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੇ ਸਨਅਤੀ ਇਕਾਈਆਂ ਦੇ ਪ੍ਰਦੂਸ਼ਣ ਨਾਲ ਚੌਗਿਰਦੇ ਨੂੰ ਵੀ ਗੰਭੀਰ ਖਤਰਾ ਪੈਦਾ ਹੋ ਗਿਆ ਹੈ। ਇੱਥੇ ਹੀ ਬੱਸ ਨਹੀਂ ਅੱਜ ਸੂਬੇ ਅੰਦਰ ਬੇਰੁਜ਼ਗਾਰਾਂ ਦੀ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ ਤੇ ਨਸ਼ਿਆਂ ਨਾਲ ਹਰ ਰੋਜ਼ ਪੰਜਾਬ ਦੀ ਜਵਾਨੀ ਮੌਤ ਦੇ ਮੂੰਹ 'ਚ ਜਾ ਰਹੀ ਹੈ। ਕਿਸਾਨ ਖੁਦਕੁਸ਼ੀਆਂ ਦਾ ਸਿਲਸਿਲਾ ਵੀ ਰੁਕਣ ਦਾ ਨਾਂਅ ਨਹੀਂ ਲੈ ਰਿਹਾ ਤੇ ਦਰਿਆਈ ਪਾਣੀਆਂ ਸਮੇਤ ਰਾਜਧਾਨੀ ਚੰਡੀਗੜ੍ਹ ਤੋਂ ਵੀ ਪੰਜਾਬ ਦੇ ਹੱਕ ਖੋਹੇ ਜਾ ਰਹੇ ਹਨ। ਇਹ ਵਿਚਾਰ ਪੰਜਾਬ ਪ੍ਰੈੱਸ ਕਲੱਬ ਵਿਖੇ 'ਪੰਜਾਬ ਸਮੱਸਿਆਵਾਂ ਤੇ ਸੰਭਾਵਨਾਵਾਂ' ਵਿਸ਼ੇ 'ਤੇ ਕਰਵਾਏ ਗਏ ਇਕ ਸੈਮੀਨਾਰ ਦੌਰਾਨ ਉਸ ਸਮੇਂ ਉੱਭਰ ਕੇ ਸਾਹਮਣੇ ਆਏ, ਜਦੋਂ ਸੈਮੀਨਾਰ 'ਚ ਬੋਲਦਿਆਂ ਉੱਘੇ ਆਰਥਿਕ ਮਾਹਿਰ ਡਾ. ਬਿਕਰਮ ਸਿੰਘ ਵਿਰਕ, ਸਾਬਕਾ ਆਈ. ਏ. ਐਸ. ਅਧਿਕਾਰੀ ਕਾਹਨ ਸਿੰਘ ਪਨੂੰ ਅਤੇ ਸੀਨੀਅਰ ਪੱਤਰਕਾਰ ਹਮੀਰ ਸਿੰਘ ਨੇ ਉਕਤ ਮਸਲਿਆਂ ਪ੍ਰਤੀ ਆਪਣੀ ਗੰਭੀਰ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਵੋਟ ਬੈਂਕ ਦੀ ਰਾਜਨੀਤੀ ਅਤੇ ਸਮੇਂ ਦੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਅੱਜ ਪੰਜਾਬ ਇਕ ਅਜਿਹੇ ਗੰਭੀਰ ਆਰਥਿਕ, ਸਮਾਜਿਕ ਤੇ ਸੱਭਿਆਚਾਰਕ ਸੰਕਟ 'ਚ ਫਸ ਗਿਆ ਹੈ, ਜਿਸ ਵਿਚੋਂ ਬਾਹਰ ਨਿਕਲਣਾ ਜੇਕਰ ਅਸੰਭਵ ਨਹੀਂ ਤਾਂ ਬੇਹੱਦ ਮੁਸ਼ਕਿਲ ਜ਼ਰੂਰ ਹੈ। ਹਾਲਾਂਕਿ ਬੁਲਾਰਿਆਂ ਨੇ ਕਿਹਾ ਕਿ ਪੰਜਾਬੀਆਂ ਨੇ ਕਦੇ ਵੀ ਉਮੀਦ ਦਾ ਪੱਲਾ ਨਹੀਂ ਛੱਡਿਆ ਤੇ ਹਮੇਸ਼ਾ ਹਿੰਮਤ ਤੇ ਦਲੇਰੀ ਨਾਲ ਹਰ ਮੁਸ਼ਕਿਲ ਦਾ ਸਾਹਮਣਾ ਕੀਤਾ ਹੈ ਤੇ ਉਕਤ ਮੁੱਦਿਆਂ ਦੇ ਹੱਲ ਲਈ ਵੀ ਸੰਜੀਦਾ ਤੇ ਸਮੂਹਿਕ ਯਤਨਾਂ ਦੀ ਲੋੜ ਹੈ। ਇਸ ਮੌਕੇ ਮੰਚ ਦਾ ਸੰਚਾਲਨ ਕਰਦਿਆਂ ਉੱਘੇ ਪੱਤਰਕਾਰ ਤੇ ਪੰਜਾਬ ਪ੍ਰੈੱਸ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਨੇ ਵੀ ਪੰਜਾਬ ਦੇ ਭਖਦੇ ਮਸਲਿਆਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਅੱਜ ਪੰਜਾਬ ਬੇਹੱਦ ਨਾਜ਼ੁਕ ਦੌਰ ਵਿਚੋਂ ਲੰਘ ਰਿਹਾ ਹੈ ਤੇ ਅਜਿਹੇ ਮੌਕੇ ਸਾਰਿਆਂ ਨੂੰ ਇਕਜੁੱਟ ਹੋ ਕੇ ਪੰਜਾਬ ਦੀ ਬਿਹਤਰੀ ਲਈ ਕੰਮ ਕਰਨ ਦੀ ਲੋੜ ਹੈ। ਕਾਹਨ ਸਿੰਘ ਪਨੂੰ ਨੇ ਧਰਤੀ ਹੇਠਲੇ ਪਾਣੀ ਦੇ ਸੰਕਟ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਪੰਜਾਬ ਦੇ 150 ਬਲਾਕਾਂ ਵਿਚੋਂ ਜ਼ਿਆਦਾਤਰ ਬਲਾਕਾਂ ਵਿਚ ਪਾਣੀ ਡਾਰਕ ਜ਼ੋਨ 'ਚ ਜਾ ਪੁੱਜਾ ਹੈ ਤੇ ਰਹਿੰਦੇ ਜ਼ੋਨ ਵੀ ਤੇਜ਼ੀ ਨਾਲ ਸੁੱਕ ਰਹੇ ਹਨ। ਹਮੀਰ ਸਿੰਘ ਨੇ ਢਾਂਚਾਗਤ ਤਬਦੀਲੀ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਪੰਜਾਬ ਨਾਲ ਸ਼ੁਰੂ ਤੋਂ ਹੀ ਬੇਇਨਸਾਫੀ ਹੁੰਦੀ ਰਹੀ ਹੈ ਤੇ ਹਰ ਖੇਤਰ 'ਚ ਪੰਜਾਬ ਨਾਲ ਵਿਤਕਰਾ ਕੀਤਾ ਜਾਂਦਾ ਰਿਹਾ ਹੈ। ਉੱਘੇ ਸ਼ਾਇਰ ਸੁਰਜੀਤ ਪਾਤਰ ਨੇ ਸੂਬੇ ਅੰਦਰ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨੂੰ ਦਰਪੇਸ਼ ਚੁਣੌਤੀਆਂ ਦਾ ਜ਼ਿਕਰ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਪ੍ਰੈੱਸ ਕਲੱਬ ਦੇ ਸੀਨੀਅਨ ਮੀਤ-ਪ੍ਰਧਾਨ ਰਾਜੇਸ਼ ਥਾਪਾ, ਸਕੱਤਰ ਮੇਹਰ ਮਲਿਕ, ਮੀਤ-ਪ੍ਰਧਾਨ ਤੇਜਿੰਦਰ ਕੌਰ ਥਿੰਦ, ਜਨਰਲ ਮੈਨੇਜਰ ਜਤਿੰਦਰਪਾਲ ਸਿੰਘ, ਡਾ. ਗੁਰਭਜਨ ਸਿੰਘ ਗਿੱਲ, ਸਾਬਕਾ ਨਿਊਜ਼ ਰੀਡਰ ਰਮਨ ਕੁਮਾਰ, ਪਰਮਵੀਰ ਸਿੰਘ ਬਾਠ, ਹਰਵਿੰਦਰ ਸਿੰਘ ਚੰਡੀਗੜ੍ਹ, ਆਈ.ਪੀ.ਸਿੰਘ, ਦੀਪਕਮਲ ਕੌਰ, ਸਰਬਜੀਤ ਸਿੰਘ ਕਾਕਾ, ਮਲਕੀਤ ਸਿੰਘ ਬਰਾੜ, ਸੁਰਿੰਦਰ ਪਾਲ, ਵਿਨੈ ਪਾਲ, ਸੰਦੀਪ ਸਾਹੀ, ਨਿਖਿਲ ਸ਼ਰਮਾ, ਰਜਿੰਦਰ ਸਿੰਘ ਬਿਲਗਾ, ਅਮਰਜੀਤ ਸਿੰਘ ਨਿੱਜਰ, ਸੁਕਰਾਂਤ ਸਫ਼ਰੀ, ਟਿੰਕੂ ਪੰਡਿਤ, ਜਸਬੀਰ ਸਿੰਘ ਸੋਢੀ, ਦਵਿੰਦਰ, ਹਰਜਿੰਦਰ ਸਿੰਘ ਅਟਵਾਲ, ਜਸਬੀਰ ਸਿੰਘ, ਸੁਰਜੀਤ ਸਿੰਘ ਜੰਡਿਆਲਾ, ਇੰਦਰਜੀਤ ਆਰਟਿਸਟ, ਰਮੇਸ਼ ਗਾਬਾ, ਰਮੇਸ਼ ਭਗਤ, ਧਰਮਿੰਦਰ ਸੋਂਧੀ, ਰਮੇਸ਼ ਹੈਪੀ, ਸੁਰਿੰਦਰ ਬੇਰੀ, ਪ੍ਰਦੀਪ ਵਰਮਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪੱਤਰਕਾਰੀ ਦੇ ਵਿਦਿਆਰਥੀ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

## ਸੰਤ ਭਗਵਾਨ ਦਾਸ ਮਹਾਰਾਜ ਦੀ ਚੌਥੀ ਬਰਸੀ 10 ਨੂੰ

**ਫਿਲੌਰ (ਬੀ ਐਸ ਕੈਨੈਡੀ)** ਇੱਥੇ ਸੰਤ ਪਰਮਜੀਤ ਦਾਸ ਨਗਰ ਵਾਲਿਆ ਨੇ ਦੱਸਿਆ ਕਿ ਸ੍ਰੀਮਾਨ 108 ਸੰਤ ਭਗਵਾਨ ਦਾਸ ਮਹਾਰਾਜ ਦੀ ਚੌਥੀ ਬਰਸੀ ਦਾ ਸਾਲਾਨਾ ਜੋੜ ਮੇਲਾ 10 ਨਵੰਬਰ ਦਿਨ ਸ਼ੁੱਕਰਵਾਰ ਨੂੰ ਡੇਰਾ ਸ੍ਰੀਮਾਨ 108 ਸੰਤ ਬਾਬਾ ਮੇਲਾ ਰਾਮ ਸੱਚਖੰਡ ਨਗਰ ਵਿਖੇ ਬੜੀ ਸ਼ਰਧਾ ਅਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ। 8 ਨਵੰਬਰ ਦਿਨ ਬੁੱਧਵਾਰ ਨੂੰ ਸ੍ਰੀ ਅਖਡੰ ਪਾਠ ਸਾਹਿਬ ਦੀ ਲੜੀ ਅਰੰਭ ਹੋਵੇਗੀ, 10 ਨਵੰਬਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।

## ਭਗਤ ਸੈਣ ਦੇ ਸਾਲਾਨਾ ਜੋੜ ਮੇਲੇ 'ਤੇ ਸਰਕਾਰੀ ਛੁੱਟੀ ਐਲਾਨੀ ਜਾਵੇ : ਰੋਕਸੀ

**ਫਿਲੌਰ (ਬੀ ਐਸ ਕੈਨੈਡੀ)** ਵਿਸ਼ਵ ਪ੍ਰਸਿੱਧ ਇਤਿਹਾਸਿਕ ਦੇਹਰਾ ਬਾਬਾ ਸੈਣ ਭਗਤ ਪੁਰਤਾਪਰਾ ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਵਿਖੇ ਬਾਬਾ ਸੈਣ ਭਗਤ ਦਾ ਸਾਲਾਨਾ ਜੋੜ ਮੇਲਾ ਹਰ ਸਾਲ ਬੜੀ ਧੂਮ ਧਾਮ ਨਾਲ ਮਨਾਇਆਂ ਜਾਂਦਾ ਹੈ। ਇਸ ਜੋੜ ਮੇਲੇ 'ਚ ਸ਼ਰਧਾਲੂ ਦੇਸ਼ ਵਿਦੇਸ਼ ਤੋਂ ਆਉਂਦੇ ਹਨ ਉਹਨਾਂ ਦੀਆਂ ਮਨੋਕਾਮਨਾਵਾਂ ਪੂਰੀਆ ਹੁੰਦੀਆਂ ਹਨ। ਕੌਂਲਰ ਰਾਕੇਸ਼ ਰੋਕਸੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਦਿਨ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਜਾਵੇ ਤਾਂ ਜੋ ਨੌਜਵਾਨ ਪੀੜੀ ਇਸ ਇਤਿਹਾਸ ਅਸਥਾਨ 'ਤੇ ਨਮਸਤਕ ਹੋ ਸਕੇ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਇਸ ਦਿਨ ਫਿਲੌਰ, ਫਗਵਾੜਾ ਗੋਰਾਇਆ, ਲੁਧਿਆਣਾ ਤੋਂ ਸਰਕਾਰੀ ਬੱਸਾਂ ਚਲਾਈਆਂ ਜਾਣ ਤਾਂ ਜੋ ਸ਼ਰਧਾਲੂ ਸਮੇਂ ਸਿਰ ਸੈਣ ਭਗਤ ਦੇ ਸਾਲਾਨਾ ਜੋੜ ਮੇਲੇ 'ਚ ਪਹੁੰਚ ਸਕਣ।

## ਸ਼ਹੀਦ ਹੇੜੀਆ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਭਲਕੇ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਹੇੜੀਆ ਵਿਖੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਸ਼ਹੀਦ ਚਰਨਜੀਤ ਸਿੰਘ ਹੇੜੀਆ ਦੇ ਸਾਲਾਨਾ 36ਵੇਂ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 3 ਨਵੰਬਰ ਨੂੰ ਕਰਵਾਏ ਜਾ ਰਹੇ ਹਨ। ਇਸ ਮੌਕੇ ਸਮਾਗਮ ਦੇ ਪ੍ਰਬੰਧਕ ਜਥੇਦਾਰ ਬਾਬਾ ਗੁਰਮੁੱਖ ਸਿੰਘ ਹੇੜੀਆ, ਜਸਵੀਰ ਸਿੰਘ ਜੱਸ ਹੇੜੀਆ ਨੇ ਦੱਸਿਆ ਕਿ ਸਾਲਨਾ 36ਵੀਂ ਬਰਸੀ ਸਮਾਗਮ ਮੌਕੇ 3 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਭਾਈ ਜਗਦੀਸ਼ ਸਿੰਘ ਜਗਪੋਤਾ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸ਼ਹੀਦੀ ਸਮਾਗਮ ਦੌਰਾਨ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਸੀਨੀਅਰ ਮੀਤ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਬਾਦਲ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰਨਗੇ। ਇਸ ਮੌਕੇ ਸ਼ਹੀਦੀ ਸਮਾਗਮ ਦੌਰਾਨ ਇਲਾਕੇ ਭਰ ਤੋਂ ਪ੍ਰਮੁੱਖ ਸ਼ਖਸੀਅਤਾਂ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ : ਕੋਹਲੀ



**ਮੋਰਿੰਡਾ (ਜੈਜੀ ਸਰਦਾਰ)** ਪੰਜਾਬ ਪ੍ਰਦੇਸ਼ ਕਾਂਗਰਸ ਸੇਵਾ ਦਲ ਦੇ ਸਾਬਕਾ ਸਕੱਤਰ ਜਸਵਿੰਦਰ ਸਿੰਘ ਕੋਹਲੀ ਨੇ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਸਰਕਾਰ ਨੂੰ ਹਰ ਫਰੰਟ ਤੇ ਫੇਲ੍ਹ ਦੱਸਦਿਆਂ ਮੁੱਖ ਮੰਤਰੀ ਤੇ ਪੰਜਾਬ ਦੀ ਜਨਤਾ ਨਾਲ ਵਾਅਦਾ ਖਿਲਾਫੀ ਕਰਨ ਦਾ ਦੋਸ਼ ਲਾਇਆ ਹੈ, ਜਸਵਿੰਦਰ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਚੁੱਕੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਮਾਨ ਸਰਕਾਰ ਕੇਜਰੀਵਾਲ ਦੇ ਇਸ਼ਾਰਿਆਂ 'ਤੇ ਚੱਲ ਕੇ ਸੂਬੇ ਦੇ ਹਿੱਤ ਦਿੱਲੀ ਕੋਲ ਗਹਿਣੇ ਕਰ ਚੁੱਕੀ ਹੈ ਤਾਹਿਓਂ ਆਪ ਦੇ ਪੰਜਾਬ 'ਚੋਂ ਰਾਜ ਸਭਾ ਮੈਂਬਰ ਹਰਿਆਣਾ ਨੂੰ ਪਾਣੀ ਦੇਣ ਦੀ ਗੱਲ ਕਰ ਰਹੇ ਹਨ, ਪਰ ਮੁੱਖ ਮੰਤਰੀ ਨੇ ਪੂਰੇ ਮਾਮਲੇ ਵਿੱਚ ਚੁੱਪ ਵੱਟੀ ਹੋਈ ਹੈ।

## ਡੱਡੀਆਂ ਵਿਖੇ ਸਲਾਨਾ ਸੱਭਿਆਚਾਰਕ ਪ੍ਰੋਗਰਾਮ 4 ਨੂੰ



**ਟਾਂਡਾ ਉੜਮੁੜ (ਉਕਾਰ ਸਿੰਘ, ਜਸਵਿੰਦਰ ਸੰਧੂ)** ਮਾਤਾ ਸਾਹਿਬ ਕੌਰ ਐਜੂਕੇਸ਼ਨਲ ਸੁਸਾਇਟੀ ਟਾਂਡਾ ਵੱਲੋਂ ਚਲਾਈ ਜਾ ਰਹੀ ਬੇਟ ਖੇਤਰ ਦੀ ਨਾਮਵਰ ਵਿਦਿਅਕ ਸੰਸਥਾ ਮਾਤਾ ਸਾਹਿਬ ਕੌਰ ਇੰਟਰਨੈਸ਼ਨਲ ਪਬਲਿਕ ਹਾਈ ਸਕੂਲ ਤਲਵੰਡੀ ਡੱਡੀਆਂ ਵਿਖੇ ਸਾਲਾਨਾ ਸੱਭਿਆਚਾਰਕ ਪ੍ਰੋਗਰਾਮ 4 ਨਵੰਬਰ ਨੂੰ ਕਰਵਾਇਆ ਜਾਵੇਗਾ। ਮਾਤਾ ਸਾਹਿਬ ਕੌਰ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੀ ਅਗਵਾਈ 'ਚ ਹੋਣ ਵਾਲੇ ਇਸ ਸੱਭਿਆਚਾਰਕ ਪ੍ਰੋਗਰਾਮ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸ਼ਾਰਦਾ ਦੱਤ ਤੇ ਹੋਰ ਸਟਾਫ ਮੈਂਬਰਾਂ ਨੇ ਦੱਸਿਆ ਕਿ ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ ਅਤੇ ਸਿਟੀ ਪ੍ਰਧਾਨ ਜਗਜੀਵਨ ਜੱਗੀ ਅਤੇ ਬਲਾਕ ਪ੍ਰਧਾਨ ਕੇਸਵ ਸਿੰਘ ਸੈਨੀ ਵਿਸ਼ੇਸ਼ ਰੂਪ ਨਾਲ ਸਾਮਿਲ ਹੋਣਗੇ। ਉਨ੍ਹਾਂ ਹੋਰ ਦੱਸਿਆ ਕਿ ਇਸ ਮੌਕੇ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਪੰਜਾਬੀ ਵਿਰਸੇ ਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਸ਼ਾਨਦਾਰ ਸੱਭਿਆਚਾਰਕ ਤੇ ਰੰਗਾਂ-ਰੰਗ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਇਸ ਮੌਕੇ ਮੈਡਮ ਅੰਜੂ ਬਾਲਾ, ਜਸਵੀਰ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ, ਮੋਨੀਕਾ ਸ਼ਰਮਾ, ਡਿੰਪਲ ਅਤੇ ਹੋਰ ਹਾਜ਼ਰ ਸਨ ।

# ਬਾਬਾ ਮਦਨ ਸ਼ਾਹ ਕਾਦਰੀ ਦੀ ਯਾਦ 'ਚ ਸਲਾਨਾ ਜੋੜ ਮੇਲਾ 4 ਨੂੰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਦਰਬਾਰ ਹਜ਼ਰਤ ਪੀਰ ਬਾਬਾ ਨਿਮਾਣੇ ਸ਼ਾਹ ਕਾਦਰੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਜ਼ਰਤ ਪੀਰ ਬਾਬਾ ਨਿਮਾਣੇ ਸ਼ਾਹ ਕਾਦਰੀ ਦੇ ਪਰਮ ਸੇਵਕ ਬਾਬਾ ਮਦਨ ਸ਼ਾਹ ਕਾਦਰੀ ਦੀ ਯਾਦ 'ਚ ਸਾਲਾਨਾ ਜੋੜ ਮੇਲਾ 4 ਨਵੰਬਰ ਨੂੰ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਸੋਨੂੰ ਸ਼ਾਹ ਕਾਦਰੀ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਸੋਨੂੰ ਸ਼ਾਹ ਕਾਦਰੀ ਬੱਡਲਾ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ 3 ਨਵੰਬਰ ਨੂੰ ਚਾਦਰ, ਚਿਰਾਗ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ 4 ਨਵੰਬਰ ਨੂੰ ਸਾਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰਾਂ, ਨਕਾਲ, ਕਵਾਲ ਪੀਰਾਂ ਦੀ ਮਹਿਫਲ ਸਜਾਈ ਜਾਵੇਗੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਇਲਾਕੇ ਭਰ ਤੋਂ ਫੱਕਰ ਫਕੀਰਾ, ਸੰਤ ਮਹਾਂਪੁਰਸਾਂ ਪੁੱਜ ਕੇ ਹਾਜ਼ਰੀ ਭਰਨਗੇ।

## ਬਲਾਕ ਪੱਧਰੀ ਖੇਡਾਂ 'ਚ ਪ੍ਰਾਇਮਰੀ ਸਕੂਲ ਛੱਜੂ ਮਾਜਰਾ ਨੇ ਬਾਜ਼ੀ ਮਾਰੀ

**ਖਰੜ (ਹਰਨਾਮ ਸਿੰਘ ਡੱਲਾ)**-ਸਰਕਾਰੀ ਸਕੂਲਾਂ ਦੇ ਬਲਾਕ ਪੱਧਰ ਦੇ ਬੱਚਿਆਂ ਦੀਆਂ ਖੇਡਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਛੱਜੂਮਾਜਰਾ ਦੇ ਬੱਚਿਆਂ ਨੇ ਜਿੱਤ ਪ੍ਰਾਪਤ ਕੀਤੀ ਹੈ। ਇਸ ਸਕੂਲ ਦੇ ਬੱਚਿਆਂ ਨੇ 20 ਸੋਨ ਤਮਗੇ ਅਤੇ ਇੱਕ ਤਾਂਬੇ ਦਾ ਤਮਗਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। 43ਵੇਂ ਬਲਾਕ ਪੱਧਰੇ ਖੇਡ ਮੁਕਾਬਲੇ ਦਾ ਆਯੋਜਨ ਬਲਾਕ ਸਿੱਖਿਆ ਅਫਸਰ ਜਤਿਨ ਮਿਗਲਾਨੀ,ਬਲਾਕ ਖੇਡ ਅਫਸਰ ਹਰਜਿੰਦਰ ਕੌਰ,ਸੈਂਟਰ ਇੰਚਾਰਜ ਪ੍ਰਦੀਪ ਕੌਰ ਦੀ ਸੁਯੋਗ ਅਗਵਾਈ ਵਿੱਚ ਸੰਪੰਨ ਹੋਇਆ। ਇਹਨਾਂ ਖੇਡਾਂ ਵਿੱਚ ਸੰਤੇ ਮਾਜਰਾ ਸੈਂਟਰ ਨੇ 300 ਅੰਕਾਂ ਵਿੱਚੋਂ 118 ਅੰਕ ਜਿੱਤ ਕੇ ਟਰਾਫੀ ਆਪਣੇ ਨਾਂਅ ਕਰ ਲਈ। ਸਰਕਾਰੀ ਪ੍ਰਾਇਮਰੀ ਸਕੂਲ ਛੱਜੂਮਾਜਰਾ ਦੇ ਅਧਿਆਪਕ ਕਰਨ ਕੁਮਾਰ ਨੇ ਦੱਸਿਆ ਕਿ ਤੈਰਾਕੀ ਵਰਗੀ ਨਵੀਂ ਖੇਡ ਵਿੱਚ ਸ਼ਾਮਲ ਹੋ ਕੇ ਉਨ੍ਹਾ ਦੇ ਸਕੂਲ ਦੇ ਬੱਚੇ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਪਿੰਡ ਛੱਜੂਮਾਜਰਾ ਵਿੱਚ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਪਿੰਡ ਦੇ ਪਤਵੰਤਿਆਂ ਬੱਚਿਆਂ ਦੇ ਮਾਪਿਆਂ ਅਤੇ ਅਧਿਆਪਕਾਂ ਦੀ ਹਾਜਰੀ ਵਿੱਚ ਬੱਚਿਆਂ ਦਾ ਉਤਸ਼ਾਹ ਦੇਖਣ ਵਾਲਾ ਸੀ। ਸਕੂਲ ਮੁਖੀ ਗੁਰਮੀਤ ਕੌਰ ਅਤੇ ਦੂਜੇ ਅਧਿਆਪਕਾਂ ਨੂੰ ਉਮੀਦ ਹੈ ਕਿ ਉਨ੍ਹਾਂ ਦਾ ਸਕੂਲ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੀ ਮੱਲਾਂ ਮਾਰੇਗਾ।



# ਜੱਜ ਬਣੇ ਸਤਨਾਮ ਸਿੰਘ ਦਾ ਸਮਾਜ ਸੇਵੀ ਸੰਸਥਾਵਾਂ ਨੇ ਕੀਤਾ ਸਨਮਾਨ



**ਅੱਡਾ ਸਰਾਂ (ਕਾਜਲ)**- ਪਿੰਡ ਬੈਂਚ ਬਾਜਾ ਵਾਸੀ ਜੱਜ ਬਣੇ ਸਤਨਾਮ ਸਿੰਘ ਨੂੰ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਨੇ ਸਨਮਾਨਿਤ ਕੀਤਾ। ਲਾਇਨਜ਼ ਕਲੱਬ ਫਤਿਹ, ਸੀਨੀਅਰ ਸਿਟੀਜਨ ਵੈੱਲਫੇਅਰ ਸੁਸਾਇਟੀ, ਵਿਜਨ ਕੇਅਰ ਵੈੱਲਫੇਅਰ ਸੁਸਾਇਟੀ ਅਤੇ ਸੀਤਾ ਦੇਵੀ ਮਹਿੰਗਾ ਸਿੰਘ ਮੈਮੋਰੀਅਲ ਵੇਵਜ਼ ਹਸਪਤਾਲ ਦੇ ਨੁਮਾਇੰਦਿਆਂ ਨੇ ਸਤਨਾਮ ਸਿੰਘ ਦੇ ਘਰ ਪਹੁੰਚ ਕੇ ਪਰਵਾਰ ਨਾਲ ਖੁਸ਼ੀ ਸਾਂਝੀ ਕਰਦਿਆਂ ਸਤਨਾਮ ਸਿੰਘ ਨੂੰ ਸਨਮਾਨਿਤ ਕੀਤਾ ਇਸ ਮੌਕੇ ਡਾ.ਕੇਵਲ ਸਿੰਘ ਕਾਜਲ, ਡਾ. ਲਵਪ੍ਰੀਤ ਸਿੰਘ ਪਾਬਲਾ ਨੇ ਆਖਿਆ ਕਿ ਇਕ ਸਧਾਰਨ ਪਰਵਾਰ 'ਚੋਂ ਉੱਠ ਕੇ ਆਪਣੀ ਮਿਹਨਤ ਨਾਲ ਜੱਜ ਬਣ ਕੇ ਸਤਨਾਮ ਸਿੰਘ ਨੇ ਆਪਣੇ ਪਰਵਾਰ ਦੇ ਨਾਲ ਨਾਲ ਇਲਾਕੇ ਦੇ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਸਤਨਾਮ ਸਿੰਘ ਦੇ ਮਾਤਾ ਅਮਨਦੀਪ ਕੌਰ, ਭਰਾ ਜਸਵਿੰਦਰ ਸਿੰਘ ਮਨੀ, ਅਵਤਾਰ ਸਿੰਘ ਮਸੀਤੀ, ਰਵੀ ਲਖਨਪਾਲ, ਪ੍ਰੀਤਮ ਸਿੰਘ, ਗੁਲਸ਼ਨ ਅਰੋੜਾ, ਬੋਬੀ ਮਾਲਵਾ, ਐਡਵੋਕੇਟ ਹਰਦੀਪ ਸਿੰਘ, ਡਾ. ਰਾਜਾ ਦਿਆਲ ਆਦਿ ਮੌਜੂਦ ਸਨ।

# ਰੁੜਕਾ ਕਲਾਂ ਦੇ ਵਿਕਾਸ ਜੋਧਿਆਂ ਦਾ ਸਨਮਾਨ



**ਗੁਰਾਇਆ (ਬਿੰਦਰ ਸੁਮਨ)** ਪਿਛਲੇ 24 ਸਾਲਾ ਤੋਂ ਵਾਈ ਐਫ ਸੀ ਰੁੜਕਾ ਕਲਾਂ ਜੋ ਕਿ ਖੇਡਾਂ ਦੇ ਖੇਤਰ ਅਤੇ ਨੌਜਵਾਨਾਂ ਦੇ ਵਿਕਾਸ ਦੇ ਖੇਤਰ 'ਚ ਯੋਗਦਾਨ ਪਾ ਰਹੀ ਹੈ। ਗ੍ਰਾਮ ਪੰਚਾਇਤ ਅਤੇ ਸਰਵ ਪੱਖੀ ਵਿਕਾਸ ਮੰਚ ਦੇ ਸਹਿਯੋਗ ਨਾਲ ਵਾਈ ਐਫ ਸੀ ਰੁੜਕਾ ਕਲਾਂ ਆਪਣੇ ਪਿੰਡ ਰੁੜਕਾ ਕਲਾਂ ਦੀ ਨੁਹਾਰ ਬਦਲਣ ਲਈ ਲਗਾਤਾਰ ਤਤਪਰ ਹੈ। ਇਸ 'ਚ ਗ੍ਰਾਮ ਪੰਚਾਇਤ ਰੁੜਕਾ ਕਲਾਂ ਵੱਲੋਂ ਕਰੋੜਾ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਨ੍ਹਾਂ 'ਚ ਸੱਥਾਂ ਦਾ ਨਿਰਮਾਣ, ਗਲੀਆਂ 'ਚ ਇੰਟਰਲਾਕ ਅਤੇ ਸੀਵਰੇਜ਼, ਪਾਰਕਾ ਦਾ ਨਿਰਮਾਣ, ਸੋਲਡ ਬੇਸਟ ਦਾ ਨਿਰਮਾਣ ਅਤੇ ਛੱਪੜਾ ਦੇ ਪਾਣੀ ਨੂੰ ਸਾਫ ਕਰਕੇ ਖੇਤਾ 'ਚ ਤੱਕ ਪਹੁੰਚਾਉਣਾ ਅਤੇ ਛੱਪੜਾਂ ਨੂੰ ਵਧੀਆ ਬਣਾਉਣਾ ਅਤੇ ਹੋਰ ਆਂਗਨਵਾੜੀ ਸੈਂਟਰਾ ਅਤੇ ਸਕੂਲਾਂ ਦੇ ਸੁਧਾਰ ਲਈ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ। ਇਨ੍ਹਾਂ ਕੰਮਾ 'ਚ ਵਾਈ ਐਫ ਸੀ ਰੁੜਕਾ ਕਲਾ ਆਪਣੀ ਮੁੱਖ ਭੂਮਿਕਾ ਨਿਭਾ ਰਿਹਾ ਹੈ। ਇੱਕ ਸਾਝੇਂ ਸਮਾਗਮ 'ਚ ਗ੍ਰਾਮ ਪੰਚਾਇਤ ਰੁੜਕਾ ਕਲਾਂ, ਸਰਵ ਪੱਖੀ ਵਿਕਾਸ ਮੰਚ ਅਤੇ ਵਾਈ ਐਫ ਸੀ ਨੇ ਮਿਸ਼ਨ 2024 ਜਿਸ ਦੇ ਅਧੀਨ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਸ ਵਿੱਚ ਤਕਰੀਬਨ 300 ਤੋਂ ਵੱਧ ਕੰਮ ਕਰਨ ਵਾਲੇ ਕਿਰਤੀ ਦੇ ਸਾਥੀ ਹਨ। ਇਸ ਦੀਵਾਲੀ ਦੇ ਤਿਉਹਾਰ 'ਤੇ ਉਨ੍ਹਾਂ ਦਾ ਸਨਮਾਨ ਕਰਨ ਲਈ ਪ੍ਰੋਗਰਾਮ ਉਲੀਕਿਆ ਗਿਆ।

# ਚੇਅਰਮੈਨ ਜਲਵਾਹਾ ਹਲਕਾ ਪਾਇਲ ਨਗਰ ਕੌਂਸਲ ਚੋਣਾਂ ਦੇ ਆਬਜ਼ਰਵਰ ਨਿਯੁਕਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੰਗਠਨ ਇੰਚਾਰਜ ਡਾਕਟਰ ਸੰਦੀਪ ਪਾਠਕ ਵੱਲੋਂ ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੂੰ ਨਗਰ ਨਿਗਮ ਚੋਣਾਂ ਵਿੱਚ ਹਲਕਾ ਪਾਇਲ ਦਾ ਆਬਜਰਵਰ ਨਿਯੁਕਤ ਕੀਤਾ ਗਿਆ ਹੈ। ਕੇਂਦਰੀ ਲੀਡਰਸ਼ਿਪ ਵੱਲੋਂ ਕੁਝ ਦਿਨ ਪਹਿਲਾਂ ਹੀ ਜਲਵਾਹਾ ਨੂੰ ਹਰਿਆਣਾ ਵਿਧਾਨ ਸਭਾ ਦੇ ਪ੍ਰਭਾਰੀ ਵੱਜੋਂ ਵੀ ਇੱਕ ਵੱਡੀ ਜ਼ੁਮੇਵਾਰੀ ਸੌਂਪੀ ਹੈ। ਜਲਵਾਹਾ ਨੇ ਕਿਹਾ ਕਿ ਪਾਇਲ ਹਲਕੇ ਦੇ ਸ਼ਹਿਰ ਮਲੌਦ ਵਿਖੇ ਹੋਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਚੰਗੇ ਅਕਸਂ ਵਾਲੇ ਪੜ੍ਹੇ ਲਿਖੇ ਮਿਹਨਤੀ ਜੁਝਾਰੂ ਤੇ ਇਮਾਨਦਾਰ ਸੋਚ ਵਾਲੇ ਉਮੀਦਵਾਰਾਂ ਨੂੰ ਹੀ ਚੋਣ ਮੈਦਾਨ ਵਿੱਚ ਉਤਾਰੇਗੀ। ਪਾਇਲ ਹਲਕੇ ਦੇ ਐਮਐਲਏ ਮਨਵਿੰਦਰ ਸਿੰਘ ਗਿਆਸਪੁਰਾ ਅਤੇ ਸਾਰੇ ਲੀਡਰਾਂ, ਆਹੁਦੇਦਾਰਾਂ, ਬਲਾਕ ਪ੍ਰਧਾਨਾਂ ਤੇ ਵਲੰਟੀਅਰ ਸਾਥੀਆਂ ਦੇ ਨਾਲ ਨਗਰ ਕੌਂਸਲ ਮਲੌਦ ਦੀਆਂ ਚੋਣਾਂ ਵਿੱਚ ਕਲੀਨ ਸਵੀਪ ਕਰਕੇ ਵੱਡੀ ਜਿੱਤ ਪਾਰਟੀ ਦੀ ਝੋਲੀ ਪਾਉਣਗੇ। ਜਲਵਾਹਾ ਨੇ ਕੇਜਰੀਵਾਲ, ਭਗਵੰਤ ਮਾਨ, ਰਾਜ ਸਭਾ ਮੈਂਬਰ ਰਾਘਵ ਚੱਢਾ, ਸੰਦੀਪ ਪਾਠਕ, ਪੰਜਾਬ ਦੇ ਸੰਗਠਨ ਇੰਚਾਰਜ ਜਰਨੈਲ ਸਿੰਘ ਅਤੇ ਸਮੁੱਚੀ ਕੇਂਦਰੀ ਤੇ ਪੰਜਾਬ ਲੀਡਰਸ਼ਿਪ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਜ਼ੁਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

# ਐੱਸ ਡੀ ਕਾਲਜ 'ਚ ਰਾਸ਼ਟਰੀ ਏਕਤਾ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ, (ਹਨੀ)** ਐੱਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ. ਐੱਸ. ਐੱਸ ਵਿਭਾਗ ਅਤੇ ਰੈਡ ਰਿੱਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਆਯੋਜਿਤ ਕੀਤਾ ਗਿਆ ਸਮਾਗਮ ਸ. ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ ਸੀ। ਇਸ ਮੌਕੇ ਪ੍ਰੋਗਰਾਮ ਮੈਡਮ ਰਾਜਬੀਰ ਕੌਰ ਵੱਲੋਂ ਵਲੰਟੀਅਰਾਂ ਨੂੰ ਸਰਦਾਰ ਪਟੇਲ ਦੇ ਜੀਵਨ ਸੰਬੰਧੀ ਵਿਸਥਾਰ ਨਾਲ ਦੱਸਿਆ ਗਿਆ ਅਤੇ ਉਨ੍ਹਾਂ ਵੱਲੋਂ ਦੇਸ ਦੀ ਆਜ਼ਾਦੀ, ਦੇਸ ਦੀ ਏਕਤਾ ਤੇ ਅਖੰਡਤਾ ਲਈ ਕੀਤੇ ਕੰਮਾਂ ਦੀ ਵੀ ਚਰਚਾ ਕੀਤੀ ਗਈ। ਇਸ ਦੌਰਾਨ ਵਿਦਿਆਰਥਣਾਂ ਵੱਲੋਂ ਵੀ ਦੇਸ਼ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਨੂੰ ਬਣਾਈ ਰੱਖਣ ਅਤੇ ਆਪਣੇ ਆਪ ਨੂੰ ਦੇਸ਼ ਲਈ ਸਮਰਪਿਤ ਕਰਨ ਦੀ ਸਹੁੰ ਚੁੱਕੀ ਗਈ। ਵੱਲਭ ਭਾਈ ਪਟੇਲ ਦੀ ਦੂਰਦਰਸ਼ਤਾ ਅਤੇ ਉਨ੍ਹਾਂ ਵੱਲੋਂ ਦੇਸ਼ ਦੀ ਏਕਤਾ ਲਈ ਕੀਤੇ ਕੰਮਾਂ ਦੀ ਚਰਚਾ ਕਰਦਿਆਂ ਇਹ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ। ਇਸ ਮੌਕੇ ਸਮੂਹ ਸਟਾਫ ਹਾਜ਼ਰ ਸਨ।

# ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਨੇ ਖੇਡਾਂ 'ਚ ਸੋਨੇ ਤਮਗੇ ਜਿੱਤੇ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਭੋਗਪੁਰ ਨੇ ਸੀ ਬੀ ਐਸ ਈ ਵੱਲੋਂ ਆਯੋਜਿਤ 18ਵੇਂ ਖੇਡ ਸਾਮਾਰੋਹ ਵਿੱਚ ਹਿੱਸਾ ਲੈਂਦਿਆਂ ਹੋਇਆਂ ਦਰਜਨਾ ਇਨਾਮ ਆਪਣੀ ਝੋਲੀ ਵਿੱਚ ਪਵਾਏ ਪਠਾਨਕੋਟ ਦੇ ਪ੍ਰਤਾਪ ਵਰਲਡ ਸਕੂਲ ਵਿੱਚ ਆਯੋਜਿਤ ਇਸ ਖੇਡ ਸਮਾਰੋਹ ਵਿੱਚ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਭੋਗਪੁਰ ਦੇ ਕੁੱਲ 15ਐਥਲੀਟਸ ਨੇ ਹਿੱਸਾ ਲਿਆ ਤੇ ਟਰਾਫੀਆਂ ਆਪਣੇ ਨਾਂਅ ਕੀਤੀਆਂ। ਚਾਰ ਸੌ ਰੀਲੇ ਦੌੜ ਵਿੱਚ ਅੰਡਰ 14 ਲੜਕੀਆਂ ਅਰਸ਼ਨੀਰ ਮੰਗਤ ਸੈਣੀ, ਤਰਨਪ੍ਰੀਤ ਕੌਰ, ਰੀਤ ਅਰੋੜਾ, ਜਸਮੀਤ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ, 100 ਮੀਟਰ ਅਤੇ 200 ਮੀਟਰ ਲੜਕੀਆਂ ਵਿੱਚ ਅਰਸ਼ਨੀਰ ਨੇ ਚਾਂਦੀ ਦੇ ਤਗਮੇ ਹਾਸਲ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵਿਕਰਮ ਸਿੰਘ ਸੈਣੀ ਨੇ ਸਾਰੇ ਹੀ ਖਿਡਾਰੀਆਂ ਨੂੰ ਉਹਨਾਂ ਦੇ ਮਾਪਿਆਂ ਨੂੰ ਅਤੇ ਉਨ੍ਹਾਂ ਦੇ ਕੋਚ ਸਵਰਨ ਸਿੰਘ ਅਤੇ ਹਰਪ੍ਰੀਤ ਕੌਰ ਨੂੰ ਵਧਾਈ ਦਿੱਤੀ ਅਤੇ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਨਾ ਦਿੱਤੀ

# ਗੁਰੂ ਨਾਨਕ ਦੇਵ ਚੈਰੀਟੇਬਲ ਸੁਸਾਇਟੀ ਦੀ ਮੀਟਿੰਗ



**ਅੱਡਾ ਸਰਾਂ, (ਕਾਜਲ)**- ਸਮਾਜ ਸੇਵੀ ਸੰਸਥਾ ਸ੍ਰੀ ਗੁਰੂ ਨਾਨਕ ਦੇਵ ਜੀ ਚੈਰੀਟੇਬਲ ਸੁਸਾਇਟੀ ਰਜਿ. ਬੂਰੇ ਰਾਜਪੂਤਾਂ ਦੀ ਮੀਟਿੰਗ ਚੇਅਰਮੈਨ ਜੋਗਾ ਸਿੰਘ ਸਰੋਆ ਦੀ ਸਰਪ੍ਰਸਤੀ ਹੇਠ ਪਿੰਡ ਨੈਣੋਵਾਲ ਵੈਦ ਵਿਖੇ ਹੋਈ। ਜਿਸ ਵਿੱਚ ਸੁਸਾਇਟੀ ਵੱਲੋਂ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ ਦੀ ਰੂਪਰੇਖਾ ਤਿਆਰ ਕਰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਉਣ ਦਾ ਫੈਸਲਾ ਲਿਆ ਗਿਆ। ਚੇਅਰਮੈਨ ਸਰੋਆ, ਪ੍ਰਧਾਨ ਸੁਖਵੀਰ ਸਿੰਘ ਢਿੱਲੋਂ, ਮੀਤ ਪ੍ਰਧਾਨ ਗੁਰਮੁੱਖ ਸਿੰਘ ਧਾਲੀਵਾਲ, ਜਨਰਲ ਸਕੱਤਰ ਸਤਨਾਮ ਸਿੰਘ ਢਿੱਲੋਂ ਅਤੇ ਪ੍ਰਸਿੱਧ ਗੀਤਕਾਰ ਹਰਵਿੰਦਰ ਓਹੜਪੁਰੀ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਲੋੜਵੰਦ ਪਰਵਾਰ ਵਿਆਹ ਮਦਦ ਲਈ ਸੰਬੰਧੀ ਸੁਸਾਇਟੀ ਦੇ ਮੈਂਬਰਾਂ ਨਾਲ ਸੰਪਰਕ ਕਰ ਸਕਦੇ ਹਨ। ਨਵੇਂ ਵਿਆਹੇ ਜੋੜਿਆਂ ਨੂੰ ਘਰੇਲੂ ਜਰੂਰਤ ਦਾ ਸਮਾਨ ਵੀ ਤੋਹਫੇ ਵਜੋਂ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਰਵਾਰ 11 ਨਵੰਬਰ ਤੋਂ ਪਹਿਲਾਂ ਚੇਅਰਮੈਨ ਜੋਗਾ ਸਿੰਘ ਕੋਲ ਆਪਣੇ ਨਾਂਅ ਦਰਜ ਕਰਵਾ ਸਕਦੇ ਹਨ।

# ਸਲਾਨਾ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ



**ਟਾਂਡਾ ਉੜਮੁੜ, (ਕਾਜਲ)**-ਪਿੰਡ ਕੰਧਾਲਾ ਜੱਟਾਂ ਵਿਖੇ 3 ਨਵੰਬਰ ਨੂੰ ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਬਿਸ਼ਨ ਸਿੰਘ ਨੂੰ ਸਮਰਪਿਤ ਕਰਵਾਏ ਜਾ ਰਹੇ ਸਾਲਾਨਾ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਇਸ ਸਮਾਗਮ ਲਈ ਗੁਰੂਘਰ ਨੂੰ ਸੁੰਦਰ ਰੌਸ਼ਨੀਆਂ ਨਾਲ ਸਜਾਇਆ ਗਿਆ ਹੈ। ਇਸ ਸੰਬੰਧੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਕਮੇਟੀ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ 139 ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਤੋਂ ਬਾਅਦ ਕੀਰਤਨ ਦਰਬਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਵਿੱਚ ਸਜਾਇਆ ਜਾਵੇਗਾ, ਜਿਸ ਵਿੱਚ ਸੰਤ ਬਾਬਾ ਮੱਖਣ ਸਿੰਘ, ਭਾਈ ਗੁਰਮੁੱਖ ਸਿੰਘ, ਭਾਈ ਕੇਵਲ ਸਿੰਘ, ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਹਰਭਜਨ ਸਿੰਘ ਜੀ ਸੋਤਲਾ ਵਾਲੇ, ਭਾਈ ਦਾਤਾਰ ਸਿੰਘ ਕੰਧਾਲਾ ਜੱਟਾਂ ਵਾਲੇ, ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ, ਭਾਈ ਬਲਵੀਰ ਸਿੰਘ ਪਾਰਸ ਢਾਡੀ ਜਥਾ, ਭਾਈ ਗੁਰਮੁੱਖ ਸਿੰਘ ਕੰਧਾਲਾ ਜੱਟਾਂ, ਭਾਈ ਹਰਚਰਨ ਸਿੰਘ ਕੰਧਾਲਾ ਜੱਟਾਂ, ਬੀਬੀ ਖੁਸ਼ਪ੍ਰੀਤ ਕੌਰ ਕੰਧਾਲਾ ਜੱਟਾਂ, ਭਾਈ ਸਰਤਾਜ ਸਿੰਘ ਬਸਰਾਵਾਂ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਨਾਲ ਜੋੜਨਗੇ। ਇਸ ਮੌਕੇ ਕੈਪਟਨ ਸੁਰਿੰਦਰ ਸਿੰਘ, ਮਨਜੀਤ ਸਿੰਘ ਖਜ਼ਾਨਚੀ, ਪਲਵਿੰਦਰ ਸਿੰਘ ਬਿੱਟੀ, ਸੁਰਿੰਦਰ ਸਿੰਘ, ਇੰਦਰਜੀਤ ਸਿੰਘ ਰਾਜਾ, ਅੰਮ੍ਰਿਤਪਾਲ ਸਿੰਘ, ਅਜੀਤ ਸਿੰਘ, ਮੋਹਣ ਸਿੰਘ ਆਦਿ ਮੌਜੂਦ ਸਨ।

# ਗੁਰਪ੍ਰੀਤ ਬਸਰਾ ਨੇ ਜਿੱਤੀ ਬੈਡਮਿੰਟਨ ਚੈਂਪੀਅਨਸ਼ਿਪ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲਿਟਲ ਫਲਾਵਰ ਮਾਡਲ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਨੂਰਪੁਰ ਕਲੋਨੀ ਵਲੋਂ ਸੀਨੀਅਰ ਸੈਕੰਡਰੀ ਸਰਕਾਰੀ ਸਕੂਲ ਵਿਖੇ ਸੈਕੰਡਰੀ ਪੱਧਰ 'ਤੇ ਵੱਖ ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਜਿਸ 'ਚ ਵੱਖ ਵੱਖ ਸਕੂਲਾਂ ਦੇ 500 ਵਿਦਿਆਰਥੀਆਂ ਨੇ ਖੇਡਾਂ 'ਚ ਭਾਗ ਲਿਆ ਜਿਸ ਵਿੱਚ ਸੀਨੀਅਰ ਸੈਕੰਡਰੀ ਸਰਕਾਰੀ ਸਕੂਲ ਦੀ ਵਿਦਿਆਰਥਣ ਗੁਰਪ੍ਰੀਤ ਬਸਰਾ ਨੇ ਬੈਡਮਿੰਟਨ ਖੇਡ ਵਿੱਚ ਆਪਣੀ ਜਿੱਤ ਹਾਸਲ ਕਰ ਟਰਾਫੀ ਅਤੇ ਮੈਡਲ ਜਿੱਤਿਆ। ਸਕੂਲ ਅਧਿਕਾਰੀਆਂ ਨੇ ਕਿਹਾ ਕਿ ਗੁਰਪ੍ਰੀਤ ਬਸਰਾ ਨੇ ਪਿੱਛਲੇ ਖੇਡ ਮੁਕਾਬਲਿਆਂ ਵਿੱਚ ਵੀ ਜਿੱਤ ਕੇ ਸਕੂਲ ਅਤੇ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ ਸੀ। ਇਸ ਮੌਕੇ ਗੁਰਪ੍ਰੀਤ ਬਸਰਾ ਦੇ ਪਰਵਾਰਿਕ ਮੈਂਬਰ ਰੋਹਿਤ ਭਾਟੀਆ ਪੂਨਮ ਭਾਟੀਆ ਨੇ ਦੱਸਿਆ ਕਿ ਗੁਰਪ੍ਰੀਤ ਪੜ੍ਹਾਈ ਦੇ ਨਾਲ ਨਾਲ ਖੇਡ ਜਗਤ ਦਾ ਵੀ ਹੀਰਾ ਬਣਦੀ ਜਾ ਰਹੀ ਹੈ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਭਲਕੇ

**ਬਹਿਰਾਮ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਰਾਮ ਦਾਸ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਗੁ: ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ 3 ਨਵੰਬਰ, ਦਿਨ ਸ਼ੁੱਕਰਵਾਰ ਨੂੰ ਮਨਾਇਆ ਜਾ ਰਿਹਾ ਹੈ। ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਦਿੱਤੀ ਕਿ ਇਸ ਸ਼ੁੱਭ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਜਾਣਗੇ ਅਤੇ ਉਪਰੰਤ ਗੁਰਮਤਿ ਸਮਾਗਮ ਵਿਚ ਭਾਈ ਬਲਵਿੰਦਰ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁ. ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਅਤੇ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦਾ ਵਿਦਿਆਰਥੀ ਕੀਰਤਨੀ ਜਥੇ ਵੱਲੋਂ ਵੀ ਸਮਾਗਮ ਵਿੱਚ ਹਾਜ਼ਰੀਆਂ ਭਰੀਆਂ ਜਾਣਗੀਆਂ।

# ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਦੋਨਾ 'ਚ ਮਹਿੰਦੀ ਪ੍ਰਤੀਯੋਗਤਾ



**ਕਾਲਾ ਸੰਘਿਆਂ (ਮਨਜੀਤ ਮਾਨ)**-ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਪਾਤਸ਼ਾਹੀ ਸੱਤਵੀਂ ਪਿੰਡ ਬਿੱਲੀ ਬੜੈਚ ਅਤੇ ਅਕੈਡਮੀ ਚੇਅਰਮੈਨ ਨਿਰਮਲ ਸਿੰਘ ਨੰਬਰਦਾਰ ਕਾਹਲਵਾਂ ਦੋਨਾਂ ਦੀ ਦੇਖ ਰੇਖ ਹੇਠ ਚੱਲ ਰਹੀ ਸੰਸਥਾ ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਵਿਖੇ ਮਹਿੰਦੀ ਪ੍ਰਤੀਯੋਗਿਤਾ ਕਰਵਾਈ ਗਈ। ਜਿਸ ਵਿਚ ਕਲਾਸ ਚੌਥੀ ਤੋਂ ਅੱਠਵੀਂ ਤੱਕ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ। ਸਾਰੀਆਂ ਵਿਦਿਆਰਥਣਾਂ ਵੱਲੋਂ ਬਹੁਤ ਹੀ ਸੁੰਦਰ ਮਹਿੰਦੀ ਲਗਾਈ ਗਈ। ਇਸ ਵਿਚ ਅਵਨੀਤ ਕੌਰ ਨੇ ਪਹਿਲਾ, ਕੋਮਲਪ੍ਰੀਤ ਕੌਰ ਨੇ ਦੂਸਰਾ, ਗੁਰਲੀਨ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਵਿਦਿਆਰਥਣਾਂ ਦੀ ਹੌਂਸਲਾ ਅਫਜਾਈ ਕਰਦਿਆਂ ਉਨ੍ਹਾਂ ਦੇ ਹੁਨਰ ਅਤੇ ਕਲਾ ਦੀ ਸ਼ਲਾਘਾ ਕੀਤੀ। ਇਸ ਮੌਕੇ ਮੈਡਮ ਰਮਨਪ੍ਰੀਤ ਕੌਰ, ਮੈਡਮ ਸੰਦੀਪ ਕੌਰ,ਮੈਡਮ ਰਜਿੰਦਰ ਕੌਰ, ਮੈਡਮ ਵਰਸਾ ਅਤੇ ਸਮੂਹ ਸਟਾਫ ਹਾਜਰ ਸੀ।



**ਐੱਨ ਐੱਚ ਪੀ ਸੀ ਦਫਤਰ ਫਰੀਦਾਬਾਦ ਵਿਖੇ 'ਰਨ ਫਾਰ ਯੂਨਿਟੀ' ਅਤੇ ਫਿਟ ਇੰਡੀਆ ਸਵੱਛਤਾ ਫ੍ਰੀਡਮ ਰਨ 4.0 ਨੂੰ ਝੰਡੀ ਦਿਖਾ ਕੇ ਰਵਾਨਾ ਕਰਦੇ ਹੋਏ ਸ੍ਰੀ ਉੱਤਮ ਲਾਲ, ਡਾਇਰੈਕਟਰ (ਪਰਸੋਨਲ) ਅਤੇ ਸ੍ਰੀ ਸੰਤੋਸ਼ ਕੁਮਾਰ ਸੀ ਵੀ ਓ।**

# ਸਥਾਨਕ ਸਰਕਾਰਾਂ ਬਾਰੇ ਮੰਤਰੀ ਵੱਲੋਂ 4.30 ਕਰੋੜ ਦੇ ਸੜਕੀ ਕੰਮਾਂ ਦੀ ਸ਼ੁਰੂਆਤ



**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਵਲੋਂ ਸ਼ਹਿਰ ਵਿਖੇ 4.30 ਕਰੋੜ ਰੁਪਏ ਦੇ ਸੜਕੀ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਵਾਈ। ਇਹਨਾਂ ਵਿਚ ਗੜ੍ਹਾ ਰੇਲਵੇ ਕਰਾਸਿੰਗ ਤੋਂ ਪਿਮਸ ਤੱਕ ਤੇ ਕਾਲਾ ਸੰਘਿਆ ਰੋਡ ਸ਼ਾਮਿਲ ਹਨ। ਗੜ੍ਹਾ ਰੇਵਲੇ ਕਰਾਸਿੰਗ ਤੋਂ ਪਿਮਸ ਤੱਕ ਸੜਕ ਦੀ ਲੰਬਾਈ 0.75 ਕਿਲੋਮੀਟਰ ਹੈ, ਜਿਸ ਉੱਪਰ 2.50 ਕਰੋੜ ਰੁਪਏ ਖਰਚ ਹੋਣਗੇ। ਇਸ ਪ੍ਰਾਜੈਕਟ ਤਹਿਤ ਸੜਕ ਦੇ ਕਿਨਾਰੇ ਫੁੱਟਪਾਥ ਤੇ ਪਾਣੀ ਦੀ ਨਿਕਾਸੀ ਦੀ ਵਿਵਸਥਾ ਵੀ ਕੀਤੀ ਜਾਵੇਗੀ। ਕਾਲਾ ਸੰਘਿਆ ਸੜਕ ਜਿਸਦੀ ਲੰਬਾਈ 2 ਕਿਲੋਮੀਟਰ ਹੈ, ਉੱਪਰ 1.80 ਕਰੋੜ ਰੁਪਏ ਦੀ ਲਾਗਤ ਆਵੇਗੀ। ਦੱਸਣਯੋਗ ਹੈ ਕਿ ਸਰਫੇਸ ਵਾਟਰ ਪ੍ਰਾਜੈਕਟ ਤਹਿਤ ਇਨ੍ਹਾਂ ਸੜਕਾਂ ਦੀ ਮੁੜ ਉਸਾਰੀ ਕੀਤੀ ਜਾ ਰਹੀ ਹੈ। ਬਲਕਾਰ ਸਿੰਘ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੜਕਾਂ ਦਾ ਕੰਮ ਮਿੱਥੇ ਸਮੇਂ ਅੰਦਰ ਮੁਕੰਮਲ ਕਰਨ ਦੇ ਨਾਲ-ਨਾਲ ਕੰਮ ਦੀ ਗੁਣਵੱਤਾ ਵੱਲ ਵੀ ਵਿਸ਼ੇਸ਼ ਧਿਆਨ ਦੇਣ ਤਾਂ ਜੋ ਲੋਕਾਂ ਦੇ ਪੈਸੇ ਦੀ ਸੁਚੱਜੀ ਵਰਤੋਂ ਯਕੀਨੀ ਬਣਾਈ ਜਾ ਸਕੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਸੁਰਿੰਦਰ ਸਿੰਘ ਸੋਢੀ, ਨਗਰ ਨਿਗਮ ਦੇ ਕਮਿਸ਼ਨਰ ਰਿਸ਼ੀਪਾਲ ਸਿੰਘ ਤੇ ਹੋਰ ਹਾਜ਼ਰ ਸਨ।

# ਜੋੜ ਮੇਲਾ 5 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਕਾਲਰਾ ਵਿਖੇ ਗੋਤ ਭਟੋਆ ਬਾਬਾ ਭਟੋਆ ਸਾਹਿਬ ਦਾ ਸਾਲਾਨਾ ਜੋੜ ਮੇਲਾ ਕਰਵਾਇਆ ਜਾ ਰਿਹਾ ਹੈ। ਸ਼੍ਰੋਮਣੀ ਜੱਦੀ ਜਠੇਰੇ ਪ੍ਰਬੰਧਕ ਕਮੇਟੀ ਪ੍ਰਧਾਨ ਬੂਟਾ ਸਿੰਘ ਪਿੰਡ ਕਾਲਰਾ ਨੇ ਦੱਸਿਆ ਕਿ ਹਰ ਸਾਲ ਵਾਂਗ ਇਸ ਵਾਰ ਵੀ ਇਹ ਮੇਲਾ ਪਿੰਡ ਕਾਲਰਾ ਬਲਾਕ ਆਦਮਪੁਰ ਤੋਂ ਮੇਹਟੀਆਣਾ ਰੋਡ, ਨਹਿਰ ਲਾਗੇ ਸ਼ਰਧਾਪੂਰਬਕ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 3 ਨਵੰਬਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਆਰੰਭ , 4 ਨਵੰਬਰ ਸ਼ਨੀਵਾਰ ਸਵੇਰੇ 11 ਵਜੇ ਨਿਸਾਨ ਸਾਹਿਬ ਦੀ ਰਸਮ, 5 ਨਵੰਬਰ ਐਤਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ, ਸਵੇਰੇ 11 ਤੋਂ ਦੁਪਿਹਰ 3 ਵਜੇ ਤੱਕ ਧਾਰਮਿਕ ਜਥੇਬੰਦੀਆਂ ਵੱਲੋਂ ਕੀਰਤਨ ਸਮਾਗਮ ਕੀਤਾ ਜਾਵੇਗਾ। 108 ਸੰਤ ਬਾਬਾ ਮਨਜੀਤ ਸਿੰਘ ਕਾਲਰੇ ਵਾਲੇ, ਸੂਬੇਦਾਰ ਬਲਦੇਵ ਸਿੰਘ ਕਾਲਰੇ ਵਾਲੇ, ਭਾਈ ਜਗਜੀਤ ਸਿੰਘ ਜੱਬੜ ਵਾਲੇ ਅਤੇ ਭਾਈ ਪਰਮਜੀਤ ਸਿੰਘ ਮੇਗੋਵਾਲ ਵਾਲਿਆਂ ਵਲੋਂ ਕੀਰਤਨ ਤੇ ਗੁਰਬਾਣੀ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਇਸ ਮੌਕੇ ਉਪ ਪ੍ਰਧਾਨ ਸੋਹਣ ਸਿੰਘ, ਸੁਖਦੇਵ ਸਿੰਘ ਸੈਕਟਰੀ, ਮਾਸਟਰ ਸੀਤਲ ਸਿੰਘ ਸਟੇਜ ਸੈਕਟਰੀ, ਖਜਾਨਚੀ ਜੈ ਗੋਪਾਲ, ਦਰਵਾਰ ਸੇਵਾਦਾਰ ਬਾਬਾ ਬਲਵੰਤ ਸਿੰਘ, ਮੈਂਬਰ ਸਮੇਤ ਅਨੇਕ ਪਤਵੰਤੇ ਸੱਜਣ ਮੌਜੂਦ ਸਨ।